ਸ਼ੁੱਕਰਵਾਰ, 17 ਜੁਲਾਈ, 2026
2 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 46

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 17 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਗੋਲੀਕਾਂਡਾਂ ਬਾਰੇ ਪੁੱਛਗਿੱਛ ਲਈ ਸੁਖਬੀਰ ਤਲਬ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

2015 ਦੇ ਬਹਿਬਲ ਕਲਾਂ ਅਤੇ ਕੋਟਕਪੂਰਾ ਬੇਅਦਬੀ ਮਾਮਲਿਆਂ ਨਾਲ ਸੰਬੰਧਤ ਗੋਲੀਕਾਂਡਾਂ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿੱਟ) ਵੱਲੋਂ ਇੱਕ ਵੱਡੀ ਕਾਰਵਾਈ ਕਰਦਿਆਂ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਸੋਮਵਾਰ ਪੁੱਛਗਿੱਛ ਲਈ ਪੇਸ਼ ਹੋਣ ਦੇ ਹੁਕਮ ਜਾਰੀ ਕੀਤੇ ਹਨ।

ਸਰਕਾਰੀ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਜਾਂਚ ਵਿੱਚ ਇਹ ਨਵਾਂ ਮੋੜ ਭਾਜਪਾ ਆਗੂ ਵਿਜੇ ਸਾਂਪਲਾ ਵੱਲੋਂ ਸਿੱਟ ਦੇ ਸਾਹਮਣੇ ਦਰਜ ਕਰਵਾਏ ਗਏ ਬਿਆਨ ਤੋਂ ਬਾਅਦ ਆਇਆ ਹੈ। ਵਿਜੇ ਸਾਂਪਲਾ ਨੇ ਜਾਂਚ ਟੀਮ ਕੋਲ ਇਸ ਗੱਲ ਤੋਂ ਸਾਫ ਇਨਕਾਰ ਕੀਤਾ ਹੈ ਕਿ ਉਨ੍ਹਾ ਨੇ ਬੇਅਦਬੀ ਦੀਆਂ ਘਟਨਾਵਾਂ ਦੇ ਸੰਬੰਧ ਵਿੱਚ ਸੁਖਬੀਰ ਸਿੰਘ ਬਾਦਲ ਦੇ ਨਾਲ ਪੰਜਾਬ ਦੇ ਰਾਜਪਾਲ ਨੂੰ ਸੌਂਪੇ ਗਏ ਮੈਮੋਰੰਡਮ 'ਤੇ ਦਸਤਖਤ ਕੀਤੇ ਸਨ। ਸਾਂਪਲਾ ਦੇ ਇਸ ਖੁਲਾਸੇ ਤੋਂ ਬਾਅਦ ਸਿੱਟ ਨੇ ਉਸ ਮੈਮੋਰੰਡਮ ਨਾਲ ਜੁੜੇ ਹਾਲਾਤ ਅਤੇ ਤੱਥਾਂ ਨੂੰ ਸਪੱਸ਼ਟ ਕਰਨ ਲਈ ਸੁਖਬੀਰ ਬਾਦਲ ਨੂੰ ਦੁਬਾਰਾ ਸੱਦਣ ਦਾ ਫੈਸਲਾ ਕੀਤਾ ਹੈ। ਜ਼ਿਕਰਯੋਗ ਹੈ ਕਿ ਪਿਛਲੇ ਹਫਤੇ ਹੋਈ ਪੁੱਛਗਿੱਛ ਤੋਂ ਬਾਅਦ ਵਿਜੇ ਸਾਂਪਲਾ ਨੇ ਮੀਡੀਆ ਨੂੰ ਦੱਸਿਆ ਸੀ ਕਿ ਉਨ੍ਹਾ ਨੇ ਪੁਲਸ ਨੂੰ ਮੈਮੋਰੰਡਮ ਦੀ ਅਸਲ ਕਾਪੀ ਦਿਖਾਉਣ



ਲਈ ਕਿਹਾ ਹੈ ਤਾਂ ਜੋ ਉਹ ਆਪਣੇ ਦਸਤਖਤਾਂ ਦੀ ਪੁਸ਼ਟੀ ਜਾਂ ਇਨਕਾਰ ਕਰ ਸਕਣ।

ਜਾਂਚ ਨਾਲ ਜੁੜੇ ਸੂਤਰਾਂ ਨੇ ਦੱਸਿਆ ਕਿ ਸਿੱਟ ਅਕਤੂਬਰ 2015 ਵਿੱਚ ਪ੍ਰਦਰਸ਼ਨਕਾਰੀਆਂ 'ਤੇ ਹੋਈ ਪੁਲਸ ਕਾਰਵਾਈ ਤੋਂ ਠੀਕ ਪਹਿਲਾਂ ਦੇ ਘਟਨਾਕ੍ਰਮ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ। ਇਸ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਮਨਤਾਰ ਸਿੰਘ ਬਰਾੜ ਨੇ ਸਿੱਟ ਨੂੰ ਦੱਸਿਆ ਸੀ ਕਿ ਪ੍ਰਦਰਸ਼ਨਕਾਰੀਆਂ ਖਿਲਾਫ ਕਾਰਵਾਈ (ਕਰੈਕਡਾਊਨ) ਸ਼ੁਰੂ ਕਰਨ ਤੋਂ ਪਹਿਲਾਂ ਉਨ੍ਹਾ ਦੀ ਤਤਕਾਲੀ ਮੁੱਖ ਮੰਤਰੀ, ਗ੍ਰਹਿ ਮੰਤਰੀ ਅਤੇ ਡੀ ਜੀ ਪੀ ਨਾਲ ਗੱਲਬਾਤ ਹੋਈ ਸੀ।

ਇਸ ਜਾਂਚ ਵਿੱਚ ਇੱਕ ਹੋਰ ਅਹਿਮ ਕੜੀ ਉਸ ਵੇਲੇ ਜੁੜੀ ਜਦੋਂ ਤਤਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਓ ਐੱਸ ਡੀ ਸਿੱਟ ਕੋਲ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਪ੍ਰਦਰਸ਼ਨਕਾਰੀਆਂ ਨੂੰ ਹਟਾਉਣ ਦੇ ਹੁਕਮ ਰਾਤ ਦੇ ਸਮੇਂ ਹੀ ਦੇ ਦਿੱਤੇ ਗਏ ਸਨ। ਜਾਂਚਕਰਤਾਵਾਂ ਲਈ ਇਹ ਵੇਰਵਾ ਬੇਹੱਦ ਅਹਿਮ ਮੰਨਿਆ ਜਾ ਰਿਹਾ ਹੈ, ਕਿਉਂਕਿ ਇਸ ਨਾਲ ਇਹ ਪਤਾ ਲਗਾਉਣ ਵਿੱਚ ਮਦਦ ਮਿਲੇਗੀ ਕਿ ਅਸਲ ਵਿੱਚ ਤਾਕਤ ਦੀ ਵਰਤੋਂ ਕਰਨ ਦੀ ਇਜਾਜ਼ਤ ਕਿਸ ਨੇ ਦਿੱਤੀ ਸੀ ਅਤੇ ਇਹ ਫੈਸਲਾ ਕਦੋਂ ਲਿਆ ਗਿਆ ਸੀ। ਅਕਤੂਬਰ 2015 ਵਿੱਚ ਫਰੀਦਕੋਟ ਜ਼ਿਲ੍ਹੇ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਦੀਆਂ ਘਟਨਾਵਾਂ ਖਿਲਾਫ ਸਿੱਖ ਸੰਗਤਾਂ ਵੱਲੋਂ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਸਨ। ਇਸੇ ਦੌਰਾਨ ਕੋਟਕਪੂਰਾ ਤੇ ਬਹਿਬਲ ਕਲਾਂ ਵਿਖੇ ਪ੍ਰਦਰਸ਼ਨਕਾਰੀਆਂ 'ਤੇ ਪੁਲਸ ਵੱਲੋਂ ਗੋਲੀਬਾਰੀ ਕੀਤੀ ਗਈ ਸੀ। ਬਹਿਬਲ ਕਲਾਂ ਵਿਖੇ ਹੋਈ ਪੁਲਸ ਫਾਇਰਿੰਗ ਦੌਰਾਨ ਦੋ ਸਿੱਖ ਪ੍ਰਦਰਸ਼ਨਕਾਰੀ ਮਾਰੇ ਗਏ ਸਨ, ਜਦੋਂਕਿ ਕਈ ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਸਨ। ਹੁਣ ਸਿੱਟ ਇਸ ਮਾਮਲੇ ਦੇ ਦੋਸ਼ੀਆਂ ਤੱਕ ਪਹੁੰਚਣ ਲਈ ਜਾਂਚ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ।

## ਐਤਕੀਂ ਰੱਬ ਦੇ ਹੱਥ ਨਾਲ ਨਹੀਂ, ਮੈਸੀ ਦੇ ਪੱਬ ਨਾਲ ਜਿੱਤਿਆ

**ਅਟਲਾਂਟਾ (ਨਵਾਂ ਜ਼ਮਾਨਾ ਸਰਵਿਸ)**

ਵਰਲਡ ਕੱਪ ਫੁੱਟਬਾਲ ਦੇ ਲਗਾਤਾਰ ਦੂਜੀ ਵਾਰ ਫਾਈਨਲ 'ਚ ਪੁੱਜਣ ਲਈ ਅਰਜਨਟੀਨਾ ਨੂੰ ਹੈਂਡ ਆਫ ਗੌਡ (ਰੱਬ ਦੇ ਹੱਥ) ਦੀ ਲੋੜ ਨਹੀਂ ਪਈ। ਉਸ ਨੇ ਸੈਮੀਫਾਈਨਲ 'ਚ ਬੁੱਧਵਾਰ ਰਾਤ ਇੱਕ ਗੋਲ ਨਾਲ ਪਿਛੜਨ ਦੇ ਬਾਵਜੂਦ ਕਪਤਾਨ ਲਿਓਨਲ ਮੈਸੀ ਦੇ ਜਾਦੂਈ ਪੱਬਾਂ ਦੀ ਬਦੌਲਤ ਦੋ ਗੋਲ ਠੋਕ ਕੇ ਇੰਗਲੈਂਡ ਨੂੰ ਹਰਾ ਦਿੱਤਾ। 1986 ਦੇ ਵਰਲਡ ਕੱਪ ਦੇ ਕੁਆਰਟਰ ਫਾਈਨਲ 'ਚ ਡੀਏਗੋ ਮਾਰਾਡੋਨਾ ਵੱਲੋਂ ਇੰਗਲੈਂਡ ਖਿਲਾਫ ਕੀਤੇ ਗਏ ਗੋਲ ਨੂੰ 'ਹੈਂਡ ਆਫ ਗੌਡ' ਵਜੋਂ ਜਾਣਿਆ ਜਾਂਦਾ ਹੈ। ਇਹ ਗੋਲ ਉਸ ਦੇ ਖੱਬੇ ਹੱਥ ਨਾਲ ਹੋਇਆ ਸੀ, ਪਰ ਰੈਫਰੀਆਂ ਨੂੰ ਦਿਸਿਆ ਨਹੀਂ ਤੇ ਗੋਲ ਬਰਕਰਾਰ ਰੱਖਿਆ ਗਿਆ। ਉਸ ਤੋਂ ਬਾਅਦ ਮਾਰਾਡੋਨਾ ਨੇ ਇੱਕ ਹੋਰ ਗੋਲ ਕੀਤਾ, ਜਿਸ ਨੂੰ 'ਗੋਲ ਆਫ ਦੀ ਸੈਂਚੁਰੀ' ਦੱਸਿਆ। ਉਸ ਮੈਚ ਵਿੱਚ ਵੀ ਅਰਜਨਟੀਨਾ ਨੇ ਇੰਗਲੈਂਡ ਨੂੰ 2-1 ਨਾਲ ਹਰਾਇਆ ਸੀ।

ਮੁਕਾਬਲੇ ਵਿੱਚ 85ਵੇਂ ਮਿੰਟ ਤੱਕ 1-0 ਨਾਲ ਪਛੜ ਰਹੀ ਅਰਜਨਟੀਨਾ ਦੀ ਟੀਮ ਨੇ ਐਨਜ਼ੋ ਫਰਨਾਂਡੇਜ਼ ਅਤੇ ਬਦਲਵੇਂ ਖਿਡਾਰੀ ਲੌਟਾਰੋ ਮਾਰਟੀਨੇਜ਼ ਦੇ ਗੋਲਾਂ ਦੀ ਮਦਦ ਨਾਲ ਜਿੱਤ ਦਰਜ ਕੀਤੀ, ਜਿਸ ਤੋਂ ਬਾਅਦ ਮੈਸੀ ਖੁਸ਼ੀ ਵਿੱਚ ਗੋਡਿਆਂ ਭਾਰ ਡਿੱਗ ਪਿਆ ਅਤੇ ਇੰਗਲੈਂਡ ਦੇ ਖਿਡਾਰੀ ਨਿਰਾਸ਼ਾ ਵਿੱਚ ਡੁੱਬ ਗਏ।



ਮੈਚ ਖਤਮ ਹੋਣ ਤੋਂ ਬਾਅਦ ਮੈਸੀ ਤੇ ਇੰਗਲੈਂਡ ਦੇ ਕਪਤਾਨ ਹੈਰੀ ਕੇਨ।

ਹੁਣ ਖਿਤਾਬੀ ਮੁਕਾਬਲਾ ਪਿਛਲੀ ਵਾਰ ਦੀ ਚੈਂਪੀਅਨ ਦੱਖਣੀ ਅਮਰੀਕੀ ਟੀਮ ਅਰਜਨਟੀਨਾ ਦਾ ਸਾਹਮਣਾ ਐਤਵਾਰ ਨੂੰ ਈਸਟ ਰਦਰਫੋਰਡ, ਨਿਊ ਜਰਸੀ ਵਿਖੇ ਯੂਰਪੀਅਨ ਚੈਂਪੀਅਨ ਸਪੇਨ ਨਾਲ ਹੋਵੇਗਾ, ਜਿਸ ਨੇ ਸੈਮੀਫਾਈਨਲ ਵਿੱਚ ਫਰਾਂਸ ਨੂੰ ਹਰਾਇਆ ਸੀ। ਅਰਜਨਟੀਨਾ ਚੌਥੇ ਖਿਤਾਬ ਨੂੰ ਹਾਸਲ ਕਰਨ ਦੀ ਕੋਸ਼ਿਸ਼ ਕਰੇਗਾ। ਉਸ ਨੇ 1978 ਅਤੇ 1986 ਵਿੱਚ ਵੀ ਕੱਪ ਜਿੱਤਿਆ ਸੀ।

ਇੰਗਲੈਂਡ ਨੇ 55ਵੇਂ ਮਿੰਟ ਵਿੱਚ ਐਂਥਨੀ ਗੋਰਡਨ ਦੇ ਗੋਲ ਨਾਲ ਬੜ੍ਹਤ ਬਣਾ ਲਈ ਸੀ, ਪਰ ਉਹ ਇੱਕ ਵਾਰ ਫਿਰ ਵੱਡੇ ਟੂਰਨਾਮੈਂਟ ਦੇ ਅਹਿਮ ਪੜਾਅ 'ਤੇ ਆਪਣੀ ਬੜ੍ਹਤ ਨੂੰ ਕਾਇਮ ਰੱਖਣ ਵਿੱਚ ਅਸਫਲ ਰਿਹਾ। 60 ਸਾਲ ਪਹਿਲਾਂ ਵਰਲਡ ਕੱਪ ਜਿੱਤਣ ਤੋਂ ਬਾਅਦ ਪਹਿਲੀ ਵਾਰ ਇੰਗਲੈਂਡ ਦੂਜੀ ਵਾਰ ਕੱਪ ਜਿੱਤਣ ਦੇ ਨੇੜੇ ਪੁੱਜਾ ਸੀ। 2018 ਦੇ ਵਿਸ਼ਵ ਕੱਪ ਤੋਂ ਬਾਅਦ ਇਹ ਤੀਜਾ ਮੌਕਾ ਸੀ, ਜਦੋਂ ਇੰਗਲੈਂਡ ਨੇ ਲੀਡ ਲੈਣ ਤੋਂ ਬਾਅਦ ਕਿਸੇ ਵੱਡੀ ਚੈਂਪੀਅਨਸ਼ਿਪ ਦੇ • ਬਾਕੀ ਸਫਾ 2 'ਤੇ

## 'ਕਾਕਰੋਚਾਂ' ਦੇ 20 ਦੇ ਸੰਸਦ ਮਾਰਚ ਨੂੰ ਭਰਵਾਂ ਹੁੰਗਾਰਾ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ ਨੂੰ ਵੀਰਵਾਰ ਨੂੰ ਵੱਖ-ਵੱਖ ਵਿਰੋਧੀ ਆਗੂਆਂ ਦਾ ਸਮਰਥਨ ਮਿਲਿਆ। ਸੰਸਦ ਮੈਂਬਰ ਡਿੰਪਲ ਯਾਦਵ, ਧਰਮਿੰਦਰ ਯਾਦਵ, ਮੋਹਿਬੁੱਲਾ ਨਦਵੀ ਅਤੇ ਲਕਸ਼ਮੀਕਾਂਤ ਨਿਸ਼ਾਦ ਦੀ ਅਗਵਾਈ ਵਿੱਚ ਸਮਾਜਵਾਦੀ ਪਾਰਟੀ ਦੇ ਇੱਕ ਵਫ਼ਦ ਨੇ ਸਪਾ ਦੇ ਸੂਬਾ ਪ੍ਰਧਾਨ ਨਰੇਸ਼ ਉੱਤਮ ਅਤੇ ਵਿਧਾਇਕ ਡਾ. ਰਾਗਿਨੀ ਸੋਨਕਰ ਦੇ ਨਾਲ ਵਿਰੋਧ ਪ੍ਰਦਰਸ਼ਨ ਵਾਲੀ ਥਾਂ ਦਾ ਦੌਰਾ ਕੀਤਾ ਅਤੇ ਅੰਦੋਲਨ ਨੂੰ ਸਮਰਥਨ ਦਿੱਤਾ। ਡਿੰਪਲ ਯਾਦਵ ਨੇ ਸੋਨਮ ਵਾਂਗਚੁਕ ਦੇ ਦ੍ਰਿੜ ਇਰਾਦੇ ਅਤੇ ਵਿਦਿਆਰਥੀਆਂ ਵੱਲੋਂ ਆਪਣੀ ਭੁੱਖ ਹੜਤਾਲ ਜਾਰੀ ਰੱਖਣ ਦੀ ਪ੍ਰਸ਼ੰਸਾ ਕਰਦੇ ਹੋਏ 20 ਜੁਲਾਈ ਦੇ ਸੰਸਦ ਮਾਰਚ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਕਿਸਾਨ ਆਗੂ ਰਾਕੇਸ਼ ਟਿਕੈਤ ਵੀ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ,



ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤੀਪੂਰਵਕ ਆਪਣਾ ਅੰਦੋਲਨ ਜਾਰੀ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਨੇ ਵੀ 20 ਜੁਲਾਈ ਦੇ ਸੰਸਦ ਮਾਰਚ ਦਾ ਸਮਰਥਨ ਕੀਤਾ। ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਸੰਸਦ ਮੈਂਬਰ ਸੰਜੇ ਸਿੰਘ ਅਤੇ ਦਿੱਲੀ ਇਕਾਈ ਦੇ ਪ੍ਰਧਾਨ ਸੌਰਭ ਭਾਰਦਵਾਜ • ਬਾਕੀ ਸਫਾ 2 'ਤੇ

## ਜੇ ਈ ਨੂੰ ਚਿੱਟੇ ਦੇ ਕੇਸ 'ਚ ਫਸਾਉਣ 'ਤੇ ਡੀ ਐੱਸ ਪੀ ਨਾਮਜ਼ਦ

**ਜਲਾਲਾਬਾਦ/ਫਾਜ਼ਿਲਕਾ (ਪਰਮਜੀਤ ਢਾਬਾਂ, ਜੀਤ ਕੁਮਾਰ/ਨਿਸ਼ਾ ਸ਼ਰਮਾ)**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਇੱਕ ਜੇ ਈ ਨੂੰ ਕਥਿਤ ਤੌਰ 'ਤੇ ਚਿੱਟੇ ਦੇ ਝੂਠੇ ਮਾਮਲੇ ਵਿੱਚ ਫਸਾਉਣ ਸੰਬੰਧੀ ਚੱਲ ਰਹੀ ਜਾਂਚ ਦੌਰਾਨ ਡੀ ਐੱਸ ਪੀ ਸਬ-ਡਵੀਜ਼ਨ ਜਲਾਲਾਬਾਦ ਦਾ ਨਾਂਅ ਸਾਹਮਣੇ ਆਉਣ ਨਾਲ ਪੁਲਸ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲੀਆ ਨਿਸ਼ਾਨ ਲੱਗ ਗਿਆ ਹੈ। ਗ੍ਰਿਫਤਾਰ ਮੁਲਜ਼ਮਾਂ ਵੱਲੋਂ ਅਦਾਲਤ ਵਿੱਚ ਡੀ ਐੱਸ ਪੀ ਜਲਾਲਾਬਾਦ ਦੇ ਖਿਲਾਫ ਬਿਆਨ ਦਰਜ ਕਰਵਾਉਣ ਤੋਂ ਬਾਅਦ ਥਾਣਾ ਮੰਡੀ ਅਰਨੀਵਾਲਾ ਪੁਲਸ ਨੇ ਅਦਾਲਤ ਦੇ ਹੁਕਮਾਂ 'ਤੇ ਡੀ ਐੱਸ ਪੀ ਨੂੰ ਵੀ ਇਸ ਮੁਕੱਦਮੇ ਵਿੱਚ ਨਾਮਜ਼ਦ ਕਰ ਲਿਆ ਹੈ। ਜੇ ਈ ਅਮਿਤ ਕੁਮਾਰ ਵਾਸੀ ਮੰਡੀ ਰੋੜਾਂਵਾਲੀ ਨੇ ਥਾਣਾ ਅਰਨੀਵਾਲਾ ਵਿਖੇ ਬਿਆਨ ਦਰਜ ਕਰਵਾਇਆ ਸੀ ਕਿ 3 ਜੂਨ ਨੂੰ ਸਵੇਰੇ ਜਦੋਂ ਉਹ ਆਪਣੀ ਕਾਰ ਰਾਹੀਂ ਮੰਡੀ ਰੋੜਾਂਵਾਲੀ ਤੋਂ ਅਰਨੀਵਾਲਾ ਆਪਣੀ ਡਿਊਟੀ 'ਤੇ ਜਾ ਰਿਹਾ ਸੀ ਤਾਂ ਰਸਤੇ ਵਿੱਚ ਗੰਗ ਕੈਨਾਲ ਪੁਲ 'ਤੇ ਉਹ ਨਹਿਰ ਦੇ ਕੰਢੇ ਲੱਗੇ ਨਲਕੇ ਤੋਂ ਕਾਰ ਵਿੱਚ ਰੱਖੇ ਵਾਟਰ ਕੂਲਰ 'ਚ ਪਾਣੀ ਭਰਨ ਲੱਗਾ। ਇਸੇ ਦੌਰਾਨ ਅਚਾਨਕ ਇੱਕ ਸਵਿਫਟ ਕਾਰ 'ਚ ਸਵਾਰ ਤਿੰਨ ਅਣਪਛਾਤੇ ਵਿਅਕਤੀ ਆਏ, ਜਿਨ੍ਹਾਂ ਨੇ ਖੁਦ ਨੂੰ ਪੁਲਸ ਮੁਲਾਜ਼ਮ ਦੱਸ ਕੇ ਉਸ ਕੋਲੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ ਅਤੇ ਗੱਡੀ ਦੀ ਤਲਾਸ਼ੀ ਲੈਂਦਿਆਂ ਕਾਰ ਦੀ ਸੀਟ ਹੇਠੋਂ ਇੱਕ ਪੈਕੇਟ ਬਰਾਮਦ ਕੀਤਾ। ਇਸ ਪੈਕੇਟ ਬਾਰੇ ਜੇ ਈ ਨੂੰ ਕੋਈ ਜਾਣਕਾਰੀ ਨਹੀਂ ਸੀ। ਇੰਨੇ ਨੂੰ ਉੱਥੇ ਆਸ-ਪਾਸ ਦੇ ਲੋਕ ਇਕੱਠੇ ਹੋਣੇ ਸ਼ੁਰੂ ਹੋ ਗਏ ਅਤੇ ਮੌਕੇ 'ਤੇ ਡੀ ਐੱਸ ਪੀ ਜਲਾਲਾਬਾਦ ਗੁਰਸੇਵਕ ਸਿੰਘ ਸਮੇਤ ਹੋਰ ਪੁਲਸ ਮੁਲਾਜ਼ਮਾਂ ਨੂੰ ਬੁਲਾਇਆ ਗਿਆ। ਉੱਥੇ ਡੀ ਐੱਸ ਪੀ ਵੱਲੋਂ ਜੇ ਈ ਕੋਲੋਂ ਪੁੱਛਗਿੱਛ ਕੀਤੀ ਗਈ। ਲੋਕਾਂ ਦਾ ਭਾਰੀ ਇਕੱਠ ਹੋ ਜਾਣ ਕਾਰਨ ਅਤੇ ਮਾਮਲਾ ਸ਼ੱਕੀ ਜਾਪਦਾ ਹੋਣ ਕਰਕੇ, ਅਗਲੀ ਕਾਰਵਾਈ ਲਈ ਜੇ ਈ ਨੂੰ ਬਰਾਮਦਸ਼ੁਦਾ ਪੈਕੇਟ ਸਮੇਤ ਸੀ ਆਈ ਏ ਸਟਾਫ



ਫਾਜ਼ਿਲਕਾ ਵਿਖੇ ਲਿਜਾਇਆ ਗਿਆ। ਉੱਥੇ ਪੁਲਸ ਮੁਲਾਜ਼ਮਾਂ ਵੱਲੋਂ ਜਦੋਂ ਇਸ ਪੈਕੇਟ ਨੂੰ ਖੋਲ੍ਹ ਕੇ ਚੈੱਕ ਕੀਤਾ ਗਿਆ ਤਾਂ ਉਸ ਵਿੱਚੋਂ ਕੋਈ ਵੀ ਨਸ਼ੀਲਾ ਪਦਾਰਥ ਬਰਾਮਦ ਨਹੀਂ ਹੋਇਆ, ਜਿਸ ਕਰਕੇ ਜੇ ਈ ਨੂੰ ਉੱਥੋਂ ਫਾਰਗ ਕਰ ਦਿੱਤਾ ਗਿਆ ਸੀ।

ਇਸ ਘਟਨਾ ਤੋਂ ਬਾਅਦ ਪੀੜਤ ਜੇ ਈ ਵੱਲੋਂ ਆਪਣੇ ਪੱਧਰ 'ਤੇ ਮਾਮਲੇ ਦੀ ਜਾਂਚ ਕੀਤੀ ਗਈ, ਜਿਸ ਤੋਂ ਪਤਾ ਲੱਗਿਆ ਕਿ 2 ਜੂਨ ਦੀ ਰਾਤ ਨੂੰ ਸੁਖਜਿੰਦਰ ਸਿੰਘ ਉਰਫ ਸ਼ਮੀ ਪੁੱਤਰ ਬਲਦੇਵ ਸਿੰਘ ਵਾਸੀ ਚੱਕ ਅਰੋੜਾ ਵਾਲਾ ਉਰਫ ਤੰਬੂ ਵਾਲਾ, ਸਾਗਰ ਪੁੱਤਰ ਚੰਦਰਪਾਲ ਅਤੇ ਰਾਜਨ ਕੁਮਾਰ ਉਰਫ ਨੰਨੂ ਪੁੱਤਰ ਸੁਰਿੰਦਰ ਕੁਮਾਰ ਵਾਸੀਆਨ ਮੰਡੀ ਰੋੜਾਂਵਾਲੀ ਨੇ ਇੱਕ ਸਾਜ਼ਿਸ਼ ਤਹਿਤ ਉਸ ਦੀ ਕਾਰ ਦੀ ਸੀਟ ਹੇਠਾਂ ਭੂਰੇ ਰੰਗ ਦੀ ਟੇਪ ਨਾਲ ਲਪੇਟ ਕੇ ਉਹ ਪੈਕੇਟ ਰੱਖਿਆ ਸੀ, ਤਾਂ ਜੋ ਉਸ ਦੇ ਖਿਲਾਫ ਐੱਨ ਡੀ ਪੀ ਐੱਸ ਐਕਟ ਤਹਿਤ ਝੂਠਾ ਮੁਕੱਦਮਾ ਦਰਜ ਕਰਵਾਇਆ ਜਾ ਸਕੇ। ਪੁਲਸ ਨੇ ਮੁਦਈ ਜੇ ਈ ਦੇ ਬਿਆਨਾਂ ਦੇ ਆਧਾਰ 'ਤੇ ਉਕਤ ਤਿੰਨਾਂ ਮੁਲਜ਼ਮਾਂ ਖਿਲਾਫ ਥਾਣਾ ਅਰਨੀਵਾਲਾ ਵਿਖੇ ਮੁਕੱਦਮਾ ਦਰਜ ਕੀਤਾ ਸੀ।

ਮੁਕੱਦਮੇ ਦੀ ਤਫਤੀਸ਼ ਦੌਰਾਨ ਜਦੋਂ ਗ੍ਰਿਫਤਾਰ ਕੀਤੇ ਗਏ ਕਥਿਤ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਤਾਂ ਉਨ੍ਹਾਂ ਨੇ ਅਦਾਲਤ ਦੇ ਸਾਹਮਣੇ ਬਿਆਨ ਦਰਜ ਕਰਵਾਏ ਕਿ ਇਸ ਸਾਰੀ ਸਾਜ਼ਿਸ਼ ਅਤੇ ਘਟਨਾ ਵਿੱਚ ਡੀ ਐੱਸ ਪੀ ਗੁਰਸੇਵਕ ਸਿੰਘ ਵੀ ਬਰਾਬਰ ਸ਼ਾਮਲ ਹਨ। ਮੁਲਜ਼ਮਾਂ ਦੇ ਇਸ ਬਿਆਨ 'ਤੇ ਸਖਤ ਨੋਟਿਸ ਲੈਂਦਿਆਂ ਅਦਾਲਤ ਦੇ ਹੁਕਮਾਂ ਮੁਤਾਬਕ 15 ਜੁਲਾਈ ਨੂੰ ਗੁਰਸੇਵਕ ਸਿੰਘ ਨੂੰ ਵੀ ਇਸ ਮੁਕੱਦਮੇ ਵਿੱਚ ਬਤੌਰ ਮੁਲਜ਼ਮ ਨਾਮਜ਼ਦ ਕਰ ਲਿਆ ਗਿਆ ਹੈ।

ਐੱਸ ਐੱਸ ਪੀ ਗਗਨ ਅਜੀਤ ਸਿੰਘ ਨੇ ਦੱਸਿਆ ਕਿ ਮੁਕੱਦਮਾ ਦਰਜ ਹੋਣ ਤੋਂ ਬਾਅਦ ਡੀ ਐੱਸ ਪੀ ਖਿਲਾਫ ਬਣਦੀ ਵਿਭਾਗੀ ਕਾਰਵਾਈ ਲਈ ਰਿਪੋਰਟ ਉੱਚ ਅਧਿਕਾਰੀਆਂ ਨੂੰ ਭੇਜ ਦਿੱਤੀ ਗਈ ਹੈ। ਡੀ ਐੱਸ ਪੀ ਲਾਪਤਾ ਦੱਸਿਆ ਜਾ ਰਿਹਾ ਹੈ।

### ਮੋਦੀ ਅੱਜ ਜਲੰਧਰ ਛਾਉਣੀ 'ਚ

**ਜਲੰਧਰ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸ਼ੁੱਕਰਵਾਰ ਬਾਅਦ ਦੁਪਹਿਰ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦੇ ਨਵੇਂ ਕੰਪਲੈਕਸ ਦਾ ਉਦਘਾਟਨ ਕਰਨਗੇ। ਇਸ ਦੇ ਨਾਲ ਹੀ ਉਹ ਇੱਥੋਂ ਦੇਸ਼ ਭਰ ਦੇ 74 ਹੋਰ ਅੰਮ੍ਰਿਤ ਭਾਰਤ ਰੇਲਵੇ ਸਟੇਸ਼ਨਾਂ ਦਾ ਵੀ ਵਰਚੁਅਲੀ ਉਦਘਾਟਨ ਕਰਨਗੇ। ਇਸ ਤੋਂ ਪਹਿਲਾਂ ਮੋਦੀ ਜੀਂਦ ਵਿੱਚ ਜੀਂਦ ਅਤੇ ਸੋਨੀਪਤ ਵਿਚਕਾਰ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟਰੇਨ ਨੂੰ ਵੀ ਹਰੀ ਝੰਡੀ ਦਿਖਾਉਣਗੇ।

### ਮਾਪਿਆਂ ਨੂੰ ਪੱਕੇ ਤੌਰ 'ਤੇ ਕੈਨੇਡਾ ਬੁਲਾਉਣ ਦਾ ਖੁੱਲ੍ਹਿਆ ਰਾਹ

**ਵਿੰਨੀਪੈਗ** : 'ਪੇਰੈਂਟਸ ਐਂਡ ਗ੍ਰੈਂਡਪੇਰੈਂਟਸ ਪ੍ਰੋਗਰਾਮ' ਕੈਨੇਡਾ ਦੀ ਪਰਵਾਰਕ ਮੁੜ-ਮਿਲਾਪ ਨੀਤੀ ਦਾ ਇੱਕ ਮਹੱਤਵਪੂਰਨ ਹਿੱਸਾ ਹੈ, ਜਿਸ ਰਾਹੀਂ ਕੈਨੇਡੀਅਨ ਨਾਗਰਿਕ ਅਤੇ ਸਥਾਈ ਨਿਵਾਸੀ ਆਪਣੇ ਮਾਪਿਆਂ ਅਤੇ ਦਾਦਾ-ਦਾਦੀ ਜਾਂ ਨਾਨਾ-ਨਾਨੀ ਨੂੰ ਸਥਾਈ ਨਿਵਾਸ ਲਈ ਕੈਨੇਡਾ ਲਿਆ ਸਕਦੇ ਹਨ। ਕੈਨੇਡਾ ਦੀ ਇਮੀਗ੍ਰੇਸ਼ਨ, ਰਫ਼ਿਊਜੀ ਐਂਡ ਸਿਟੀਜ਼ਨਸ਼ਿਪ ਕੈਨੇਡਾ (ਆਈ ਆਰ ਸੀ ਸੀ) ਨੇ ਇਸ ਪ੍ਰੋਗਰਾਮ ਤਹਿਤ 2025 ਲਈ ਅਰਜ਼ੀਆਂ ਸਵੀਕਾਰ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਵਿਭਾਗ ਨੇ ਦੱਸਿਆ ਕਿ 28 ਜੁਲਾਈ ਤੋਂ ਸ਼ੁਰੂ ਹੋਣ ਵਾਲੇ ਲਗਭਗ ਦੋ ਹਫ਼ਤਿਆਂ ਦੇ ਦੌਰਾਨ 2020 ਵਿੱਚ 'ਇੰਟਰੈਸਟ ਟੂ ਸਪਾਂਸਰ' ਫਾਰਮ ਜਮਾਂ ਕਰਵਾਉਣ ਵਾਲੇ ਪੂਲ ਵਿੱਚੋਂ 17,860 ਸੰਭਾਵੀ ਸਪਾਂਸਰਾਂ ਨੂੰ 'ਇਨਵਾਈਟੇਸ਼ਨ ਟੂ ਅਪਲਾਈ' ਭੇਜੇ ਜਾਣਗੇ। ਸਰਕਾਰ ਦਾ ਟੀਚਾ ਇਸ ਸਾਲ 10,000 ਮੁਕੰਮਲ ਅਰਜ਼ੀਆਂ ਪ੍ਰਾਪਤ ਕਰਕੇ ਉਨ੍ਹਾਂ 'ਤੇ ਕਾਰਵਾਈ ਸ਼ੁਰੂ ਕਰਨ ਦਾ ਹੈ। ਆਈ ਆਰ ਸੀ ਸੀ ਨੇ ਇੱਕ ਵਾਰ ਫਿਰ ਸਪਸ਼ਟ ਕੀਤਾ ਹੈ ਕਿ 2025 ਵਿੱਚ ਵੀ 'ਇੰਟਰੈਸਟ ਟੂ ਸਪਾਂਸਰ' ਲਈ ਕੋਈ ਨਵਾਂ ਰਜਿਸਟਰੇਸ਼ਨ ਪੋਰਟਲ ਨਹੀਂ ਖੋਲ੍ਹਿਆ ਜਾਵੇਗਾ। ਇਸ ਦਾ ਸਿੱਧਾ ਅਰਥ ਇਹ ਹੈ ਕਿ ਜਿਨ੍ਹਾਂ ਕੈਨੇਡੀਅਨ ਨਾਗਰਿਕਾਂ ਜਾਂ ਸਥਾਈ ਨਿਵਾਸੀਆਂ ਨੇ ਸਾਲ 2020 ਵਿੱਚ ਇਹ ਫਾਰਮ ਨਹੀਂ ਭਰਿਆ ਸੀ, ਉਹ ਇਸ ਸਾਲ ਆਪਣੇ ਮਾਪਿਆਂ ਜਾਂ ਦਾਦਾ-ਦਾਦੀ ਅਤੇ ਨਾਨਾ-ਨਾਨੀ ਨੂੰ ਇਸ ਪ੍ਰੋਗਰਾਮ ਤਹਿਤ ਸਪਾਂਸਰ ਕਰਨ ਲਈ ਅਰਜ਼ੀ ਨਹੀਂ ਦੇ ਸਕਣਗੇ।

## 2800 ਨਵੇਂ ਰਾਸ਼ਨ ਡਿਪੂ ਅਲਾਟ



**ਮੁਹਾਲੀ (ਗੁਰਜੀਤ ਬਿੱਲਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਇੱਥੇ 2800 ਨਵੇਂ ਡਿਪੂ ਹੋਲਡਰਾਂ ਨੂੰ ਨਿਯੁਕਤੀ ਅਤੇ ਅਲਾਟਮੈਂਟ ਪੱਤਰ ਸੌਂਪੇ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਇਹ ਲਾਇਸੰਸ ਪੂਰੀ ਕਾਨੂੰਨੀ ਪ੍ਰਕਿਰਿਆ ਤਹਿਤ ਦਿੱਤੇ ਗਏ ਹਨ। ਇਨ੍ਹਾਂ ਨਵੇਂ ਡਿਪੂਆਂ ਦੇ ਖੁੱਲ੍ਹਣ ਨਾਲ ਪੰਜਾਬ ਦੇ ਲੱਗਭੱਗ ਸਾਢੇ ਪੰਜ ਲੱਖ ਪਰਵਾਰਾਂ ਨੂੰ 'ਮੇਰੀ ਰਸੋਈ ਕਿੱਟ' ਅਤੇ ਹੋਰ ਰਾਸ਼ਨ ਉਨ੍ਹਾਂ ਦੇ ਘਰਾਂ ਦੇ ਬਿਲਕੁਲ ਨੇੜੇ ਆਸਾਨੀ ਨਾਲ ਮਿਲ ਸਕੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸੀ ਕਦੇ ਵੀ ਪੰਜਾਬ ਦੇ ਹਿੱਤਾਂ ਦੀ ਲੜਾਈ ਨਹੀਂ ਲੜਦੇ, ਸਗੋਂ ਸਿਰਫ ਆਪਣੀ ਕੁਰਸੀ ਬਚਾਉਣ ਵਿੱਚ ਲੱਗੇ ਹੋਏ ਹਨ। ਮਾਨ ਨੇ ਦੋਸ਼ ਲਾਇਆ ਕਿ ਕਾਂਗਰਸ, • ਬਾਕੀ ਸਫਾ 2 'ਤੇ

### ਜਗਨਨਾਥ ਰੱਥ ਯਾਤਰਾ ਦੌਰਾਨ ਭਗਦੜ ਇੱਕ ਮੌਤ, 100 ਤੋਂ ਵੱਧ ਜ਼ਖ਼ਮੀ

**ਪੁਰੀ** : ਓਡੀਸਾ ਦੇ ਪੁਰੀ ਵਿੱਚ ਵਿਸ਼ਵ ਪ੍ਰਸਿੱਧ ਜਗਨਨਾਥ ਰੱਥ ਯਾਤਰਾ ਦੌਰਾਨ ਭਗਦੜ ਮਚ ਗਈ ਜਿਸ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ 100 ਤੋਂ ਵੱਧ ਸ਼ਰਧਾਲੂ ਜ਼ਖ਼ਮੀ ਹੋ ਗਏ।

ਇਹ ਘਟਨਾ ਵੀਰਵਾਰ ਸ਼ਾਮ 5 ਵਜੇ ਦੇ ਕਰੀਬ ਉਸ ਵੇਲੇ ਵਾਪਰੀ, ਜਦੋਂ ਭਗਵਾਨ ਜਗਨਨਾਥ ਦੇ ਦਰਸ਼ਨਾਂ ਲਈ ਲੋਕਾਂ ਦੀ ਭੀੜ ਅਚਾਨਕ ਰੱਥਾਂ ਦੇ ਨੇੜੇ ਜਾਣ ਦੀ ਕੋਸ਼ਿਸ਼ ਕਰਨ ਲੱਗੀ। ਇਸ ਦੌਰਾਨ ਸੇਵਾਦਾਰ ਨੇ ਲੋਕਾਂ ਨੂੰ ਪਿੱਛੇ ਹਟਾਇਆ ਤੇ ਲੋਕਾਂ ਦੇ ਇੱਕ-ਦੂਜੇ ਨੂੰ ਧੱਕਾ ਦੇਣ ਨਾਲ ਭਗਦੜ ਮਚ ਗਈ ਅਤੇ ਲੋਕ ਇੱਕ-ਦੂਜੇ ਦੇ ਉੱਪਰ ਡਿੱਗਣ ਲੱਗੇ। ਇਹ ਸਭ ਉਸ ਵੇਲੇ ਹੋਇਆ ਜਦੋਂ ਤੇਜ਼ ਮੀਂਹ ਪੈ ਰਿਹਾ ਸੀ। ਇਸ ਦੇ ਬਾਵਜੂਦ ਰੱਥ ਯਾਤਰਾ ਦੇ ਰਸਤੇ 'ਤੇ ਲੱਖਾਂ ਸ਼ਰਧਾਲੂ ਮੌਜੂਦ ਹਨ। ਇਹ ਯਾਤਰਾ ਮੁੱਖ ਮੰਦਰ ਤੋਂ 3 ਕਿਲੋਮੀਟਰ ਦੂਰ ਬਣੇ ਗੁੰਡੀਚਾ ਮੰਦਰ ਤੱਕ ਜਾਵੇਗੀ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਪੁਰੀ ਦੀ ਇਸ ਇਤਿਹਾਸਕ ਯਾਤਰਾ ਵਿੱਚ ਭਗਦੜ ਮਚੀ ਹੋਵੇ, ਇਸ ਤੋਂ ਪਹਿਲਾਂ ਵੀ ਦੋ ਵਾਰ ਅਜਿਹੇ ਹਾਦਸੇ ਵਾਪਰ ਚੁੱਕੇ ਹਨ।

## ਇਸਰੋ ਦੇ ਲਗਭਗ 100 ਵਿਗਿਆਨੀਆਂ ਦੇ ਅਸਤੀਫਿਆਂ ਤੋਂ ਬਾਅਦ ਸਰਕਾਰ ਵੱਲੋਂ ਪੇਸ਼ਬੰਦੀਆਂ

**ਨਵੀਂ ਦਿੱਲੀ (ਨ ਜ਼ ਸ)**-ਹਾਲ ਹੀ ਦੇ ਮਹੀਨਿਆਂ ਵਿੱਚ ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਘੱਟੋ-ਘੱਟ 100 ਵਿਗਿਆਨੀਆਂ ਵੱਲੋਂ ਅਸਤੀਫੇ ਦੇ ਦੇਣ ਤੋਂ ਬਾਅਦ ਕੇਂਦਰ ਸਵੈ-ਇੱਛਤ ਨਿਕਾਸ ਅਤੇ ਸੇਵਾਮੁਕਤੀ ਦੇ ਨਿਯਮਾਂ ਨੂੰ ਸਖਤ ਕਰਨ ਲਈ ਕਦਮ ਚੁੱਕਣ ਲਈ ਮਜਬੂਰ ਹੋ ਗਈ ਹੈ, ਖਾਸ ਕਰਕੇ ਗਗਨਯਾਨ ਵਰਗੇ ਮਹੱਤਵਪੂਰਨ ਮਿਸ਼ਨਾਂ 'ਤੇ ਕੰਮ ਕਰਨ ਵਾਲੇ ਵਿਗਿਆਨੀਆਂ ਲਈ। 14 ਜੁਲਾਈ ਨੂੰ ਜਾਰੀ ਕੀਤੇ ਗਏ ਇੱਕ ਅੰਦਰੂਨੀ ਦਸਤਾਵੇਜ਼ ਮੁਤਾਬਕ, ਜਿਸ ਤੱਕ ਇੰਡੀਆ ਟੂਡੇ ਦੁਆਰਾ ਪਹੁੰਚ ਕੀਤੀ ਗਈ ਹੈ, ਕੇਂਦਰ ਨੇ ਇਸਰੋ ਕੇਂਦਰਾਂ ਨੂੰ ਗਗਨਯਾਨ ਅਤੇ ਹੋਰ ਮੁੱਖ ਮਿਸ਼ਨਾਂ ਨਾਲ ਜੁੜੇ ਗਰੁੱਪ 'ਏ' ਵਿਗਿਆਨਕ ਅਤੇ ਤਕਨੀਕੀ ਕਰਮਚਾਰੀਆਂ ਤੋਂ ਅਸਤੀਫੇ ਜਾਂ ਸਵੈ-ਇੱਛਤ ਸੇਵਾਮੁਕਤੀ ਦੀਆਂ ਬੇਨਤੀਆਂ ਨੂੰ ਸਵੀਕਾਰ ਨਾ ਕਰਨ ਦਾ ਨਿਰਦੇਸ਼ ਦਿੱਤਾ ਹੈ। ਅਸਤੀਫੇ ਅਤੇ ਸੇਵਾਮੁਕਤੀ ਦੀਆਂ ਸਾਰੀਆਂ ਬੇਨਤੀਆਂ ਹੁਣ ਪੁਲਾੜ ਵਿਭਾਗ ਨੂੰ ਭੇਜੀਆਂ ਜਾਣ। ਜਦੋਂ ਕਿ ਪੁਲਾੜ ਵਿਭਾਗ ਨੇ ਅਧਿਕਾਰਤ ਤੌਰ 'ਤੇ ਕੰਮ ਛੱਡਣ ਵਾਲਿਆਂ ਦੀ ਗਿਣਤੀ ਦਾ ਖੁਲਾਸਾ ਨਹੀਂ ਕੀਤਾ ਹੈ, ਟਾਈਮਜ਼ ਆਫ ਇੰਡੀਆ ਨੇ ਰਿਪੋਰਟ ਦਿੱਤੀ ਹੈ ਕਿ ਇਸਰੋ ਦੇ ਕਈ ਸੂਤਰਾਂ ਨੇ ਕਿਹਾ ਹੈ ਕਿ ਹਾਲ ਹੀ ਦੇ ਮਹੀਨਿਆਂ ਵਿੱਚ 100 ਤੋਂ 120 ਵਿਗਿਆਨੀਆਂ ਨੇ ਅਸਤੀਫਾ ਦੇ ਦਿੱਤਾ ਹੋ ਸਕਦਾ ਹੈ। ਕਰਨਾਟਕ ਦੇ ਬੇਂਗਲੁਰੂ ਵਿੱਚ ਯੂ ਆਰ ਰਾਓ ਸੈਟੇਲਾਈਟ ਸੈਂਟਰ (ਯੂ ਆਰ ਐੱਸ ਸੀ) ਤੋਂ ਲਗਭਗ 80 ਵਿਗਿਆਨੀ ਚਲੇ ਗਏ ਹਨ, ਜਦੋਂ ਕਿ ਕੇਰਲਾ ਦੇ ਤਿਰੂਵਨੰਤਪੁਰਮ ਵਿੱਚ ਵਿਕਰਮ ਸਾਰਾਭਾਈ ਸਪੇਸ ਸੈਂਟਰ (ਵੀ ਐੱਸ ਐੱਸ ਸੀ) ਤੋਂ ਲਗਭਗ 20 ਵਿਗਿਆਨੀਆਂ ਦੇ ਜਾਣ ਦੀ ਰਿਪੋਰਟ ਮਿਲੀ ਹੈ। ਸੂਤਰਾਂ ਨੇ 100 ਅਸਤੀਫਿਆਂ ਦੀ ਪੁਸ਼ਟੀ ਕੀਤੀ ਹੈ, ਪਰ ਉਨ੍ਹਾ ਅੱਗੇ ਕਿਹਾ ਕਿ ਇਹ ਗਿਣਤੀ ਲਗਭਗ 120 ਹੋ ਸਕਦੀ ਹੈ।

## ਗੰਭੀਰ ਬਿਮਾਰ ਤੇ ਵੱਡ-ਉਮਰੇ ਕੈਦੀ ਛੱਡਣ ਦੀ ਨੀਤੀ ਬਣਾਉਣ ਦੇ ਨਿਰਦੇਸ਼

**ਨਵੀਂ ਦਿੱਲੀ (ਨ ਜ਼ ਸ)**

ਸੁਪਰੀਮ ਕੋਰਟ ਨੇ ਵੀਰਵਾਰ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਤਿੰਨ ਮਹੀਨਿਆਂ ਦੇ ਅੰਦਰ ਅਜਿਹੇ ਕੈਦੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਲਈ ਨੀਤੀ ਤਿਆਰ ਕਰਨ, ਜੋ ਵੱਡੀ ਉਮਰ ਦੇ ਹਨ ਜਾਂ ਗੰਭੀਰ ਰੂਪ ਨਾਲ ਬਿਮਾਰ ਹਨ।

ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਕਿਹਾ ਕਿ ਨੀਤੀ ਵਿੱਚ ਰਿਹਾਈ ਦੇ ਵਿਚਾਰ ਲਈ ਯੋਗਤਾ ਦੇ ਮਾਪਦੰਡ ਅਤੇ ਪ੍ਰਕਿਰਿਆਤਮਕ ਢਾਂਚੇ ਨੂੰ ਸਪੱਸ਼ਟ ਤੌਰ 'ਤੇ ਪਰਿਭਾਸ਼ਤ ਕੀਤਾ ਜਾਣਾ ਚਾਹੀਦਾ ਹੈ ਅਤੇ ਖਾਸ ਤੌਰ 'ਤੇ, ਇਸ ਵਿੱਚ 'ਗੰਭੀਰ ਬਿਮਾਰੀ' ਦੀ ਇੱਕ ਸਪੱਸ਼ਟ ਅਤੇ ਇਕਸਾਰ ਪਰਿਭਾਸ਼ਾ ਪ੍ਰਦਾਨ ਕੀਤੀ ਜਾਣੀ ਚਾਹੀਦੀ ਹੈ। ਬੈਂਚ ਨੇ ਇਹ ਫੈਸਲਾ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਵੱਲੋਂ ਦਾਇਰ ਕੀਤੀ ਗਈ ਇੱਕ ਪਟੀਸ਼ਨ 'ਤੇ ਸੁਣਾਇਆ ਹੈ, ਜਿਸ ਵਿੱਚ ਉਨ੍ਹਾਂ ਕੈਦੀਆਂ ਨੂੰ ਜ਼ਮਾਨਤ 'ਤੇ ਰਿਹਾਅ ਕਰਨ ਦੀ ਮੰਗ ਕੀਤੀ ਗਈ ਸੀ, ਜੋ ਗੰਭੀਰ ਰੂਪ ਵਿਚ ਬਿਮਾਰ ਹਨ ਜਾਂ 70 ਸਾਲ ਤੋਂ ਵੱਧ ਉਮਰ ਦੇ ਹਨ।

ਜਸਟਿਸ ਮਹਿਤਾ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ, "ਸਾਰੇ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਇਸ ਫੈਸਲੇ ਦੀ ਮਿਤੀ ਤੋਂ ਤਿੰਨ ਮਹੀਨਿਆਂ ਦੇ ਅੰਦਰ ਅਜਿਹੇ ਕੈਦੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਲਈ ਇੱਕ ਵਿਆਪਕ ਨੀਤੀ ਤਿਆਰ ਕਰਨਗੇ ਅਤੇ ਸੂਚਿਤ ਕਰਨਗੇ ਜੋ ਵੱਡੀ ਉਮਰ ਦੇ ਹਨ ਅਤੇ/ਜਾਂ ਗੰਭੀਰ ਰੂਪ ਨਾਲ ਬਿਮਾਰ ਹਨ।"

ਬੈਂਚ ਨੇ ਕਿਹਾ ਕਿ ਨੀਤੀ ਨੂੰ ਸੰਬੰਧਤ ਰਾਜ ਕਾਨੂੰਨੀ ਸੇਵਾਵਾਂ ਅਥਾਰਟੀਆਂ ਨਾਲ ਸਲਾਹ-ਮਸ਼ਵਰਾ ਕਰਕੇ ਤਿਆਰ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਸੰਸਥਾਗਤ ਤਾਲਮੇਲ ਅਤੇ ਯੋਗ ਕੈਦੀਆਂ ਦੀ ਪ੍ਰਭਾਵਸ਼ਾਲੀ ਪਛਾਣ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਨੇ ਕਿਹਾ ਕਿ ਨੀਤੀ ਵਿੱਚ ਸਮੇਂ-ਸੀਮਤ, ਪਾਰਦਰਸ਼ੀ ਅਤੇ ਪਹੁੰਚਯੋਗ ਪ੍ਰਕਿਰਿਆ ਨਿਰਧਾਰਤ ਕੀਤੀ ਜਾਣੀ ਚਾਹੀਦੀ ਹੈ, ਜਿਸ ਵਿੱਚ ਸਮੇਂ ਤੋਂ ਪਹਿਲਾਂ ਜਾਂ ਹਮਦਰਦੀ ਨਾਲ ਰਿਹਾਈ ਦੀ ਮੰਗ ਕਰਨ ਵਾਲੀਆਂ ਅਰਜ਼ੀਆਂ ਨੂੰ ਜਮ੍ਹਾਂ ਕਰਨ, ਜਾਂਚ ਕਰਨ ਅਤੇ ਨਿਪਟਾਉਣ ਦੀ ਵਿਵਸਥਾ ਹੋਵੇ।

ਬੈਂਚ ਨੇ ਕੇਂਦਰ ਨੂੰ ਕਿਹਾ ਕਿ ਉਹ ਅਦਾਲਤ ਦੇ ਨਿਰਦੇਸ਼ਾਂ ਦੀ ਪ੍ਰਭਾਵਸ਼ਾਲੀ ਪਾਲਣਾ ਦੀ ਸਹੂਲਤ ਲਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਲੋੜੀਂਦੀ ਤਕਨੀਕੀ ਸਹਾਇਤਾ, • ਬਾਕੀ ਸਫਾ 2 'ਤੇ

## ਰਾਹੁਲ ਚੰਨੀ ਨੂੰ ਮਿਲਣ ਦਾ ਟਾਈਮ ਨਹੀਂ ਦੇ ਰਹੇ

**ਨਵੀਂ ਦਿੱਲੀ (ਨ ਜ਼ ਸ)**

ਪੰਜਾਬ ਕਾਂਗਰਸ ਵਿੱਚ ਵਧ ਰਹੀ ਗੁਟਬਾਜ਼ੀ ਦਰਮਿਆਨ ਰਾਹੁਲ ਗਾਂਧੀ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮਿਲਣ ਤੋਂ ਸੰਕੋਚ ਕਰ ਰਹੇ ਹਨ। ਸੂਤਰਾਂ ਦਾ ਕਹਿਣਾ ਹੈ ਕਿ ਚੰਨੀ ਵੱਲੋਂ ਮੁਲਾਕਾਤ ਲਈ ਮੰਗੇ ਗਏ ਸਮੇਂ ਨੂੰ ਅਜੇ ਤੱਕ ਕੋਈ ਮਨਜ਼ੂਰੀ ਨਹੀਂ ਮਿਲੀ। ਸੂਤਰਾਂ ਨੇ ਦੱਸਿਆ ਕਿ ਕਾਂਗਰਸ ਹਾਈਕਮਾਂਡ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਬਦਲਣ ਦੇ ਪੱਖ ਵਿੱਚ ਨਹੀਂ ਹੈ, ਜਿਸ ਤੋਂ ਇਹ ਸੰਕੇਤ ਮਿਲਦਾ ਹੈ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੌਜੂਦਾ ਲੀਡਰਸ਼ਿਪ ਹੀ ਕੰਮ ਜਾਰੀ ਰੱਖੇਗੀ।

ਇਹ ਘਟਨਾਕ੍ਰਮ ਉਸ ਵੇਲੇ ਸਾਹਮਣੇ ਆਇਆ, ਜਦੋਂ ਚੰਨੀ ਅਤੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਰੰਧਾਵਾ ਨੇ ਵੀਰਵਾਰ ਦੁਪਹਿਰ ਦਿੱਲੀ ਵਿੱਚ ਕਾਂਗਰਸ ਦੇ ਕੁਲ ਹਿੰਦ ਜਨਰਲ ਸਕੱਤਰ ਰਣਦੀਪ ਸਿੰਘ ਸੁਰਜੇਵਾਲਾ ਨਾਲ ਅਹਿਮ ਬੈਠਕ ਕੀਤੀ। ਬਾਅਦ ਵਿੱਚ ਕਾਂਗਰਸ ਦੇ ਜਨਰਲ ਸਕੱਤਰ (ਸੰਗਠਨ) ਕੇ ਸੀ ਵੇਣੂਗੋਪਾਲ ਦੀ ਪ੍ਰਧਾਨਗੀ ਹੇਠ ਪਾਰਟੀ ਹੈੱਡਕੁਆਰਟਰ ਵਿਖੇ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਦੀ ਬੈਠਕ ਹੋਈ, ਜਿਸ ਵਿੱਚ ਚੰਨੀ, ਰੰਧਾਵਾ, ਰਾਣਾ ਗੁਰਜੀਤ ਸਿੰਘ ਅਤੇ ਪਰਗਟ ਸਿੰਘ ਸਮੇਤ ਹੋਰ ਆਗੂ ਸ਼ਾਮਲ ਹੋਏ।

ਸੂਤਰਾਂ ਮੁਤਾਬਕ ਚੰਨੀ ਨੇ ਵੇਣੂਗੋਪਾਲ ਨੂੰ ਕਿਹਾ ਕਿ ਵੜਿੰਗ ਪਾਰਟੀ ਨੂੰ ਇਕਜੁੱਟ ਰੱਖਣ ਵਿੱਚ ਅਸਫਲ ਰਹੇ ਹਨ ਅਤੇ ਚਿਤਾਵਨੀ ਦਿੱਤੀ ਕਿ ਵਿਧਾਨ ਸਭਾ ਚੋਣਾਂ ਲਈ ਉਨ੍ਹਾ ਨੂੰ ਪ੍ਰਧਾਨ ਵਜੋਂ ਬਰਕਰਾਰ ਰੱਖਣ ਨਾਲ ਸਥਿਤੀ ਹੋਰ ਵਿਗੜ ਸਕਦੀ ਹੈ।

ਸੂਤਰਾਂ ਨੇ ਦੱਸਿਆ ਕਿ ਰਾਹੁਲ ਗਾਂਧੀ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਪੰਜਾਬ ਦੇ ਇੰਚਾਰਜ ਭੂਪੇਸ਼ ਬਘੇਲ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਦਬਾਅ ਹੇਠ ਸੂਬਾ ਪ੍ਰਧਾਨ ਨੂੰ ਬਦਲਣ ਨਾਲ ਗਲਤ ਸਿਆਸੀ ਸੰਦੇਸ਼ ਜਾਵੇਗਾ। ਲੀਡਰਸ਼ਿਪ ਸੂਬਾ ਇਕਾਈ ਦੇ ਅੰਦਰ ਮੌਜੂਦਾ ਜਾਤੀ • ਬਾਕੀ ਸਫਾ 2 'ਤੇ

### ਅੱਜ-ਨਾਮਾ

ਆਗੂ ਅੱਜ ਹਿਮਾਚਲ ਦਾ ਬੋਲ ਪਿਆ ਈ,
ਲਿਆ ਉਸ ਭਾਖੜੇ ਦਾ ਮੁੱਦਾ ਚੁੱਕ ਬੇਲੀ।
ਪਾਣੀ-ਬਿਜਲੀ ਦਾ ਲਿਆ ਈ ਮੰਗ ਹਿੱਸਾ,
ਆਖਦਾ ਮੁੱਦਾ ਬੱਸ ਸਿੱਧਾ ਦੋ ਟੁੱਕ ਬੇਲੀ।
ਮਾਮਲਾ ਯਮਨਾ ਦੇ ਪਾਣੀ ਦਾ ਚੁੱਕ ਸਿੱਧਾ,
ਕਹਿੰਦਾ ਗੱਲ ਉਹ ਗਈ ਜਦ ਮੁੱਕ ਬੇਲੀ।
ਕੇਂਦਰ ਬਾਤ ਹਿਮਾਚਲ ਦੀ ਮੰਨ ਲਈ ਊ,
ਚਾਹੁੰਦਾ ਏਧਰ ਉਹ ਬੱਝਿਆ ਠੁਕ ਬੇਲੀ।
ਆਗੂ ਕਾਂਗਰਸ ਦਾ, ਜੀਹਨੇ ਹੈ ਗੱਲ ਚੁੱਕੀ,
ਸਕਿਆ ਘੋਖ ਨਹੀਂ ਵਕਤ-ਹਾਲਾਤ ਬੇਲੀ।
ਅਸੈਂਬਲੀ ਚੋਣ ਪੰਜਾਬ ਵਿੱਚ ਆਈ ਲਾਗੇ,
ਅਚਾਨਕ ਜਦੋਂ ਉਸ ਚੁੱਕ'ਤੀ ਬਾਤ ਬੇਲੀ।

-ਤੀਸ ਮਾਰ ਖਾਂ

## ਬੇਰੁਜ਼ਗਾਰੀ ਤੇ ਮਹਿੰਗਾਈ ਨੇ ਆਮ ਲੋਕਾਂ ਦਾ ਜੀਣਾ ਦੁੱਭਰ ਕੀਤਾ : ਧਾਲੀਵਾਲ

### 1 ਸਤੰਬਰ ਦੀ ਦਿੱਲੀ ਰੈਲੀ ਲਈ ਪਿੰਡੋ-ਪਿੰਡ ਜਾਵਾਂਗੇ : ਦਵਿੰਦਰ ਸੋਹਲ

**ਤਰਨ ਤਾਰਨ (ਨਵਾਂ ਜ਼ਮਾਨਾ ਸਰਵਿਸ)**

ਸਥਾਨਕ ਬਾਠ ਰੋਡ 'ਤੇ ਬਣੇ ਅਰਜਨ ਸਿੰਘ ਗੜਗੱਜ ਭਵਨ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਬਲਵਿੰਦਰ ਸਿੰਘ ਦਦੇਹਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਅਟੈਂਡ ਕਰਨ ਲਈ ਪਾਰਟੀ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਉਚੇਚੇ ਤੌਰ 'ਤੇ ਪਹੁੰਚੇ। ਸੂਬਾ ਸਕੱਤਰ ਬਣਨ ਤੋਂ ਬਾਅਦ ਪਹਿਲੀ ਵਾਰ ਜ਼ਿਲ੍ਹਾ ਐਗਜ਼ੈਕਟਿਵ ਅਤੇ ਕੌਂਸਲ ਮੀਟਿੰਗ ਵਿੱਚ ਸ਼ਾਮਲ ਹੋਣ 'ਤੇ ਜ਼ਿਲ੍ਹਾ ਪਾਰਟੀ ਨੇ ਹਾਰਦਿਕ ਸਵਾਗਤ ਕਰਦਿਆਂ ਸੂਬਾ ਸਕੱਤਰ ਦਾ ਹਾਰ ਪਾ ਕੇ ਸਨਮਾਨਤ ਕੀਤਾ। ਮੀਟਿੰਗ ਦੀ ਕਾਰਵਾਈ ਬਾਰੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ ਨੇ ਦੱਸਿਆ ਕਿ ਜ਼ਿਲ੍ਹਾ ਕੌਂਸਲ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਸੀ ਪੀ ਆਈ ਵੱਲੋਂ 1 ਸਤੰਬਰ ਨੂੰ ਦਿੱਲੀ ਦੀ ਰਾਮਲੀਲ੍ਹਾ ਗਰਾਊਂਡ ਵਿੱਚ ਕੇਂਦਰ ਦੀ ਮੋਦੀ ਸਰਕਾਰ





ਦੀਆਂ ਤਮਾਮ ਲੋਕ ਵਿਰੋਧੀ ਨੀਤੀਆਂ ਖਿਲਾਫ਼ ਵਿਸ਼ਾਲ 'ਬਦਲਾਅ ਰੈਲੀ' ਕੀਤੀ ਜਾ ਰਹੀ ਹੈ। ਇਸ ਵਿੱਚ ਜਿਥੇ ਪੂਰੇ ਦੇਸ਼ ਵਿੱਚੋਂ ਪਾਰਟੀ ਦੇ ਵਰਕਰ ਤੇ ਮਿਹਨਤਕਸ਼ ਲੋਕ ਵੱਡੀ ਗਿਣਤੀ ਵਿੱਚ ਪਹੁੰਚਣਗੇ, ਉਥੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਤੋਂ ਵੀ ਵੱਡੇ ਕਾਫਲੇ ਇਸ ਰੈਲੀ ਵਿੱਚ ਵਹੀਰਾਂ ਘੱਤ ਕੇ ਪਹੁੰਚਣਗੇ, ਜਿਸ ਦੀਆਂ ਜ਼ੋਰਦਾਰ ਤਿਆਰੀਆਂ ਚੱਲ ਰਹੀਆਂ ਹਨ।ਕਾਮਰੇਡ ਧਾਲੀਵਾਲ ਨੇ ਕਿਹਾ ਕਿ ਇਸ ਬਦਲਾਅ ਰੈਲੀ ਦੇ ਮੁੱਖ ਮੁੱਦੇ, ਜਿਵੇਂ ਦੇਸ਼ ਵਿੱਚ ਦਿਨੋ-ਦਿਨ ਵੱਧ ਰਹੀ ਬੇਰੁਜ਼ਗਾਰੀ, ਬੇਰੋਕ ਵਧ ਰਹੀ ਮਹਿੰਗਾਈ ਤੇ ਇਸ ਨਾਲ ਪੈਦਾ ਹੋ ਰਹੀਆਂ ਹੋਰ ਸਮੱਸਿਆਵਾਂ ਤੋਂ ਇਲਾਵਾ ਮਜ਼ਦੂਰਾਂ ਨੂੰ ਚੰਗੀ ਜ਼ਿੰਦਗੀ ਜਿਉਣ ਲਈ ਚੰਗੀਆਂ ਉਜਰਤਾਂ ਦੇਣ ਦੀ ਬਜਾਏ ਦੇਸ਼ ਦਾ ਹਾਕਮ ਪੂੰਜੀਪਤੀਆਂ ਦੇ ਹਿੱਤ ਪੂਰਨ ਲਈ ਪੱਬਾਂ ਭਾਰ ਹੋ ਕੇ ਲੋਕ ਮਾਰੂ ਨੀਤੀਆਂ ਘੜ ਰਿਹਾ ਹੈ, ਦੇਸ਼ ਦੇ ਕਿਸਾਨੀ ਕਿੱਤੇ ਨੂੰ ਬਰਬਾਦ ਕਰਨ ਲਈ ਅਮਰੀਕਾ ਦੇ ਦਬਾਅ ਹੇਠ ਸਮਝੌਤੇ ਕੀਤੇ ਜਾ ਰਹੇ ਹਨ, ਕਿਸਾਨਾਂ-ਮਜ਼ਦੂਰਾਂ ਦੇ ਕਰਜ਼ੇ ਮੁਆਫ ਕਰਨ ਅਤੇ ਹਰੇਕ ਫਸਲ 'ਤੇ ਐੱਮ ਐੱਸ ਪੀ ਦੇਣ ਦੇ ਵਾਅਦੇ ਹਵਾ ਬਣ ਗਏ ਹਨ।ਉਹਨਾ ਕਿਹਾ ਕਿ ਸੀ ਪੀ ਆਈ ਆਮ ਸਧਾਰਨ ਕਾਰੋਬਾਰੀ ਤੇ ਕਿਰਤੀ ਲੋਕਾਂ ਦੇ ਹਿੱਤਾਂ ਦਾ ਖਿਆਲ ਰੱਖਦਿਆਂ ਭਾਰਤ ਨੂੰ ਅਮਰੀਕਾ ਵਰਗੇ ਸਾਮਰਾਜੀ ਮੁਲਕਾਂ ਨਾਲ ਖੁੱਲਾ ਵਪਾਰ ਨਾ ਕਰਨ ਲਈ ਜ਼ੋਰ ਪਾਉਣ, ਦੇਸ਼ ਵਿੱਚ ਵਧ ਰਹੇ ਭ੍ਰਿਸ਼ਟਾਚਾਰ ਅਤੇ ਪੇਪਰ ਲੀਕ ਹੋਣ ਦੀਆਂ ਮੰਦਭਾਗੀਆਂ ਘਟਨਾਵਾਂ ਵਿਰੁੱਧ ਆਵਾਜ਼ ਉੱਚੀ ਕਰਨ ਲਈ ਅਤੇ ਦੇਸ਼ ਦੇ ਮਿਹਨਤਕਸ਼ ਅਵਾਮ ਦੀਆਂ ਤਕਲੀਫ਼ਾਂ ਨਾਲ ਸਬੰਧਤ ਮੁੱਦਿਆਂ ਲਈ ਆਵਾਜ਼ ਉਠਾਵੇਗੀ।ਪੰਜਾਬ ਤੋਂ ਵੱਡੀ ਗਿਣਤੀ 'ਚ ਪਾਰਟੀ ਵਰਕਰ ਤੇ ਹੋਰ ਲੋਕ ਇਸ ਰੈਲੀ ਵਿੱਚ ਸ਼ਾਮਲ ਕਰਵਾਉਣ ਲਈ ਪੂਰੇ ਜ਼ੋਰ-ਸ਼ੋਰ ਨਾਲ ਹੇਠਲੀ ਪੱਧਰ 'ਤੇ ਪਿੰਡੋ-ਪਿੰਡ ਸੰਪਰਕ ਮੁਹਿੰਮ ਅਗਸਤ ਮਹੀਨੇ ਵਿੱਚ ਸ਼ੁਰੂ ਕੀਤੀ ਜਾਵੇਗੀ। ਉਹਨਾ ਕਿਹਾ ਕਿ ਪੰਜਾਬ ਦੀਆਂ ਹੱਕੀ, ਮੰਗਾਂ ਜਿਵੇਂ ਪਾਣੀਆਂ ਦਾ ਮਸਲਾ, ਚੰਡੀਗੜ੍ਹ ਪੰਜਾਬ ਨੂੰ ਦੇਣ ਦੀ ਗੱਲ, ਬੀ ਬੀ ਐੱਮ ਬੀ ਵਿੱਚ ਪੰਜਾਬ ਦੀ ਪੱਕੀ ਹਿੱਸੇਦਾਰੀ ਸਮੇਤ ਆਮ ਪੰਜਾਬੀਆਂ ਦੀਆਂ ਸਮੱਸਿਆਵਾਂ ਦੀ ਅਵਾਜ਼ ਦਿੱਲੀ ਦੀ 'ਬਦਲਾਅ ਰੈਲੀ' ਵਿੱਚ ਉਠਾਈ ਜਾਵੇਗੀ ਅਤੇ ਲੋਕਾਂ ਦੀਆਂ ਮੁਸ਼ਕਲਾਂ ਹਾਕਮਾਂ ਸਾਹਮਣੇ ਰੱਖਦਿਆਂ ਮਿਹਨਤਕਸ਼ ਲੋਕਾਂ ਤੇ ਵਪਾਰੀਆਂ/ਕਾਰੋਬਾਰੀਆਂ ਦਾ ਉਜਾੜਾ ਕਰਨ ਵਾਲੀਆਂ ਨੀਤੀਆਂ ਤੋਂ ਅਵਾਮ ਨੂੰ ਜਾਗਰੂਕ ਕੀਤਾ ਜਾਵੇਗਾ ਕਿ ਕਿਵੇਂ ਦੇਸ਼ ਦੀ ਕੇਂਦਰ ਸਰਕਾਰ ਅਮਰੀਕਾ ਵਰਗੇ ਸਾਮਰਾਜੀ ਮੁਲਕ ਥੱਲੇ ਲੱਗ ਕੇ ਸਾਡੇ ਦੇਸ਼ ਦੀ ਖੇਤੀ, ਸਨਅਤ ਅਤੇ ਹੋਰ ਕਾਰੋਬਾਰ ਸੰਕਟ ਵਿੱਚ ਪਾਉਣ ਜਾ ਰਹੀ ਹੈ, ਜਿਸ ਨਾਲ ਕਿਸਾਨਾਂ, ਮਜ਼ਦੂਰਾਂ ਤੋਂ ਇਲਾਵਾ ਹੋਰ ਲੋਕ ਵੀ ਬੁਰੀ ਤਰ੍ਹਾਂ ਪ੍ਰਭਾਵਤ ਹੋਣਗੇ, ਕਿਉਂਕਿ ਅਮਰੀਕਾ ਵਰਗੇ ਦੇਸ਼ਾਂ ਨਾਲ ਖੁੱਲ੍ਹਾ ਵਪਾਰ ਕਰਨਾ ਦੇਸ਼ ਦੇ ਆਮ ਲੋਕਾਂ ਦੇ ਹਿੱਤ ਵਿੱਚ ਨਹੀਂ ਹੋਵੇਗਾ। ਇਸ ਲਈ ਸਾਨੂੰ ਸਾਡੇ ਵਰਗੇ ਗੁਆਂਢੀ ਮੁਲਕਾਂ ਨਾਲ ਵਪਾਰ ਲਈ • ਬਾਕੀ ਸਫਾ 2 'ਤੇ

## ਭਾਰਤ-ਅਮਰੀਕਾ ਟਰੇਡ ਡੀਲ ਸਮਝੌਤੇ ਖ਼ਿਲਾਫ਼ ਕਿਸਾਨਾਂ-ਮਜ਼ਦੂਰਾਂ ਵੱਲੋਂ ਵਿਸ਼ਾਲ ਮੋਟਰਸਾਈਕਲ ਮਾਰਚ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਸ਼ ਬਚਾਓ ਮੋਰਚੇ ਨੇ ਐਲਾਨ ਮੁਤਾਬਕ ਭਾਰਤ-ਅਮਰੀਕਾ ਟਰੇਡ ਡੀਲ (ਮੁਕਤ ਵਪਾਰ) ਸਮਝੌਤੇ ਨੂੰ ਰੱਦ ਕਰਾਉਣ ਦੀ ਮੁੱਖ ਮੰਗ ਨੂੰ ਲੈ ਕੇ ਫਿਰੋਜ਼ਪੁਰ ਜ਼ਿਲ੍ਹੇ ਅੰਦਰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਭਾਰਤੀ ਕਿਸਾਨ ਯੂਨੀਅਨ ਬਹਿਰਾਮ ਕੇ, ਕਿਸਾਨ ਸੰਘਰਸ਼ ਕਮੇਟੀ (ਕੋਟ ਬੁੱਢਾ) ਦੇ ਸਾਰੇ ਹੀ ਜੋਨਾਂ ਵਲੋਂ ਵਿਸ਼ਾਲ ਮੋਟਰਸਾਈਕਲ ਮਾਰਚ ਕਰਕੇ ਵੱਖ ਵੱਖ ਪਿੰਡਾਂ, ਕਸਬਿਆਂ ਤੇ ਸ਼ਹਿਰਾਂ ਵਿਚੋਂ ਹੋ ਕੇ ਫਿਰੋਜ਼ਪੁਰ ਸ਼ਹਿਰ ਵਿਖੇ ਹੇਠ ਕੇਂਦਰ ਦੀ ਮੋਦੀ ਸਰਕਾਰ ਦੇ ਨਾਮ ਡੀਸੀ ਫਿਰੋਜ਼ਪੁਰ ਨੂੰ ਮੰਗ ਪੱਤਰ ਸੌਂਪਿਆ ਗਿਆ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਧਰਮ ਸਿੰਘ ਸਿੱਧੂ, ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਮੰਡ, ਕਰਨੈਲ ਸਿੰਘ ਭੋਲਾ, ਭਾਰਤੀ ਕਿਸਾਨ ਯੂਨੀਅਨ ਬਹਿਰਾਮ ਕੇ ਚਮਕੌਰ ਸਿੰਘ ਉਸਮਾਨਵਾਲਾ, ਜ਼ਿਲ੍ਹਾ ਪ੍ਰਧਾਨ ਦਿਲਬਾਗ ਸਿੰਘ ਨੇ ਕਿਹਾ ਕਿ ਜੇਕਰ ਇਹ ਸਮਝੌਤਾ ਲਾਗੂ ਹੁੰਦਾ ਹੈ ਤਾਂ ਦੇਸ਼ ਦੀ ਖੇਤੀਬਾੜੀ ਤੇ ਡੇਅਰੀ ਖੇਤਰ ਗੰਭੀਰ ਸੰਕਟ ਵਿਚ ਫਸਣ ਨਾਲ ਛੋਟੇ ਲਘੂ ਉਦਯੋਗ, ਛੋਟੇ ਦੁਕਾਨਦਾਰ, ਕਿਸਾਨਾਂ, ਖੇਤ ਮਜ਼ਦੂਰਾਂ ਤੇ ਆਮ ਲੋਕਾਂ ਦੀ ਰੋਜ਼ੀ-ਰੋਟੀ 'ਤੇ ਵੱਡੇ ਪੱਧਰ 'ਤੇ ਅਸਰ ਪਵੇਗਾ, ਜਿਸ ਨਾਲ ਦੇਸ਼ ਦੀ ਆਰਥਿਕਤਾ, ਸਮਾਜ ਦੇ ਹਰ ਵਰਗ ਨੂੰ ਨੁਕਸਾਨ ਝੱਲਣਾ ਪਵੇਗਾ ਤੇ ਸਾਰੇ ਆਮ ਵਰਗਾਂ ਲਈ ਮੌਤ ਦਾ ਫ਼ੁਰਮਾਨ ਸਾਬਤ ਹੋਵੇਗਾ ਕਿਸੇ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ।

## ਸਹਿਕਾਰੀ ਸਭਾ ਦੇ ਅਹੁਦੇਦਾਰਾਂ ਕਲੇਰ ਨਾਲ ਕੀਤੀ ਮੁਲਾਕਾਤ



**ਜਗਰਾਓਂ (ਨਛੱਤਰ ਸੰਧੂ)**-ਪਿੰਡ ਡੱਲਾ ਦੀ ਸਹਿਕਾਰੀ ਸਭਾ ਦੇ ਨਵ-ਨਿਯੁਕਤ ਅਹੁਦੇਦਾਰਾਂ ਨੇ ਸਾਬਕਾ ਵਿਧਾਇਕ, ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਜਗਰਾਓਂ ਦੇ ਇੰਚਾਰਜ ਐੱਸ ਆਰ ਕਲੇਰ ਦੇ ਗ੍ਰਹਿ ਪੁੱਜ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ।ਇਸ ਮੌਕੇ ਸ੍ਰ. ਇੰਦਰਜੀਤ ਸਿੰਘ ਬਿੱਟੂ ਨੂੰ ਸੁਸਾਇਟੀ ਦਾ ਪ੍ਰਧਾਨ, ਸ੍ਰ. ਅਵਤਾਰ ਸਿੰਘ ਚਾਹਲ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਸਾਬਕਾ ਸਰਪੰਚ ਸ੍ਰ. ਗੁਰਦੀਪ ਸਿੰਘ ਨਵਾਂ ਡੱਲਾ ਨੂੰ ਮੀਤ ਪ੍ਰਧਾਨ ਬਣਨ 'ਤੇ ਐੱਸ. ਆਰ. ਕਲੇਰ ਵੱਲੋਂ ਮੂੰਹ ਮਿੱਠਾ ਕਰਵਾਇਆ ਗਿਆ ਤੇ ਨਿੱਘੀਆਂ ਵਧਾਈਆਂ ਦਿੱਤੀਆਂ ਗਈਆਂ।ਨਵ-ਨਿਯੁਕਤ ਅਹੁਦੇਦਾਰਾਂ ਨੇ ਐੱਸ. ਆਰ. ਕਲੇਰ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਸੁਸਾਇਟੀ ਦੇ ਵਿਕਾਸ ਤੇ ਕਿਸਾਨਾਂ ਦੀ ਭਲਾਈ ਲਈ ਪੂਰੀ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ।ਇਸ ਮੌਕੇ ਗਰਮੇਲ ਸਿੰਘ (ਮੈਂਬਰ), ਧਰਮ ਸਿੰਘ (ਮੈਂਬਰ), ਮਨਜਿੰਦਰ ਕੌਰ (ਮੈਂਬਰ), ਸੁਰਿੰਦਰ ਸਿੰਘ (ਬਲਾਕ ਸੰਮਤੀ ਮੈਂਬਰ) ਤੇ ਜਗਜੀਤ ਸਿੰਘ ਡੱਲਾ ਹਾਜ਼ਰ ਸਨ।

## ਜਥੇਦਾਰ ਤੀਰਥ ਸਿੰਘ ਮਾਹਲਾ ਦਾ ਜਨਮ ਦਿਨ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਜਨਮ ਦਿਨ ਪਿੰਡ ਮਾਹਲਾ ਵਿਖੇ ਉਤਸ਼ਾਹ ਤੇ ਸਾਦਗੀ ਨਾਲ ਮਨਾਇਆ ਗਿਆ।ਉਨ੍ਹਾਂ ਨੂੰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਾ ਰਿਹਾ ਅਤੇ ਵੱਖ-ਵੱਖ ਆਗੂਆਂ, ਸਮਰਥਕਾਂ ਤੇ ਵਰਕਰਾਂ ਨੇ ਉਨ੍ਹਾਂ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਲਈ ਸ਼ੁਭਕਾਮਨਾਵਾਂ ਦਿੱਤੀਆਂ।ਸਟੂਡੈਂਟਸ ਆਰਗੇਨਾਈਜ਼ੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਸੁਖਵੀਰ ਸਿੰਘ 'ਸੁੱਖਾ' ਬਰਾੜ ਆਪਣੀ ਟੀਮ ਸਮੇਤ ਪਿੰਡ ਮਾਹਲਾ ਪੁੱਜੇ।ਉਨ੍ਹਾਂ ਜਥੇਦਾਰ ਤੀਰਥ ਸਿੰਘ ਮਾਹਲਾ ਨਾਲ ਕੇਕ ਕੱਟ ਕੇ ਜਨਮ ਦਿਨ ਮਨਾਇਆ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਉਂਦਿਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਸੁਖਵੀਰ ਸਿੰਘ ਸੁੱਖਾ ਬਰਾੜ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਲੰਬੇ ਸਮੇਂ ਤੋਂ ਹਲਕਾ ਬਾਘਾ ਪੁਰਾਣਾ ਦੇ ਲੋਕਾਂ ਦੀ ਨਿਸ਼ਕਾਮ ਭਾਵਨਾ ਨਾਲ ਸੇਵਾ ਕਰ ਰਹੇ ਹਨ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਮਿਹਨਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕ ਉਨ੍ਹਾਂ ਦੀਆਂ ਸੇਵਾਵਾਂ ਤੇ ਲੋਕਾਂ ਨਾਲ ਨੇੜਲੇ ਰਿਸ਼ਤਿਆਂ ਨੂੰ ਧਿਆਨ ਵਿਚ ਰੱਖਦਿਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਉਨ੍ਹਾਂ ਦਾ ਸਾਥ ਦੇਣਗੇ।

## ਰਾਜੋਮਾਜਰਾ ਦੇ 20 ਪਰਵਾਰ ਆਪ 'ਚ ਸ਼ਾਮਲ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਦੀ ਮੌਜੂਦਗੀ ਵਿੱਚ ਪਿੰਡ ਰਾਜੋਮਾਜਰਾ ਦੇ ਕਰੀਬ 20 ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਹ ਪਰਵਾਰ ਪੰਚ ਸੁਖਵਿੰਦਰ ਕੌਰ, ਪੰਚ ਹਰਪ੍ਰੀਤ ਸਿੰਘ ਤੇ ਪੰਚ ਰਮਨਦੀਪ ਵਰਮਾ ਦੀ ਅਗਵਾਈ ਹੇਠ ਪਾਰਟੀ ਵਿੱਚ ਸ਼ਾਮਲ ਹੋਏ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਅਤੇ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤੇ ਸੰਗਠਨ ਵਿੱਚ ਬਣਦਾ ਸਥਾਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਧੂਰੀ ਵਿਧਾਨ ਸਭਾ ਹਲਕੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਹੀ ਸਰਕਾਰ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੂੰ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣ ਅਤੇ ਵਿਕਾਸ ਦੇ ਇਸ ਕਾਰਜ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

## ਸਵੱਛਤਾ ਅਭਿਆਨ ਦੀ ਸਫਲਤਾ ਲਈ ਲੋਕਾਂ ਦਾ ਸਹਿਯੋਗ ਲਾਜ਼ਮੀ : ਅੰਮ੍ਰਿਤਾ ਪੁਰੀ



**ਸਮਰਾਲਾ (ਸੁਰਜੀਤ ਸਿੰਘ)**-ਬਰਸਾਤ ਦੇ ਮੌਸਮ ਵਿੱਚ ਜ਼ਿਆਦਾ ਗੰਦਗੀ ਫੈਲਦੀ ਹੈ, ਜਿਸ ਨਾਲ ਮੱਖੀ ਤੇ ਮੱਛਰਾਂ ਦਾ ਪ੍ਰਕੋਪ ਵਧ ਜਾਂਦਾ ਹੈ, ਅਜਿਹੇ ਹਾਲਾਤ ਬਿਮਾਰੀਆਂ ਨੂੰ ਮੱਲੋ ਮੱਲੀ ਸੱਦਾ ਦਿੰਦੇ ਹਨ। ਬਰਸਾਤ ਦੀਆਂ ਅਲਾਮਤਾਂ ਤੋਂ ਬਚਣ ਆਪਣਾ ਆਲਾ ਦੁਆਲਾ ਸਾਫ ਸੁਥਰਾ ਰੱਖਣਾ ਲਾਜ਼ਮੀ ਹੈ।ਇਹ ਵਿਚਾਰ ਇੱਥੇ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਤੇ ਨਗਰ ਕੌਂਸਲ ਦੀ ਕੌਂਸਲਰ ਅੰਮ੍ਰਿਤਾ ਪੁਰੀ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਬੇਸ਼ੱਕ ਨਗਰ ਕੌਂਸਲ ਤੇ ਸਿਹਤ ਮਹਿਕਮਾ ਬਰਸਾਤ ਦੇ ਮੌਸਮ ਵਿਚ ਸਫਾਈ ਵਿਵਸਥਾ ਨੂੰ ਚੁਸਤ ਦਰੁਸਤ ਰੱਖਣ ਲਈ ਤਤਪਰ ਹੈ, ਪਰ ਫੇਰ ਵੀ ਆਪਣਾ ਚੌਗਿਰਦਾ ਸਾਫ ਰੱਖਣ ਲਈ ਲੋਕਾਂ ਦਾ ਸਹਿਯੋਗ ਲਾਜ਼ਮੀ ਹੈ।ਇਸੇ ਦੌਰਾਨ ਸਥਾਨਕ ਸਿਵਲ ਹਸਪਤਾਲ ਦੀ ਸੀਨੀਅਰ ਮੈਡੀਕਲ ਅਫਸਰ ਡਾਕਟਰ ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਬਰਸਾਤੀ ਬਿਮਾਰੀਆਂ ਤੋਂ ਲੋਕਾਂ ਨੂੰ ਚੌਕਸ ਕਰਨ ਲਈ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਡੇਂਗੂ ਸੰਬੰਧੀ ਗਤੀਵਿਧੀਆਂ ਤਹਿਤ ਲੋਕਾਂ ਨੂੰ ਖ਼ਬਰਦਾਰ ਕੀਤਾ ਜਾ ਰਿਹਾ ਹੈ।ਇਸ ਮੁਹਿੰਮ ਤਹਿਤ ਸਥਾਨਕ ਸਿਵਲ ਹਸਪਤਾਲ ਦੇ ਮਲੇਰੀਆ ਬਰਾਂਚ ਦੇ ਅਧਿਕਾਰੀ ਪ੍ਰਦੀਪ ਕੁਮਾਰ ਤੇ ਵਾਰਡ ਨੰਬਰ 1 ਦੇ ਕੌਂਸਲਰ ਅੰਮ੍ਰਿਤਾ ਪੁਰੀ ਦੇ ਸਾਂਝੇ ਯਤਨਾਂ ਨਾਲ ਸ਼ਹਿਰ ਦੇ ਪੁਰਾਣੀ ਸਬਜ਼ੀ ਮੰਡੀ, ਵਾਲਮਿਕੀ ਮੁਹੱਲਾ ਵਿਖੇ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ, ਮਲੇਰੀਆ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਐਨਜੀਓ ਮਾਂ ਨੈਣਾ ਦੇਵੀ ਸੇਵਾ ਸੰਸਥਾ ਦੇ ਵਾਈਸ ਪ੍ਰਧਾਨ ਸਤੀਸ਼ ਕੁਮਾਰ, ਬਰੀਡਿੰਗ ਚੈੱਕਰ ਸਮੀਰ ਕੁਮਾਰ, ਖੁਸ਼ਪ੍ਰੀਤ ਸਿੰਘ, ਹਰਮਨਪ੍ਰੀਤ ਸਿੰਘ, ਹਰਦੀਪ ਸਿੰਘ ਤੇ ਮੁਹੱਲਾ ਨਿਵਾਸੀ ਮੌਜੂਦ ਸਨ।

## ਦਸਮੇਸ਼ ਅਕੈਡਮੀ ਦੇ ਬੱਚਿਆਂ ਦਾ ਨਤੀਜਾ 100 ਫੀਸਦੀ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਪਿਛਲੇ ਲੰਮੇ ਸਮੇਂ ਤੋਂ ਸੁਨਾਮ ਆਈ ਟੀ ਆਈ ਨੇੜੇ ਦਸਮੇਸ਼ ਅਕੈਡਮੀ ਦੇ ਜ਼ਰੀਏ ਸੇਵਾ ਕਰ ਰਹੇ ਰਿਟਾਇਰ ਸੂਬੇਦਾਰ ਸੁਖਵਿੰਦਰ ਸਿੰਘ ਉਹ ਆਪਣੀ ਅਕੈਡਮੀ ਵਿੱਚ ਬੱਚਿਆਂ ਨੂੰ ਫੌਜ ਵਿੱਚ ਭਰਤੀ ਹੋਣ ਪ੍ਰਤੀ ਜਾਂ ਕਿਸੇ ਵੀ ਸਰਕਾਰੀ ਵਿਭਾਗ ਵਿੱਚ ਟੈਸਟ ਦੇਣਾ ਹੋਵੇ, ਟਿਊਸ਼ਨਾਂ ਲਗਾਉਂਦੇ ਹਨ, ਜਿਸ ਵਿੱਚ ਪਿਛਲੇ ਸਮੇਂ ਉਨ੍ਹਾਂ ਨੇ ਆਪਣੇ ਮਾਤਾ-ਪਿਤਾ ਦੀ ਯਾਦ ਵਿੱਚ ਗਰੀਬ ਬੱਚਿਆਂ ਨੂੰ ਫਰੀ ਆਫਰ ਵੀ ਕੀਤਾ ਸੀ, ਜਿਸ ਕਾਰਨ ਕਈ ਬੱਚੇ ਆਪਣੇ ਵੱਖ ਵੱਖ ਵਿਭਾਗਾਂ ਵਿੱਚ ਟੈਸਟ ਵਿੱਚੋਂ ਪਾਸ ਹੋ ਕੇ ਆਪਣੇ ਰੁਜ਼ਗਾਰ ਕਿੱਤੇ ਲਈ ਲੱਗੇ ਹਨ। ਸੂਬੇਦਾਰ ਸੁਖਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਕਰਦੇ ਕਿਹਾ ਕਿ ਪਰਸੋਂ ਜੋ ਅਗਨੀਵੀਰ ਦਾ ਟੈਸਟ ਹੋਇਆ ਸੀ, ਉਨ੍ਹਾਂ ਵਿੱਚ ਉਨ੍ਹਾਂ ਦੇ 40 ਬੱਚਿਆਂ ਨੇ ਟੈਕਸ ਦਿੱਤਾ ਸੀ, ਜਿਸ ਵਿੱਚ 38 ਬੱਚੇ ਵਧੀਆ ਨੰਬਰ ਲੈ ਕੇ ਪਾਸ ਹੋ ਚੁੱਕੇ ਹਨ ਅਤੇ ਇਨ੍ਹਾਂ ਬੱਚਿਆਂ ਨੂੰ ਫਿਜੀਕਲ ਟ੍ਰੇਨਿੰਗ ਵੀ ਦਿੰਦੇ ਹਨ ਤਾਂ ਕਿ ਬੱਚਾ ਇਨ੍ਹਾਂ ਦੀ ਅਕੈਡਮੀ ਵਿੱਚੋਂ ਕਾਮਯਾਬ ਹੋ ਕੇ ਬਾਹਰ ਨਿਕਲੇ।

## ਪੰਚਾਇਤ ਮੁੰਡਾ ਬਰਾਦਰੀ ਵੈੱਲਫੇਅਰ ਸਭਾ ਦੇ ਰਾਜ ਕੁਮਾਰ ਪ੍ਰਧਾਨ ਤੇ ਪ੍ਰਸ਼ੋਤਮ ਗਾਬਾ ਜਨਰਲ ਸਕੱਤਰ ਬਣੇ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਸ਼ਕਤੀ ਭਵਨ ਸ੍ਰੀ ਰਾਮ ਮੰਦਰ ਪਟਿਆਲਾ ਗੇਟ ਵਿਖੇ ਪੰਚਾਇਤ ਮੁੰਡਾ ਬਰਾਦਰੀ ਵੈੱਲਫੇਅਰ ਸਭਾ ਦੀ ਅਹਿਮ ਇਕੱਤਰਤਾ ਸਭਾ ਦੇ ਪ੍ਰਧਾਨ ਰਾਜ ਕੁਮਾਰ ਅਰੋੜਾ, ਚੇਅਰਮੈਨ ਪੂਰਨ ਚੰਦ ਅਰੋੜਾ ਦੀ ਅਗਵਾਈ ਵਿੱਚ ਹੋਈ।ਜਨਰਲ ਸਕੱਤਰ ਪ੍ਰਸ਼ੋਤਮ ਗਾਬਾ ਵੱਲੋਂ ਪਿਛਲੇ ਸਮੇਂ ਕੀਤੇ ਗਏ ਸਭਾ ਦੇ ਕੰਮ ਤੇ ਕਾਰਗੁਜ਼ਾਰੀ ਬਾਰੇ ਵਿਸਥਾਰ ਵਿੱਚ ਦੱਸਿਆ ਤੇ ਸਭਾ ਦਾ ਲੇਖਾ-ਜੋਖਾ ਵੀ ਪੇਸ਼ ਕੀਤਾ ਗਿਆ।ਇਸ ਮੀਟਿੰਗ ਵਿੱਚ ਡਾ. ਮਹਿੰਦਰ ਬਾਬਾ ਨੰਦਵਾਨੀ, ਆਸ਼ਾ ਨੰਦ ਗਾਬਾ, ਠੇਕੇਦਾਰ ਪੂਰਨ ਚੰਦ ਅਰੋੜਾ, ਭੁਪਿੰਦਰ ਨਾਗਪਾਲ, ਜਤਿੰਦਰ ਨਾਗਪਾਲ, ਨਮਨ ਸ਼ਰਮਾ ਤੇ ਸੀਏ ਨਿਖਿਲ ਗਾਬਾ ਨੇ ਸਭਾ ਦੀ ਬਿਹਤਰੀ ਲਈ ਆਪੋ ਆਪਣੇ ਵਿਚਾਰ ਤੇ ਸੁਝਾਅ ਪੇਸ਼ ਕੀਤੇ।ਉਪਰੰਤ ਅਗਲੇ ਸਮੇ ਲਈ ਨਵੀ ਚੋਣ ਕੀਤੀ ਗਈ, ਜਿਸ ਵਿੱਚ ਰਾਜ ਕੁਮਾਰ ਅਰੋੜਾ ਨੂੰ ਮੁੜ ਪ੍ਰਧਾਨ, ਪ੍ਰੀਤਮ ਚੰਦ ਨਾਗਪਾਲ ਸਰਪ੍ਰਸਤ, ਪੂਰਨ ਚੰਦ ਸ਼ਰਮਾ ਚੇਅਰਮੈਨ, ਆਸ਼ਾ ਨੰਦ ਗਾਬਾ ਮੁੱਖ ਸਲਾਹਕਾਰ, ਡਾ. ਮਹਿੰਦਰ ਗਾਬਾ ਨੰਦਵਾਨੀ ਸੀਨੀਅਰ ਮੀਤ ਪ੍ਰਧਾਨ, ਪ੍ਰਸ਼ੋਤਮ ਗਾਬਾ ਜਨਰਲ ਸਕੱਤਰ, ਪੂਰਨ ਚੰਦ ਅਰੋੜਾ ਵਾਇਸ ਪ੍ਰਧਾਨ, ਜਤਿੰਦਰ ਨਾਗਪਾਲ ਵਿੱਤ ਸਕੱਤਰ, ਭੁਪਿੰਦਰ ਨਾਗਪਾਲ ਮੀਡੀਆ ਸਲਾਹਕਾਰ, ਨਮਨ ਸ਼ਰਮਾ ਸਕੱਤਰ, ਸੀਏ ਨਿਖਿਲ ਗਾਬਾ ਆਡੀਟਰ ਬਣਾਏ ਗਏ ਤੇ ਫੈਸਲਾ ਕੀਤਾ ਗਿਆ ਕਿ ਅਗਲੇ ਸਮਾਗਮ ਵਿੱਚ 5ਵੀਂ ਕਲਾਸ 12 ਕਲਾਸ ਤੱਕ ਮੈਰਿਟ ਵਿੱਚ ਆਏ ਬੱਚਿਆਂ ਦਾ ਸਨਮਾਨ ਤੇ 75 ਸਾਲ ਤੋਂ ਜ਼ਿਆਦਾ ਵਡੇਰੀ ਉਮਰ ਦੇ ਮੈਂਬਰਾਂ ਦਾ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਤਾਰਾ ਚੰਦ ਨਾਗਪਾਲ, ਚੰਦਰ ਭਾਨ ਨਾਗਪਾਲ, ਦੇਵ ਰਾਜ ਨਰੰਗ, ਈਸ਼ਵਰ ਚੰਦ ਸ਼ਰਮਾ, ਠਾਕੁਰ ਦਾਸ ਨਾਗਪਾਲ, ਰਮੇਸ਼ ਕੁਮਾਰ ਗਾਬਾ ਆਦਿ ਮੈਂਬਰ ਮੌਜੂਦ ਸਨ।

## ਮਾਲੇਰਕੋਟਲਾ 'ਚ ਟ੍ਰੈਫਿਕ ਵਿਵਸਥਾ ਨੂੰ ਸੁਧਾਰਨ ਲਈ ਪ੍ਰਸ਼ਾਸਨ ਹੋਇਆ ਸਖ਼ਤ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਜ਼ਿਲ੍ਹੇ ਵਿੱਚ ਟ੍ਰੈਫਿਕ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ, ਸੁਚਾਰੂ ਤੇ ਸੁਰੱਖਿਅਤ ਬਣਾਉਣ ਦੇ ਉਦੇਸ਼ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਜਦੀਪ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਸ਼ਹਿਰ ਵਿੱਚ ਵਧ ਰਹੇ ਟ੍ਰੈਫਿਕ, ਈ-ਰਿਕਸ਼ਾਵਾਂ ਦੇ ਸੁਚੱਜੇ ਸੰਚਾਲਨ ਤੇ ਸੜਕ ਸੁਰੱਖਿਆ ਨਾਲ ਸਬੰਧਤ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਹਿਰ ਦੀ ਆਵਾਜਾਈ ਨੂੰ ਵਿਵਸਥਿਤ ਕਰਨ ਲਈ ਈ-ਰਿਕਸ਼ਾਵਾਂ ਦਾ ਨਿਯਮਬੱਧ ਸੰਚਾਲਨ ਬਹੁਤ ਜ਼ਰੂਰੀ ਹੈ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਈ-ਰਿਕਸ਼ਾਵਾਂ ਦੀ ਰਜਿਸਟ੍ਰੇਸ਼ਨ, ਨਿਰਧਾਰਤ ਰੂਟ, ਮਨਜ਼ੂਰਸ਼ੁਦਾ ਪਾਰਕਿੰਗ ਸਥਾਨ ਤੇ ਸੰਚਾਲਨ ਸਬੰਧੀ ਇੱਕ ਵਿਸਥਾਰਤ ਕਾਰਜ ਯੋਜਨਾ ਤਿਆਰ ਕਰਕੇ ਜਲਦ ਲਾਗੂ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਸਾਰੇ ਈ-ਰਿਕਸ਼ਿਆਂ 'ਤੇ ਨਿਰਧਾਰਤ ਮਾਪਦੰਡਾਂ ਅਨੁਸਾਰ ਸਪੱਸ਼ਟ ਨੰਬਰ ਪਲੇਟਾਂ ਲਗਾਉਣੀਆਂ ਯਕੀਨੀ ਬਣਾਈਆਂ ਜਾਣ, ਤਾਂ ਜੋ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੀ ਪਛਾਣ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।ਉਨ੍ਹਾਂ ਖਾਸ ਤੌਰ 'ਤੇ ਨੌਜਵਾਨਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕਰਨ, ਹੈਲਮਟ ਦੀ ਲਾਜ਼ਮੀ ਵਰਤੋਂ, ਗਤੀ ਸੀਮਾ ਦੀ ਪਾਲਣਾ ਤੇ ਵੈਧ ਡਰਾਈਵਿੰਗ ਲਾਇਸੈਂਸ ਨਾਲ ਹੀ ਵਾਹਨ ਚਲਾਉਣ ਲਈ ਜਾਗਰੂਕਤਾ ਮੁਹਿੰਮਾਂ ਚਲਾਉਣ 'ਤੇ ਜ਼ੋਰ ਦਿੱਤਾ।ਇਸ ਤੋਂ ਇਲਾਵਾ ਉਨ੍ਹਾਂ ਸੜਕਾਂ 'ਤੇ ਆਵਾਰਾ ਪਸ਼ੂਆਂ ਦੀ ਸਮੱਸਿਆ ਦੇ ਸਥਾਈ ਹੱਲ ਲਈ ਵੀ ਸਬੰਧਤ ਵਿਭਾਗਾਂ ਨੂੰ ਪ੍ਰਭਾਵਸ਼ਾਲੀ ਕਦਮ ਚੁੱਕਣ ਲਈ ਕਿਹਾ।ਇਸ ਮੀਟਿੰਗ ਵਿੱਚ ਕਾਰਜ ਸਾਧਕ ਅਫ਼ਸਰ (ਮਾਲੇਰਕੋਟਲਾ) ਚੰਦਰ ਪ੍ਰਕਾਸ਼ ਵਧਵਾ, ਕਾਰਜ ਸਾਧਕ ਅਫ਼ਸਰ (ਅਹਿਮਦਗੜ੍ਹ/ਅਮਰਗੜ੍ਹ) ਅਸ਼ੀਸ਼ ਕੁਮਾਰ, ਸਹਾਇਕ ਟਰਾਂਸਪੋਰਟ ਅਫ਼ਸਰ ਸ਼ਹਿਨਾਜ਼ ਪ੍ਰਵੀਨ, ਟ੍ਰੈਫਿਕ ਇੰਚਾਰਜ ਗੁਰਮੁਖ ਸਿੰਘ ਲੱਡੀ ਤੇ ਹੋਰ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀ ਹਾਜ਼ਰ ਸਨ।

## ਬੀ ਐੱਲ ਓਜ਼ ਵੱਲੋਂ ਘਰ-ਘਰ ਦਾ ਦੌਰਾ ਹੁਣ 3 ਅਗਸਤ ਤੱਕ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਮੁੱਖ ਚੋਣ ਅਫਸਰ ਪੰਜਾਬ ਵੱਲੋਂ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਸੋਧਿਆ ਹੋਇਆ ਸ਼ਡਿਊਲ ਜਾਰੀ ਕੀਤਾ ਗਿਆ ਹੈ।ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹੇ ਦੇ 1192 ਬੀ.ਐੱਲ.ਓਜ਼ (ਬੂਥ ਲੈਵਲ ਅਫ਼ਸਰ) ਵੱਲੋਂ ਘਰ-ਘਰ ਜਾ ਕੇ ਵੋਟਰਾਂ ਤੋਂ ਗਣਨਾ ਫਾਰਮ ਭਰਵਾਉਣ ਦੀ ਮਿਤੀ 3 ਅਗਸਤ ਤੱਕ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਰਿਵਾਇਜ਼ਡ ਸ਼ਡਿਊਲ ਮੁਤਾਬਕ ਹੁਣ ਪੋਲਿੰਗ ਸਟੇਸ਼ਨ ਰੈਸ਼ਨਲਾਈਜ਼ੇਸ਼ਨ 3 ਅਗਸਤ ਤੱਕ ਕੀਤਾ ਜਾਵੇਗਾ, ਡ੍ਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ 13 ਅਗਸਤ ਨੂੰ ਹੋਵੇਗੀ।13 ਅਗਸਤ ਤੋਂ 12 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਲਏ ਜਾਣਗੇ, ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ 13 ਅਗਸਤ 2026 ਤੋਂ 8 ਅਕਤੂਬਰ ਤੱਕ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ ਹੁਣ 12 ਅਕਤੂਬਰ ਨੂੰ ਕੀਤੀ ਜਾਵੇਗੀ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ ਤੇ ਜਲਦ ਆਪਣੇ ਗਣਨਾ ਫਾਰਮ ਬੀ ਐਲ ਓਜ਼ ਨੂੰ ਜਮ੍ਹਾਂ ਕਰਾਉਣ ਦੀ ਅਪੀਲ ਕੀਤੀ।

## ਸੀਟੂ ਦੇ ਵਫਦ ਵੱਲੋਂ ਵਿੱਤ ਮੰਤਰੀ ਹਰਪਾਲ ਚੀਮਾ ਨਾਲ ਮੀਟਿੰਗ

**ਮਿੱਡ-ਡੇ ਮੀਲ ਵਰਕਰਾਂ ਦੇ ਮਸਲੇ ਹਫਤੇ 'ਚ ਹੱਲ ਕਰਨ ਦਾ ਦਿੱਤਾ ਭਰੋਸਾ**



**ਸੰਗਰੂਰ/ਚੰਡੀਗੜ੍ਹ (ਪ੍ਰਵੀਨ ਸਿੰਘ)**

ਸੀਟੂ ਪੰਜਾਬ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਦੇਵ ਰਾਜ ਵਰਮਾ ਦੀ ਅਗਵਾਈ ਵਿੱਚ ਮਿੱਡ-ਡੇ ਮੀਲ ਵਰਕਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਕੇ ਵਫਦ ਵੱਲੋਂ ਚੰਡੀਗੜ੍ਹ ਸਕੱਤਰੇਤ 'ਚ ਵਿੱਤ ਮੰਤਰੀ ਹਰਪਾਲ ਚੀਮਾ ਨਾਲ ਇਕ ਮੀਟਿੰਗ ਕੀਤੀ ਗਈ।ਇਸ ਮੌਕੇ ਕਾਮਰੇਡ ਵਰਮਾ ਤੇ ਮਿੱਡ-ਡੇ ਮੀਲ ਯੂਨੀਅਨ ਦੀ ਸੂਬਾਈ ਪ੍ਰਧਾਨ ਜਸਮੇਲ ਕੌਰ ਨੇ ਕਿਹਾ ਕਿ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਮਿਲ ਕੇ ਮਿੱਡ-ਡੇ ਮੀਲ ਵਰਕਰ ਨੂੰ ਸਿਰਫ ਇਕ ਸੌ ਰੁਪਏ ਦਿਹਾੜੀ ਦਿੰਦੇ ਹਨ, ਸਾਡੀਆਂ ਮਿੱਡ-ਡੇ ਮੀਲ ਵਰਕਰਾਂ ਪੂਰਾ ਦਿਨ ਸਕੂਲਾਂ ਵਿੱਚ ਤਪਦੀ ਅੱਗ ਮੂਹਰੇ ਕੰਮ ਕਰਦੀਆਂ ਹਨ, ਸਕੂਲ 'ਚ ਬੱਚਿਆਂ ਲਈ ਖਾਣੇ ਦਾ ਪ੍ਰਬੰਧ ਕਰਦੀਆਂ ਹਨ ਤਾਂ ਜੋ ਬੱਚਿਆਂ ਨੂੰ ਸਰਕਾਰ ਵੱਲੋਂ ਚਲਾਈ ਜਾ ਰਹੀ ਮਿੱਡ-ਡੇ ਮੀਲ ਸਕੀਮ ਦਾ ਪੂਰਾ ਲਾਭ ਮਿਲ ਸਕੇ, ਪਰ ਅਫਸੋਸ ਇਸ ਗੱਲ ਦਾ ਹੈ ਕਿ ਸਕੂਲ ਖੁੱਲ੍ਹਣ ਤੋਂ ਲੈ ਕੇ ਬੰਦ ਹੋਣ ਤੱਕ ਵੀ ਇਨ੍ਹਾਂ ਬੀਬੀਆਂ ਦਾ ਕੰਮ ਨਹੀਂ ਮੁੱਕਦਾ। ਉਨ੍ਹਾਂ ਵਿੱਤ ਮੰਤਰੀ ਨੂੰ ਕਿਹਾ ਕਿ ਕੀਤੇ ਵਾਅਦੇ ਮੁਤਾਬਕ ਮਿੱਡ-ਡੇ ਮੀਲ ਵਰਕਰਾਂ ਦੀਆਂ ਤਨਖਾਹਾਂ ਵਿੱਚ ਤੁਰੰਤ ਵਾਧਾ ਕੀਤਾ ਜਾਵੇ।ਵਿੱਤ ਮੰਤਰੀ ਹਰਪਾਲ ਚੀਮਾ ਨੇ ਵਫਦ ਨੂੰ ਧਿਆਨ ਨਾਲ ਸੁਣਿਆਂ ਤੇ ਇਨ੍ਹਾਂ ਮੰਗਾਂ ਨੂੰ ਜਾਇਜ਼ ਮੰਨਦੇ ਹੋਏ ਇੱਕ ਹਫਤੇ ਅੰਦਰ ਪੂਰਾ ਕਰਨ ਦਾ ਭਰੋਸਾ ਦਿੱਤਾ।ਜਸਮੇਲ ਕੌਰ ਨੇ ਇੱਕ ਵੱਖਰੇ ਮੰਗ ਪੱਤਰ ਰਾਹੀਂ ਆਪਣੇ ਪਿੰਡ ਬੀਰ ਕਲਾਂ ਦੇ ਬੱਸ ਸਟੈਂਡ ਦੀ ਸਮੱਸਿਆ ਵੀ ਵਿੱਤ ਮੰਤਰੀ ਹਰਪਾਲ ਚੀਮਾ ਦੇ ਧਿਆਨ ਵਿੱਚ ਲਿਆਂਦੀ, ਜਿਸ 'ਤੇ ਮੰਤਰੀ ਨੇ ਤੁਰੰਤ ਵਿਭਾਗ ਦੇ ਅਫਸਰਾਂ ਨੂੰ ਇਸ ਵੱਲ ਧਿਆਨ ਦੇਣ ਲਈ ਕਿਹਾ।ਇਸ ਮੌਕੇ ਭੱਠਾ ਵਰਕਰਜ਼ ਯੂਨੀਅਨ ਦੇ ਪ੍ਰਧਾਨ ਮੱਖਣ ਜਖੇਪਲ ਤੇ ਬੀਬੀ ਨਿਰਮਲ ਕੌਰ ਸੁਨਾਮ ਮੌਜੂਦ ਸਨ।

## ਬਾਬਾ ਫ਼ਰੀਦ ਯੂਨੀਵਰਸਿਟੀ ਤੇ ਮੈਡੀਕਲ ਕਾਲਜ ਵਿਖੇ ਪ੍ਰੋਜੈਕਟਾਂ ਦੇ ਉਦਘਾਟਨ ਤੇ ਨੀਂਹ ਪੱਥਰ ਰੱਖੇ

**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੈਡੀਕਲ ਬੁਨਿਆਦੀ ਢਾਂਚੇ ਨੂੰ ਮਿਲੇਗੀ ਨਵੀਂ ਉਡਾਣ : ਵੀ ਸੀ**



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਮਾਲਵਾ ਖੇਤਰ ਦੇ ਸਿਹਤ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਅੱਜ ਇੱਕ ਵੱਡਾ ਕਦਮ ਚੁੱਕਿਆ ਗਿਆ।ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਵਿਖੇ ਸਿਹਤ ਸੇਵਾਵਾਂ, ਮੈਡੀਕਲ ਸਿੱਖਿਆ ਤੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਕਈ ਅਹਿਮ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਕੀਤੇ ਗਏ ਤੇ ਨੀਂਹ ਪੱਥਰ ਰੱਖੇ ਗਏ।ਇਨ੍ਹਾਂ ਪ੍ਰੋਜੈਕਟਾਂ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਵੱਲੋਂ ਫ਼ਰੀਦਕੋਟ ਦੇ ਵਿਧਾਇਕ ਤੇ ਬੋਰਡ ਆਫ਼ ਮੈਨੇਜਮੈਂਟ ਦੇ ਮੈਂਬਰ ਸ੍ਰ. ਗੁਰਦਿੱਤ ਸਿੰਘ ਸੇਖੋਂ ਤੇ ਆਈ.ਐੱਮ.ਏ. ਦੇ ਡਾ. ਸੰਜੀਵ ਗੋਇਲ ਦੀ ਹਾਜ਼ਰੀ ਵਿੱਚ ਕੀਤੀ ਗਈ।

ਇਸ ਮੌਕੇ ਸੰਸਥਾ ਨੂੰ ਅਤਿ-ਆਧੁਨਿਕ ਬਣਾਉਣ ਲਈ ਕਈ ਨਵੇਂ ਕਾਰਜਾਂ ਦੀ ਨੀਂਹ ਰੱਖੀ ਗਈ, ਜਿਨ੍ਹਾਂ ਵਿੱਚ ਮੈਡੀਸਨ-99 ਵਾਰਡ ਤੇ ਡਾਇਲਸਿਸ ਯੂਨਿਟ ਦਾ ਅਪਗ੍ਰੇਡੇਸ਼ਨ, ਹਸਪਤਾਲ ਪਰਿਸਰ ਵਿੱਚ ਨਵੀਂ ਫਾਰਮੇਸੀ ਬਿਲਡਿੰਗ ਦਾ ਨਿਰਮਾਣ ਤੇ ਨਿਊਕਲੀਅਰ ਮੈਡੀਸਨ ਵਿਭਾਗ ਦੇ ਵਾਧੂ ਬਲਾਕ ਦਾ ਨੀਂਹ ਪੱਥਰ ਸ਼ਾਮਲ ਹਨ।ਇਸ ਮੌਕੇ ਲੋਕ-ਅਰਪਣ ਕੀਤੇ ਗਏ ਮੁੱਖ ਪ੍ਰੋਜੈਕਟਾਂ 'ਚ ਵਾਤਾਵਰਣ ਦੀ ਸੁਰੱਖਿਆ ਤੇ ਬਿਹਤਰ ਇਲਾਜ ਪ੍ਰਣਾਲੀ ਨੂੰ ਮੁੱਖ ਰੱਖਦਿਆਂ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਵਿਖੇ ਨਵੀਂ ਅਤਿ-ਆਧੁਨਿਕ ਐੱਮ ਆਰ ਆਈ ਮਸ਼ੀਨ, ਐਡਵਾਂਸਡ ਕੈਂਸਰ ਇੰਸਟੀਚਿਊਟ) ਬਠਿੰਡਾ ਵਿਖੇ ਐਫਲੂਐਂਟ ਟ੍ਰੀਟਮੈਂਟ ਪਲਾਂਟ, ਸਟੇਟ ਇੰਸਟੀਚਿਊਟ ਆਫ਼ ਨਰਸਿੰਗ ਐਂਡ ਪੈਰਾਮੈਡੀਕਲ ਮੈਡੀਕਲ ਸਾਇੰਸਿਜ਼ ਬਾਦਲ ਵਿਖੇ ਸੀਵੇਜ ਟ੍ਰੀਟਮੈਂਟ ਪਲਾਂਟ ਸ਼ਾਮਲ ਹਨ।ਇਸ ਮੌਕੇ ਆਵਾਜਾਈ ਸੇਵਾਵਾਂ ਨੂੰ ਸੁਚਾਰੂ ਬਣਾਉਣ ਲਈ ਚਾਰ ਨਵੀਆਂ ਸੱਤ-ਸੀਟਰ ਗੱਡੀਆਂ ਤੇ ਇੱਕ ਨਵੀਂ 52-ਸੀਟਰ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਸਫ਼ਾਈ ਕਰਮਚਾਰੀਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਇੱਕ ਨਵੀਂ ਸੀਵਰ ਜੈਟਿੰਗ-ਕਮ-ਸਕਸ਼ਨ ਮਸ਼ੀਨ ਨੂੰ ਵੀ ਰਵਾਨਾ ਕੀਤਾ ਗਿਆ, ਤਾਂ ਜੋ ਸੀਵਰਾਂ ਦੀ ਸਫ਼ਾਈ ਮਨੁੱਖੀ ਦਖ਼ਲ ਤੋਂ ਮੁਕਤ ਤੇ ਵਧੇਰੇ ਸੁਰੱਖਿਅਤ ਢੰਗ ਨਾਲ ਕੀਤੀ ਜਾ ਸਕੇ।ਇਸ ਮੌਕੇ ਮੁੱਖ ਬੁਲਾਰੇ ਐੱਮ ਡੀ ਪ੍ਰੋ. (ਡਾ.) ਰਾਜੀਵ ਸੂਦ (ਵਾਈਸ ਚਾਂਸਲਰ) ਨੇ ਕਿਹਾ ਕਿ ਬਾਬਾ ਫ਼ਰੀਦ ਯੂਨੀਵਰਸਿਟੀ ਪੰਜਾਬ ਸਰਕਾਰ ਦੇ ਵਿਜ਼ਨ ਅਨੁਸਾਰ ਸਿਹਤ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਨ੍ਹਾਂ ਨਵੇਂ ਪ੍ਰੋਜੈਕਟਾਂ ਨਾਲ ਜਿੱਥੇ ਆਮ ਲੋਕਾਂ ਨੂੰ ਸਸਤਾ ਤੇ ਆਧੁਨਿਕ ਇਲਾਜ ਮਿਲੇਗਾ, ਉੱਥੇ ਹੀ ਮੈਡੀਕਲ ਦੇ ਵਿਦਿਆਰਥੀਆਂ ਨੂੰ ਵੀ ਬਿਹਤਰ ਸਿੱਖਣ ਦੇ ਮੌਕੇ ਪ੍ਰਾਪਤ ਹੋਣਗੇ।ਇਸ ਮੌਕੇ ਫ਼ਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਵਾਈਸ ਚਾਂਸਲਰ ਪ੍ਰੋ. ਰਾਜੀਵ ਸੂਦ ਦੀ ਅਗਵਾਈ ਹੇਠ ਕੀਤੇ ਜਾ ਰਹੇ ਇਹ ਉਪਰਾਲੇ ਸ਼ਲਾਘਾਯੋਗ ਹਨ।ਸਾਡੀ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।ਇਸ ਸ਼ੁਭ ਮੌਕੇ ਯੂਨੀਵਰਸਿਟੀ ਦੇ ਹੋਰਨਾਂ ਸੀਨੀਅਰ ਅਧਿਕਾਰੀਆਂ ਸਮੇਤ ਫੈਕਲਟੀ ਮੈਂਬਰ ਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸਫਾ 1 ਦੇ ਬਾਕੀ...

### 2800 ਨਵੇਂ ਰਾਸ਼ਨ...

ਅਕਾਲੀ ਦਲ ਤੇ ਭਾਜਪਾ ਅੰਦਰਖਾਤੇ ਇਕੱਠੀਆਂ ਹਨ ਅਤੇ ਇਨ੍ਹਾਂ ਦਾ ਇੱਕੋ-ਇੱਕ ਮਕਸਦ ਭਗਵੰਤ ਮਾਨ ਦਾ ਵਿਰੋਧ ਕਰਨਾ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ ਉਨ੍ਹਾਂ ਦੇ ਨਾਲ ਹਨ, ਇਸ ਲਈ ਉਨ੍ਹਾ ਨੂੰ ਵਿਰੋਧੀਆਂ ਦੀ ਪਰਵਾਹ ਨਹੀਂ ਹੈ। ਮੁੱਖ ਮੰਤਰੀ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇ ਭਵਿੱਖ ਵਿੱਚ ਵਿਰੋਧੀ ਪਾਰਟੀਆਂ ਦੀ ਸਰਕਾਰ ਬਣਦੀ ਹੈ ਤਾਂ ਉਹ ਮੌਜੂਦਾ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਭਲਾਈ ਸਕੀਮਾਂ ਨੂੰ ਬੰਦ ਕਰ ਦੇਣਗੇ। ਖਾਸ ਕਰਕੇ ਔਰਤਾਂ ਨੂੰ ਮਿਲਣ ਵਾਲੀ 1000 ਅਤੇ 1500 ਰੁਪਏ ਦੀ ਵਿੱਤੀ ਸਹਾਇਤਾ ਬੰਦ ਹੋਣ ਦਾ ਖਦਸ਼ਾ ਹੈ। ਉਨ੍ਹਾ ਨੇ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ 'ਤੇ ਪੰਜਾਬ ਨੂੰ ਲੁੱਟਣ ਦੇ ਗੰਭੀਰ ਦੋਸ਼ ਲਾਏ। ਮੁੱਖ ਮੰਤਰੀ ਨੇ ਸ਼੍ਰੋਮਣੀ ਕਮੇਟੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜਦੋਂ ਸੁਖਬੀਰ ਬਾਦਲ ਨੇ ਬਹਿਬਲ ਕਲਾਂ ਗੋਲੀ ਕਾਂਡ ਅਤੇ ਹੋਰ ਮਾਮਲਿਆਂ ਲਈ ਅਕਾਲ ਤਖਤ ਸਾਹਿਬ 'ਤੇ ਜਾ ਕੇ ਆਪਣੀ ਗਲਤੀ ਕਬੂਲ ਕੀਤੀ ਸੀ, ਉਦੋਂ ਉਨ੍ਹਾ ਖਿਲਾਫ ਗੁਰਦੁਆਰਿਆਂ ਦੇ ਬਾਹਰ ਪੋਸਟਰ ਕਿਉਂ ਨਹੀਂ ਲਗਾਏ ਗਏ? ਉਨ੍ਹਾ ਕਿਹਾ ਕਿ ਅੱਜ ਸਰਕਾਰ ਖਿਲਾਫ ਪੋਸਟਰ ਲਗਾਉਣ ਵਾਲੇ ਆਗੂ ਵੀ ਪਹਿਲਾਂ ਆਪਣੀਆਂ ਪਤਨੀਆਂ, ਮਾਵਾਂ ਅਤੇ ਧੀਆਂ ਦੇ 'ਸਤਿਕਾਰ ਯੋਜਨਾ' ਤਹਿਤ ਫਾਰਮ ਭਰ ਕੇ ਲਾਹਾ ਲੈਂਦੇ ਹਨ। ਸਮਾਰੋਹ ਵਿੱਚ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ, ਵਿਭਾਗ ਦੇ ਸਕੱਤਰ ਰਾਹੁਲ ਤਿਵਾੜੀ, ਵਰਿੰਦਰ ਸ਼ਰਮਾ, ਮੁਹਾਲੀ ਦੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਵਿਧਾਇਕ ਬੁੱਧਰਾਮ ਸਮੇਤ ਕਈ ਹੋਰ ਉੱਚ ਅਧਿਕਾਰੀ ਵੀ ਹਾਜ਼ਰ ਸਨ।

### ਐਤਕੀਂ ਰੱਬ ਦੇ ...

ਸੈਮੀਫਾਈਨਲ ਜਾਂ ਫਾਈਨਲ ਵਿੱਚ ਹਾਰ ਦਾ ਸਾਹਮਣਾ ਕੀਤਾ। ਮੈਸੀ ਟੂਰਨਾਮੈਂਟ ਵਿੱਚ ਅਰਜਨਟੀਨਾ ਦੇ ਚਾਰੋਂ ਨਾਕਆਊਟ ਮੈਚਾਂ ਦੇ ਹਰ ਮਿੰਟ ਵਿੱਚ ਖੇਡਿਆ, ਉਸ ਵਿੱਚ ਮਹੱਤਵਪੂਰਨ ਪਲਾਂ ਲਈ ਆਪਣੀ ਊਰਜਾ ਨੂੰ ਸੁਰੱਖਿਅਤ ਰੱਖਣ ਦੀ ਕਲਾ ਹੈ। ਮੈਸੀ ਨੇ ਖੇਡ ਦੀ ਸ਼ੁਰੂਆਤ ਸ਼ਾਂਤ ਢੰਗ ਨਾਲ ਕੀਤੀ ਅਤੇ ਇੰਗਲੈਂਡ ਦੇ ਖਿਡਾਰੀਆਂ ਨੇ ਉਸ 'ਤੇ ਖਾਸ ਨਜ਼ਰ ਰੱਖੀ। ਕਈ ਵਾਰ ਉਸ ਨੂੰ ਅੱਗੇ ਵਧਣ ਤੋਂ ਕਰੜਾਈ ਨਾਲ ਰੋਕਿਆ। ਦੂਜੇ ਅੱਧ ਵਿੱਚ, ਜਿਵੇਂ ਹੀ ਇੰਗਲੈਂਡ ਨੇ ਉਸ ਤੋਂ ਧਿਆਨ ਹਟਾਇਆ, ਉਸ ਨੇ ਵਿਰਲਾਂ ਲੱਭਣੀਆਂ ਸ਼ੁਰੂ ਕਰ ਦਿੱਤੀਆਂ। ਉਸ ਨੇ ਬਰਾਬਰੀ ਲਈ ਐਂਜ਼ੋ ਫਰਨਾਂਡੇਜ਼ ਵੱਲ ਗੇਂਦ ਵਧਾਈ ਅਤੇ ਲੌਟਾਰੋ ਮਾਰਟੀਨੇਜ਼ ਨੂੰ ਹੈੱਡ ਕਰਕੇ ਜੇਤੂ ਗੋਲ ਕਰਨ ਵਾਲੀ ਗੇਂਦ ਵੀ ਉਸ ਨੇ ਹੀ ਮੁਹੱਈਆ ਕਰਵਾਈ। 39 ਸਾਲ ਦੀ ਉਮਰ ਵਿੱਚ ਜਦੋਂ ਜ਼ਿਆਦਾਤਰ ਖਿਡਾਰੀ ਸੰਨਿਆਸ ਲੈ ਚੁੱਕੇ ਹਨ, ਮੈਸੀ ਟੀਮ ਦਾ ਧੜਕਦਾ ਦਿਲ ਬਣਿਆ ਹੋਇਆ ਹੈ।

### ਬੇਰੁਜ਼ਗਾਰੀ ਤੇ ਮਹਿੰਗਾਈ...

ਆਪਣੀਆਂ ਸਰਹੱਦਾਂ ਖੋਲ੍ਹਣੀਆਂ ਚਾਹੀਦੀਆਂ ਹਨ। ਉਹਨਾ ਕਿਹਾ ਕਿ ਅੱਜ ਪੰਜਾਬ ਦੀ ਸਰਕਾਰ ਵੀ ਪੰਜਾਬ ਦੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦੇ ਰਹੀ, ਸਗੋਂ ਇਸ਼ਤਿਹਾਰਬਾਜ਼ੀ ਰਾਹੀਂ ਆਪਣੀ ਮਸ਼ਹੂਰੀ ਆਪ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ, ਜਦੋਂ ਕਿ ਬੇਰੁਜ਼ਗਾਰੀ, ਨਸ਼ਾਖੋਰੀ, ਗੈਂਗਸਟਰਵਾਦ ਆਦਿ ਬੁਰਾਈਆਂ ਤੇਜ਼ੀ ਨਾਲ ਵਧ ਰਹੀਆਂ ਹਨ, ਜਿਸ ਨਾਲ ਸਾਡੀ ਜਵਾਨੀ ਕੁਰਾਹੇ ਪੈ ਰਹੀ ਹੈ ਅਤੇ ਆਮ ਇਨਸਾਨ ਦਾ ਜਿਉਣਾ ਦੁੱਭਰ ਹੋ ਰਿਹਾ ਹੈ। ਇਸ ਮੌਕੇ ਪੰਜਾਬ ਇਸਤਰੀ ਸਭਾ ਦੇ ਪ੍ਰਧਾਨ ਰਾਜਿੰਦਰਪਾਲ ਕੌਰ, ਸੂਬਾ ਸਕੱਤਰੇਤ ਮੈਂਬਰ ਦੇਵੀ ਕੁਮਾਰੀ ਤੇ ਪ੍ਰਿਥੀਪਾਲ ਸਿੰਘ ਮਾੜੀਮੇਘਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਹੋਰਨਾਂ ਤੋਂ ਇਲਾਵਾ ਸਥਾਨਕ ਾਰਟੀ ਆਗੂ ਗੁਰਦਿਆਲ ਸਿੰਘ ਖਡੂਰ ਸਾਹਿਬ, ਬਲਕਾਰ ਸਿੰਘ ਵਲਟੋਹਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਤਾਰਾ ਸਿੰਘ ਖਹਿਰਾ, ਚਰਨ ਸਿੰਘ, ਬਲਜੀਤ ਸਿੰਘ ਫਤਿਆਬਾਦ, ਕਿਰਨਜੀਤ ਕੌਰ ਵਲਟੋਹਾ, ਸੀਮਾ ਸੋਹਲ, ਕਾਰਜ ਸਿੰਘ ਕੈਰੋਂ, ਪੂਰਨ ਸਿੰਘ ਮਾੜੀਮੇਘਾ, ਸੁਖਦੇਵ ਸਿੰਘ ਕਾਲਾ, ਵਿਸ਼ਾਲਦੀਪ ਸਿੰਘ ਵਲਟੋਹਾ, ਮਨਜੀਤ ਸਿੰਘ ਢੰਡ, ਦਰਸ਼ਨ ਸਿੰਘ ਬਿਹਾਰੀਪੁਰ, ਅਵਤਾਰ ਸਿੰਘ ਪਲਾਸੌਰ, ਗੁਰਦਿਆਲ ਸਿੰਘ ਵਰਨਾਲਾ, ਪਰਮਜੀਤ ਸਿੰਘ ਚੋਹਲਾ, ਜੈਮਲ ਸਿੰਘ ਬਾਠ ਸਾਰੇ ਜ਼ਿਲਾ ਕੌਂਸਲ ਮੈਂਬਰਾਂ ਨੇ ਵੀ ਆਪਣੇ ਵਿਚਾਰ ਰੱਖੇ।

### 'ਕਾਕਰੋਚਾਂ' ਦੇ 20 ਦੇ ...

ਸਮੇਤ ਸੀਨੀਅਰ ਆਪ ਆਗੂਆਂ ਨੇ ਜੰਤਰ ਮੰਤਰ ਵਿਖੇ ਪਹੁੰਚ ਕੇ ਪ੍ਰਦਰਸ਼ਨਕਾਰੀਆਂ ਨਾਲ ਇਕਜੁੱਟਤਾ ਪ੍ਰਗਟ ਕੀਤੀ। ਆਪਣੇ ਵੀਡੀਓ ਸੰਦੇਸ਼ ਵਿੱਚ ਸੋਨਮ ਵਾਂਗਚੁਕ ਨੇ ਆਪਣੇ ਸਮਰਥਕਾਂ ਦੀ ਚਿੰਤਾ ਨੂੰ ਦੂਰ ਕਰਦਿਆਂ ਕਿਹਾ ਕਿ ਹੁਣ ਤੱਕ ਦੇ ਮੈਡੀਕਲ ਟੈਸਟਾਂ ਵਿੱਚ ਕੋਈ ਤੁਰੰਤ ਖਤਰਾ ਸਾਹਮਣੇ ਨਹੀਂ ਆਇਆ ਹੈ। ਉਨ੍ਹਾ ਕਿਹਾ, "ਮੇਰੀ ਹਾਲਤ ਅਜਿਹੀ ਨਹੀਂ ਹੈ ਕਿ ਮੈਂ ਦੋ-ਚਾਰ ਦਿਨਾਂ ਵਿੱਚ ਮਰ ਜਾਵਾਂਗਾ। 18 ਦਿਨਾਂ ਦੇ ਵਰਤ ਦੇ ਹਿਸਾਬ ਨਾਲ ਰਿਪੋਰਟਾਂ ਨਾਰਮਲ ਹਨ ਅਤੇ ਈ ਸੀ ਜੀ ਵੀ ਠੀਕ ਹੈ। ਮੇਰੀਆਂ ਮਾਸਪੇਸ਼ੀਆਂ ਜ਼ਰੂਰ ਕਮਜ਼ੋਰ ਹੋ ਰਹੀਆਂ ਹਨ, ਪਰ ਮੇਰਾ ਦਿਲ ਅਤੇ ਹੌਸਲਾ ਬਿਲਕੁਲ ਠੀਕ ਹੈ।" ਉਨ੍ਹਾ ਸਮਰਥਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾ ਨੂੰ ਵਰਤ ਤੋੜਨ ਲਈ ਕਹਿਣ ਦੀ ਬਜਾਏ 20 ਜੁਲਾਈ ਦੇ 'ਚਲੋ ਸੰਸਦ' ਮਾਰਚ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ। ਵਿਦਿਆਰਥੀਆਂ ਨੂੰ ਇਸ ਅੰਦੋਲਨ ਨੂੰ ਰਾਜਨੀਤੀ ਸ਼ਾਸਤਰ ਅਤੇ ਲੋਕਤੰਤਰ ਦਾ ਇੱਕ ਅਸਲੀ ਸਬਕ ਮੰਨਣਾ ਚਾਹੀਦਾ ਹੈ। ਕਾਕਰੋਚ ਜਨਤਾ ਪਾਰਟੀ ਮੁਤਾਬਕ ਹੁਣ ਤੱਕ ਕਰੀਬ 1.5 ਲੱਖ ਲੋਕਾਂ ਨੇ ਵੈੱਬਸਾਈਟ ਅਤੇ ਮਿਸਡ-ਕਾਲ ਮੁਹਿੰਮ ਰਾਹੀਂ ਸੰਸਦ ਮਾਰਚ ਵਿੱਚ ਸ਼ਾਮਲ ਹੋਣ ਦੀ ਪੁਸ਼ਟੀ ਕੀਤੀ ਹੈ।

### ਰਾਹੁਲ ਚੰਨੀ ਨੂੰ ...

ਸੰਤੁਲਨ ਨੂੰ ਵੀ ਧਿਆਨ ਵਿੱਚ ਰੱਖ ਰਹੀ ਹੈ, ਜਿਸ ਵਿੱਚ ਵੜਿੰਗ ਜੱਟ ਸਿੱਖ ਭਾਈਚਾਰੇ ਦੀ ਨੁਮਾਇੰਦਗੀ ਕਰਦੇ ਹਨ ਅਤੇ ਚੰਨੀ ਇੱਕ ਪ੍ਰਮੁੱਖ ਦਲਿਤ ਚਿਹਰਾ ਹਨ।

ਕਾਂਗਰਸ ਲੀਡਰਸ਼ਿਪ ਪੰਜਾਬ ਵਿਧਾਨ ਸਭਾ ਚੋਣਾਂ ਲਈ ਆਪਣੀਆਂ ਤਿਆਰੀਆਂ ਨੂੰ ਤੇਜ਼ ਕਰਦੇ ਹੋਏ ਇਸ ਅੰਦਰੂਨੀ ਕਲੇਸ਼ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਨਾਲ ਹੀ ਇਹ ਸਟੈਂਡ ਵੀ ਕਾਇਮ ਰੱਖ ਰਹੀ ਹੈ ਕਿ ਜਥੇਬੰਦਕ ਫੈਸਲੇ ਕਿਸੇ ਧੜੇ ਦੇ ਦਬਾਅ ਹੇਠ ਨਹੀਂ ਲਏ ਜਾਣਗੇ।

### ਗੰਭੀਰ ਬਿਮਾਰ ਤੇ ...

ਡਿਜੀਟਲ ਬੁਨਿਆਦੀ ਢਾਂਚਾ ਅਤੇ ਸਮਰੱਥਾ-ਨਿਰਮਾਣ ਸਹਾਇਤਾ ਪ੍ਰਦਾਨ ਕਰੇ।

ਸੁਪਰੀਮ ਕੋਰਟ ਨੇ ਕੇਂਦਰ, ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਛੇ ਮਹੀਨਿਆਂ ਦੇ ਅੰਦਰ ਪਾਲਣਾ ਦੀ ਸਥਿਤੀ ਨੂੰ ਦਰਸਾਉਂਦੇ ਹੋਏ ਪਾਲਣਾ ਹਲਫਨਾਮੇ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਹੈ।

ਪਟੀਸ਼ਨ ਵਿੱਚ ਕਿਹਾ ਸੀ ਕਿ ਗੰਭੀਰ ਰੂਪ ਨਾਲ ਬਿਮਾਰ ਕੈਦੀਆਂ ਅਤੇ ਵੱਡੀ ਉਮਰ ਦੇ ਲੋਕਾਂ ਨੂੰ ਵਿਸ਼ੇਸ਼ ਦੇਖਭਾਲ ਅਤੇ ਵਿਅਕਤੀਗਤ ਧਿਆਨ ਦੀ ਲੋੜ ਹੁੰਦੀ ਹੈ ਅਤੇ ਜੇਲ੍ਹਾਂ ਵਿੱਚ ਭੀੜ ਨੂੰ ਦੇਖਦੇ ਹੋਏ ਜੇਲ੍ਹ ਅਧਿਕਾਰੀਆਂ ਲਈ ਇਹ ਪ੍ਰਦਾਨ ਕਰਨਾ ਸੰਭਵ ਨਹੀਂ ਹੋ ਸਕਦਾ ਹੈ।

ਪਟੀਸ਼ਨ ਵਿੱਚ ਇਹ ਵੀ ਕਿਹਾ ਗਿਆ ਸੀ ਕਿ 31 ਦਸੰਬਰ 2022 ਤੱਕ, ਭਾਰਤ ਦੀ ਜੇਲ੍ਹ ਵਿੱਚ ਰਹਿਣ ਦੀ ਦਰ 131 ਫੀਸਦੀ ਸੀ, ਜਿਸ ਨੇ ਬੁਨਿਆਦੀ ਢਾਂਚੇ 'ਤੇ ਗੰਭੀਰ ਦਬਾਅ ਪਾਇਆ ਅਤੇ ਜੇਲ੍ਹਾਂ ਦੇ ਅੰਦਰ ਡਾਕਟਰੀ ਦੇਖਭਾਲ ਅਤੇ ਸਨਮਾਨਜਨਕ ਜੀਵਨ ਸਥਿਤੀਆਂ ਦੀ ਗੁਣਵੱਤਾ ਨੂੰ ਪ੍ਰਭਾਵਤ ਕੀਤਾ।

## ਲਾਭਪਾਤਰੀਆਂ ਨੂੰ ਵੰਡੀਆਂ ਰਾਸ਼ਨ ਕਿੱਟਾਂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਰਕਾਰ ਵੱਲੋਂ ਲਾਭਪਾਤਰੀਆਂ ਨੂੰ ਮਹੀਨਾਵਾਰ ਮਿਲਦੀ ਮੁਫ਼ਤ ਕਣਕ ਦੇ ਨਾਲ-ਨਾਲ ਹੁਣ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਮੁਫ਼ਤ ਰਾਸ਼ਨ ਕਿੱਟਾਂ ਦੇਣ ਦਾ ਜੋ ਇਤਿਹਾਸਿਕ ਐਲਾਨ ਕੀਤਾ ਗਿਆ ਸੀ, ਉਸ ਨੂੰ ਅਮਲੀ ਰੂਪ ਦਿੰਦਿਆਂ ਹਰੇਕ ਰਾਸ਼ਨ ਡਿਪੂ ਤੇ ਲਾਭਪਾਤਰੀਆਂ ਨੂੰ ਮੁਫ਼ਤ ਰਾਸ਼ਨ ਕਿੱਟਾਂ ਜਿਨ੍ਹਾਂ ਵਿਚ ਦੋ ਕਿੱਲੋ ਖੰਡ, ਦੋ ਕਿੱਲੋ ਦਾਲ, ਇਕ ਕਿੱਲੋ ਲੂਣ, ਇਕ ਲੀਟਰ ਸਰ੍ਹੋਂ ਦਾ ਤੇਲ ਅਤੇ ਦੋ ਸੌ ਗ੍ਰਾਮ ਹਲਦੀ ਸ਼ਾਮਲ ਹੈ ਵੰਡੀਆਂ ਜਾ ਰਹੀਆਂ ਹਨ। ਇਸੇ ਕੜੀ ਤਹਿਤ ਮੱਖੂ ਗੇਟ ਸਥਿਤ ਡਿਪੂ ਹੋਲਡਰ ਰਵਿੰਦਰ ਸਿੰਘ ਨੇ ਵੀ ਇਹ ਕਿੱਟਾਂ ਵੰਡੀਆਂ। ਕਿੱਟਾਂ ਦੀ ਵੰਡ ਸਮੇਂ ਜਿੱਥੇ ਲਾਭਪਾਤਰੀਆਂ ਨੇ ਡਿਪੂ ਹੋਲਡਰ ਦੇ ਚੰਗੇ ਪ੍ਰਬੰਧਾਂ ਦੇ ਗੁਣ ਗਾਏ, ਉੱਥੇ ਮਾਨ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਜਿਵੇਂ ਮੁਫ਼ਤ ਰਾਸ਼ਨ, 600 ਯੂਨਿਟ ਬਿਜਲੀ ਮੁਆਫ਼ੀ, ਫਰੀ ਇਲਾਜ, ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਹਰੇਕ ਔਰਤ ਨੂੰ 1000 ਅਤੇ 1500 ਰੁਪਏ ਹਰ ਮਹੀਨੇ ਦਿੱਤੇ ਜਾਣ ਦੇ ਸੋਹਲੇ ਗਾਉਂਦੇ ਨਜ਼ਰ ਆਏ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਬੂਥ ਪੱਧਰ 'ਤੇ ਕਮੇਟੀਆਂ ਦਾ ਗਠਨ



**ਜਗਰਾਓਂ (ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਨੂੰ ਬੂਥ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਸਰਕਲ ਮਲਕ ਅਧੀਨ ਪੈਂਦੇ ਪਿੰਡ ਮਲਕ, ਅਲੀਗੜ੍ਹ, ਚੀਮਨਾ, ਸਿੱਧਵਾਂ ਖੁਰਦ, ਸਿੱਧਵਾਂ ਕਲਾ, ਬਰਸਾਲ, ਬੁਜਗਰ, ਰਸੂਲਪੁਰ (ਜੰਡੀ) ਤੇ ਰਾਮਗੜ੍ਹ ਭੁੱਲਰ ਵਿਖੇ ਬੂਥ ਪੱਧਰ ਦੀਆਂ ਕਮੇਟੀਆਂ ਦਾ ਗਠਨ ਕੀਤਾ ਗਿਆ।ਇਹ ਮੁਹਿੰਮ ਸਰਕਲ ਪ੍ਰਧਾਨ ਤੇ ਸਾਬਕਾ ਚੇਅਰਮੈਨ ਸ੍ਰ. ਦੀਦਾਰ ਸਿੰਘ ਮਲਕ ਦੀ ਅਗਵਾਈ ਹੇਠ ਚਲਾਈ ਗਈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਪ੍ਰਧਾਨ ਐੱਸ.ਸੀ. ਵਿੰਗ ਰੇਸ਼ਮ ਸਿੰਘ ਮਾਣੂੰਕੇ, ਬੀ.ਸੀ. ਵਿੰਗ ਦੇ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਹਠੂਰ ਤੇ ਇਸਤਰੀ ਅਕਾਲੀ ਦਲ ਦੀ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਗਰੇਵਾਲ ਲੀਲਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਆਗੂਆਂ ਨੇ ਪਿੰਡਾਂ ਵਿੱਚ ਪਾਰਟੀ ਵਰਕਰਾਂ ਤੇ ਅਹੁਦੇਦਾਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਹਰ ਬੂਥ 'ਤੇ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਮਜ਼ਬੂਤ ਬੂਥ ਸੰਗਠਨ ਹੀ ਪਾਰਟੀ ਦੀ ਤਾਕਤ ਹੁੰਦਾ ਹੈ ਤੇ ਇਸੇ ਆਧਾਰ 'ਤੇ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਨੂੰ ਵੱਡੀ ਸਫ਼ਲਤਾ ਮਿਲੇਗੀ।ਇਸ ਦੌਰਾਨ ਪਿੰਡਾਂ ਦੇ ਵਰਕਰਾਂ ਨੇ ਪਾਰਟੀ ਲੀਡਰਸ਼ਿਪ ਨੂੰ ਭਰੋਸਾ ਦਿਵਾਇਆ ਕਿ ਉਹ ਪੂਰੀ ਤਨਦੇਹੀ ਨਾਲ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ ਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਿੰਡਾਂ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

## ਖੁੰਨਣ ਖੁਰਦ ਵਿਖੇ ਗੁਰੂ ਰਵਿਦਾਸ ਜੀ ਬਾਰੇ ਡਾਕੂਮੈਂਟਰੀ ਸ਼ੋਅ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਉਨ੍ਹਾਂ ਦੇ ਜੀਵਨ, ਫਲਸਫ਼ੇ ਤੇ ਮਹਾਨ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਬਲਾਕ ਗਿੱਦੜਬਾਹਾ ਦੇ ਪਿੰਡ ਖੁੰਨਣ ਖੁਰਦ ਵਿਖੇ ਐੱਲ.ਈ.ਡੀ. ਪ੍ਰਚਾਰ ਵੈਨ ਰਾਹੀਂ ਡਾਕੂਮੈਂਟਰੀ ਸ਼ੋਅ ਕਰਵਾਇਆ ਗਿਆ।ਸੂਬਾ ਸਰਕਾਰ ਵੱਲੋਂ ਇਹ ਮੁਹਿੰਮ ਪੰਜਾਬ ਭਰ ਦੇ ਪਿੰਡਾਂ ਤੱਕ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਤੇ ਮਨੁੱਖਤਾ ਦਾ ਸੰਦੇਸ਼ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ ਹੈ।ਇਸ ਡਾਕੂਮੈਂਟਰੀ ਸ਼ੋਅ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਤੇ ਬੱਚਿਆਂ ਨੇ ਸ਼ਮੂਲੀਅਤ ਕੀਤੀ।ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਸੰਘਰਸ਼, ਸਮਾਜਿਕ ਸੁਧਾਰਾਂ, ਬਰਾਬਰੀ, ਸੱਚ, ਕਿਰਤ, ਭਾਈਚਾਰੇ ਤੇ ਮਨੁੱਖਤਾ ਦੇ ਉਪਦੇਸ਼ਾਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ, ਜਿਸ ਨੂੰ ਲੋਕਾਂ ਨੇ ਬਹੁਤ ਧਿਆਨ ਨਾਲ ਦੇਖਿਆ ਤੇ ਸਰਾਹਿਆ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਵਿਲੱਖਣ ਤੇ ਸ਼ਲਾਘਾਯੋਗ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਡਾਕੂਮੈਂਟਰੀਆਂ ਰਾਹੀਂ ਨਵੀਂ ਪੀੜ੍ਹੀ ਨੂੰ ਮਹਾਨ ਸੰਤਾਂ ਤੇ ਗੁਰੂਆਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਦਾ ਮੌਕਾ ਮਿਲਦਾ ਹੈ।ਇਹ ਡਾਕੂਮੈਂਟਰੀ ਪ੍ਰਚਾਰ ਵੈਨ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਦੇ ਹੋਰ ਪਿੰਡਾਂ ਵਿੱਚ ਵੀ ਪਹੁੰਚ ਕੇ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਤੇ ਸੰਦੇਸ਼ ਨਾਲ ਜੋੜੇਗੀ।

## ਅਕਾਲੀ ਦਲ ਵਾਰਿਸ ਪੰਜਾਬ ਦੇ ਇਕਾਈ ਮਹਿਲ ਕਲਾਂ ਦੀ ਚੋਣ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਅਹਿਮ ਇਕੱਤਰਤਾ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਿੰਦਰ ਸਿੰਘ ਗਿੰਦੀ ਦੀ ਅਗਵਾਈ ਹੇਠ ਇਥੇ ਹੋਈ।ਇਸ ਮੌਕੇ ਬੋਲਦਿਆਂ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਿੰਦਰ ਸਿੰਘ ਗਿੰਦੀ ਨੇ ਸਮੂਹ ਨੌਜਵਾਨ ਵਰਗ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਅਗਵਾਈ ਹੇਠ ਲਾਮਬੰਦ ਹੋ ਕੇ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਿੰਡ ਪਿੰਡ ਮੋਰਚੇ ਸੰਭਾਲਣ ਦੀ ਅਪੀਲ ਕੀਤੀ।ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਇਕਾਈ ਮਹਿਲ ਕਲਾਂ ਦੇ ਅਹੁਦੇਦਾਰਾਂ ਦੀ ਚੋਣ ਸਰਬ ਸੰਮਤੀ ਨਾਲ ਕਰਵਾਈ ਗਈ, ਜਿਸ ਵਿੱਚ ਪ੍ਰਧਾਨ ਭਾਈ ਸਤਨਾਮ ਸਿੰਘ, ਸੀਨੀਅਰ ਮੀਤ ਪ੍ਰਧਾਨ ਵਰਿੰਦਰ ਸਿੰਘ, ਮੀਤ ਪ੍ਰਧਾਨ ਕਿਰਪਾਲ ਸਿੰਘ, ਖਜ਼ਾਨਚੀ ਜਗਰੂਪ ਸਿੰਘ, ਜਨਰਲ ਸਕੱਤਰ ਸੁਖਦੀਪ ਸਿੰਘ, ਸਕੱਤਰ ਰਾਜਵਿੰਦਰ ਸਿੰਘ, ਪ੍ਰੈੱਸ ਸਕੱਤਰ ਹਰਪ੍ਰੀਤ ਸਿੰਘ ਸਹੋਤਾ, ਸਲਾਹਕਾਰ ਸਵਰਨ ਸਿੰਘ ਤੇ ਕਰਨੈਲ ਸਿੰਘ, ਕਮੇਟੀ ਮੈਂਬਰ ਹੁਕਮ ਚੰਦ, ਸਮੇਤ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਨਵੇਂ ਚੁਣੇ ਪ੍ਰਧਾਨ ਭਾਈ ਸਤਨਾਮ ਸਿੰਘ ਨੇ ਸਮੂਹ ਪਾਰਟੀ ਆਗੂਆਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਭਵਿੱਖ 'ਚ ਪਾਰਟੀ ਨੂੰ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਬਣਾਉਣ ਲਈ ਉਹ ਆਪਣੀ ਟੀਮ ਸਮੇਤ ਹਮੇਸ਼ਾ ਯਤਨਸ਼ੀਲ ਰਹਿਣਗੇ।ਇਸ ਮੌਕੇ ਭਾਈ ਮਲਕੀਤ ਸਿੰਘ, ਹਰਬੰਸ ਸਿੰਘ, ਸਾਧੂ ਸਿੰਘ, ਧੀਰਾ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਇਸ਼ਵਮੀਤ ਨੇ ਕੌਮੀ ਸੜਕ ਸੁਰੱਖਿਆ ਉਲੰਪਿਆਡ 'ਚ ਚਮਕਾਇਆ ਨਾਂਅ




**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਂਡਵੇ ਪਬਲਿਕ ਸਕੂਲ ਮਨਾਲ ਦੇ ਹੋਣਹਾਰ ਵਿਦਿਆਰਥੀ ਇਸ਼ਵਮੀਤ ਸਿੰਘ (+2 ਮੈਡੀਕਲ) ਨੇ ਕੌਮੀ ਸੜਕ ਸੁਰੱਖਿਆ ਉਲੰਪਿਆਡ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੂਰੇ ਭਾਰਤ ਵਿੱਚੋਂ ਦਸਵਾਂ (10ਵਾਂ) ਰੈਂਕ ਹਾਸਲ ਕਰਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।ਇਹ ਉਲੰਪਿਆਡ ਸਕੂਲ 'ਚ ਮੈਡੀਕਲ ਇੰਚਾਰਜ ਮੈਡਮ ਗੁਰਪ੍ਰੀਤ ਕੌਰ ਤੇ ਮੈਡਮ ਦਲਜੀਤ ਕੌਰ ਦੀ ਸੁਚੱਜੀ ਦੇਖ-ਰੇਖ ਤੇ ਅਗਵਾਈ ਹੇਠ ਕਰਵਾਇਆ ਗਿਆ ਸੀ।ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸੜਕ ਸੁਰੱਖਿਆ ਸੰਬੰਧੀ ਜਾਗਰੂਕਤਾ ਪੈਦਾ ਕਰਨਾ ਤੇ ਟ੍ਰੈਫਿਕ ਨਿਯਮਾਂ ਦੀ ਮਹੱਤਤਾ ਬਾਰੇ ਜਾਣਕਾਰੀ ਵਧਾਉਣਾ ਸੀ। ਇਸ਼ਵਮੀਤ ਸਿੰਘ ਦੀ ਇਸ ਵਿਲੱਖਣ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ, ਡਾਇਰੈਕਟਰ ਨਵਰੀਤ ਕੌਰ ਚੀਮਾ ਤੇ ਪ੍ਰਿੰਸੀਪਲ ਐੱਮ. ਏ. ਸੈਫ਼ੀ ਨੇ ਇਸ ਹੋਣਹਾਰ ਵਿਦਿਆਰਥੀ ਨੂੰ ਟਰਾਫ਼ੀ ਤੇ ਸਰਟੀਫ਼ਿਕੇਟ ਨਾਲ਼ ਸਨਮਾਨਤ ਕਰਕੇ ਦਿਲੋਂ ਵਧਾਈ ਦਿੱਤੀ।ਉਨ੍ਹਾਂ ਮੈਡਮ ਗੁਰਪ੍ਰੀਤ ਕੌਰ ਤੇ ਦਲਜੀਤ ਕੌਰ ਦੀ ਮਿਹਨਤ ਤੇ ਮਾਰਗਦਰਸ਼ਨ ਦੀ ਵੀ ਭਰਪੂਰ ਸ਼ਲਾਘਾ ਕੀਤੀ।

## ਨਸ਼ਾ ਮੁਕਤੀ ਮੋਰਚੇ ਨੂੰ ਪੁਲਸ ਨੇ ਸ਼ਨਾਖਤੀ ਕਾਰਡ ਕੀਤੇ ਜਾਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਵਿਧਾਨ ਸਭਾ ਪਟਿਆਲਾ ਦੇ ਬਲਾਕ ਕੋਆਰਡੀਨੇਟਰਾਂ ਨੂੰ ਪੁਲਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਪਛਾਣ ਦੇ ਤੌਰ 'ਤੇ ਆਈਡੀ ਕਾਰਡ ਜਾਰੀ ਕੀਤੇ ਗਏ।ਮੀਟਿੰਗ ਸਟੇਟ ਕਾਲਜ ਵਿਖੇ ਪ੍ਰਸ਼ਾਸਨ ਵੱਲੋਂ ਕਰਾਈ ਗਈ।ਮੀਟਿੰਗ ਵਿੱਚ ਮੁੱਖ ਤੌਰ 'ਤੇ ਪੰਜਾਬ ਦੇ ਅਬਜ਼ਰਵਰ ਅਸੀਤ ਕੁਮਾਰ ਤੇ ਮਾਲਵਾ ਜੋਨ ਦੇ ਉਪ ਕੋਆਰਡੀਨੇਟਰ ਮਨਜੋਤ ਸਿੰਘ ਸ਼ਾਮਲ ਹੋਏ।ਉਨ੍ਹਾਂ ਦੇ ਨਾਲ ਪਟਿਆਲਾ ਦਿਹਾਤੀ ਦੇ ਉਪ ਕੋਆਰਡੀਨੇਟਰ ਪਵਨ ਕੁਮਾਰ ਤੇ ਉਨ੍ਹਾਂ ਦੀ ਟੀਮ ਵੀ ਮੌਜੂਦ ਰਹੀ।ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਤੇ ਸਮਾਜ ਦੇ ਹਰ ਵਰਗ ਨੂੰ ਇਸ ਨਾਲ ਜੋੜਨ ਸੰਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੁੱਖ ਮੰਤਰੀ ਭਗਵੰਤ ਮਾਨ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਗਈ।ਉਪ ਕੋਆਰਡੀਨੇਟਰ ਪਵਨ ਕੁਮਾਰ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਹਰ ਪੱਧਰ 'ਤੇ ਲਗਾਤਾਰ ਯਤਨ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਨਸ਼ਿਆਂ ਖ਼ਿਲਾਫ਼ ਵਿੱਢੀ ਇਸ ਲੜਾਈ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕੀਤਾ ਜਾਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

सत्यमेव जयते
Government of India



# ਵਿਕਸਿਤ ਭਾਰਤ

## ਦੇ ਲਈ ਆਧੁਨਿਕ ਰੇਲ, ਬਿਹਤਰ ਇੰਫ੍ਰਾਸਟਰੱਕਚਰ

## ਪੰਜਾਬ ਵਿੱਚ ਮੁੜ-ਵਿਕਸਿਤ ਕੀਤੇ ਗਏ 4 ਅੰਮ੍ਰਿਤ ਸਟੇਸ਼ਨ

ਸਮੇਤ

## ਦੇਸ਼ ਭਰ ਵਿੱਚ ਮੁੜ-ਵਿਕਸਿਤ ਕੀਤੇ ਗਏ 75 ਅੰਮ੍ਰਿਤ ਸਟੇਸ਼ਨ

**ਉਦਘਾਟਨ**



ਜਲੰਧਰ ਛਾਉਣੀ




ਮੁਕਤਸਰ



ਅਨੰਦਪੁਰ ਸਾਹਿਬ



ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ)

### ਮੁੱਖ ਵਿਸ਼ੇਸ਼ਤਾਵਾਂ

- ਸਥਾਨਕ ਸੱਭਿਆਚਾਰ ਅਤੇ ਵਾਸਤੂ-ਕਲਾ ਤੋਂ ਪ੍ਰੇਰਿਤ ਇਮਾਰਤ ਦਾ ਡਿਜ਼ਾਈਨ
- ਯਾਤਰੀ-ਅਨੁਕੂਲ ਆਧੁਨਿਕ ਸਹੂਲਤਾਂ ਨਾਲ ਲੈਸ
- ਬਿਹਤਰ ਪਾਰਕਿੰਗ ਅਤੇ ਉਡੀਕ ਖੇਤਰਾਂ ਨਾਲ ਲੈਸ
- ਪਾਣੀ ਦੀ ਸੰਭਾਲ, ਸੂਰਜੀ ਊਰਜਾ ਅਤੇ ਹਰੇ-ਭਰੇ ਖੇਤਰਾਂ ਦਾ ਪ੍ਰਬੰਧਨ
- ਖੇਤਰ ਵਿੱਚ ਸੈਰ-ਸਪਾਟਾ, ਰੁਜ਼ਗਾਰ ਅਤੇ ਵਪਾਰ ਨੂੰ ਉਤਸ਼ਾਹਿਤ ਕਰੋ।
- ਸਟੇਸ਼ਨਾਂ ਨੂੰ ਸ਼ਹਿਰੀ ਕੇਂਦਰਾਂ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ।

ਪ੍ਰਧਾਨ ਮੰਤਰੀ

# ਨਰਿੰਦਰ ਮੋਦੀ

ਦੇ ਦੁਆਰਾ

17 ਜੁਲਾਈ 2026 | ਦੁਪਹਿਰ 3:30 ਵਜੇ | ਜਲੰਧਰ ਛਾਉਣੀ ਰੇਲਵੇ ਸਟੇਸ਼ਨ

### ਗਰਿਮਾਮਈ ਹਾਜ਼ਰੀ:

**ਗੁਲਾਬ ਚੰਦ ਕਟਾਰੀਆ**
ਰਾਜਪਾਲ, ਪੰਜਾਬ

**ਭਗਵੰਤ ਮਾਨ**
ਮੁੱਖਮੰਤਰੀ, ਪੰਜਾਬ

**ਅਸ਼ਨਵੀ ਵੈਸ਼ਨਵ**
ਕੇਂਦਰੀ ਰੇਲ, ਸੂਚਨਾ ਅਤੇ ਪ੍ਰਸਾਰਣ ਅਤੇ ਇਲੈਕਟ੍ਰੌਨਿਕਸ ਅਤੇ ਸੂਚਨਾ ਟੈਕਨੋਲੋਜੀ ਮੰਤਰੀ

**ਰਵਨੀਤ ਸਿੰਘ**
ਰੇਲ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ

**ਚਰਨਜੀਤ ਸਿੰਘ ਚੰਨੀ**
ਸੰਸਦ, ਮੈਂਬਰ

# ਭਾਰਤੀ ਰੇਲਵੇ

ਡੀਡੀ ਨਿਊਜ਼ 'ਤੇ ਪ੍ਰੋਗਰਾਮ ਨੂੰ ਲਾਈਵ ਦੇਖੋ | www.indianrailways.gov.in | ਸਾਨੂੰ ਫਾਲੋ ਕਰੋ /RailMinIndia

ਨਵਾਂ ਜ਼ਮਾਨਾ
ਸ਼ੁੱਕਰਵਾਰ, 17 ਜੁਲਾਈ 2026

# ਨਾਮਵਰ ਅਦਾਰੇ ਦੀ ਬਦਲਦੀ ਪਛਾਣ

ਜਾਮੀਆ ਮਿਲੀਆ ਇਸਲਾਮੀਆ ਨੂੰ ਬਸਤੀਵਾਦੀ ਸ਼ਾਸਨ ਵਿਰੁੱਧ ਆਜ਼ਾਦੀ ਦੇ ਸੰਘਰਸ਼ ਦੌਰਾਨ 'ਇੱਕ-ਇੱਕ ਪੱਥਰ ਅਤੇ ਇੱਕ-ਇੱਕ ਕੁਰਬਾਨੀ' ਨਾਲ ਬਣਾਇਆ ਗਿਆ ਸੀ। ਅੱਜ ਉਹੀ ਅਦਾਰਾ ਚੁੱਪ-ਚਾਪ ਅੰਦਰੋਂ ਇਸ ਤਰੀਕੇ ਨਾਲ ਬਦਲਿਆ ਜਾ ਰਿਹਾ ਹੈ ਕਿ ਉਸ ਦੀ ਲੋਕਤੰਤਰੀ, ਬਹੁਲਵਾਦੀ ਅਤੇ ਆਲੋਚਨਾਤਮਕ ਵਿਰਾਸਤ ਹੌਲੀ-ਹੌਲੀ ਕਮਜ਼ੋਰ ਪੈਂਦੀ ਜਾ ਰਹੀ ਹੈ। 28 ਅਪ੍ਰੈਲ, 2026 ਨੂੰ ਰਾਸ਼ਟਰੀ ਸਵੈਮ ਸੇਵਕ ਸੰਘ ਨੇ ਆਪਣੀ 100ਵੀਂ ਵਰ੍ਹੇਗੰਢ ਮਨਾਉਣ ਲਈ ਜਾਮੀਆ ਮਿਲੀਆ ਇਸਲਾਮੀਆ ਵਿਖੇ 'ਯੁਵਾ ਕੁੰਭ' ਪ੍ਰੋਗਰਾਮ ਕੀਤਾ। ਇਸ ਸਮਾਗਮ ਦੌਰਾਨ ਵਾਈਸ ਚਾਂਸਲਰ ਨੇ ਕਿਹਾ, "ਸਾਡੇ ਡੀ ਐੱਨ ਏ ਵਿੱਚ ਮਹਾਦੇਵ ਦਾ ਡੀ ਐੱਨ ਏ ਹੈ।" ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਅਧੀਨ ਉੱਚ ਸਿੱਖਿਆ ਅਦਾਰਿਆਂ ਦੇ ਪੁਨਰਗਠਨ ਦੇ ਸੰਦਰਭ ਵਿੱਚ ਦੇਖਿਆ ਜਾਵੇ ਤਾਂ ਵਾਈਸ ਚਾਂਸਲਰ ਦਾ ਇਹ ਬਿਆਨ ਇੱਕ ਸਪੱਸ਼ਟ ਪੈਟਰਨ ਉਜਾਗਰ ਕਰਦਾ ਹੈ : ਯੂਨੀਵਰਸਿਟੀਆਂ ਨੂੰ ਸੱਜੇ-ਪੱਖੀ ਸ਼ਾਸਨ ਦੇ ਸੌੜੇ ਹਿੰਦੂ-ਰਾਸ਼ਟਰਵਾਦ ਦੇ ਹਮਲਾਵਰ ਏਜੰਡੇ ਵਿੱਚ ਤੇਜ਼ੀ ਨਾਲ ਸਮੇਟਿਆ ਜਾ ਰਿਹਾ ਹੈ।

ਜਾਮੀਆ ਦੀ ਨੀਂਹ ਉਨ੍ਹਾਂ ਲੋਕਾਂ ਨੇ ਰੱਖੀ ਸੀ, ਜਿਨ੍ਹਾਂ ਨੇ ਜਾਮੀਆ ਨੂੰ ਬੌਧਿਕ ਆਜ਼ਾਦੀ ਅਤੇ ਦਾਬੇ ਦੇ ਵਿਰੋਧ ਦੇ ਕੇਂਦਰ ਵਜੋਂ ਦੇਖਿਆ ਸੀ। ਅੱਜ ਇਹ ਵਿਰਾਸਤ ਸੱਜੇ-ਪੱਖੀ ਤਾਕਤਾਂ ਕਾਰਨ ਖਤਰੇ ਵਿੱਚ ਹੈ, ਜੋ ਇਸ ਨੂੰ ਅਜਿਹੀ ਥਾਂ ਵਿੱਚ ਬਦਲਣਾ ਚਾਹੁੰਦੀਆਂ ਹਨ, ਜੋ ਵਿਚਾਰਧਾਰਾ ਦੇ ਲਿਹਾਜ਼ ਨਾਲ ਉਨ੍ਹਾਂ ਦੇ ਅਨੁਕੂਲ ਹੋਵੇ। ਹੁਣ ਇੱਥੇ ਇੱਕੋ ਜਿਹੀ ਸੋਚ ਰੱਖਣ ਵਾਲਿਆਂ ਨੂੰ ਬੜ੍ਹਾਵਾ ਦਿੱਤਾ ਜਾਂਦਾ ਹੈ, ਅਸਹਿਮਤੀ ਪ੍ਰਗਟ ਕਰਨ ਵਾਲਿਆਂ ਨੂੰ ਵੱਖ-ਵੱਖ ਤਰੀਕਿਆਂ ਨਾਲ ਸਜ਼ਾ ਦਿੱਤੀ ਜਾਂਦੀ ਹੈ ਅਤੇ ਅਦਾਰੇ ਦੀ ਆਜ਼ਾਦੀ ਨੂੰ ਹੌਲੀ-ਹੌਲੀ ਅਖੌਤੀ ਰਾਸ਼ਟਰਵਾਦ ਦੇ ਅਧੀਨ ਕੀਤਾ ਜਾ ਰਿਹਾ ਹੈ।

2019 ਦੇ ਸੀ ਏ ਏ-ਐੱਨ ਆਰ ਸੀ ਵਿਰੋਧੀ ਪ੍ਰਦਰਸ਼ਨਾਂ ਦੌਰਾਨ ਜਾਮੀਆ ਪ੍ਰਸ਼ਾਸਨ ਨੇ ਜੋ ਰਵੱਈਆ ਅਪਣਾਇਆ, ਉਸ ਨਾਲ ਇਸ ਬਦਲਦੇ ਮਾਹੌਲ ਦਾ ਸਪੱਸ਼ਟ ਪਤਾ ਲੱਗਦਾ ਹੈ। ਆਪਣੇ ਵਿਦਿਆਰਥੀਆਂ ਦੇ ਜਮਹੂਰੀ ਅਧਿਕਾਰਾਂ ਦੀ ਰੱਖਿਆ ਕਰਨ ਦੀ ਬਜਾਏ ਪ੍ਰਸ਼ਾਸਨ ਪ੍ਰਦਰਸ਼ਨਕਾਰੀਆਂ ਨੂੰ ਬੇਰਹਿਮੀ ਨਾਲ ਦਬਾਉਣ ਵਿੱਚ ਸ਼ਾਮਲ ਹੋ ਗਿਆ। ਸਮੇਂ ਦੇ ਨਾਲ ਇਹ ਰਵੱਈਆ ਲੱਗਭੱਗ ਹਰ ਤਰ੍ਹਾਂ ਦੀ ਪ੍ਰਗਤੀਸ਼ੀਲ ਜਾਂ ਆਲੋਚਨਾਤਮਕ ਸਰਗਰਮੀ 'ਤੇ ਲਾਗੂ ਹੋਣ ਲੱਗਾ, ਭਾਵੇਂ ਉਹ ਰੀਡਿੰਗ ਸਰਕਲ ਹੋਣ, ਵਿਦਿਆਰਥੀਆਂ ਦੀ ਅਗਵਾਈ 'ਚ ਹੋਣ ਵਾਲੇ ਪ੍ਰਦਰਸ਼ਨ ਜਾਂ ਫਿਰ ਵਿਦਿਆਰਥੀਆਂ ਜਾਂ ਫੈਕਲਟੀ ਵੱਲੋਂ ਉਠਾਏ ਗਏ ਸਮਾਜਿਕ ਅਤੇ ਸਿਆਸੀ ਮੁੱਦਿਆਂ 'ਤੇ ਵਿਰੋਧ ਪ੍ਰਦਰਸ਼ਨ।

ਜਾਮੀਆ ਟੀਚਰਜ਼ ਐਸੋਸੀਏਸ਼ਨ (ਜੇ ਟੀ ਏ) ਨੂੰ ਭੰਗ ਕਰਨਾ (ਜਿਸ ਨੂੰ ਬਾਅਦ ਵਿੱਚ ਦਿੱਲੀ ਹਾਈ ਕੋਰਟ ਨੇ ਰੱਦ ਕਰ ਦਿੱਤਾ ਸੀ), ਪ੍ਰਦਰਸ਼ਨਕਾਰੀ ਵਿਦਿਆਰਥੀਆਂ ਦੀ ਮੁਅੱਤਲੀ, ਉਨ੍ਹਾਂ ਨੂੰ ਹਿਰਾਸਤ ਵਿੱਚ ਲੈਣਾ ਅਤੇ ਉਨ੍ਹਾਂ ਵਿਰੁੱਧ ਐੱਫ ਆਈ ਆਰ ਦਰਜ ਕਰਨਾ, ਸੋਸ਼ਲ ਵਰਕ ਦੇ ਇੱਕ ਪ੍ਰੋਫੈਸਰ ਦੀ ਮੁਅੱਤਲੀ ਅਤੇ ਕੈਂਪਸ ਦੇ ਅੰਦਰ ਸ਼ਾਂਤੀਪੂਰਵਕ ਇਕੱਠ ਤੇ ਆਪਣੀ ਗੱਲ ਕਹਿਣ ਦੀ ਆਜ਼ਾਦੀ 'ਤੇ ਰੋਕ ਲਾਉਣਾ, ਇਹ ਸਾਰੀਆਂ ਚੀਜ਼ਾਂ ਮਿਲ ਕੇ ਦਮਨ ਦੇ ਇੱਕ ਵਿਆਪਕ ਮਾਹੌਲ ਨੂੰ ਸਾਬਤ ਕਰਦੀਆਂ ਹਨ।

ਸੰਘ ਦੇ ਸ਼ਤਾਬਦੀ ਸਮਾਰੋਹ ਵਰਗੇ ਸਮਾਗਮਾਂ ਦਾ ਆਯੋਜਨ ਜਾਮੀਆ ਦੇ ਸੰਦਰਭ ਵਿੱਚ ਇਸ ਕਰਕੇ ਗੰਭੀਰ ਚਿੰਤਾ ਦਾ ਮਾਮਲਾ ਹੈ, ਕਿਉਂਕਿ ਸੰਘ ਦੀ ਸਹਿਯੋਗੀ ਸੰਸਥਾ 'ਤੇ ਮਹਾਤਮਾ ਗਾਂਧੀ ਦੀ ਹੱਤਿਆ ਦਾ ਦੋਸ਼ ਲਗਾਇਆ ਗਿਆ ਸੀ; ਉਹੀ ਗਾਂਧੀ, ਜਿਸ ਨੇ ਇੱਕ ਵਾਰ ਜਾਮੀਆ ਨੂੰ ਵਿੱਤੀ ਸੰਕਟ 'ਚੋਂ ਕੱਢਣ ਲਈ ਸਮਰਥਨ ਜੁਟਾਇਆ ਸੀ। ਰਬਿੰਦਰਨਾਥ ਟੈਗੋਰ ਨੇ ਕਦੇ ਜਾਮੀਆ ਨੂੰ 'ਭਾਰਤ ਦੇ ਸਭ ਤੋਂ ਪ੍ਰਗਤੀਸ਼ੀਲ ਵਿਦਿਅਕ ਅਦਾਰਿਆਂ ਵਿੱਚੋਂ ਇੱਕ' ਦੱਸਿਆ ਸੀ। ਜਾਮੀਆ ਦੇ ਵਾਈਸ ਚਾਂਸਲਰ ਦੇ ਜਨਤਕ ਬਿਆਨਾਂ ਨੇ ਅਦਾਰੇ ਦੀ ਵਿਚਾਰਧਾਰਕ ਦਿਸ਼ਾ ਬਾਰੇ ਚਿੰਤਾਵਾਂ ਨੂੰ ਹੋਰ ਵਧਾ ਦਿੱਤਾ ਹੈ। 'ਯੁਵਾ ਕੁੰਭ' ਵਿੱਚ ਵਾਈਸ ਚਾਂਸਲਰ ਨੇ ਇੱਥੋਂ ਤੱਕ ਕਹਿ ਦਿੱਤਾ ਸੀ, "ਅਸੀਂ ਸਮਾਜਵਾਦ, ਪੂੰਜੀਵਾਦ ਅਤੇ ਗਾਂਧੀਵਾਦ ਸਭ ਦੇਖ ਲਿਆ, ਹੁਣ ਸਾਨੂੰ ਸਨਾਤਨਵਾਦ ਨੂੰ ਦੇਖਣਾ ਪਵੇਗਾ ਅਤੇ ਇੱਕ ਮੌਕਾ ਇਸ ਨੂੰ ਵੀ ਦੇਣਾ ਪਵੇਗਾ।" ਇਹ ਬਿਆਨ ਪਹਿਲੀ ਨਜ਼ਰੇ ਹੀ ਅਸੰਵਿਧਾਨਕ ਹੈ ਅਤੇ ਸੰਵਿਧਾਨ ਦੇ ਮੂਲ ਢਾਂਚੇ ਵਿੱਚ ਦਰਜ ਧਰਮ-ਨਿਰਪੱਖਤਾ ਦੀ ਭਾਵਨਾ ਦੇ ਉਲਟ ਹੈ।

ਇਹੀ ਹਾਲ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਅਤੇ ਭਾਰਤ ਦੀਆਂ ਹੋਰ ਯੂਨੀਵਰਸਿਟੀਆਂ ਵਿੱਚ ਦੇਖਿਆ ਜਾ ਸਕਦਾ ਹੈ। ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਦਾ ਹਾਲ ਹੀ ਵਿੱਚ ਦਲਿਤਾਂ, ਪੱਛੜਿਆਂ ਅਤੇ ਆਦਿਵਾਸੀਆਂ ਵਿਰੁੱਧ ਬਿਆਨ ਯੂਨੀਵਰਸਿਟੀ ਦੇ ਸੰਸਥਾਗਤ ਅਤੇ ਬੌਧਿਕ ਪਤਨ ਨੂੰ ਉਜਾਗਰ ਕਰਦਾ ਹੈ। ਇਹ ਕਦਮ ਯੂਨੀਵਰਸਿਟੀਆਂ 'ਤੇ ਵਿਚਾਰਧਾਰਕ ਕਬਜ਼ੇ ਨੂੰ ਮੁਮਕਿਨ ਬਣਾਉਂਦੇ ਹਨ, ਅਕਾਦਮਿਕ ਜਗਤ ਵਿੱਚ ਸੰਘ ਦੇ ਕਾਡਰ ਦੀ ਕਮੀ ਨੂੰ ਪੂਰਾ ਕਰਦੇ ਹਨ ਅਤੇ ਸਰਕਾਰੀ ਯੂਨੀਵਰਸਿਟੀਆਂ ਵਿੱਚ ਨਵ-ਉਦਾਰਵਾਦ ਨੂੰ ਬੜ੍ਹਾਵਾ ਦਿੰਦੇ ਹਨ।

ਮਹੱਤਵਪੂਰਨ ਸਵਾਲ ਇਹ ਹੈ ਕਿ ਕੀ ਯੂਨੀਵਰਸਿਟੀਆਂ ਆਲੋਚਨਾਤਮਕ ਸੋਚ, ਅਸਹਿਮਤੀ ਅਤੇ ਸਮਾਵੇਸ਼ੀ ਰਾਸ਼ਟਰ-ਨਿਰਮਾਣ ਦੀਆਂ ਥਾਂਵਾਂ ਵਜੋਂ ਸੇਵਾ ਕਰਨਾ ਜਾਰੀ ਰੱਖ ਸਕਦੀਆਂ ਹਨ? ਕੁਝ ਸਾਲ ਪਹਿਲਾਂ ਫੈਕਲਟੀ ਅਤੇ ਵਿਦਿਆਰਥੀ ਦੋਵੇਂ ਫੁੱਟਪਾਊ ਰਾਜਨੀਤੀ ਦਾ ਵਿਰੋਧ ਕਰਨ ਲਈ ਇੱਕਜੁੱਟ ਸਨ। ਹੁਣ ਇਹ ਏਕਤਾ ਗਾਇਬ ਹੈ; ਫੈਕਲਟੀ ਮੈਂਬਰ ਨਿਗਰਾਨੀ ਜਾਂ ਨੌਕਰੀ ਜਾਣ ਦੇ ਡਰੋਂ ਬੋਲਣ ਤੋਂ ਝਿਜਕ ਰਹੇ ਹਨ। ਇਹ ਗੱਲ ਜੇ ਟੀ ਏ ਪ੍ਰਧਾਨ ਦੀ ਮੁਅੱਤਲੀ ਤੋਂ ਸਪੱਸ਼ਟ ਹੋ ਗਈ, ਜੋ ਮੌਜੂਦਾ ਸਰਕਾਰ ਅਤੇ ਪ੍ਰਸ਼ਾਸਨ ਦੀ ਆਲੋਚਨਾ ਕਰਦੇ ਸਨ। ਅਕਾਦਮਿਕ ਭਾਈਚਾਰੇ ਦੀ ਚੁੱਪੀ ਇੱਕ ਚਿੰਤਾਜਨਕ ਲਾਪਰਵਾਹੀ ਹੈ, ਜੋ ਜਾਮੀਆ ਦੀ ਬੌਧਿਕ ਵਿਰਾਸਤ ਦੇ ਕਮਜ਼ੋਰ ਹੋਣ ਦਾ ਖਤਰਾ ਹੈ। ਜਿਵੇਂ ਕਿ ਜਵਾਹਰ ਲਾਲ ਨਹਿਰੂ ਨੇ ਦਸੰਬਰ 1947 ਵਿੱਚ ਇਲਾਹਾਬਾਦ ਯੂਨੀਵਰਸਿਟੀ ਵਿੱਚ ਆਪਣੇ ਭਾਸ਼ਣ ਵਿੱਚ ਚੇਤਾਵਨੀ ਦਿੱਤੀ ਸੀ ਕਿ ਜਦੋਂ ਯੂਨੀਵਰਸਿਟੀਆਂ 'ਤੰਗ ਨਜ਼ਰ ਕੱਟੜਤਾ ਅਤੇ ਛੋਟੇ-ਮੋਟੇ ਮਕਸਦਾਂ ਦਾ ਅੱਡਾ' ਬਣ ਜਾਂਦੀਆਂ ਹਨ ਤਾਂ ਉਹ ਦੇਸ਼ ਦੀ ਸੇਵਾ ਕਰਨਾ ਬੰਦ ਕਰ ਦਿੰਦੀਆਂ ਹਨ। ਉੱਚ ਸਿੱਖਿਆ ਦਾ ਇਹੀ ਲੋਕਤੰਤਰੀ ਅਤੇ ਆਜ਼ਾਦੀ ਦਿਵਾਉਣ ਵਾਲਾ ਨਜ਼ਰੀਆ ਤੇਜ਼ੀ ਨਾਲ ਕਮਜ਼ੋਰ ਪੈ ਰਿਹਾ ਹੈ, ਕਿਉਂਕਿ ਭਾਰਤ ਦੇ ਵਿਦਿਅਕ ਅਦਾਰਿਆਂ ਵਿੱਚ ਸੱਜੇ-ਪੱਖੀ ਤਾਕਤਾਂ ਜ਼ਮੀਨ ਹਾਸਲ ਕਰ ਰਹੀਆਂ ਹਨ, ਤਾਂ ਵੀ ਇਹ ਗੱਲ ਧਰਵਾਸ ਬਨ੍ਹਾਉਂਦੀ ਹੈ ਕਿ ਔਖਿਆਈਆਂ ਦੇ ਬਾਵਜੂਦ ਵਿਦਿਆਰਥੀ ਸਮੂਹਕ ਸੰਘਰਸ਼ ਰਾਹੀਂ ਜਾਮੀਆ ਦੀ ਅਸਹਿਮਤੀ ਦੀ ਵਿਰਾਸਤ ਨੂੰ ਕਾਇਮ ਰੱਖ ਰਹੇ ਹਨ।

# ਭਰਮ-ਭੁਲੇਖਿਆਂ ਦਾ ਸ਼ਿਕਾਰ ਪੰਜਾਬ ਦੀਆਂ ਸਿਆਸੀ ਪਾਰਟੀਆਂ


ਗੁਰਮੀਤ ਸਿੰਘ ਪਲਾਹੀ

ਪੰਜਾਬ ਭਰ ਵਿੱਚ ਘਰ-ਘਰ ਜਾ ਕੇ ਗਣਨਾ ਕਰਨ ਦੀ ਵਿਸ਼ੇਸ਼ ਤੀਬਰ ਸੋਧ (ਐੱਸ ਆਈ ਆਰ) ਪ੍ਰਕਿਰਿਆ ਨਿਰੰਤਰ ਤੇਜ਼ੀ ਨਾਲ ਚੱਲ ਰਹੀ ਹੈ। ਚੋਣ ਕਮਿਸ਼ਨ ਵੱਲੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ 25 ਜੂਨ 2026 ਤੋਂ 18 ਦਿਨਾਂ ਦੇ ਅੰਦਰ ਸੂਬੇ ਨੇ ਇੱਕ ਕਰੋੜ ਤੋਂ ਵੱਧ ਗਣਨਾ ਫਾਰਮਾਂ ਨੂੰ ਸਫਲਤਾਪੂਰਵਕ ਡਿਜੀਟਲਾਈਜ਼ ਕਰ ਲਿਆ ਹੈ। ਇਸ ਦੇ ਨਾਲ ਹੀ 25 ਜੂਨ ਤੋਂ 24 ਜੁਲਾਈ 2026 ਦੇ ਦਰਮਿਆਨ ਪੰਜਾਬ ਭਰ ਦੇ 2 ਕਰੋੜ 14 ਲੱਖ 61 ਹਜ਼ਾਰ 43 ਵੋਟਰਾਂ ਤੱਕ ਪਹੁੰਚ ਕੀਤੇ ਜਾਣ ਦਾ ਦਾਅਵਾ ਵੀ ਕੀਤਾ ਗਿਆ ਹੈ। ਇਸ ਕਾਰਜ ਲਈ 24,453 ਬੀ ਐੱਲ ਓ ਲਗਾਏ ਗਏ ਹਨ।

ਇਸ ਸਭ ਦੇ ਬਾਵਜੂਦ ਆਮ ਲੋਕ ਇਸ ਐਸ ਆਈ ਆਰ ਪ੍ਰਕਿਰਿਆ ਤੋਂ ਪਰੇਸ਼ਾਨ ਹਨ। ਇਹ ਕੰਮ 2003 ਦੀ ਵੋਟਰ ਸੂਚੀ ਨੂੰ ਅਧਾਰ ਮੰਨ ਕੇ ਮੁਕੰਮਲ ਕੀਤਾ ਜਾ ਰਿਹਾ ਹੈ, ਜਿਸ ਕਾਰਨ ਪੰਜਾਬ ਦੇ ਲੋਕਾਂ ਵਿੱਚ ਇੱਕ ਅਜੀਬ ਬੇਚੈਨੀ ਹੈ। ਖਾਸ ਕਰਕੇ ਉਨ੍ਹਾਂ ਲੋਕਾਂ ਵਿੱਚ ਚਿੰਤਾ ਜ਼ਿਆਦਾ ਹੈ, ਜਿਨ੍ਹਾਂ ਤੱਕ ਹਾਲੇ ਬੀ.ਐੱਲ.ਓ. ਨਹੀਂ ਪਹੁੰਚੇ ਅਤੇ ਜਿਨ੍ਹਾਂ ਦੇ ਨਾਂਅ 2003 ਦੀ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹਨ।

ਲੋਕਾਂ ਦੀ ਇਹ ਪਰੇਸ਼ਾਨੀ ਸਿਰਫ਼ ਵੋਟ ਕੱਟੇ ਜਾਣ ਜਾਂ ਨਵੀਂ ਵੋਟਰ ਸੂਚੀ ਵਿੱਚ ਨਾਂਅ ਸ਼ਾਮਲ ਨਾ ਹੋਣ ਤੱਕ ਸੀਮਤ ਨਹੀਂ, ਬਲਕਿ ਵੱਡੀ ਚਿੰਤਾ ਇਹ ਹੈ ਕਿ ਇਸ ਕਾਰਨ ਬੁਢਾਪਾ ਪੈਨਸ਼ਨ, ਮੁਫ਼ਤ ਅਨਾਜ ਅਤੇ ਔਰਤ ਸਨਮਾਨ ਰਾਸ਼ੀ ਸਮੇਤ ਸਾਰੀਆਂ ਸਰਕਾਰੀ ਸਹੂਲਤਾਂ ਬੰਦ ਹੋ ਸਕਦੀਆਂ ਹਨ।

ਹੈਰਾਨੀ ਦੀ ਗੱਲ ਇਹ ਹੈ ਕਿ ਕਿਸੇ ਵੀ ਸਿਆਸੀ ਧਿਰ ਦੇ ਜ਼ਮੀਨੀ ਵਰਕਰ ਜਾਂ ਨੇਤਾ ਇਨ੍ਹਾਂ ਲੋਕਾਂ ਦੀ ਕਿਸੇ ਕਿਸਮ ਦੀ ਸਹਾਇਤਾ ਨਹੀਂ ਕਰ ਰਹੇ। ਲੋਕਾਂ ਕੋਲ ਆਧਾਰ ਕਾਰਡ, ਪੈਨ ਕਾਰਡ ਅਤੇ ਵੋਟਰ ਕਾਰਡ ਤਾਂ ਹਨ, ਪਰ 2003 ਦੀ ਵੋਟਰ ਸੂਚੀ ਵਿੱਚ ਨਾਂਅ ਨਾ ਹੋਣ ਕਾਰਨ ਉਹ ਆਪਣੇ ਪਿਓ-ਦਾਦਿਆਂ ਦੇ ਨਾਂਅ, ਜਨਮ ਮਿਤੀ ਅਤੇ ਹੋਰ ਰਿਕਾਰਡ ਲੱਭਣ ਲਈ ਦਫ਼ਤਰਾਂ ਤੇ ਸਕੂਲਾਂ ਦੇ ਚੱਕਰ ਕੱਟ ਰਹੇ ਹਨ, ਜੋ ਕਿ ਸਭ ਵਿਅਰਥ ਸਾਬਤ ਹੋ ਰਿਹਾ ਹੈ।

ਇਹ ਪਰੇਸ਼ਾਨੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਉਨ੍ਹਾਂ ਔਰਤਾਂ ਨੂੰ ਆ ਰਹੀਆਂ ਮੁਸ਼ਕਲਾਂ ਨਾਲੋਂ ਵੀ ਵੱਧ ਹੈ, ਜਿਨ੍ਹਾਂ ਦੇ ਬੈਂਕ ਖਾਤੇ ਆਧਾਰ ਕਾਰਡ ਜਾਂ ਫੋਨ ਨੰਬਰਾਂ ਨਾਲ ਲਿੰਕ ਨਹੀਂ ਹਨ। ਬੈਂਕਾਂ ਵਿੱਚ ਨਵੇਂ ਖਾਤੇ ਖੁੱਲ੍ਹ ਨਹੀਂ ਰਹੇ, ਭਰੇ ਹੋਏ ਫਾਰਮ ਹੱਥਾਂ ਵਿੱਚ ਹਨ, ਪਰ ਅਪਲੋਡ ਨਹੀਂ ਹੋ ਰਹੇ। ਸਿਆਸੀ ਪਾਰਟੀਆਂ ਔਰਤਾਂ ਦੀ ਇਸ ਮੁਸ਼ਕਲ ਵਿੱਚ ਮਦਦ ਕਰਨ ਦੀ ਬਜਾਏ ਉਨ੍ਹਾਂ ਨੂੰ ਆਪਣੇ ਰਹਿਮੋ-ਕਰਮ 'ਤੇ ਛੱਡ ਚੁੱਕੀਆਂ ਹਨ।

ਕੀ ਸਿਆਸੀ ਪਾਰਟੀਆਂ ਦਾ ਕੰਮ ਸਿਰਫ਼ ਵੋਟਾਂ ਹਥਿਆਉਣਾ ਅਤੇ ਵੱਡੇ-ਵੱਡੇ ਭਾਸ਼ਣ ਦੇਣਾ ਹੀ ਰਹਿ ਗਿਆ ਹੈ? ਕੀ ਲੋਕ-ਹਿੱਤ ਅਤੇ ਲੋਕ-ਤਕਲੀਫ਼ਾਂ ਉਨ੍ਹਾਂ ਲਈ ਕੋਈ ਮਾਇਨੇ ਨਹੀਂ ਰੱਖਦੀਆਂ?

ਇੱਕ ਵਾਰ ਫਿਰ 'ਉਹੀ ਸਰਕਾਰ', 'ਡਬਲ ਇੰਜਣ ਸਰਕਾਰ' ਅਤੇ 'ਖੇਤਰੀ ਪਾਰਟੀ ਸਰਕਾਰ' ਦੇ ਨਾਅਰੇ ਹਵਾ ਵਿੱਚ ਗੂੰਜਣ ਲੱਗੇ ਹਨ। ਪੰਜਾਬ ਉਤੇ ਸ਼ਾਸਨ ਕਰਨ ਲਈ ਹਿੰਦੂ-ਸਿੱਖ ਵਿੱਚ ਵੰਡਣ ਦੇ ਪੱਤੇ ਖਿਲਾਰੇ ਜਾ ਰਹੇ ਹਨ। ਮਨੁੱਖੀ ਅਧਿਕਾਰਾਂ ਦੇ ਰਾਖੇ ਜਸਵੰਤ ਸਿੰਘ ਖਾਲੜਾ ਦੀ ਹੁਣੇ ਜਿਹੇ ਜਾਰੀ ਹੋਈ ਫਿਲਮ 'ਤੇ ਬੰਦਿਸ਼ ਅਤੇ ਉਸ ਸਮੇਂ ਦੌਰਾਨ ਹੋਏ ਹਿੰਦੂਆਂ ਦੇ ਕਤਲਾਂ ਦੇ ਬਿਆਨਾਂ ਨਾਲ ਪੰਜਾਬ ਵਿੱਚ ਪਾੜ ਪਾਉਣ ਦੇ ਯਤਨ ਹੋ ਰਹੇ ਹਨ।

ਆਖਰ ਚੋਣਾਂ ਦੇ ਦਰਮਿਆਨ ਪੰਜਾਬ ਵਿੱਚ ਫਿਰਕੂ ਅੱਗ ਲਗਾਉਣ ਦੀ ਖੇਡ ਖੇਡਣ ਦੀ ਤਿਆਰੀ ਕਿਉਂ ਹੈ? ਪੰਜਾਬ ਪਹਿਲਾਂ ਹੀ ਵੱਡੇ ਦਰਦ ਹੰਢਾ ਚੁੱਕਾ ਹੈ, ਜਿਸ ਦੀ ਕੀਮਤ ਪੰਜਾਬੀਆਂ ਨੂੰ ਤਾਰਨੀ ਪਈ ਹੈ।

ਸੂਬਾ ਸਰਕਾਰ ਵੱਲੋਂ ਪਿੰਡਾਂ-ਸ਼ਹਿਰਾਂ ਵਿੱਚ ਸੜਕਾਂ ਦੀ ਮੁਰੰਮਤ ਸ਼ੁਰੂ ਹੈ, ਵਿਕਾਸ ਕਾਰਜਾਂ ਦੀ ਹਨੇਰੀ ਲਿਆਉਣ ਦੀ ਗੱਲ ਪ੍ਰਚਾਰੀ ਜਾ ਰਹੀ ਹੈ, ਔਰਤਾਂ ਨੂੰ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ ਅਤੇ ਨਵੀਆਂ ਮੁਫ਼ਤ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ, ਪਰ ਸਰਕਾਰ ਦੇ ਦਾਅਵਿਆਂ ਦੇ ਬਾਵਜੂਦ ਪੰਜਾਬ ਦੇ ਅਸਲੀ ਮਸਲੇ ਜਿਉਂ ਦੇ ਤਿਉਂ ਖੜ੍ਹੇ ਹਨ।

ਕਿਸਾਨੀ ਅੱਜ ਸਿਰਫ਼ ਕਰਜ਼ੇ ਦੇ ਬੋਝ ਹੇਠ ਹੀ ਨਹੀਂ ਦੱਬੀ ਹੋਈ, ਬਲਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਪਿੰਡ ਅਤੇ ਖੇਤੀਬਾੜੀ ਦੋਵੇਂ ਉਜੜਨ ਦੇ ਕੰਢੇ 'ਤੇ ਹਨ। ਇਸੇ ਤਰ੍ਹਾਂ ਸੂਬੇ ਦੇ ਬੇਰੁਜ਼ਗਾਰ ਵੀ ਸੜਕਾਂ 'ਤੇ ਉਤਰੇ ਹੋਏ ਹਨ ਅਤੇ ਸਰਕਾਰੀ ਕਰਮਚਾਰੀ ਆਪਣਾ ਹੱਕ ਯਾਨੀ 18 ਫੀਸਦੀ ਮਹਿੰਗਾਈ ਭੱਤਾ (ਡੀ ਏ) ਲੈਣ ਲਈ ਲਗਾਤਾਰ ਸੰਘਰਸ਼ ਅਤੇ ਅਦਾਲਤੀ ਲੜਾਈਆਂ ਲੜਨ ਦੇ ਰਾਹ ਪੈ ਚੁੱਕੇ ਹਨ।

ਜਿੱਥੋਂ ਤੱਕ ਵੱਖ-ਵੱਖ ਸਿਆਸੀ ਪਾਰਟੀਆਂ ਦੀ ਅੰਦਰੂਨੀ ਸਥਿਤੀ ਦਾ ਸਵਾਲ ਹੈ, ਉਹ ਸਭ ਲੋਕਾਂ ਦੇ ਅਸਲ ਮੁੱਦਿਆਂ 'ਤੇ ਲੜਨ ਦੀ ਬਜਾਏ ਭਰਮ-ਭੁਲੇਖਿਆਂ ਦਾ ਸ਼ਿਕਾਰ ਹਨ। ਮੁੱਖ ਵਿਰੋਧੀ ਧਿਰ ਕਾਂਗਰਸ ਨੇ ਪਿਛਲੇ ਸਾਢੇ ਚਾਰ ਸਾਲ ਜਨਤਾ ਦੇ ਮਸਲਿਆਂ ਨੂੰ ਸੜਕਾਂ 'ਤੇ ਲਿਆਉਣ ਲਈ ਕੋਈ ਵੀ ਵੱਡਾ ਜਾਂ ਸਾਰਥਕ ਅੰਦੋਲਨ ਨਹੀਂ ਕੀਤਾ। ਉਨ੍ਹਾਂ ਦੀ ਸਿਆਸਤ ਸਿਰਫ਼ ਵਿਧਾਨ ਸਭਾ ਅੰਦਰ ਸ਼ਬਦੀ ਜੰਗ ਲੜਨ ਅਤੇ ਫੇਸਬੁਕ ਜਾਂ ਇੰਸਟਾਗ੍ਰਾਮ 'ਤੇ ਲੜਾਈ ਦਾ ਦਿਖਾਵਾ ਕਰਨ ਤੱਕ ਸੀਮਤ ਰਹੀ ਹੈ।

ਇਸ ਦੇ ਬਾਵਜੂਦ ਉਹ ਇਸ ਵਹਿਮ ਵਿੱਚ ਹਨ ਕਿ ਸੱਤਾਧਾਰੀ ਪਾਰਟੀ ਦੀਆਂ ਨਾਕਾਮੀਆਂ ਕਾਰਨ ਅਗਲੀ ਸਰਕਾਰ ਉਨ੍ਹਾਂ ਦੀ ਹੀ ਬਣੇਗੀ, ਜਦਕਿ ਕਾਂਗਰਸ ਖੁਦ ਅੰਦਰੂਨੀ ਕਾਟੋ-ਕਲੇਸ਼ ਵਿੱਚ ਫਸੀ ਹੋਈ ਹੈ ਅਤੇ ਇਸ ਦਾ ਹਰ ਨੇਤਾ ਆਪਣੇ ਆਪ ਨੂੰ ਅਗਲਾ ਮੁੱਖ ਮੰਤਰੀ ਸਮਝ ਕੇ ਧੜੇਬੰਦੀ ਨੂੰ ਹਵਾ ਦੇ ਰਿਹਾ ਹੈ।

ਦੂਜੇ ਪਾਸੇ, ਕੇਂਦਰ ਦੀ ਸੱਤਾ 'ਤੇ ਕਾਬਜ਼ ਭਾਜਪਾ ਪੱਛਮੀ ਬੰਗਾਲ ਦੀ ਤਰਜ਼ 'ਤੇ ਪੰਜਾਬ ਵਿੱਚ ਵੀ ਜੋੜ-ਤੋੜ ਕਰ ਕੇ ਸਰਕਾਰ ਬਣਾਉਣ ਦਾ ਸੁਪਨਾ ਦੇਖ ਰਹੀ ਹੈ, ਪਰ ਉਨ੍ਹਾਂ ਕੋਲ ਪੰਜਾਬੀਆਂ ਦੇ ਇਸ ਸਵਾਲ ਦਾ ਕੋਈ ਜਵਾਬ ਹੈ ਕਿ ਉਨ੍ਹਾਂ ਨੇ ਸੂਬੇ ਦੇ ਹਿੱਤਾਂ ਲਈ ਕੀ ਕੀਤਾ? ਉਲਟਾ, ਪਾਣੀਆਂ ਦੇ ਮਾਮਲੇ ਵਿੱਚ ਪੰਜਾਬ ਨੂੰ ਬਾਹਰ ਰੱਖ ਕੇ ਹਰਿਆਣਾ ਤੇ ਰਾਜਸਥਾਨ ਨਾਲ ਸਮਝੌਤੇ ਕੀਤੇ ਗਏ ਅਤੇ ਤਿੰਨ ਖੇਤੀ ਕਾਨੂੰਨ ਬਣਾ ਕੇ ਕਿਸਾਨਾਂ ਦੀਆਂ ਜ਼ਮੀਨਾਂ ਕਾਰਪੋਰੇਟਾਂ ਦੇ ਹਵਾਲੇ ਕਰਨ ਦੀ ਕੋਸ਼ਿਸ਼ ਕੀਤੀ ਗਈ।

ਸ਼੍ਰੋਮਣੀ ਅਕਾਲੀ ਦਲ, ਜੋ ਕਦੇ ਸੂਬੇ ਦੇ ਹੱਕਾਂ ਦੀ ਰਾਖੀ ਕਰਨ ਵਾਲੀ ਖੇਤਰੀ ਪਾਰਟੀ ਹੋਣ ਦਾ ਦਾਅਵਾ ਕਰਦਾ ਸੀ, ਖ਼ੁਦਮੁਖਤਿਆਰੀ ਦਾ ਅਲੰਬਰਦਾਰ ਸੀ, ਅੱਜ ਖੁਦ ਟੁੱਟ-ਭੱਜ ਅਤੇ ਖੱਖੜੀਆਂ-ਖੱਖੜੀਆਂ ਹੋਣ ਦੇ ਦੌਰ ਵਿੱਚੋਂ ਲੰਘ ਰਿਹਾ ਹੈ। ਅਕਾਲੀ ਦਲ ਦੀ ਆਪਸੀ ਫੁੱਟ ਅਤੇ ਧਾਰਮਿਕ ਮਾਮਲਿਆਂ ਵਿੱਚ ਬੇਲੋੜੀ ਦਖ਼ਲਅੰਦਾਜ਼ੀ ਕਾਰਨ ਲੋਕਾਂ ਵਿੱਚ ਉਸ ਦਾ ਅਧਾਰ ਖ਼ਤਮ ਹੋ ਰਿਹਾ ਹੈ। ਉਹ ਵੀ ਭਰਮ-ਭੁਲੇਖੇ 'ਚ ਹੈ ਕਿ ਅਗਲਾ ਪੰਜਾਬ ਦਾ ਹੁਕਮਰਾਨ ਉਹ ਹੀ ਹੋਵੇਗਾ।

ਦੂਜੇ ਪਾਸੇ, 'ਵਾਰਿਸ ਪੰਜਾਬ ਦੇ' ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਰਗੀਆਂ ਧਿਰਾਂ ਸਿਰਫ਼ ਸਿੱਖ ਵੋਟਾਂ ਅਤੇ ਭਾਵੁਕ ਮੁੱਦਿਆਂ ਦੇ ਸਿਰ 'ਤੇ ਪੰਜਾਬ ਵਿੱਚ ਸੱਤਾ ਹਾਸਲ ਕਰਨ ਦੇ ਭਰਮ ਪਾਲੀ ਬੈਠੀਆਂ ਹਨ। ਦੁਆਬਾ ਖੇਤਰ ਵਿੱਚ ਸਰਗਰਮ ਬਸਪਾ ਲਈ ਤਾਕਤ ਵਿੱਚ ਆਉਣਾ ਇੱਕ ਨਾਮੁਮਕਿਨ ਸੁਪਨੇ ਵਰਗਾ ਹੈ, ਜਦਕਿ ਉਹ ਵੀ ਪੰਜਾਬ ਦਾ ਸ਼ਾਸਕ ਬਣਨਾ ਲੋਚਦੀ ਹੈ। ਖੱਬੀਆਂ ਧਿਰਾਂ ਵੀ ਸਿਆਸੀ ਮੈਦਾਨ ਵਿੱਚ ਆਪਣੀ ਹੋਂਦ ਬਚਾਉਣ ਲਈ ਸੰਘਰਸ਼ ਕਰ ਰਹੀਆਂ ਹਨ, ਪਰ ਕੋਈ ਵੱਡਾ ਲੋਕ ਉਭਾਰ ਪੈਦਾ ਕਰਨ ਵਿੱਚ ਅਸਮਰਥ ਰਹੀਆਂ ਹਨ, ਜਿਸ ਦੀ ਤਵੱਕੋ ਆਮ ਲੋਕਾਂ ਨੂੰ ਸੀ।

ਇੱਥੇ ਹੀ ਬੱਸ ਨਹੀਂ ਸਿਆਸੀ ਨੇਤਾ ਪਾਰਟੀਆਂ ਬਦਲ ਰਹੇ ਹਨ ਅਤੇ ਇਸ ਤਾਕ ਵਿੱਚ ਹਨ ਕਿ ਉਹਨਾਂ ਨੂੰ ਕਿਸ ਸਿਆਸੀ ਪਾਰਟੀ 'ਚ ਜਾ ਕੇ ਫ਼ਾਇਦਾ ਮਿਲੇਗਾ ਅਤੇ ਉਹ ਅਗਲੇ ਸ਼ਾਸਕ ਬਣ ਸਕਣਗੇ। ਇਹ ਸਵਾਰਥੀ ਨੇਤਾ ਲੋਕ ਹਿੱਤ ਤਿਆਗ ਕੇ, ਆਪਣੇ ਹਿੱਤਾਂ ਦੀ ਪੂਰਤੀ ਲਈ ਯਤਨਸ਼ੀਲ ਹਨ। ਆਇਆ ਰਾਮ-ਗਿਆ ਰਾਮ ਦੀ ਸਿਆਸਤ ਨੇ ਪੰਜਾਬ ਦੇ ਨੇਤਾਵਾਂ ਦੀ ਨੈਤਿਕਤਾ 'ਤੇ ਵੱਡੇ ਸੁਆਲ ਉਠਾਏ ਹਨ।

ਸਭ ਤੋਂ ਵੱਡਾ ਸੁਆਲ ਇਹ ਹੈ ਕਿ ਕੀ ਕੋਈ ਵੀ ਪਾਰਟੀ ਅਗਲੇ 5 ਸਾਲਾਂ ਦਾ ਮੈਨੀਫੈਸਟੋ ਅਤੇ ਉਸ ਨੂੰ ਲਾਗੂ ਕਰਨ ਦਾ ਰੋਡ-ਮੈਪ ਪੇਸ਼ ਕਰਨ ਲਈ ਤਿਆਰ ਹੈ? ਕੀ ਉਨ੍ਹਾਂ ਕੋਲ ਉਜੜ ਰਹੇ ਪੰਜਾਬ ਨੂੰ ਬਚਾਉਣ ਦਾ ਕੋਈ ਪਲਾਨ ਹੈ?

ਜੇਕਰ ਪਿੰਡ ਮਰ ਗਿਆ, ਤਾਂ ਪੰਜਾਬ ਮਰ ਜਾਵੇਗਾ, ਕਿਉਂਕਿ ਪੰਜਾਬ ਦੀ ਰੂਹ ਪਿੰਡ, ਕਿਸਾਨ ਅਤੇ ਖੇਤੀ 'ਤੇ ਹੀ ਨਿਰਭਰ ਹੈ। ਪੰਜਾਬੀਆਂ ਨੂੰ ਮੁਫ਼ਤ ਦੀਆਂ ਸਹੂਲਤਾਂ ਵੰਡ ਕੇ ਮੰਗਤੇ ਬਣਾਉਣ ਦੀ ਬਜਾਏ, ਖੇਤੀ ਅਧਾਰਤ ਕਾਰਖਾਨੇ ਲਗਾ ਕੇ ਜਾਂ ਸਵੈ-ਰੁਜ਼ਗਾਰ ਦੇ ਕੇ ਉਨ੍ਹਾਂ ਨੂੰ ਅਣਖੀ ਬਣਾਉਣ ਦੀ ਕੋਈ ਤਰਕੀਬ ਸਿਆਸੀ ਪਾਰਟੀਆਂ ਕੋਲ ਨਜ਼ਰ ਨਹੀਂ ਆਉਂਦੀ।

ਪੰਜਾਬ ਦਾ ਇਤਿਹਾਸ ਜ਼ੁਲਮ ਵਿਰੁੱਧ ਲੜਨ ਅਤੇ ਸਵਾਲਾਂ ਦੇ ਜਵਾਬ ਮੰਗਣ ਦਾ ਇਤਿਹਾਸ ਹੈ। ਸਿਆਸੀ ਧਿਰਾਂ ਨੂੰ ਆਪਣੇ ਭਰਮ-ਭੁਲੇਖੇ ਛੱਡ ਕੇ ਪੰਜਾਬ ਦੇ ਅਸਲ ਹਿਤੈਸ਼ੀ ਹੋਣ ਦਾ ਸਬੂਤ ਦੇਣਾ ਪਵੇਗਾ, ਤਾਂ ਜੋ ਪੰਜਾਬ ਦੇ ਜ਼ਖ਼ਮ ਭਰ ਸਕਣ ਅਤੇ ਪੰਜਾਬੀ ਮੁੜ ਅਣਖ ਨਾਲ ਜਿਊਣ ਦੇ ਕਾਬਲ ਹੋ ਸਕਣ।

# ਸੰਪਰਕ : 98158-02070

# ਹੜ੍ਹ, ਪ੍ਰਬੰਧਨ ਅਤੇ ਮਾਰੂ ਪ੍ਰਭਾਵ

ਸੁਖਪਾਲ ਸਿੰਘ ਗਿੱਲ

ਰਸਲ ਆਨਰ ਨਾਂਅ ਦੇ ਦਾਰਸ਼ਨਿਕ ਨੇ ਕਿਹਾ ਸੀ, 'ਵੇਲੇ ਸਿਰ ਕੀਤੇ ਇੰਤਜ਼ਾਮ ਹੀ ਪੂਰੀਆਂ ਪਾਉਂਦੇ ਹਨ।' ਇਹ ਵਰਤਾਰਾ ਉੱਤਰੀ ਭਾਰਤ ਵਿੱਚ ਖਾਸ ਤੌਰ 'ਤੇ ਪੰਜਾਬ ਨਾਲ ਹੜ੍ਹਾਂ ਸਬੰਧੀ ਵਾਪਰਦਾ ਰਹਿੰਦਾ ਹੈ। ਦੂਜੇ ਬੰਨੇ ਇਹ ਵੀ ਹੈ ਕਿ ਕੁਦਰਤੀ ਆਫਤ ਅੱਗੇ ਜ਼ੋਰ ਵੀ ਨਹੀਂ ਹੁੰਦਾ। ਇੱਕ ਪਹਿਲੂ ਇਹ ਵੀ ਹੈ ਕਿ ਵੇਲਾ ਬੀਤਣ ਤੋਂ ਬਾਅਦ ਸਾਡਾ ਸੁਭਾਅ ਜਾਗਣ ਦਾ ਹੁੰਦਾ। ਹੈਮਨ ਇਨਕੁਆਇਰੀ ਕਮਿਸ਼ਨ ਨੇ 1944 ਵਿੱਚ ਕਿਹਾ ਸੀ, 'ਮੀਂਹ ਵਾਲਾ ਜਲ ਸਿਰਫ ਕੁਦਰਤੀ ਜਾਂ ਢੁਕਵੇਂ ਮਨਸੂਈ ਜਲ ਕੁੰਡਾਂ ਰਾਹੀਂ ਸਾਂਭਿਆ ਜਾ ਸਕਦਾ ਹੈ। ਆਉਣ ਵਾਲੇ ਸਮੇਂ ਵਿੱਚ ਜਲ ਸੰਕਟ ਅਤੇ ਹੜ੍ਹ ਸੁਰੱਖਿਆ ਦੇ ਟਕਸਾਲੀ ਉਪਾਅ ਹਿਤ ਸਿਰਫ ਕੁਦਰਤੀ ਜਲ ਕੁੰਡਾਂ, ਜਿਵੇਂ ਛੰਭਾਂ ਢਾਬਾਂ, ਟੋਇਆਂ, ਟੋਬਿਆਂ ਵਗੈਰਾ ਅਤੇ ਕੁਦਰਤੀ ਜਲ ਵਹਿਣਾ ਤੇ ਸਮਰੱਥ ਯੋਜਨਾਵਾਂ ਹੀ ਕਾਰਗਰ ਹਨ। ਪਾਣੀ ਦਾ ਸਿਰਫ ਇਹਨਾਂ ਰਾਹੀਂ ਹੀ ਧਰਤੀ 'ਚ ਸੰਚਾਰ ਕਰਵਾਇਆ ਜਾ ਸਕਦਾ ਹੈ ਜਾਂ ਬਹੁਪੱਖੀ ਕਾਰਜਾਂ ਲਈ ਸਾਂਭਿਆ ਜਾ ਸਕਦਾ ਹੈ।' ਇਸ ਵਾਰ ਜੂਨ ਦੇ ਪਹਿਲੇ ਹਫਤੇ ਪਈ ਬਾਰਿਸ਼ ਨੇ ਪਿਛਲੇ ਸਾਲ ਪਏ ਮੀਂਹ ਅਤੇ ਹੜ੍ਹਾਂ ਦੀ ਯਾਦ ਤਾਜ਼ਾ ਕਰਵਾ ਦਿੱਤੀ। ਇਸ ਮੀਂਹ ਨੇ ਗਰਮੀ ਤੋਂ ਰਾਹਤ ਤਾਂ ਦਿੱਤੀ, ਪਰ ਹੜ੍ਹਾਂ ਦੀਆਂ ਸੰਭਾਵਨਾਵਾਂ ਵੀ ਪੈਦਾ ਕਰ ਦਿੱਤੀਆਂ।ਸਾਲ 2025 ਵਿੱਚ 1988 ਤੋਂ ਬਾਅਦ ਸਭ ਤੋਂ ਭੈ-ਭੀਤ ਕਰਨ ਵਾਲਾ ਹੜ੍ਹ ਆਇਆ ਸੀ। ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਸੀ। ਡੈਮਾਂ 'ਚ ਪਾਣੀ ਖਤਰੇ ਦੇ ਨਿਸ਼ਾਨ ਵੱਲ ਹੋ ਗਿਆ ਸੀ। ਲੋਕਾਂ ਵਿਚ ਸਹਿਮ 1988 ਦੀ ਤਰਜ਼ 'ਤੇ ਸੀ। ਪਿਛਲੇ ਸਾਲ 26 ਸਤੰਬਰ 2025 ਨੂੰ ਰਣਜੀਤ ਸਾਗਰ ਡੈਮ ਤੋਂ ਲਗਭਗ 1.10 ਲੱਖ ਕਿਊਸਕ ਪਾਣੀ ਛੱਡਿਆ ਗਿਆ, ਜਿਸ ਨੇ ਹੜ੍ਹ ਦਾ ਖਤਰਾ ਵਧਾ ਕੇ ਫਿਰੋਜ਼ਪੁਰ ਅਤੇ ਗੁਰਦਾਸਪੁਰ ਆਦਿ ਨੂੰ ਹੜ੍ਹਾਂ ਦੀ ਮਾਰ ਹੇਠ ਕਰ ਦਿੱਤਾ। ਅਗਸਤ 2026 ਵਿੱਚ ਹੀ ਹੁਸ਼ਿਆਰਪੁਰ ਬੰਨ੍ਹ ਟੁੱਟ ਗਿਆ। ਇਸ ਨਾਲ 35 ਪਿੰਡ ਹੜ੍ਹ ਦੀ ਮਾਰ ਹੇਠ ਆ ਗਏ। 36000 ਏਕੜ ਖੜੀ ਹੋਈ ਝੋਨੇ ਦੀ ਫਸਲ ਡੁੱਬੀ। ਕਿਸਾਨਾਂ ਦਾ ਸਾਉਣੀ ਸੀਜ਼ਨ ਬਰਬਾਦ ਹੀ ਹੋ ਗਿਆ ਸੀ। ਕਿਸਾਨ ਆਫਤਾਂ ਦਰਿਆਫਤਾਂ ਵਿੱਚ ਘਿਰ ਕੇ ਰਹਿ ਗਏ। ਪੰਜਾਬ 'ਚ 6.64 ਟਰੈਕਟਰ ਹਨ। 8 ਜ਼ਿਲਿਆਂ ਵਿੱਚ 1.97 ਲੱਖ ਟਰੈਕਟਰਾਂ ਨੇ ਹੜ੍ਹ ਵਿੱਚ ਕੰਮ ਕੀਤਾ। ਸਭ ਤੋਂ ਵੱਧ ਫਿਰੋਜ਼ਪੁਰ ਜ਼ਿਲੇ ਵਿੱਚ 55332 ਟਰੈਕਟਰ ਹੜ੍ਹ 'ਚ ਕੰਮ ਆਏ। ਸਾਡੇ ਲੀਡਰਾਂ ਅਤੇ ਅਫਸਰਾਂ ਦੀ ਸਵਾਰੀ ਵੀ ਖੇਤਾਂ ਦੇ ਰਾਜੇ ਟਰੈਕਟਰ ਹੀ ਬਣੇ ਰਹੇ।

ਹੜ੍ਹ ਨੂੰ ਕੁਦਰਤ ਦੇ ਬੰਨੇ ਸੁੱਟ ਕੇ ਆਪਣਾ ਖਹਿੜਾ ਛੁਡਵਾਣਾ ਚੰਗਾ ਵੀ ਨਹੀਂ ਹੁੰਦਾ। ਆਪਣਾ ਪਿਛੋਕੜ ਵੀ ਦੇਖਣਾ ਚਾਹੀਦਾ ਹੈ। ਹੜ੍ਹਾਂ ਤੋਂ ਬਚਣ ਲਈ ਕੀਤੇ ਉਪਰਾਲੇ ਪੁੰਨ ਦਾ ਕੰਮ ਹੁੰਦਾ ਹੈ। ਹੜ੍ਹ ਸੰਬੰਧੀ ਉਪਰਾਲਿਆਂ 'ਚ ਢਿੱਲ ਸਾਡੀ ਭਵਿੱਖੀ ਬਦਕਿਸਮਤੀ ਨਾਲ ਜੁੜ ਜਾਂਦਾ ਹੈ। ਹੜ੍ਹ, ਪ੍ਰਬੰਧਨ ਅਤੇ ਇਹਨਾਂ ਦੇ ਮਾਰੂ ਪ੍ਰਭਾਵ ਇੱਕ-ਦੂਜੇ ਨਾਲ ਜੁੜ ਕੇ ਆਰਥਿਕਤਾ ਨੂੰ ਸੱਟ ਮਾਰਦੇ ਹਨ। ਹੜ੍ਹ ਆਉਂਦੇ ਸਾਰ ਹੀ ਮਨੁੱਖੀ ਜੀਵਨ ਦੀ ਬੇਕਾਬੂ ਗਾਥਾ ਲਿਖਦੇ ਹਨ। ਇਸ ਲਈ ਕੁਦਰਤੀ ਆਫਤ ਦਾ ਮੁੱਢ ਬੱਝਦਾ ਹੈ।ਹਰ ਇੱਕ ਮੌਸਮੀ ਆਫਤ ਪਿੱਛੇ ਸਾਡੀ ਅਣਗਹਿਲੀ ਵੀ ਜੁੜੀ ਹੁੰਦੀ ਹੈ। ਇਸ ਨਾਲ ਵੀ ਹੜ੍ਹ ਆਉਂਦੇ ਹਨ। ਹੜ੍ਹ ਦਾ ਪਾਣੀ ਸੱਚ ਵਾਂਗ ਆਪਣੇ ਰਸਤੇ ਅਖਤਿਆਰ ਕਰ ਲੈਂਦਾ ਹੈ। ਫਿਰ ਕੁਦਰਤ ਨੂੰ ਕਾਹਦਾ ਦੋਸ਼ੀ ਕਹੀਏ। ਹੜ੍ਹਾਂ ਦੀਆਂ ਪ੍ਰਸਥਿਤੀਆਂ ਅਤੇ ਸਥਿਤੀਆਂ ਵਿੱਚ ਕੋਈ ਵੀ ਬਚ ਨਹੀਂ ਸਕਦਾ।

ਹਰ ਮਨੁੱਖ ਦਾ ਫਰਜ਼ ਹੈ ਕਿ ਹੜ੍ਹ ਦੀ ਆਫਤ ਸਮੇਂ ਆਪਣੀਆਂ ਭਾਵਨਾਵਾਂ, ਧਾਰਨਾਵਾਂ ਅਤੇ ਸ਼ਕਤੀ ਨੂੰ ਇਮਾਨਦਾਰੀ ਨਾਲ ਲਾਗੂ ਕਰਨ। ਹੜ੍ਹ ਵਿੱਚ ਮਾਨਵ ਭਲਾਈ ਲਈ ਜੁੱਟਣਾ ਪੁੰਨ ਕਰਮ ਹੁੰਦਾ ਹੈ। ਹੜ੍ਹ 'ਚ ਸਾਡੀ ਲਾਪਰਵਾਹੀ ਅਗਿਆਨਤਾ ਵੀ ਕੰਮ ਕਰਦੀ ਹੈ। ਦੂਜੇ ਸੂਬੇ ਪਾਣੀ ਮੰਗਦੇ ਹਨ, ਜਦੋਂ ਹੜ੍ਹ ਆਉਂਦਾ ਹੈ ਤਾਂ ਚੁੱਪ ਧਾਰ ਲੈਂਦੇ ਹਨ। ਕੀ ਡੁੱਬਣ ਨੂੰ ਪੰਜਾਬ ਹੀ ਰਹਿ ਗਿਆ ਹੈ? ਪੰਜਾਬ ਦੇ ਕਰੋੜਾਂ ਦੇ ਨੁਕਸਾਨ ਵੀ ਹੋਏ। ਘੱਗਰ, ਸਤਲੁਜ ਅਤੇ ਭਾਖੜਾ ਹੜ੍ਹ ਆਉਂਦੇ ਸਾਰੇ ਹੀ ਚਰਚਾ ਵਿੱਚ ਆ ਜਾਂਦੇ ਹਨ। ਪਿਛਲੇ ਸਾਲ ਰਾਵੀ ਵੀ ਨਾਲ ਰਲ ਗਈ ਸੀ।

ਰਾਸ਼ਟਰੀ ਹੜ੍ਹ ਆਯੋਗ ਦੇ ਅਨੁਸਾਰ ਹਰ ਸਾਲ 400 ਲੱਖ ਹੈਕਟਅਰ ਰਕਬਾ ਹੜ੍ਹ ਪ੍ਰਭਾਵਤ ਕਰਦੇ ਹਨ। ਸਤੰਬਰ 1988 ਦੇ ਹੜ੍ਹ ਨੂੰ ਰਾਜਨੀਤਕ ਪੱਖ ਨੇ ਵੀ ਝੰਜੋੜ ਕੇ ਰੱਖ ਦਿੱਤਾ ਸੀ।ਕੁਦਰਤੀ ਆਫਤ ਵਿੱਚ ਸਫਲ ਸੁਰੱਖਿਆ ਨਾਲ ਨਿਕਲ ਜਾਣਾ ਹੀ ਮਹਾਨਤਾ ਅਤੇ ਪਰਉਪਕਾਰ ਸਮਝਿਆ ਜਾਂਦਾ ਹੈ।ਇਹ ਹੜ੍ਹ ਹਾਲਤਾਂ ਵਿੱਚ ਲਾਗੂ ਹੁੰਦਾ ਹੈ। ਹੜ੍ਹ ਜੀਵਨ ਦੀ ਗਤੀ ਨੂੰ ਰੋਕ ਦਿੰਦੇ ਹਨ। ਜੰਗਲਾਂ ਅਤੇ ਪਹਾੜਾਂ ਦੀ ਕਟਾਈ ਦੇ ਕਰਕੇ ਹੀ 111 ਕਰੋੜ ਏਕੜ ਹੜ੍ਹ ਦੀ ਮਾਰ ਹੇਠ ਆ ਜਾਂਦਾ ਹੈ।ਇਹ ਖੁਦ ਸਹੇੜੀ ਅਲਾਮਤ ਹੀ ਹੈ। 2025 ਵਿੱਚ ਗੁਆਂਢੀ ਸੂਬੇ ਹਿਮਾਚਲ ਵਿੱਚ 63 ਜਾਨਾਂ ਗਈਆਂ। 400 ਕਰੋੜ ਦਾ ਮਾਲੀ ਨੁਕਸਾਨ ਹੋਇਆ ਸੀ। ਪੰਜਾਬ ਦੇ ਨੁਕਸਾਨ ਦਾ ਤਾਂ ਅੰਤ ਹੀ ਨਹੀਂ ਰਿਹਾ ਸੀ। ਸਭ ਗਿਣਤੀਆਂ-ਮਿਣਤੀਆਂ ਫੇਲ੍ਹ ਕਰ ਗਿਆ ਸੀ। ਹਰਿਆਣਾ, ਪੰਜਾਬ ਅਤੇ ਹੋਰ ਸੂਬੇ ਜਦ ਹੜ੍ਹ ਪ੍ਰਭਾਵਤ ਹੋ ਜਾਂਦੇ ਹਨ ਤਾਂ ਕਿਸਾਨੀ ਦੀ ਹਾਲਤ ਤਰਸਯੋਗ ਹੋ ਜਾਂਦੀ ਹੈ। ਕਿਸਾਨ ਰਾਹਤਾਂ ਭਾਲਦੇ ਹਨ। ਕੇਂਦਰ ਰਾਹਤਾਂ ਨੂੰ ਵਿਕੇਂਦਰੀਕਰਨ ਦੀ ਬਜਾਏ ਕੇਂਦਰੀਕਰਨ ਰੱਖਦਾ ਹੈ।

ਹਰਿਆਣਾ, ਪੰਜਾਬ 'ਚ ਖੇਤੀਬਾੜੀ ਕਰਜ਼ਾ ਹਰ ਸਾਲ ਲਗਾਤਾਰ ਪ੍ਰਤੀ ਪਰਵਾਰ 2.03 ਲੱਖ ਅਤੇ 1.83 ਲੱਖ ਰੁਪਏ ਬਣਦਾ ਹੈ। ਪੰਜਾਬ ਅਤੇ ਹਰਿਆਣਾ ਦੇਸ਼ ਦੇ ਖੇਤੀ ਵਾਲੇ ਸੂਬੇ ਹਨ। ਇਸ ਕਰਕੇ ਬਾਕੀ ਕਰਜ਼ੇ ਸੰਬੰਧੀ ਬਾਕੀ ਸੂਬੇ ਤੀਜੇ ਤੇ ਚੌਥੇ ਸਥਾਨ 'ਤੇ ਆਉਂਦੇ ਹਨ, ਜਦੋਂ ਕਿ ਕੌਮੀ ਔਸਤ 74,121 ਹੈ। ਫਿਰ ਸੋਚੋ ਜੇ ਹੜ੍ਹ ਆ ਜਾਣ ਤਾਂ ਕਿੰਨਾ ਨੁਕਸਾਨ ਹੋ ਜਾਂਦਾ ਹੈ। ਕਿਸਾਨ ਹੋਰ ਕਰਜ਼ਾਈ ਹੋ ਜਾਂਦਾ ਹੈ।ਸਰਕਾਰਾਂ ਹੱਥ ਘੁੱਟਦੀਆਂ ਰਹਿੰਦੀਆਂ ਹਨ। ਇਹ ਸਰਕਾਰ ਦਾ ਫਰਜ਼ ਹੁੰਦਾ ਹੈ ਅਹਿਸਾਨ ਨਹੀਂ ਹੁੰਦਾ।

ਮੌਸਮ ਵਿਭਾਗ ਦੀਆਂ ਭਵਿੱਖਵਾਣੀਆਂ ਅਤੇ ਪਰੰਪਰਾਵਾਂ ਅਨੁਸਾਰ ਅਗਾਊਂ ਪ੍ਰਬੰਧ ਕਰਨਾ ਸਰਕਾਰ ਦਾ ਫਰਜ਼ ਹੁੰਦਾ ਹੈ। ਲੋਕ ਆਫਤਾਂ ਦੀ ਭਵਿੱਖਬਾਣੀ ਕਰਕੇ ਚਿੰਤਾ ਮੁਕਤ ਨਹੀਂ ਹੋ ਸਕਦੇ। ਇਸ ਤਰਾਂ ਆਫਤ ਸਮੇਂ ਸਰਕਾਰ ਨੂੰ ਵੀ ਲੋਕਾਂ ਦੀ ਲੋੜ ਹੁੰਦੀ ਹੈ। ਪੰਜਾਬ ਨੂੰ ਲੰਮੇ ਸਮੇਂ ਵਾਲੇ ਹੜ੍ਹ ਪ੍ਰਬੰਧ ਦੀ ਬੇਹੱਦ ਲੋੜ ਹੰਦੀ ਹੈ। ਮੌਸਮ, ਪ੍ਰਕਿਰਤੀ ਅਤੇ ਜਲਵਾਯੂ ਅਨੁਸਾਰ ਬੁਨਿਆਦੀ ਢਾਂਚੇ ਦੀ ਲੋੜ ਹੈ।ਸੂਬੇ ਨੂੰ ਹੜ੍ਹ ਦੇ ਚੱਕਰਵਿਊ ਵਿੱਚੋਂ ਬਚਾਉਣਾ ਭਵਿੱਖੀ ਰਣਨੀਤੀ ਦਾ ਹਿੱਸਾ ਹੋਣਾ ਚਾਹੀਦਾ ਹੈ। ਹੜ੍ਹਾਂ ਦੀ ਆਫਤ ਤੇ ਕੇਂਦਰੀ ਸਹਾਇਤਾ ਦਾਨ ਨਹੀਂ ਫਰਜ਼ ਹੁੰਦਾ ਹੈ। ਹੜ੍ਹ ਆਫਤ ਸਮੇਂ ਕੇਂਦਰ ਦੀ ਸੋਚ ਉਸਾਰੂ ਅਤੇ ਅਗਾਂਹਵਧੂ ਹੋਣੀ ਚਾਹੀਦੀ ਹੈ, ਨਾ ਕਿ ਐਲਾਨਨਾਮੇ ਤੱਕ ਸੀਮਤ ਹੋਣੀ ਚਾਹੀਦੀ ਹੈ। ਅਜੇ ਪਿਛਲੇ ਸਾਲ ਦੇ ਹੜ੍ਹਾਂ ਦੇ ਜ਼ਖਮ ਤਾਬ ਨਹੀਂ ਆਏ।ਇਸ ਲਈ ਹੜ੍ਹ ਆਫਤ ਨੂੰ ਰੋਕਣ, ਪ੍ਰਬੰਧਨ ਅਤੇ ਪ੍ਰਭਾਵ ਲਈ ਪੁਖਤਾ ਇੰਤਜ਼ਾਮਾਂ ਦੀ ਖਾਸ ਲੋੜ ਹੈ। ਹੜ੍ਹ ਦੀ ਮਾਰ ਲਈ ਢੁਕਵਾਂ ਵਿਕਲਪ ਅੱਜ ਸਮੇਂ ਦੀ ਮੰਗ ਹੈ। ਇਸ ਲਈ ਹੜ੍ਹ ਪ੍ਰਬੰਧਨ ਅਤੇ ਹੜ੍ਹ ਦਾ ਮੁਕਾਬਲਾ ਕਰਨ ਲਈ ਲੋਕ ਲਹਿਰ ਦੀ ਉਸਾਰੀ ਵੀ ਹੋਣੀ ਚਾਹੀਦੀ ਹੈ।

# ਸੰਪਰਕ : 98781-11445

## 100ਵੀਂ ਸ਼ਹੀਦੀ ਵਰ੍ਹੇਗੰਢ

# ਗੁਰਦੁਆਰਾ ਲਹਿਰ ਦੇ ਮਾਰਗ-ਦਰਸ਼ਕ ਸ਼ਹੀਦ ਤੇਜਾ ਸਿੰਘ ਸਮੁੰਦਰੀ

ਪ੍ਰੋ. (ਡਾ.) ਕਰਮਜੀਤ ਸਿੰਘ

ਸਿੱਖ ਇਤਿਹਾਸ ਵਿੱਚ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਸਥਾਨ ਉਨ੍ਹਾਂ ਮਹਾਨ ਆਗੂਆਂ ਵਿੱਚ ਹੈ, ਜਿਨ੍ਹਾਂ ਆਪਣੇ ਲਈ ਨਹੀਂ, ਸਗੋਂ ਪੰਥ, ਸੰਸਥਾਵਾਂ ਅਤੇ ਸਿਧਾਂਤਾਂ ਲਈ ਜੀਵਨ ਸਮਰਪਿਤ ਕੀਤਾ। 17 ਜੁਲਾਈ 2026 ਨੂੰ ਉਨ੍ਹਾ ਦੀ ਸ਼ਹੀਦੀ ਦੇ 100 ਸਾਲ ਪੂਰੇ ਹੋ ਰਹੇ ਹਨ। ਇਹ ਕੇਵਲ ਇੱਕ ਇਤਿਹਾਸਕ ਵਰ੍ਹੇਗੰਢ ਨਹੀਂ, ਸਗੋਂ ਇਹ ਸੋਚਣ ਦਾ ਮੌਕਾ ਵੀ ਹੈ ਕਿ ਕੀ ਅਸੀਂ ਉਨ੍ਹਾ ਦੇ ਜੀਵਨ ਤੋਂ ਮਿਲਦੇ ਸਬਕਾਂ ਨੂੰ ਅਪਣਾਇਆ ਹੈ। ਅੱਜ 'ਤੇਜਾ ਸਿੰਘ ਸਮੁੰਦਰੀ ਹਾਲ' ਸਿਰਫ਼ ਇੱਕ ਇਮਾਰਤ ਨਹੀਂ, ਸਗੋਂ ਉਸ ਆਗੂ ਦੀ ਵਿਰਾਸਤ ਦਾ ਪ੍ਰਤੀਕ ਹੈ ਜਿਸ ਨੇ ਸਾਬਤ ਕੀਤਾ ਕਿ ਸੰਸਥਾਵਾਂ ਵਿਅਕਤੀਆਂ ਨਾਲੋਂ ਵੱਡੀਆਂ ਹੁੰਦੀਆਂ ਹਨ।

ਜੇ ਬਾਬਾ ਖੜਕ ਸਿੰਘ ਗੁਰਦੁਆਰਾ ਸੁਧਾਰ ਲਹਿਰ ਦੀ ਆਵਾਜ਼ ਸਨ, ਤਾਂ ਸਰਦਾਰ ਤੇਜਾ ਸਿੰਘ ਸਮੁੰਦਰੀ ਉਸ ਲਹਿਰ ਦੇ ਨੈਤਿਕ ਥੰਮ੍ਹ ਅਤੇ ਅਨੁਸ਼ਾਸਿਤ ਰਣਨੀਤੀਕਾਰ ਸਨ। 20 ਫਰਵਰੀ 1882 ਨੂੰ ਬੁਰਜ ਰਾਇ ਕਾ (ਤਰਨ ਤਾਰਨ) ਵਿੱਚ ਜਨਮੇ ਸਮੁੰਦਰੀ ਜੀ ਨੇ ਬਰਤਾਨਵੀ ਫੌਜ ਵਿੱਚੋਂ ਪ੍ਰਾਪਤ ਅਨੁਸ਼ਾਸਨ ਅਤੇ ਸੰਗਠਨ-ਕੌਸ਼ਲ ਨੂੰ ਪੰਥ ਦੀ ਸੇਵਾ ਲਈ ਸਮਰਪਤ ਕਰ ਦਿੱਤਾ। ਉਨ੍ਹਾ ਦਾ ਵਿਸ਼ਵਾਸ ਸੀ ਕਿ ਕੋਈ ਵੀ ਅੰਦੋਲਨ ਤਦੋਂ ਹੀ ਸਫ਼ਲ ਹੁੰਦਾ ਹੈ, ਜਦੋਂ ਉਹ ਨੈਤਿਕਤਾ, ਅਨੁਸ਼ਾਸਨ ਅਤੇ ਗੁਰਮਤਿ ਦੇ ਸਿਧਾਂਤਾਂ 'ਤੇ ਆਧਾਰਿਤ ਹੋਵੇ।

ਗੁਰਦੁਆਰਾ ਸੁਧਾਰ ਲਹਿਰ ਦੇ ਹਰ ਮਹੱਤਵਪੂਰਨ ਪੜਾਅ—ਰਕਾਬ ਗੰਜ, ਚਾਬੀਆਂ ਦਾ ਮੋਰਚਾ, ਗੁਰੂ ਕਾ ਬਾਗ਼, ਜੈਤੋ ਅਤੇ ਨਾਭਾ ਅੰਦੋਲਨ ਵਿੱਚ ਉਨ੍ਹਾ ਦੀ ਦੂਰਅੰਦੇਸ਼ੀ ਸਪੱਸ਼ਟ ਦਿਖਾਈ ਦਿੰਦੀ ਹੈ। ਰਕਾਬ ਗੰਜ ਦੇ ਮਾਮਲੇ ਨੂੰ ਉਨ੍ਹਾਂ ਨੇ ਸਿੱਖ ਸਵੈ-ਮਾਣ ਅਤੇ ਧਾਰਮਿਕ ਅਧਿਕਾਰਾਂ ਦਾ ਪ੍ਰਸ਼ਨ ਬਣਾਇਆ, ਜਦਕਿ 1921 ਦੇ ਚਾਬੀਆਂ ਦੇ ਮੋਰਚੇ ਵਿੱਚ ਉਨ੍ਹਾ ਦੀ ਸ਼ਾਂਤਮਈ ਅਤੇ ਅਨੁਸ਼ਾਸਿਤ ਅਗਵਾਈ ਨੇ ਸਰਕਾਰ ਨੂੰ ਚਾਬੀਆਂ ਵਾਪਸ ਕਰਨ ਲਈ ਮਜਬੂਰ ਕੀਤਾ। ਮਹਾਤਮਾ ਗਾਂਧੀ ਨੇ ਇਸ ਨੂੰ ਭਾਰਤੀ ਆਜ਼ਾਦੀ ਅੰਦੋਲਨ ਦੀ ਪਹਿਲੀ ਇੱਕ ਮਹੱਤਵਪੂਰਨ ਨੈਤਿਕ ਜਿੱਤ ਕਰਾਰ ਦਿੱਤਾ।

ਗੁਰੂ ਕਾ ਬਾਗ਼ ਮੋਰਚੇ ਦੌਰਾਨ ਵੀ ਉਨ੍ਹਾ ਹਜ਼ਾਰਾਂ ਅਕਾਲੀਆਂ ਨੂੰ ਬ੍ਰਿਟਿਸ਼ ਹਕੂਮਤ ਦੇ ਬੇਤਹਾਸ਼ਾ ਜ਼ੁਲਮ ਦੇ ਬਾਵਜੂਦ ਅਹਿੰਸਕ ਅਤੇ ਅਨੁਸ਼ਾਸਿਤ ਬਣਾਈ ਰੱਖਿਆ। ਜੈਤੋ ਅਤੇ ਨਾਭਾ ਅੰਦੋਲਨਾਂ ਵਿੱਚ ਉਨ੍ਹਾ ਸਪੱਸ਼ਟ ਕੀਤਾ ਕਿ ਸਿਧਾਂਤਾਂ ਨਾਲ ਸਮਝੌਤਾ ਕਰਕੇ ਮਿਲੀ ਜਿੱਤ ਅਸਲ ਜਿੱਤ ਨਹੀਂ ਹੁੰਦੀ। 17 ਜੁਲਾਈ 1926 ਨੂੰ ਲਾਹੌਰ ਜੇਲ੍ਹ ਵਿੱਚ ਉਨ੍ਹਾ ਦੀ ਮੌਤ ਨੂੰ ਸਿੱਖ ਕੌਮ ਨੇ ਸ਼ਹਾਦਤ ਵਜੋਂ ਸਵੀਕਾਰਿਆ, ਕਿਉਂਕਿ ਉਨ੍ਹਾ ਸਰਕਾਰ ਵਲੋਂ ਅਕਾਲੀ ਆਗੂਆਂ ਨੂੰ ਜ਼ਲੀਲ ਕਰਨ ਦੀ ਮਨਸ਼ਾ ਤਹਿਤ ਉਨ੍ਹਾਂ ਦੀ ਰਿਹਾਈ ਤੋਂ ਪਹਿਲਾਂ ਗੁਰਦੁਆਰਾ ਐਕਟ ਨੂੰ ਲਿਖਤੀ ਰੂਪ ਵਿਚ ਪ੍ਰਵਾਨ ਕਰਨ ਦਾ ਵਾਅਦਾ ਕਰਨ ਤੋਂ ਇਨਕਾਰ ਕਰਕੇ ਜੇਲ੍ਹ ਵਿਚ ਰਹਿਣਾ ਬਿਹਤਰ ਸਮਝਿਆ ਸੀ ਅਤੇ ਉੱਥੇ ਹੀ ਸ਼ਹੀਦੀ ਪ੍ਰਾਪਤ ਕੀਤੀ। ਇਸ ਤਰ੍ਹਾਂ ਉਹ ਜ਼ਿੰਦਗੀ ਦੇ ਅੰਤਮ ਸੁਆਸ ਤੱਕ ਪੰਥ ਅਤੇ ਸੱਚ ਨੂੰ ਸਮਰਪਤ ਰਹੇ।

ਉਨ੍ਹਾਂ ਦੀ ਨਿਸ਼ਕਾਮ ਸੇਵਾ ਦਾ ਸਭ ਤੋਂ ਉੱਚਾ ਉਦਾਹਰਨ ਉਹ ਸੀ, ਜਦੋਂ ਗੁਰਦੁਆਰਾ ਸੁਧਾਰ ਲਹਿਰ ਦੀ ਕਾਨੂੰਨੀ ਲੜਾਈ ਲਈ ਉਨ੍ਹਾ ਨੇ ਆਪਣੀ ਜ਼ਮੀਨ ਗਿਰਵੀ ਰੱਖ ਕੇ ਆਰਥਿਕ ਸਹਾਇਤਾ ਦਿੱਤੀ ਅਤੇ ਬਾਅਦ ਵਿੱਚ ਉਹ ਰਕਮ ਵਾਪਸ ਲੈਣ ਤੋਂ ਵੀ ਇਨਕਾਰ ਕਰ ਦਿੱਤਾ। ਇਸ ਨਾਲ ਉਨ੍ਹਾ ਸਾਬਤ ਕੀਤਾ ਕਿ ਸੱਚੀ ਸੇਵਾ ਦਾ ਆਧਾਰ ਤਿਆਗ ਹੁੰਦਾ ਹੈ, ਨਾ ਕਿ ਪ੍ਰਸਿੱਧੀ।

ਸਾਦਗੀ, ਇਮਾਨਦਾਰੀ, ਅਨੁਸ਼ਾਸਨ ਅਤੇ ਸਿਧਾਂਤਾਂ ਪ੍ਰਤੀ ਅਟੱਲ ਵਚਨਬੱਧਤਾ ਨੇ ਉਨ੍ਹਾ ਨੂੰ ਪੰਥ ਦੇ ਸਭ ਤੋਂ ਭਰੋਸੇਯੋਗ ਆਗੂਆਂ ਵਿੱਚ ਸ਼ਾਮਲ ਕੀਤਾ। 1923 ਵਿੱਚ ਸ੍ਰੀ ਹਰਿਮੰਦਰ ਸਾਹਿਬ ਦੀ ਕਾਰ ਸੇਵਾ ਲਈ ਉਨ੍ਹਾ ਨੂੰ ਪੰਜ ਪਿਆਰਿਆਂ ਵਿੱਚ ਸ਼ਾਮਲ ਕੀਤਾ ਜਾਣਾ ਉਨ੍ਹਾ ਦੇ ਚਰਿੱਤਰ ਪ੍ਰਤੀ ਪੰਥ ਦੇ ਵਿਸ਼ਵਾਸ ਦੀ ਮੋਹਰ ਸੀ।

ਗੁਰਦੁਆਰਾ ਸੁਧਾਰ ਲਹਿਰ ਸਿਰਫ਼ ਧਾਰਮਿਕ ਪ੍ਰਬੰਧ ਦੇ ਸੁਧਾਰ ਦੀ ਲਹਿਰ ਨਹੀਂ ਸੀ, ਇਹ ਲੋਕ-ਭਾਗੀਦਾਰੀ, ਸਿਧਾਂਤਕ ਅਗਵਾਈ, ਸੰਸਥਾ-ਨਿਰਮਾਣ ਅਤੇ ਪੰਥਕ-ਅਧਿਕਾਰਾਂ ਦੀ ਲੜਾਈ ਸੀ। ਇਸ ਲਹਿਰ ਵਿੱਚ ਸਰਦਾਰ ਤੇਜਾ ਸਿੰਘ ਸਮੁੰਦਰੀ ਨੇ ਜੋ ਭੂਮਿਕਾ ਨਿਭਾਈ, ਉਸ ਦੀ ਵਿਸ਼ੇਸ਼ਤਾ ਇਹ ਸੀ ਕਿ ਉਨ੍ਹਾ ਕਦੇ ਵੀ ਆਪਣੇ ਆਪ ਨੂੰ ਕੇਂਦਰ ਵਿੱਚ ਨਹੀਂ ਰੱਖਿਆ। ਉਨ੍ਹਾਂ ਲਈ ਵਿਅਕਤੀ ਨਹੀਂ, ਸੰਸਥਾ ਮਹੱਤਵਪੂਰਨ ਸੀ, ਅਹੁਦਾ ਨਹੀਂ, ਸਿਧਾਂਤ ਵੱਡੇ ਸਨ ਅਤੇ ਨਿੱਜੀ ਪ੍ਰਸਿੱਧੀ ਨਹੀਂ, ਪੰਥ ਅਤੇ ਸਮਾਜ ਦਾ ਹਿੱਤ ਪਹਿਲਾਂ ਸੀ। ਉਹ ਮੰਨਦੇ ਸਨ ਕਿ ਕੌਮਾਂ ਦੀ ਸਥਾਈ ਤਾਕਤ ਮਜ਼ਬੂਤ ਸੰਸਥਾਵਾਂ ਵਿੱਚ ਹੁੰਦੀ ਹੈ। ਇਸੇ ਲਈ ਉਨ੍ਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।

ਅੱਜ ਪੰਜਾਬ ਦੀ ਸਭ ਤੋਂ ਵੱਡੀ ਲੋੜ ਵੀ ਇਹੀ ਹੈ। ਸਾਡੀਆਂ ਬਹੁਤ ਸਾਰੀਆਂ ਜਨਤਕ ਸੰਸਥਾਵਾਂ ਵਿਅਕਤੀ-ਕੇਂਦਰਤ ਹੋ ਰਹੀਆਂ ਹਨ। ਜਦੋਂ ਸੰਸਥਾਵਾਂ ਦੀ ਪਹਿਚਾਣ ਕਿਸੇ ਇੱਕ ਚਿਹਰੇ ਨਾਲ ਜੁੜ ਜਾਂਦੀ ਹੈ, ਤਾਂ ਉਨ੍ਹਾਂ ਦੀ ਸੁਤੰਤਰਤਾ ਅਤੇ ਭਰੋਸੇਯੋਗਤਾ ਕਮਜ਼ੋਰ ਹੋਣ ਲੱਗਦੀ ਹੈ। ਸਮੁੰਦਰੀ ਜੀ ਦਾ



ਜੀਵਨ ਸਾਨੂੰ ਸਿਖਾਉਂਦਾ ਹੈ ਕਿ ਮਜ਼ਬੂਤ ਸਮਾਜ ਉਹ ਨਹੀਂ ਹੁੰਦਾ, ਜਿੱਥੇ ਕੇਵਲ ਮਹਾਨ ਵਿਅਕਤੀ ਹੋਣ, ਸਗੋਂ ਉਹ ਹੁੰਦਾ ਹੈ, ਜਿੱਥੇ ਮਜ਼ਬੂਤ ਸੰਸਥਾਵਾਂ ਹੋਣ। ਵਿਅਕਤੀ ਬਦਲਦੇ ਹਨ, ਪਰ ਸੰਸਥਾਵਾਂ ਹੀ ਸਮਾਜ ਦੀ ਨਿਰੰਤਰਤਾ ਨੂੰ ਯਕੀਨੀ ਬਣਾਉਂਦੀਆਂ ਹਨ।

ਸਰਦਾਰ ਤੇਜਾ ਸਿੰਘ ਸਮੁੰਦਰੀ ਲੋਕਾਂ ਦੇ ਦਿਲਾਂ ਵਿੱਚ ਇਸ ਲਈ ਵਸੇ, ਕਿਉਂਕਿ ਉਨ੍ਹਾ ਨੇ ਉਹੀ ਜੀਵਨ ਜੀਵਿਆ, ਜਿਸ ਦੀ ਉਹ ਗੱਲ ਕਰਦੇ ਸਨ। ਉਨ੍ਹਾ ਦੇ ਸ਼ਬਦਾਂ ਅਤੇ ਕਰਮਾਂ ਵਿੱਚ ਕੋਈ ਫ਼ਰਕ ਨਹੀਂ ਸੀ। ਅਜਿਹਾ ਕਿਰਦਾਰ ਹੀ ਕਿਸੇ ਵੀ ਲੋਕਤੰਤਰ ਅਤੇ ਜਨ-ਜੀਵਨ ਦੀ ਸਭ ਤੋਂ ਵੱਡੀ ਲੋੜ ਹੈ।

ਸਿੱਖਿਆ ਪ੍ਰਤੀ ਉਨ੍ਹਾ ਦੀ ਦੂਰਅੰਦੇਸ਼ੀ ਵੀ ਅੱਜ ਦੇ ਸਮੇਂ ਲਈ ਵਿਸ਼ੇਸ਼ ਮਹੱਤਵ ਰੱਖਦੀ ਹੈ। ਉਨ੍ਹਾ ਨੇ ਸਮਝ ਲਿਆ ਸੀ ਕਿ ਧਾਰਮਿਕ ਜਾਗਰੂਕਤਾ ਦੇ ਨਾਲ-ਨਾਲ ਗਿਆਨ ਅਤੇ ਸਿੱਖਿਆ ਤੋਂ ਬਿਨਾਂ ਕੋਈ ਵੀ ਕੌਮ ਲੰਮੇ ਸਮੇਂ ਤੱਕ ਅੱਗੇ ਨਹੀਂ ਵਧ ਸਕਦੀ। ਇਸ ਲਈ ਉਨ੍ਹਾ ਖ਼ਾਲਸਾ ਸਕੂਲਾਂ ਦੇ ਵਿਕਾਸ, ਇਸਤਰੀ ਸਿੱਖਿਆ ਅਤੇ ਗਿਆਨ ਦੇ ਪ੍ਰਸਾਰ ਨੂੰ ਪੰਥਕ ਸੇਵਾ ਦਾ ਅਟੁੱਟ ਹਿੱਸਾ ਮੰਨਿਆ। ਅੱਜ ਜਦੋਂ ਪੰਜਾਬ ਸਿੱਖਿਆ, ਹੁਨਰ ਅਤੇ ਨੌਜਵਾਨਾਂ ਦੇ ਭਵਿੱਖ ਵਰਗੀਆਂ ਚੁਣੌਤੀਆਂ ਨਾਲ ਜੂਝ ਰਿਹਾ ਹੈ, ਸਮੁੰਦਰੀ ਜੀ ਦਾ ਇਹ ਸੰਦੇਸ਼ ਹੋਰ ਵੀ ਅਹਿਮ ਬਣ ਜਾਂਦਾ ਹੈ ਕਿ ਸਿੱਖਿਆ ਹੀ ਸਮਾਜ ਦੀ ਸਭ ਤੋਂ ਵੱਡੀ ਪੂੰਜੀ ਹੈ।

ਉਨ੍ਹਾ ਦੇ ਜੀਵਨ ਦਾ ਇੱਕ ਹੋਰ ਪੱਖ ਸਮਾਜਿਕ ਨਿਆਂ ਹੈ। ਦਲਿਤਾਂ ਅਤੇ ਵੰਚਿਤ ਵਰਗਾਂ ਲਈ ਉਨ੍ਹਾ ਦੀ ਵਚਨਬੱਧਤਾ ਸਿਰਫ਼ ਸਮਾਜਿਕ ਸੁਧਾਰ ਨਹੀਂ ਸੀ, ਸਗੋਂ ਇਹ ਗੁਰਮਤਿ ਦੇ 'ਸਰਬੱਤ ਦੇ ਭਲੇ' ਦੇ ਸਿਧਾਂਤ ਦਾ ਵਿਹਾਰਕ ਰੂਪ ਸੀ।

ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਜੀਵਨ ਦਾ ਸਭ ਤੋਂ ਸਥਾਈ ਸੰਦੇਸ਼ ਸਿਧਾਂਤਾਂ ਪ੍ਰਤੀ ਅਡੋਲਤਾ ਹੈ। ਉਨ੍ਹਾ ਨੇ ਕਦੇ ਨਿੱਜੀ ਲਾਭ ਲਈ ਆਪਣੇ ਆਦਰਸ਼ਾਂ ਨਾਲ ਸਮਝੌਤਾ ਨਹੀਂ ਕੀਤਾ। ਇਹੀ ਕਾਰਨ ਹੈ ਕਿ ਉਨ੍ਹਾ ਦੀ ਮੌਤ ਨੂੰ ਅੱਜ ਵੀ ਸ਼ਹਾਦਤ ਵਜੋਂ ਯਾਦ ਕੀਤਾ ਜਾਂਦਾ ਹੈ। ਇਤਿਹਾਸ ਉਨ੍ਹਾ ਨੂੰ ਯਾਦ ਨਹੀਂ ਰੱਖਦਾ, ਜੋ ਹਾਲਾਤ ਨਾਲ ਸਮਝੌਤਾ ਕਰ ਲੈਂਦੇ ਹਨ। ਇਤਿਹਾਸ ਵਿਚ ਉਹ ਵਿਅਕਤੀ ਹੀ ਆਪਣੀ ਸਦੀਵੀ ਪਛਾਣ ਬਣਾਉਣ ਵਿਚ ਕਾਮਯਾਬ ਹੁੰਦੇ ਹਨ, ਜੋ ਸੱਚ ਅਤੇ ਸਿਧਾਂਤਾਂ ਲਈ ਹਰ ਕੀਮਤ ਚੁਕਾਉਣ ਨੂੰ ਤਿਆਰ ਰਹਿੰਦੇ ਹਨ।

ਮਾਸਟਰ ਤਾਰਾ ਸਿੰਘ ਨੇ ਸਮੁੰਦਰੀ ਜੀ ਦੇ ਚਰਿੱਤਰ ਅਤੇ ਅਨੁਸ਼ਾਸਨ ਨੂੰ ਗੁਰਦੁਆਰਾ ਸੁਧਾਰ ਲਹਿਰ ਦੀ ਸਭ ਤੋਂ ਵੱਡੀ ਤਾਕਤ ਕਰਾਰ ਦਿੱਤਾ। ਪ੍ਰੋ. ਗੰਡਾ ਸਿੰਘ, ਡਾ. ਹਰਬੰਸ ਸਿੰਘ ਅਤੇ ਖੁਸ਼ਵੰਤ ਸਿੰਘ ਵਰਗੇ ਇਤਿਹਾਸਕਾਰਾਂ ਨੇ ਵੀ ਉਨ੍ਹਾ ਨੂੰ ਗੁਰਦੁਆਰਾ ਸੁਧਾਰ ਲਹਿਰ ਅਤੇ ਪੰਥਕ ਸੰਸਥਾਵਾਂ ਦੇ ਮਹੱਤਵਪੂਰਨ ਨਿਰਮਾਤਾਵਾਂ ਵਿੱਚ ਗਿਣਿਆ ਹੈ। ਐੱਸ ਜੀ ਪੀ ਸੀ ਦੇ ਰਿਕਾਰਡ ਅਤੇ ਸਮਕਾਲੀ ਦਸਤਾਵੇਜ਼ ਵੀ ਇਸ ਗੱਲ ਦੀ ਗਵਾਹੀ ਦਿੰਦੇ ਹਨ ਕਿ ਉਹ ਕੇਵਲ ਸੰਘਰਸ਼ ਦੇ ਆਗੂ ਨਹੀਂ ਸਨ, ਸਗੋਂ ਸੰਸਥਾ-ਨਿਰਮਾਣ ਦੇ ਦੂਰਅੰਦੇਸ਼ ਸ਼ਿਲਪਕਾਰ ਵੀ ਸਨ।

ਉਨ੍ਹਾ ਦੀ 100ਵੀਂ ਸ਼ਹੀਦੀ ਵਰ੍ਹੇਗੰਢ 'ਤੇ ਸੱਚੀ ਸ਼ਰਧਾਂਜਲੀ ਸਮਾਰਕ ਬਣਾਉਣ ਜਾਂ ਸਮਾਗਮ ਕਰਨ ਨਾਲ ਨਹੀਂ, ਸਗੋਂ ਉਨ੍ਹਾ ਦੇ ਜੀਵਨ-ਸੰਦੇਸ਼ ਨੂੰ ਅਮਲ ਵਿੱਚ ਲਿਆਉਣ ਨਾਲ ਹੋਵੇਗੀ। ਜੇ ਪੰਜਾਬ ਨੂੰ ਇੱਕ ਮਜ਼ਬੂਤ, ਨਿਆਂਪੂਰਨ ਅਤੇ ਆਤਮ-ਵਿਸ਼ਵਾਸੀ ਸਮਾਜ ਬਣਾਉਣਾ ਹੈ, ਤਾਂ ਸਾਨੂੰ ਸੱਤਾ ਨਾਲੋਂ ਸਿਧਾਂਤਾਂ, ਵਿਅਕਤੀਆਂ ਨਾਲੋਂ ਸੰਸਥਾਵਾਂ, ਪ੍ਰਚਾਰ ਨਾਲੋਂ ਸੇਵਾ ਅਤੇ ਅਹੁਦਿਆਂ ਨਾਲੋਂ ਚਰਿੱਤਰ ਨੂੰ ਵੱਧ ਮਹੱਤਵ ਦੇਣਾ ਹੋਵੇਗਾ।

ਇੱਕ ਸਦੀ ਬਾਅਦ ਵੀ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਜੀਵਨ ਸਾਨੂੰ ਇਹੀ ਸਿਖਾਉਂਦਾ ਹੈ ਕਿ ਕੌਮਾਂ ਦੀ ਅਸਲ ਤਾਕਤ ਨਾ ਧਨ ਵਿੱਚ ਹੁੰਦੀ ਹੈ, ਨਾ ਸੱਤਾ ਵਿੱਚ, ਉਹ ਉਨ੍ਹਾਂ ਦੇ ਚਰਿਤਰ, ਉਨ੍ਹਾਂ ਦੀਆਂ ਸੰਸਥਾਵਾਂ ਅਤੇ ਉਨ੍ਹਾਂ ਦੇ ਨੈਤਿਕ ਨੇਤ੍ਰਿਤਵ ਵਿੱਚ ਹੁੰਦੀ ਹੈ, ਇਹੀ ਉਨ੍ਹਾਂ ਦੀ ਸਭ ਤੋਂ ਵੱਡੀ ਵਿਰਾਸਤ ਹੈ ਅਤੇ ਇਹੀ ਅੱਜ ਦੇ ਪੰਜਾਬ ਲਈ ਸਭ ਤੋਂ ਵੱਡਾ ਸੰਦੇਸ਼।

# ਸੰਪਰਕ : 98782-77423

# ਸਰਕਾਰ ਦੀ ਲਾਰੇਬਾਜ਼ ਨੀਤੀ ਖ਼ਿਲਾਫ਼ ਸੀ ਐੱਚ ਓ ਦਾ ਰੋਸ ਪ੍ਰਦਰਸ਼ਨ

## ਸਿਵਲ ਸਰਜਨ ਦਫ਼ਤਰਾਂ ਵਿਖੇ ਮੰਗ-ਪੱਤਰ ਸੌਂਪ ਕੇ ਮੰਨੀਆਂ ਮੰਗਾਂ ਦੇ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਭਰ ਵਿੱਚ ਕਮਿਊਨਿਟੀ ਹੈਲਥ ਅਫ਼ਸਰਾਂ (ਸੀ.ਐੱਚ.ਓ) ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਦੇ ਹੱਲ ਸਬੰਧੀ ਸਰਕਾਰ ਦੀ ਲਾਰੇਬਾਜ਼ ਨੀਤੀ ਦੇ ਵਿਰੋਧ ਵਿੱਚ ਜ਼ਿਲ੍ਹਾ ਪੱਧਰ 'ਤੇ ਸਿਵਲ ਸਰਜਨ ਦਫ਼ਤਰਾਂ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਸਿਹਤ ਸਕੱਤਰ ਪੰਜਾਬ ਦੇ ਨਾਮ ਮੰਗ-ਪੱਤਰ ਸੌਂਪੇ ਗਏ। ਸੀ.ਐੱਚ.ਓ. ਆਗੂਆਂ ਨੇ ਸਿਵਲ ਸਰਜਨਾਂ ਨੂੰ ਅਪੀਲ ਕੀਤੀ ਕਿ ਉਹ ਇਹ ਮੰਗ-ਪੱਤਰ ਆਪਣੀਆਂ ਸਿਫ਼ਾਰਸ਼ਾਂ ਸਮੇਤ ਤੁਰੰਤ ਉੱਚ ਅਧਿਕਾਰੀਆਂ ਨੂੰ ਭੇਜਣ ਤਾਂ ਜੋ ਮੰਗਾਂ ਦੇ ਨੋਟੀਫਿਕੇਸ਼ਨ ਬਿਨਾਂ ਦੇਰੀ ਜਾਰੀ ਕੀਤੇ ਜਾ ਸਕਣ। ਇਸ ਮੌਕੇ ਕਮਿਊਨਿਟੀ ਹੈਲਥ ਐਸੋਸੀਏਸ਼ਨ ਫਿਰੋਜ਼ਪੁਰ ਦੇ ਆਗੂਆ ਡਾ. ਪ੍ਰੀਤ ਮੁਖੀਜਾ ਤੇ ਨਰਿੰਦਰ ਸਿੰਘ ਨੇ ਕਿਹਾ ਕਿ ਪਿਛਲੇ ਕਈ ਮਹੀਨਿਆਂ ਦੌਰਾਨ ਵਿਭਾਗ ਤੇ ਪੰਜਾਬ ਸਰਕਾਰ ਨਾਲ ਕਈ ਦੌਰ ਦੀਆਂ ਮੀਟਿੰਗਾਂ ਹੋਈਆਂ। ਬੀਤੀ 1 ਜੁਲਾਈ 2026 ਨੂੰ ਮਿਸ਼ਨ ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ ਤੇ 14 ਜੁਲਾਈ 2026 ਨੂੰ ਵਿੱਤ ਮੰਤਰੀ ਪੰਜਾਬ ਨਾਲ ਹੋਈਆਂ ਮੀਟਿੰਗਾਂ ਵਿੱਚ ਸੀ.ਐੱਚ.ਓ. ਦੀਆਂ ਵਿੱਤੀ ਤੇ ਸੇਵਾ ਸਬੰਧੀ ਮੰਗਾਂ 'ਤੇ ਵਿਸਥਾਰਪੂਰਵਕ ਚਰਚਾ ਹੋਈ ਤੇ ਉਨ੍ਹਾਂ ਦੇ ਸਮਾਂਬੱਧ ਹੱਲ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅੱਜ ਤੱਕ ਕੋਈ ਵੀ ਨੋਟੀਫਿਕੇਸ਼ਨ ਜਾਰੀ ਨਾ ਹੋਣ ਕਾਰਨ ਸਮੂਹ ਸੀ.ਐੱਚ.ਓ. ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕਮਿਊਨਿਟੀ ਹੈਲਥ ਅਫਸਰ ਨਰਿੰਦਰ ਸਿੰਘ ਨੇ ਕਿਹਾ ਕਿ ਸੀ.ਐੱਚ.ਓ ਦੀਆਂ ਮੁੱਖ ਮੰਗਾਂ ਵਿੱਚ ਕਮਿਊਨਿਟੀ ਹੈਲਥ ਅਫ਼ਸਰਾਂ ਦਾ ਰੈਗੂਲਰ ਗਰੁੱਪ-ਬੀ ਕੈਡਰ ਸੈਂਕਸ਼ਨ ਕਰਨਾ, ਹੋਰ ਸੂਬਿਆਂ ਦੇ ਮੁਕਾਬਲੇ ਮਿਲ ਰਹੀ 5,000 ਪ੍ਰਤੀ ਮਹੀਨਾ ਘੱਟ ਤਨਖ਼ਾਹ ਦੀ ਵਿਸੰਗਤੀ ਦੂਰ ਕਰਕੇ ਬਕਾਇਆ ਜਾਰੀ ਕਰਨਾ, ਸਾਲ 2018 ਤੋਂ ਬੰਦ ਕੀਤਾ ਗਿਆ ਲੌਇਲਟੀ ਬੋਨਸ ਮੁੜ ਜਾਰੀ ਕਰਨਾ, ਸੀ.ਐੱਚ.ਓ ਦੀ ਤਨਖ਼ਾਹ ਤੇ ਇੰਸੈਂਟਿਵ ਨੂੰ ਮਰਜ ਕਰਨਾ ਤੇ ਨਵੇਂ ਜਾਰੀ ਕੀਤੇ ਗਏ ਹੈਲ-ਵਾਸ਼ ਇੰਸੈਂਟਿਵ ਪ੍ਰੋਫਾਰਮ ਨੂੰ ਵਾਪਸ ਲੈ ਕੇ ਇਸ ਦੀ ਉਚਿਤ ਤਰੀਕੇ ਨਾਲ ਸਮੀਖਿਆ ਕਰਨੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਸਾਰੀਆਂ ਮੰਗਾਂ ਪੂਰੀ ਤਰ੍ਹਾਂ ਜਾਇਜ਼ ਹਨ ਤੇ ਵਿਭਾਗ ਵੱਲੋਂ ਵੀ ਇਨ੍ਹਾਂ 'ਤੇ ਸਕਾਰਾਤਮਕ ਰਵੱਈਆ ਅਪਣਾਇਆ ਗਿਆ ਹੈ, ਪਰ ਨੋਟੀਫਿਕੇਸ਼ਨ ਜਾਰੀ ਕਰਨ ਵਿੱਚ ਬੇਲੋੜੀ ਦੇਰੀ ਕੀਤੀ ਜਾ ਰਹੀ ਹੈ। ਡਾ. ਪ੍ਰੀਤ ਮੁਖੀਜਾ ਨੇ ਕਿਹਾ ਕਿ ਸਰਕਾਰ ਵੱਲੋਂ ਹਰ ਵਾਰ ਭਰੋਸੇ ਤਾਂ ਦਿੱਤੇ ਜਾਂਦੇ ਹਨ ਪਰ ਉਨ੍ਹਾਂ ਨੂੰ ਅਮਲੀ ਰੂਪ ਨਹੀਂ ਦਿੱਤਾ ਜਾਂਦਾ। ਹੁਣ ਸੀ.ਐੱਚ.ਓ. ਸਿਰਫ਼ ਭਰੋਸਿਆਂ ਨਾਲ ਸੰਤੁਸ਼ਟ ਨਹੀਂ ਹੋਣਗੇ, ਸਗੋਂ ਮੰਗਾਂ ਦੇ ਲਿਖਤੀ ਨੋਟੀਫਿਕੇਸ਼ਨ ਜਾਰੀ ਹੋਣ ਤੱਕ ਆਪਣਾ ਸੰਘਰਸ਼ ਜਾਰੀ ਰੱਖਣਗੇ। ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਜਲਦ ਨੋਟੀਫਿਕੇਸ਼ਨ ਜਾਰੀ ਨਾ ਕੀਤੇ ਗਏ ਤਾਂ 20 ਜੁਲਾਈ 2026 ਨੂੰ ਪੰਜਾਬ ਭਰ ਦੇ ਵਿਧਾਇਕਾਂ, ਆਮ ਆਦਮੀ ਪਾਰਟੀ ਦੇ ਆਗੂਆਂ ਤੇ ਹਲਕਾ ਇੰਚਾਰਜਾਂ ਨੂੰ ਵਿੱਤ ਮੰਤਰੀ ਪੰਜਾਬ ਦੇ ਨਾਮ ਮੈਮੋਰੈਂਡਮ ਸੌਂਪੇ ਜਾਣਗੇ। ਜੇਕਰ ਫਿਰ ਵੀ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 22 ਜੁਲਾਈ 2026 ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਨੇੜੇ ਵਿਸ਼ਾਲ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾਵੇਗੀ। ਇਸ ਮੌਕੇ ਸੀ.ਐੱਚ.ਓ ਮਨੀਸ਼ਾ, ਬਲਦੇਵ ਸਿੰਘ, ਨਵਜੀਤ ਸਿੰਘ, ਸਿਮਰਨਜੀਤ ਕੌਰ, ਗੌਰਵ, ਨੇਹਾ ਤੇ ਪੈਰਾਮੈਡੀਕਲ ਯੂਨੀਅਨ ਦੇ ਆਗੂ, ਜਸਵਿੰਦਰ ਸਿੰਘ ਕੰਬੋਜ, ਨਰਿੰਦਰ ਸ਼ਰਮਾ, ਕੰਵਰਜੀਤ ਸਿੰਘ, ਰਾਮ ਪ੍ਰਸ਼ਾਦ, ਗੁਰਮੇਲ ਸਿੰਘ, ਗੁਰਦੇਵ ਸਿੰਘ ਆਦਿ ਹਾਜ਼ਰ ਸਨ।

# ਸਫ਼ਾਈ ਕਰਮਚਾਰੀਆਂ ਦੀ ਹੜਤਾਲ ਜਾਰੀ, ਸ਼ਹਿਰ 'ਚ ਲੱਗੇ ਗੰਦਗੀ ਦੇ ਢੇਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰਜਾ)**-ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ ਦੇ ਸਫ਼ਾਈ ਕਰਮਚਾਰੀਆਂ ਦੀ ਅਣਮਿੱਥੇ ਸਮੇਂ ਦੀ ਹੜਤਾਲ ਲਗਾਤਾਰ ਜਾਰੀ ਰਹਿਣ ਕਾਰਨ ਸ਼ਹਿਰ ਵਿੱਚ ਸਫ਼ਾਈ ਪ੍ਰਬੰਧ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਿਆ ਹੈ।ਡੋਰ-ਟੂ-ਡੋਰ ਕੂੜਾ ਇਕੱਠਾ ਕਰਨ ਦੀ ਸੇਵਾ ਪੂਰੀ ਤਰ੍ਹਾਂ ਠੱਪ ਹੋਣ ਨਾਲ ਸ਼ਹਿਰ ਦੇ ਮੁੱਖ ਚੌਂਕਾਂ, ਬਾਜ਼ਾਰਾਂ, ਸੜਕਾਂ ਤੇ ਗਲੀਆਂ ਵਿੱਚ ਕੂੜੇ ਦੇ ਵੱਡੇ-ਵੱਡੇ ਢੇਰ ਲੱਗ ਗਏ ਹਨ।ਹੜਤਾਲ ਕਾਰਨ ਸ਼ਹਿਰ ਦੇ 31 ਵਾਰਡਾਂ ਵਿੱਚ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਭਗਤ ਸਿੰਘ ਚੌਕ, ਪੁਰਾਣੀ ਮੰਡੀ, ਰੇਲਵੇ ਰੋਡ, ਗੋਨਿਆਣਾ ਰੋਡ, ਅਬੋਹਰ ਰੋਡ ਤੇ ਜਲਾਲਾਬਾਦ ਰੋਡ ਸਮੇਤ ਕਈ ਇਲਾਕਿਆਂ ਵਿੱਚ ਗੰਦਗੀ ਫੈਲਣ ਨਾਲ ਬਦਬੂ ਤੇ ਮੱਛਰਾਂ-ਮੱਖੀਆਂ ਦੀ ਭਰਮਾਰ ਹੋ ਗਈ ਹੈ, ਜਿਸ ਕਾਰਨ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵਧ ਰਿਹਾ ਹੈ।

ਸ਼ਹਿਰ ਵਾਸੀਆਂ ਤੇ ਵਪਾਰੀਆਂ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਫ਼ਾਈ ਕਰਮਚਾਰੀਆਂ ਦੀਆਂ ਮੰਗਾਂ ਦਾ ਜਲਦ ਹੱਲ ਕਰਕੇ ਸਫ਼ਾਈ ਪ੍ਰਬੰਧ ਮੁੜ ਬਹਾਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਚੱਲ ਰਹੀ ਹੜਤਾਲ ਕਾਰਨ ਆਮ ਲੋਕਾਂ ਦੀ ਜ਼ਿੰਦਗੀ ਪ੍ਰਭਾਵਿਤ ਹੋ ਰਹੀ ਹੈ ਤੇ ਦੁਕਾਨਦਾਰਾਂ ਲਈ ਕਾਰੋਬਾਰ ਕਰਨਾ ਵੀ ਮੁਸ਼ਕਲ ਬਣਦਾ ਜਾ ਰਿਹਾ ਹੈ।ਉੱਧਰ ਸਫ਼ਾਈ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਜਦ ਤੱਕ ਸਰਕਾਰ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ, ਜਿਵੇਂ ਕਿ ਕਰਮਚਾਰੀਆਂ ਨੂੰ ਪੱਕਾ ਕਰਨਾ ਤੇ ਹੋਰ ਸਹੂਲਤਾਂ ਦੇਣ ਸਬੰਧੀ ਲਿਖਤੀ ਭਰੋਸਾ ਨਹੀਂ ਦਿੰਦੀ, ਉਦੋਂ ਤੱਕ ਹੜਤਾਲ ਜਾਰੀ ਰਹੇਗੀ।ਯੂਨੀਅਨ ਦਾ ਕਹਿਣਾ ਹੈ ਕਿ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ, ਜਿਸ ਕਾਰਨ ਕਰਮਚਾਰੀਆਂ ਨੂੰ ਸੰਘਰਸ਼ ਦਾ ਰਾਹ ਅਪਣਾਉਣਾ ਪਿਆ ਹੈ।

# ਫਿਰੌਤੀ ਨਾ ਦੇਣ 'ਤੇ ਕੱਪੜਾ ਵਪਾਰੀ ਦੀ ਦੁਕਾਨ 'ਤੇ ਦਿਨ-ਦਿਹਾੜੇ ਚਲਾਈ ਗੋਲੀ

## 26 ਜੂਨ ਨੂੰ ਰਾਤ ਸਮੇਂ ਘਰ ਦੇ ਗੇਟ 'ਤੇ ਵੀ ਕੀਤੀ ਸੀ ਗੋਲੀਬਾਰੀ



**ਜ਼ੀਰਾ (ਨਰਿੰਦਰ ਅਨੇਜਾ)**

ਜ਼ੀਰਾ 'ਚ ਬਦਮਾਸ਼ਾਂ ਵੱਲੋਂ ਦੁਕਾਨਦਾਰਾਂ ਕੋਲੋਂ ਫਿਰੌਤੀ ਮੰਗਣਾ ਆਮ ਜਿਹੀ ਗੱਲ ਹੋ ਗਈ। ਇਸ ਦੀ ਉਦਾਹਰਨ ਤੁਸੀਂ ਇਸ ਘਟਨਾ ਤੋਂ ਲਾ ਸਕਦੇ ਹੋ, ਜਦੋਂ ਬਦਮਾਸ਼ਾਂ ਵੱਲੋਂ ਭਰੇ ਬਾਜ਼ਾਰ ਕੱਪੜੇ ਦੀ ਦੁਕਾਨ 'ਤੇ ਗੋਲੀ ਚਲਾ ਦਿੱਤੀ। ਸੁਰੇਸ਼ ਕੁਮਾਰ ਪੁੱਤਰ ਬ੍ਰਿਜ ਲਾਲ ਵਾਸੀ ਜ਼ੀਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੀ ਮੇਨ ਬਾਜ਼ਾਰ ਜ਼ੀਰਾ ਵਿਖੇ ਕੱਪੜੇ ਦੀ ਦੁਕਾਨ ਹੈ।ਉਸ ਨੇ ਦੱਸਿਆ ਕਿ ਕਰੀਬ ਇੱਕ ਮਹੀਨਾ ਪਹਿਲਾਂ ਉਸ ਦੇ ਪੁੱਤਰ ਤਰੁਨ ਗਰਗ ਨੂੰ ਉਸ ਦੇ ਫੋਨ 'ਤੇ ਵਾਟਸ ਐਪ ਕਾਲ ਆਈ, ਜਿਸ 'ਤੇ ਗੈਂਗਸਟਰ ਨੇ ਇੱਕ ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ।ਉਸ ਨੇ ਦੱਸਿਆ ਕਿ 26 ਜੂਨ 2020 ਨੂੰ ਉਨ੍ਹਾਂ ਦੀ ਫਰੈਂਡਜ਼ ਕਲੋਨੀ ਜ਼ੀਰਾ ਵਿਖੇ ਸਥਿਤ ਕੋਠੀ ਦੇ ਗੇਟ 'ਤੇ ਰਾਤ ਸਮੇਂ ਮੋਟਰਸਾਈਕਲ ਸਵਾਰ ਨਕਾਬਪੋਸ਼ਾਂ ਨੇ ਗੋਲੀਬਾਰੀ ਵੀ ਕੀਤੀ, ਜਿਨ੍ਹਾਂ ਨਾਲ ਕੁਝ ਫਾਇਰ ਕੋਠੀ ਦੇ ਬਾਹਰ ਖੜੀ ਗੱਡੀ ਤੇ ਲੱਗੇ।ਸੁਰੇਸ਼ ਕੁਮਾਰ ਨੇ ਦੱਸਿਆ ਕਿ ਇਨ੍ਹਾਂ ਘਟਨਾਵਾਂ ਦੀ ਸੂਚਨਾ ਉਨ੍ਹਾਂ ਨੇ ਜ਼ੀਰਾ ਪੁਲਸ ਨੂੰ ਦੇ ਦਿੱਤੀ ਸੀ, ਪਰ ਗੈਂਗਸਟਰਾਂ ਨੂੰ ਫੜਨ ਵਿੱਚ ਪੁਲਸ ਨੇ ਕੋਈ ਰੁਚੀ ਨਹੀਂ ਵਿਖਾਈ ਗੈਂਗਸਟਰਾਂ ਦੇ ਹੌਂਸਲੇ ਇੰਨੇ ਬੁਲੰਦ ਹਨ ਕਿ ਅੱਜ ਫਿਰ ਦੁਪਹਿਰ ਕਰੀਬ 12:30 ਵਜੇ ਰੇਲਵੇ ਰੋਡ ਜ਼ੀਰਾ ਵੱਲੋਂ ਇੱਕ ਮੋਟਰਸਾਈਕਲ 'ਤੇ ਸਵਾਰ 2 ਨਕਾਬਪੋਸ਼ ਬਦਮਾਸ਼ ਆਏ, ਜਿਨ੍ਹਾਂ ਉਨ੍ਹਾਂ ਦੀ ਦੁਕਾਨ ਵੱਲ ਇੱਕ ਰਾਊਂਡ ਫਾਇਰ ਕੀਤਾ, ਜੋ ਦੁਕਾਨ ਦੇ ਦਰਵਾਜ਼ੇ ਦੇ ਸ਼ੀਸ਼ੇ 'ਤੇ ਲੱਗਾ ਤੇ ਇਸ ਤੋਂ ਬਾਅਦ ਬਦਮਾਸ਼ ਮੇਨ ਬਾਜ਼ਾਰ ਵੱਲ ਫਰਾਰ ਹੋ ਗਏ।ਦੁਕਾਨ ਮਾਲਕ ਸੁਰੇਸ਼ ਕੁਮਾਰ ਵੱਲੋਂ ਇਸ ਘਟਨਾ ਦੀ ਸੂਚਨਾ ਦਿੱਤੇ ਜਾਣ 'ਤੇ ਡੀ.ਐੱਸ.ਪੀ. ਜ਼ੀਰਾ ਪੁਲਸ ਪਾਰਟੀ ਸਮੇਤ ਮੌਕੇ 'ਤੇ ਗਏ ਅਤੇ ਘਟਨਾ ਸਬੰਧੀ ਸੁਰੇਸ਼ ਕੁਮਾਰ ਪਾਸੋਂ ਜਾਣਕਾਰੀ ਪ੍ਰਾਪਤ ਕੀਤੀ।ਇਸ ਸਬੰਧ ਵਿੱਚ ਡੀ.ਐੱਸ.ਪੀ. ਜ਼ੀਰਾ ਜਸਪਾਲ ਸਿੰਘ ਢਿੱਲੋਂ ਨੇ ਦੱਸਿਆ ਕਿ 26 ਜੂਨ ਨੂੰ ਉਕਤ ਕੱਪੜਾ ਵਪਾਰੀ ਦੇ ਘਰ ਦੇ ਗੇਟ 'ਤੇ ਬਦਮਾਸ਼ਾਂ ਵੱਲੋਂ ਕੀਤੀ ਗਈ ਗੋਲੀਬਾਰੀ ਦੇ ਸਬੰਧ ਵਿੱਚ ਉਨ੍ਹਾਂ ਖ਼ਿਲਾਫ਼ ਪਰਚਾ ਦਰਜ ਕਰ ਲਿਆ ਗਿਆ ਹੈ ਤੇ ਅੱਜ ਦੀ ਵਾਪਰੀ ਘਟਨਾ ਦੇ ਸਬੰਧ ਵਿੱਚ ਪੀੜਤ ਦੁਕਾਨਦਾਰ ਦੇ ਦੁਕਾਨ ਤੇ ਆਸ-ਪਾਸ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤੇ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।ਇਸ ਘਟਨਾ ਨੂੰ ਲੈ ਕੇ ਜ਼ੀਰਾ ਵਿੱਚ ਸਹਿਮ ਦਾ ਮਾਹੌਲ ਹੈ।

## ਕਾਤਰਾਂ

### ਨਰੇਗਾ ਮਜ਼ਦੂਰਾਂ 'ਤੇ ਲਾਠੀਚਾਰਜ ਦੀ ਨਿੰਦਾ

**ਲੁਧਿਆਣਾ (ਸਤੀਸ਼ ਸਚਦੇਵਾ)**-ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਲੀਲ, ਜ਼ਿਲ੍ਹਾ ਸਕੱਤਰ ਰਮਨਜੀਤ ਸੰਧੂ ਤੇ ਡੀਟੀਐੱਫ ਦੇ ਜ਼ਿਲ੍ਹਾ ਸਕੱਤਰ ਰੁਪਿੰਦਰਪਾਲ ਗਿੱਲ ਨੇ ਇੱਕ ਬਿਆਨ ਜਾਰੀ ਕਰਕੇ ਕੈਬਨਿਟ ਮੰਤਰੀ ਸੌਂਦ ਦੇ ਖੰਨਾ ਵਿਖੇ ਘਰ ਦਾ ਘੇਰਾਓ ਕਰ ਰਹੇ ਨਰੇਗਾ ਮਜ਼ਦੂਰਾਂ ਉੱਪਰ ਅੰਨ੍ਹੇਵਾਹ ਪੁਲਸੀਆ ਕਹਿਰ ਢਾਹੁਣ ਦਾ ਸਖ਼ਤ ਨੋਟਿਸ ਲੈਂਦਿਆਂ ਇਸ ਦੀ ਤੁਲਨਾ ਸੂਬਾ ਸਰਹੰਦ ਦੇ ਕੰਮਾਂ ਨਾਲ ਕੀਤੀ ਹੈ।ਉਨ੍ਹਾਂ ਕਿਹਾ ਕਿ ਨਰੇਗਾ ਮਜ਼ਦੂਰ ਦੇਸ਼ ਅੰਦਰ ਸਭ ਤੋਂ ਘੱਟ ਉਜ਼ਰਤਾਂ ਵਾਲੇ ਮਜ਼ਦੂਰ ਹਨ, ਜੋ ਕਿ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਕੈਬਨਿਟ ਮੰਤਰੀ ਸੌਂਦ ਦੇ ਘਰ ਅੱਗੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਸਨ।ਉਨ੍ਹਾਂ ਨੂੰ ਖਦੇੜਨ ਲਈ ਪੁਲਸ ਵੱਲੋਂ ਕੀਤਾ ਗਿਆ ਇਹ ਜਾਬਰ ਹੱਲਾ ਲੋਕਤੰਤਰ ਦਾ ਘਾਣ ਹੈ।ਇਕੱਠੇ ਹੋ ਕੇ ਆਪਣੀਆਂ ਮੰਗਾਂ ਪ੍ਰਤੀ ਆਵਾਜ਼ ਬੁਲੰਦ ਕਰਨ ਦੇ ਸੰਵਿਧਾਨਕ ਹੱਕ ਨੂੰ ਕੁਚਲਣ ਦੀ ਪੁਲਸੀਆ ਕਾਰਵਾਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਤੇ ਪੂਰਾ ਕਿਰਤੀ ਵਰਗ ਇਨ੍ਹਾਂ ਮਜ਼ਦੂਰਾਂ ਦੀ ਪਿੱਠ 'ਤੇ ਖੜਾ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਇਨ੍ਹਾਂ ਉੱਪਰ ਜਬਰ ਢਾਹੁਣ ਵਾਲੇ ਪੁਲਸ ਅਫਸਰਾਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

### ਮਨਰੇਗਾ ਕ੍ਰਮਚਾਰੀਆਂ 'ਤੇ ਲਾਠੀਚਾਰਜ ਮੰਦਭਾਗਾ : ਝਨੇੜੀ



**ਭਵਾਨੀਗੜ੍ਹ (ਰਾਜ ਖੁਰਮੀ)**-ਭਾਜਪਾ ਪੰਜਾਬ ਦੇ ਟਰਾਂਸਪੋਰਟ ਸੈੱਲ ਦੇ ਕਨਵੀਨਰ ਗੁਰਤੇਜ ਸਿੰਘ ਝਨੇੜੀ ਨੇ ਮਨਰੇਗਾ ਕ੍ਰਮਚਾਰੀਆਂ 'ਤੇ ਹੋਏ ਕਥਿਤ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਕਰਾਰ ਦਿੱਤਾ ਹੈ।ਝਨੇੜੀ ਨੇ ਕਿਹਾ ਕਿ ਕਿਸੇ ਵੀ ਲੋਕਤੰਤਰ ਵਿੱਚ ਕ੍ਰਮਚਾਰੀਆਂ ਨੂੰ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਸ਼ਾਂਤਮਈ ਢੰਗ ਨਾਲ ਸਰਕਾਰ ਦੇ ਸਾਹਮਣੇ ਰੱਖਣ ਦਾ ਪੂਰਾ ਅਧਿਕਾਰ ਹੁੰਦਾ ਹੈ।ਉਨ੍ਹਾਂ ਕਿਹਾ ਕਿ ਕ੍ਰਮਚਾਰੀਆਂ ਦੀ ਆਵਾਜ਼ ਸੁਣਨ ਦੀ ਬਜਾਏ ਉਨ੍ਹਾਂ 'ਤੇ ਬਲ ਪ੍ਰਯੋਗ ਕਰਨਾ ਬਹੁਤ ਹੀ ਮੰਦਭਾਗਾ ਅਤੇ ਨਿੰਦਣਯੋਗ ਹੈ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਮਨਰੇਗਾ ਕ੍ਰਮਚਾਰੀਆਂ ਦੇ ਨੁਮਾਇੰਦਿਆਂ ਨਾਲ ਤੁਰੰਤ ਗੱਲਬਾਤ ਕਰਕੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕੱਢਿਆ ਜਾਵੇ ਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੀ ਦੁਹਰਾਈ ਰੋਕਣ ਲਈ ਢੁੱਕਵੇਂ ਕਦਮ ਚੁੱਕੇ ਜਾਣ।

### ਪੰਜਾਬੀ ਸਾਹਿਤ ਸਭਾ ਵੱਲੋਂ ਅਮਰੀਕਾ ਨਿਵਾਸੀ ਡਾ. ਜਸਪ੍ਰੀਤ ਸਿੰਘ ਦਾ ਧੰਨਵਾਦ

**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਪੰਜਾਬੀ ਸਾਹਿਤ ਸਭਾ (ਰਜਿ.) ਧੂਰੀ ਨੇ ਅਮਰੀਕਾ ਨਿਵਾਸੀ ਡਾ. ਜਸਪ੍ਰੀਤ ਸਿੰਘ ਅਟਾਰਨੀ ਐਟ ਲਾਅ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੰਜਾਬੀ ਭਾਸ਼ਾ ਦੇ ਪ੍ਰਚਾਰ, ਸੰਭਾਲ ਤੇ ਵਿਸ਼ਵ ਪੱਧਰ 'ਤੇ ਵਿਕਾਸ ਲਈ 5 ਕਰੋੜ ਰੁਪਏ ਦੇਣ ਦੇ ਐਲਾਨ ਦਾ ਸਵਾਗਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਕਿਹਾ ਕਿ ਡਾ. ਜਸਪ੍ਰੀਤ ਸਿੰਘ ਦਾ ਇਹ ਯੋਗਦਾਨ ਹੋਰਨਾਂ ਸਾਬਕਾ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਹੈ।ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ ਵਿੱਚ ਅਹਿਮ ਅਹੁਦਿਆਂ 'ਤੇ ਬੈਠੇ ਸਾਬਕਾ ਵਿਦਿਆਰਥੀਆਂ ਨੂੰ ਵੀ ਯੂਨੀਵਰਸਿਟੀ ਤੇ ਮਾਤ ਭਾਸ਼ਾ ਪੰਜਾਬੀ ਦੇ ਵਿਕਾਸ ਲਈ ਅੱਗੇ ਆਉਣ ਦੀ ਅਪੀਲ ਕੀਤੀ।

# ਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਸਖ਼ਤ ਨਿਖੇਧੀ

## ਜਾਇਜ਼ ਮੰਗਾਂ ਤੁਰੰਤ ਮੰਨੀਆਂ ਜਾਣ ਤੇ ਬੰਦ ਪਏ ਨਰੇਗਾ ਕੰਮ ਚਾਲੂ ਕੀਤੇ ਜਾਣ : ਜਗਸੀਰ ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ ਨੇ ਬੀਤੇ ਕੱਲ੍ਹ ਖੰਨਾ ਵਿਖੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੇ ਘਰ ਅੱਗੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ ਨਰੇਗਾ ਕਰਮਚਾਰੀਆਂ 'ਤੇ ਕੀਤੇ ਗਏ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਆਪਣੀਆਂ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨਾ ਹਰ ਨਾਗਰਿਕ ਦਾ ਸੰਵਿਧਾਨਕ ਅਧਿਕਾਰ ਹੈ।ਆਪਣੀਆਂ ਜਾਇਜ਼ ਮੰਗਾਂ ਉਠਾਉਣ ਵਾਲੇ ਕਰਮਚਾਰੀਆਂ 'ਤੇ ਲਾਠੀਚਾਰਜ ਕਰਨਾ ਬਹੁਤ ਹੀ ਮੰਦਭਾਗਾ ਤੇ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ।ਪੰਜਾਬ ਸਰਕਾਰ ਨੂੰ ਦਮਨ ਦਾ ਰਾਹ ਛੱਡ ਕੇ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਵਿੱਚ ਨਰੇਗਾ ਦੇ ਕੰਮ ਬੰਦ ਪਏ ਹਨ, ਜਿਸ ਕਾਰਨ ਮਜ਼ਦੂਰ ਮਾਰੇ ਮਾਰੇ ਫਿਰ ਰਹੇ ਹਨ ਤੇ ਉਨ੍ਹਾਂ ਦੀ ਆਰਥਿਕ ਹਾਲਤ ਬਦ ਤੋਂ ਬੱਦਤਰ ਹੋ ਗਈ ਹੈ।ਜਗਸੀਰ ਸਿੰਘ ਖੋਸਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਸਵੀਕਾਰ ਕੀਤਾ ਜਾਵੇ ਤੇ ਪੰਜਾਬ ਭਰ ਵਿੱਚ ਬੰਦ ਪਏ ਨਰੇਗਾ (ਜੀ ਰਾਮ ਜੀ) ਦੇ ਕੰਮ ਤੁਰੰਤ ਸ਼ੁਰੂ ਕੀਤੇ ਜਾਣ ਤਾਂ ਜੋ ਪੇਂਡੂ ਮਜ਼ਦੂਰਾਂ ਨੂੰ ਰੋਜ਼ਗਾਰ ਮਿਲ ਸਕੇ।ਉਨ੍ਹਾਂ ਕਿਹਾ ਕਿ ਨਰੇਗਾ ਦਾ ਕੰਮ ਬੰਦ ਹੋਣ ਕਾਰਨ ਹਜ਼ਾਰਾਂ ਮਜ਼ਦੂਰ ਬੇਰੁਜ਼ਗਾਰੀ ਤੇ ਆਰਥਿਕ ਤੰਗੀ ਦਾ ਸਾਹਮਣਾ ਕਰ ਰਹੇ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਦਮਨਕਾਰੀ ਰਵੱਈਆ ਛੱਡ ਕੇ ਕਰਮਚਾਰੀਆਂ ਤੇ ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਦਾ ਜਲਦ ਹੱਲ ਨਾ ਕੀਤਾ ਤਾਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਸੂਬੇ ਭਰ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

### ਬੇਰੁਜ਼ਗਾਰੀ ਤੋਂ ਦੁਖੀ ਨੌਜਵਾਨ ਵੱਲੋਂ ਖੁਦਕੁਸ਼ੀ



ਬਰੇਟਾ (ਗੀਤਵਾਲ)-ਨਜ਼ਦੀਕੀ ਪਿੰਡ ਕੁਲਰੀਆਂ ਵਿੱਚ ਬੇਰੁਜ਼ਗਾਰੀ ਤੋਂ ਪ੍ਰੇਸ਼ਾਨ ਇੱਕ 20 ਸਾਲਾ ਨੌਜਵਾਨ ਨੇ ਘਰ 'ਚ ਹੀ ਗਲਫਾਹਾ ਲੈ ਕੇ ਆਪਣੀ ਜਾਨ ਲੈ ਲਈ।ਇਕੱਤਰ ਕੀਤੀ ਜਾਣਕਾਰੀ ਅਨੁਸਾਰ, ਨੌਜਵਾਨ ਸੁਖਰਾਜ ਸਿੰਘ ਕਾਫੀ ਸਮੇਂ ਤੋਂ ਨੌਕਰੀ ਦੀ ਭਾਲ ਵਿੱਚ ਸੀ ਤੇ ਆਰਮੀ ਦੀ ਤਿਆਰੀ ਵੀ ਕਰ ਰਿਹਾ ਸੀ, ਪਰ ਲਗਾਤਾਰ ਅਸਫਲਤਾ ਕਾਰਨ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿਣ ਲੱਗਾ ਸੀ। ਇਸੇ ਪ੍ਰੇਸ਼ਾਨੀ ਦੇ ਚੱਲਦਿਆਂ ਉਸ ਨੇ ਬੁੱਧਵਾਰ ਦੀ ਦੁਪਹਿਰ ਆਪਣੇ ਘਰ 'ਚ ਪੱਖੇ ਨਾਲ ਗਲਫਾਹਾ ਲੈ ਲਿਆ।ਘਟਨਾ ਦੀ ਸੂਚਨਾ ਮਿਲਦਿਆਂ ਹੀ ਕੁਲਰੀਆਂ ਪੁਲਸ ਮੌਕੇ 'ਤੇ ਪਹੁੰਚੀ ਤੇ ਸਰੀਰ ਨੂੰ ਪੋਸਟਮਾਰਟਮ ਲਈ ਹਸਪਤਾਲ ਭੇਜ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਇਲਾਕੇ ਦੇ ਲੋਕਾਂ ਵਿੱਚ ਇਸ ਘਟਨਾ ਨੂੰ ਲੈ ਕੇ ਦੁੱਖ ਦਾ ਮਾਹੌਲ ਹੈ।ਮ੍ਰਿਤਕ ਆਪਣੇ ਪਿੱਛੇ ਮਾਤਾ-ਪਿਤਾ ਤੋਂ ਇਲਾਵਾ ਦੋ ਭੈਣਾਂ ਛੱਡ ਗਿਆ ਹੈ।

# ਸਕੂਲੀ ਬੱਸਾਂ ਤੇ ਵੈਨਾਂ ਦੀ ਚੈਕਿੰਗ ਦੌਰਾਨ ਮਿਲੀਆਂ ਵੱਡੀਆਂ ਖਾਮੀਆਂ

## ਆਰ ਟੀ ਓ ਵੱਲੋਂ ਸਕੂਲਾਂ ਨੂੰ ਲਿਖਤੀ ਨੋਟਿਸ ਜਾਰੀ





**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਫ਼ਿਰੋਜ਼ਪੁਰ ਵਿਖੇ ਟਰਾਂਸਪੋਰਟ ਵਿਭਾਗ ਵੱਲੋਂ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ। ਆਰ.ਟੀ.ਓ. ਫ਼ਿਰੋਜ਼ਪੁਰ ਵਿਸ਼ਵਦੀਪ ਸਿੰਘ ਸਿੱਧੂ ਤੇ ਏ.ਟੀ.ਓ. ਰਕੇਸ਼ ਬਾਂਸਲ ਨੇ ਆਪਣੀ ਟੀਮ ਸਮੇਤ ਵੱਖ-ਵੱਖ ਸਕੂਲਾਂ ਦੀਆਂ ਬੱਸਾਂ ਤੇ ਵੈਨਾਂ ਦੀ ਅਚਨਚੇਤ ਰੁਟੀਨ ਚੈਕਿੰਗ ਕੀਤੀ। ਇਸ ਚੈਕਿੰਗ ਦੌਰਾਨ ਸਕੂਲੀ ਵਾਹਨਾਂ ਵਿੱਚ ਸੁਰੱਖਿਆ ਨਿਯਮਾਂ ਤੇ ਕਾਗਜ਼ਾਤ ਨਾਲ ਸਬੰਧਤ ਕਈ ਵੱਡੀਆਂ ਤਰੁਟੀਆਂ (ਖਾਮੀਆਂ) ਪਾਈਆਂ ਗਈਆਂ। ਮੌਕੇ ਆਰ.ਟੀ.ਓ. ਵਿਸ਼ਵਦੀਪ ਸਿੰਘ ਸਿੱਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਾਰੇ ਸਬੰਧਤ ਸਕੂਲਾਂ ਕੋਲੋਂ ਲਿਖਤੀ ਜਵਾਬ ਮੰਗਿਆ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਜਲਦ ਤੋਂ ਜਲਦ ਆਪਣੇ ਸਾਰੇ ਕਾਗਜ਼ਾਤ ਤੇ ਸੁਰੱਖਿਆ ਪ੍ਰਬੰਧ ਮੁਕੰਮਲ ਕਰਨ ਦੀਆਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇੱਕ ਮਹੀਨੇ ਬਾਅਦ ਦੁਬਾਰਾ ਚੈਕਿੰਗ ਹੋਵੇਗੀ ਤੇ ਲਾਪ੍ਰਵਾਹੀ 'ਤੇ ਹੋਵੇਗੀ ਸਖਤ ਕਾਰਵਾਈ ਆਰ.ਟੀ.ਓ. ਨੇ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ?ਵਿਭਾਗ ਵੱਲੋਂ ਠੀਕ ਇੱਕ ਮਹੀਨੇ ਬਾਅਦ ਦੁਬਾਰਾ ਸਰਪ੍ਰਾਈਜ਼ ਚੈਕਿੰਗ ਕੀਤੀ ਜਾਵੇਗੀ। ਜੇਕਰ ਉਸ ਸਮੇਂ ਵੀ ਇਹ ਖਾਮੀਆਂ ਦੂਰ ਨਾ ਕੀਤੀਆਂ ਗਈਆਂ, ਤਾਂ ਲਾਪ੍ਰਵਾਹੀ ਵਰਤਣ ਵਾਲੇ ਵਾਹਨਾਂ ਨੂੰ ਭਾਰੀ ਜੁਰਮਾਨੇ ਕੀਤੇ ਜਾਣਗੇ ਅਤੇ ਅਜਿਹੀਆਂ ਬੱਸਾਂ ਤੇ ਵੈਨਾਂ ਨੂੰ ਮੌਕੇ 'ਤੇ ਹੀ ਬੰਦ (ਜ਼ਬਤ) ਕਰ ਦਿੱਤੀਆਂ ਜਾਣਗੀਆਂ। ਇਸ ਚੈਕਿੰਗ ਮੁਹਿੰਮ ਦੌਰਾਨ ਆਰ.ਟੀ.ਓ. ਦਫ਼ਤਰ ਦੇ ਹੋਰ ਵੀ ਕਈ ਕਰਮਚਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਇੰਸਪੈਕਟਰ 50,000 ਰੁਪਏ ਰਿਸ਼ਵਤ ਲੈਂਦਾ ਰੰਗੇ-ਹੱਥੀਂ ਕਾਬੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸਹਿਕਾਰੀ ਸਭਾ ਤਪਾ, ਜ਼ਿਲ੍ਹਾ ਬਰਨਾਲਾ ਵਿਖੇ ਤਾਇਨਾਤ ਇੰਸਪੈਕਟਰ ਹਰਸ਼ ਬਾਂਸਲ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਸਹਿਕਾਰੀ ਸਭਾ ਤਪਾ ਤੋਂ ਸੇਵਾਮੁਕਤ ਹੋਏ ਸਕੱਤਰ ਜੰਗ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਖ਼ਿਲਾਫ਼ ਇਸ ਵੇਲੇ ਵਿਭਾਗੀ ਜਾਂਚ ਚੱਲ ਰਹੀ ਹੈ।ਮੁਲਜ਼ਮ ਇੰਸਪੈਕਟਰ ਨੇ ਕਥਿਤ ਤੌਰ 'ਤੇ ਰਿਟਾਇਰਮੈਂਟ ਦਾ ਬਕਾਇਆ ਰਾਸ਼ੀ ਕਲੀਅਰ ਕਰਨ ਤੇ ਜਾਂਚ ਦਾ ਫੈਸਲਾ ਸ਼ਿਕਾਇਤਕਰਤਾ ਦੇ ਪੱਖ ਵਿੱਚ ਕਰਨ ਬਦਲੇ 1,00,000 ਰੁਪਏ ਰਿਸ਼ਵਤ ਮੰਗੀ ਸੀ ਤੇ ਬਾਅਦ ਵਿੱਚ ਇਹ ਸੌਦਾ 50,000 ਰੁਪਏ ਵਿੱਚ ਤੈਅ ਹੋਇਆ।ਰਿਸ਼ਵਤ ਨਾ ਦੇਣ ਲਈ ਰਾਜ਼ੀ ਹੋਣ 'ਤੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਤੱਕ ਪਹੁੰਚ ਕੀਤੀ। ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਉਸ ਦੇ ਕਬਜ਼ੇ ਵਿੱਚੋਂ ਰਿਸ਼ਵਤ ਵਾਲੇ ਕਰੰਸੀ ਨੋਟ ਵੀ ਬਰਾਮਦ ਕੀਤੇ ਗਏ ਹਨ।ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਪੀ ਆਰ ਟੀ ਸੀ ਕੰਟਰੈਕਟ ਵਰਕਰਾਂ ਦੀ ਹੜਤਾਲ ਕਾਰਨ ਬੱਸਾਂ ਦਾ ਚੱਕਾ ਜਾਮ





**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੀਆਰਟੀਸੀ ਕੰਟਰੈਕਟ ਵਰਕਰਾਂ ਵੱਲੋਂ ਮੰਗਾਂ ਦੀ ਪੂਰਤੀ ਨੂੰ ਲੈ ਕੇ ਸੂਬਾ ਆਗੂ ਹਰਕੇਸ਼ ਵਿੱਕੀ (ਪਟਿਆਲਾ) ਦੀ ਅਗਵਾਈ ਅਧੀਨ ਹੜਤਾਲ ਕੀਤੀ ਗਈ ਹੈ।ਪੰਜਾਬ ਅੰਦਰ ਪੀਆਰ ਟੀ ਸੀ ਦੀਆਂ ਬੱਸਾਂ ਦਾ ਚੱਕਾ ਜਾਮ ਰਹਿਣ ਕਾਰਨ ਲੋਕਾਂ ਨੂੰ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਪਿਆ। ਇਸ ਦੌਰਾਨ ਖਾਸ ਕਰਕੇ ਆਧਾਰ ਕਾਰਡ ਦੇ ਤਹਿਤ ਸਫਰ ਕਰਨ ਵਾਲੀਆਂ ਮਹਿਲਾਵਾਂ ਨੂੰ ਜ਼ਿਆਦਾ ਪ੍ਰੇਸ਼ਾਨੀ ਝੱਲਣੀ ਪਈ।

ਯੂਨੀਅਨ ਵੱਲੋਂ ਪੀਆਰਟੀਸੀ ਦੀਆਂ 1300 ਵਿੱਚੋਂ ਅੱਧ ਤੋਂ ਵੱਧ ਬੱਸਾਂ ਦਾ ਚੱਕਾ ਜਾਮ ਹੋਣ ਦਾ ਦਾਅਵਾ ਕੀਤਾ ਗਿਆ ਹੈ, ਜਦਕਿ ਮੈਨੇਜਮੈਂਟ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਕੀਤੇ ਗਏ ਬਦਲਵੇਂ ਪ੍ਰਬੰਧਾਂ ਦੇ ਤਹਿਤ ਵੱਧ ਤੋਂ ਵੱਧ ਬੱਸਾਂ ਚਲਾਈਆਂ ਜਾ ਰਹੀਆਂ ਹਨ।ਜ਼ਿਕਰਯੋਗ ਹੈ ਕਿ ਯੂਨੀਅਨ ਤੇ ਮੈਨੇਜਮੈਂਟ ਦਰਮਿਆਨ ਇਹ ਰੱਫੜ ਯੂਨੀਅਨ ਦੇ ਸੂਬਾਈ ਚੇਅਰਮੈਨ ਗੁਰਿੰਦਰ ਸਿੰਘ ਗੁਰੀ ਦੀ ਬਰਖਾਸਤਗੀ ਨੂੰ ਲੈ ਕੇ ਪਿਆ।ਮੀਟਿੰਗਾਂ ਦੌਰਾਨ ਵੀ ਜਦੋਂ ਮੈਨੇਜਮੈਂਟ ਵੱਲੋਂ ਯੂਨੀਅਨ ਆਗੂ ਦੀ ਬਹਾਲੀ ਲਈ ਹਾਮੀ ਨਾ ਭਰੀ ਗਈ ਤਾਂ ਸੂਬਾ ਆਗੂ ਹਰਕੇਸ਼ ਵਿੱਕੀ ਨੇ ਹੜਤਾਲ ਦਾ ਐਲਾਨ ਕਰ ਦਿੱਤਾ।ਭਾਵੇਂ ਕਿ ਹੜਤਾਲ ਕੱਲ੍ਹ ਹੀ ਐਲਾਨ ਦਿੱਤੀ ਗਈ ਸੀ, ਪ੍ਰੰਤੂ ਮੁਕੰਮਲ ਤੌਰ 'ਤੇ ਇਸ ਹੜਤਾਲ ਦਾ ਅਸਰ 16 ਜੁਲਾਈ ਦੀ ਸਵੇਰ ਤੋਂ ਹੀ ਦਿਖਣ ਲੱਗਿਆ।ਅਚਾਨਕ ਸ਼ੁਰੂ ਹੋਈ ਇਸ ਹੜਤਾਲ ਕਾਰਨ ਮੁਸਾਫਰਾਂ ਨੂੰ ਮੁਸ਼ਕਲਾਂ ਪੇਸ਼ ਆ ਰਹੀਆਂ ਹਨ।ਅੱਤ ਦੀ ਗਰਮੀ ਦੌਰਾਨ ਲੋਕ ਬੱਸ ਅੱਡਿਆਂ ਵਿੱਚ ਖੱਜਲ ਖੁਆਰ ਹੋਣ ਲਈ ਮਜਬੂਰ ਹਨ।ਸਨੌਰ ਤੋਂ ਕਾਂਗਰਸ ਦੇ ਆਗੂ ਬਲਿਹਾਰ ਸ਼ਮਸਪੁਰ ਤੇ ਗੌਰਵ ਸੰਧੂ ਦਾ ਕਹਿਣਾ ਹੈ ਕਿ ਸਰਕਾਰ ਦੀ ਨਲਾਇਕੀ ਦਾ ਹੀ ਸਿੱਟਾ ਹੈ ਕਿ ਲੋਕ ਪ੍ਰੇਸ਼ਾਨ ਹੋ ਰਹੇ ਹਨ।ਉਨ੍ਹਾਂ ਮੰਗ ਕੀਤੀ ਕਿ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦੀ ਪੂਰਤੀ ਯਕੀਨੀ ਬਣਾਈ ਜਾਵੇ ਤਾਂ ਜੁ ਮੁਲਾਜ਼ਮਾਂ ਦੀ ਖੱਜਲ ਖੁਆਰੀ ਰੁਕ ਸਕੇ।

ਹੜਤਾਲੀ ਮੁਲਾਜ਼ਮਾਂ ਨੇ ਪਟਿਆਲਾ ਬੱਸ ਅੱਡੇ ਵਿੱਚ ਰੋਸ ਪ੍ਰਦਰਸ਼ਨ ਵੀ ਕੀਤਾ, ਜਿਸ ਦੌਰਾਨ ਮੰਗਾਂ ਦੀ ਪੂਰਤੀ ਤੱਕ ਡਟੇ ਰਹਿਣ ਦਾ ਅਹਿਦ ਵੀ ਲਿਆ ਗਿਆ।ਗੁਰੀ ਦੀ ਬਹਾਲੀ ਸਮੇਤ ਇਹ ਹੜਤਾਲੀ ਵਰਕਰ ਆਪਣੀਆਂ ਸੇਵਾਵਾਂ ਰੈਗੂਲਰ ਕਰਨ ਸਮੇਤ ਕਈ ਹੋਰ ਮੰਗਾਂ ਦੀ ਪੂਰਤੀ ਕਰਨਾ ਸ਼ਾਮਲ ਹੈ!

# ਸੀਨੀਅਰ ਪੱਤਰਕਾਰ ਮਹੇਸ਼ ਸ਼ਰਮਾ ਦੇ ਅਚਾਨਕ ਦੇਹਾਂਤ 'ਤੇ ਪ੍ਰੈੱਸ ਕਲੱਬ ਰਾਏਕੋਟ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਟ੍ਰਿਬਿਊਨ ਗਰੁੱਪ ਦੇ ਸੀਨੀਅਰ ਪੱਤਰਕਾਰ ਮਹੇਸ਼ ਸ਼ਰਮਾ ਦੀ ਹੋਈ ਅਚਾਨਕ ਮੌਤ ਨੇ ਸਭ ਨੂੰ ਸੁੰਨ ਕਰਕੇ ਰੱਖ ਦਿੱਤਾ ਹੈ, ਜਿਉਂ ਹੀ ਉਨ੍ਹਾਂ ਦੇ ਦੇਹਾਂਤ ਦੀ ਦੁੱਖਦਾਈ ਖ਼ਬਰ ਪਤਾ ਲੱਗੀ ਤਾਂ ਉਨ੍ਹਾਂ ਦੇ ਸਾਥੀ ਪੱਤਰਕਾਰਾਂ ਸਮੇਤ ਸਭ ਸਨੇਹੀਆਂ ਨੂੰ ਭਾਰੀ ਸਦਮਾ ਲੱਗਿਆ। ਮਹੇਸ਼ ਸ਼ਰਮਾ ਪ੍ਰੈੱਸ ਕਲੱਬ ਰਾਏਕੋਟ ਦੇ ਸੀਨੀਅਰ ਮੈਂਬਰ ਸਨ।ਉਨ੍ਹਾਂ ਦੀ ਪੱਤਰਕਾਰੀ ਹਮੇਸ਼ਾ ਹੀ ਸਚਾਈ, ਨਿਰਪੱਖਤਾ ਤੇ ਨਿੱਡਰਤਾ ਨਾਲ ਲਬਰੇਜ਼ ਰਹੀ ਹੈ, ਉਨ੍ਹਾਂ ਔਖੇ ਹਾਲਤਾਂ ਵਿੱਚ ਵੀ ਕਦੇ ਸੱਚ ਦਾ ਸਾਥ ਨਹੀਂ ਛੱਡਿਆ।ਮਹੇਸ਼ ਸ਼ਰਮਾ ਵਿਦਿਆਰਥੀ ਜੀਵਨ ਤੋਂ ਹੀ ਸਮਾਜਿਕ, ਸੱਭਿਆਚਾਰਕ ਤੇ ਵਿਗਿਆਨਕ ਵਿਸ਼ਿਆਂ 'ਤੇ ਨਿਰਪੱਖ, ਤੱਥਾਂ-ਅਧਾਰਤ ਤੇ ਸੰਵੇਦਨਸ਼ੀਲ ਲੇਖਣੀ ਲਈ ਜਾਣੇ ਜਾਂਦੇ ਸਨ।ਉਹ ਇਮਾਨਦਾਰ, ਨਿਮਰ ਸੁਭਾਅ ਤੇ ਖੁੱਲ੍ਹੇ ਵਿਚਾਰਾਂ ਦੇ ਮਾਲਕ ਸਨ ਤੇ ਸਮਾਜ ਵਿੱਚ ਉਨ੍ਹਾਂ ਵਰਗੀ ਸ਼ਖ਼ਸੀਅਤ ਦੇ ਮਾਲਕ ਬਹੁਤ ਹੀ ਘੱਟ ਮਿਲਦੇ ਹਨ।ਸਾਬਕਾ ਸੰਸਦੀ ਸਕੱਤਰ ਬਿਕਰਮਜੀਤ ਸਿੰਘ ਖਾਲਸਾ ਨੇ ਸਮਾਜ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਸ਼ਰਧਾਂਜਲੀ ਭੇਟ ਕੀਤੀ।ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਨੇ ਕਿਹਾ ਕਿ ਮਹੇਸ਼ ਸ਼ਰਮਾ ਦੀ ਲੇਖਣੀ ਵਿੱਚ ਕਮਾਲ ਦਾ ਹੁਨਰ ਸੀ ਉਹ ਇਲਾਕੇ ਦੀ ਹਰ ਖ਼ਬਰ ਨੂੰ ਸੰਪੂਰਨਤਾ ਨਾਲ ਪ੍ਰਕਾਸ਼ਤ ਕਰਵਾਉਂਦੇ ਸਨ।ਉਨ੍ਹਾਂ ਦੇ ਜਾਣ ਨਾਲ ਪੱਤਰਕਾਰੀ ਖੇਤਰ ਨੂੰ ਵੱਡਾ ਘਾਟਾ ਪਿਆ ਹੈ।ਇਸ ਸਬੰਧੀ ਰਾਏਕੋਟ ਪ੍ਰੈੱਸ ਕਲੱਬ ਦੇ ਪ੍ਰਧਾਨ ਸੰਜੀਵ ਭੱਲਾ, ਸਕੱਤਰ ਇਕਬਾਲ ਸਿੰਘ ਫੇਰੂਰਾਈਂ, ਸੁਸ਼ੀਲ ਕੁਮਾਰ, ਰਘਬੀਰ ਸਿੰਘ ਜੱਗਾ, ਇਮਰਾਨ ਖਾਨ, ਅਮਿਤ ਪਾਸੀ, ਡਾ. ਪ੍ਰਵੀਨ ਅੱਗਰਵਾਲ, ਸੁਸ਼ੀਲ ਵਰਮਾ, ਆਤਮਾ ਸਿੰਘ ਲੋਹਟਬੱਦੀ, ਜਸਵੰਤ ਸਿੰਘ ਸਿੱਧੂ, ਨਾਮਪ੍ਰੀਤ ਗੋਗੀ, ਸ਼ਮਸ਼ੇਰ ਸਿੰਘ ਤੇ ਆਰ ਜੀ ਰਾਏਕੋਟੀ ਵੱਲੋਂ ਪਰਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ ਗਈ।

# ਪੰਜਾਬ ਕੋ-ਐਜੂਕੇਸ਼ਨ ਸਕੂਲ ਵਿਖੇ ਪ੍ਰੇਰਨਾਦਾਇਕ ਸੈਮੀਨਾਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੋਗਾ ਜ਼ਿਲ੍ਹੇ ਦੀ ਮਾਣਮੱਤੀ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਅੱਜ ਇਕ ਪ੍ਰੇਰਨਾਦਾਇਕ ਸੈਮੀਨਾਰ ਕਰਵਾਇਆ ਗਿਆ, ਜਿਸ ਦਾ ਮਕਸਦ ਵਿਦਿਆਰਥੀਆਂ ਵਿੱਚ ਆਪਣੀ ਕਾਬਲੀਅਤ ਦੀ ਪਛਾਣ ਕਰਕੇ ਭਵਿੱਖ ਲਈ ਕੁਝ ਨਵਾਂ ਕਰਨ ਦੀ ਸਮਰੱਥਾ ਹਾਸਲ ਕਰਨਾ ਸੀ।ਇਸ ਸੈਮੀਨਾਰ ਦੀ ਰਹਿਨੁਮਾਈ ਪੱਤਰਕਾਰ ਸ੍ਰ. ਤੋਤਾ ਸਿੰਘ 'ਦੀਨਾ ਸਾਹਿਬ' ਵੱਲੋਂ ਕੀਤੀ ਗਈ।ਉਨ੍ਹਾਂ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਲਈ ਪ੍ਰੇਰਨਾਦਾਇਕ ਭਾਸ਼ਣ ਦਿੰਦਿਆਂ ਕਿਹਾ ਕਿ ਜ਼ਿੰਦਗੀ ਵਿਚ ਕਾਮਯਾਬੀ ਕਿਸੇ ਨੂੰ ਵਿਰਾਸਤ ਵਿੱਚ ਨਹੀਂ ਮਿਲਦੀ।ਇਹ ਮਿਹਨਤ, ਅਨੁਸ਼ਾਸਨ ਤੇ ਲਗਾਤਾਰ ਕੋਸ਼ਿਸ਼ ਦਾ ਨਤੀਜਾ ਹੁੰਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਕਦੇ ਵੀ ਅਸਫਲਤਾ ਤੋਂ ਨਹੀਂ ਘਬਰਾਉਣਾ ਚਾਹੀਦਾ, ਕਿਉਂਕਿ ਅਸਫਲਤਾ ਸਾਨੂੰ ਕੁਝ ਨਵਾਂ ਸਿਖਾਉਂਦੀ ਹੈ।ਸਾਨੂੰ ਹਰ ਰੋਜ਼ ਆਪਣੇ ਆਪ ਨੂੰ ਕੱਲ੍ਹ ਨਾਲੋਂ ਬਿਹਤਰ ਬਣਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।ਸਾਨੂੰ ਮੋਬਾਈਲ ਤੇ ਸੋਸ਼ਲ ਮੀਡੀਆ ਵਿੱਚ ਸਮਾਂ ਖਰਾਬ ਕਰਨ ਦੀ ਬਜਾਏ ਇਸ ਤੋਂ ਯੋਗ ਲਾਭ ਉਠਾਉਣਾ ਚਾਹੀਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਯੂ ਪੀ ਐੱਸ ਈ, ਆਈ ਪੀ ਐੱਸ, ਪੀ ਸੀ ਐੱਸ ਵਰਗੇ ਵੱਡੇ ਪੇਪਰਾਂ ਦੀ ਤਿਆਰੀ ਕਰਨ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਸ਼ਾਰਟਕੱਟ ਦੁਆਰਾ ਕਾਮਯਾਬੀ ਕਦੇ ਵੀ ਹਾਸਲ ਨਹੀਂ ਹੁੰਦੀ, ਕਿਉਂਕਿ ਇੱਕ ਬੀਜ ਨੂੰ ਦਰੱਖਤ ਬਣਨ ਲਈ ਕਈ ਸਾਲਾਂ ਦਾ ਸਮਾਂ ਲੱਗਦਾ ਹੈ।ਉਨ੍ਹਾਂ ਕਿਹਾ ਕਿ ਜੇ ਨਾ-ਕਾਮਯਾਬੀ ਮਿਲੇ ਤਾਂ ਨਿਰਾਸ਼ ਨਹੀਂ ਹੋਣਾ ਚਾਹੀਦਾ, ਸਗੋਂ ਹੋਰ ਸਿੱਖਣਾ ਚਾਹੀਦਾ ਹੈ।ਉਨ੍ਹਾਂ ਸਮੇਂ ਦੀ ਕਦਰ, ਸੁੰਦਰ ਲਿਖਾਈ, ਅਨੁਸ਼ਾਸਨ, ਦਿਨ ਦਾ ਚਾਰਟ, ਅਖ਼ਬਾਰ ਪੜ੍ਹਨ, ਸੱਚ ਬੋਲਣ ਵਰਗੀਆਂ ਆਦਤਾਂ ਅਪਨਾਉਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਮੰਜਿਲ ਉਹੀ ਪ੍ਰਾਪਤ ਕਰਦਾ ਹੈ, ਜੋ ਮਿਹਨਤ 'ਤੇ ਭਰੋਸਾ ਕਰਕੇ ਆਪਣੇ ਸੁਪਨਿਆਂ 'ਤੇ ਵਿਸ਼ਵਾਸ ਕਰਦਾ ਹੈ।ਸੈਮੀਨਾਰ ਦੇ ਅਖੀਰ ਵਿੱਚ ਸੰਸਥਾ ਦੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਸ੍ਰ. ਤੋਤਾ ਸਿੰਘ ਦੀਨਾ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੁਆਰਾ ਦੱਸੇ ਗਏ ਤਰੀਕਿਆਂ 'ਤੇ ਅਮਲ ਕਰਨ ਤੇ ਸਖਤ ਮਿਹਨਤ ਕਰਨ 'ਤੇ ਜ਼ੋਰ ਦਿੱਤਾ।ਇਸ ਮੌਕੇ ਪ੍ਰਿੰਸੀਪਲ ਪਰਮਿੰਦਰ ਕੌਰ, ਡਾਇਰੈਕਟਰ ਕਿਡਜ਼ੀ ਸੁਧਾ ਮਹਿਤਾ, ਕੋਆਰਡੀਨੇਟਰ ਮੁਕੇਸ਼ ਅਰੋੜਾ, ਐਡਵੋਕੇਟ ਰਾਜਾ ਸਿੰਘ, ਖੁਸ਼ਪ੍ਰੀਤ ਕੌਰ ਤੇ ਸਮੁੱਚਾ ਸਟਾਫ ਸ਼ਾਮਲ ਸੀ।

# ਮਾਤਾ ਗੁਜਰੀ ਕਾਲਜ ਵਿਖੇ ਅਕਾਦਮਿਕ ਕੌਂਸਲ ਮੀਟਿੰਗ ਦਾ ਆਯੋਜਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਮਾਤਾ ਗੁਜਰੀ ਕਾਲਜ ਵਿਖੇ ਅਕਾਦਮਿਕ ਕੌਂਸਲ ਦੇ ਚੇਅਰਪਰਸਨ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਦੀ ਅਗਵਾਈ ਵਿੱਚ ਕਾਲਜ ਦੀ ਅਕਾਦਮਿਕ ਕੌਂਸਲ ਦੀ 17ਵੀਂ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਨਵੇਂ ਵਿੱਦਿਅਕ ਸੈਸ਼ਨ 2026-2027 ਲਈ ਕਾਲਜ ਦੇ ਵੱਖ ਵੱਖ ਵਿਭਾਗਾਂ ਦੇ ਬੋਰਡ ਆਫ਼ ਸਟੱਡੀਜ਼ ਵੱਲੋਂ ਪਾਸ ਕੀਤੇ ਗਏ ਸਿਲੇਬਸਾਂ ਨੂੰ ਪ੍ਰਵਾਨਗੀ ਦਿੱਤੀ ਗਈ ਤੇ ਮਹੱਤਵਪੂਰਨ ਅਕਾਦਮਿਕ ਪਹਿਲੂਆਂ 'ਤੇ ਵਿਚਾਰ ਵਟਾਂਦਰਾ ਕਰਦਿਆਂ ਕਾਲਜ ਦੀ ਅਕਾਦਮਿਕ ਗੁਣਵੱਤਾ ਹੋਰ ਵਧਾਉਣ ਲਈ ਅਹਿਮ ਫੈਸਲੇ ਲਏ ਗਏ। ਇਸ ਮੀਟਿੰਗ ਦੌਰਾਨ ਮੌਜੂਦਾ ਸਿੱਖਿਆ ਪ੍ਰਬੰਧ ਨੂੰ ਸਮੇਂ ਦੇ ਹਾਣ ਦਾ ਬਣਾਉਣ, ਵਿਦਿਆਰਥੀਆਂ ਨੂੰ ਵਿਵਹਾਰਕ ਸਿੱਖਿਆ ਪ੍ਰਦਾਨ ਕਰਨ, ਵਿਸ਼ਿਆਂ ਦੀ ਚੋਣ ਵਿੱਚ ਲਚਕੀਲਾਪਣ ਲਿਆਉਣ ਤੇ ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਯੁੱਗ ਵਿੱਚ ਸਕਾਰਾਤਮਕ ਵਿੱਦਿਅਕ ਬਦਲਾਵਾਂ, ਸਾਈਬਰ ਸੁਰੱਖਿਆ ਤੇ ਮਨੁੱਖੀ ਮੁੱਲਾਂ ਨਾਲ ਸਬੰਧਤ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕਰਦਿਆਂ ਉਸਾਰੂ ਫੈਸਲੇ ਲਏ ਗਏ। ਇਸ ਮੀਟਿੰਗ ਵਿੱਚ ਵੱਖ-ਵੱਖ ਅਕਾਦਮਿਕ ਖੇਤਰਾਂ ਦੇ ਵਿਸ਼ਾ ਮਾਹਰਾਂ ਨੇ ਸ਼ਿਰਕਤ ਕੀਤੀ।ਮੀਟਿੰਗ ਦੀ ਸ਼ੁਰੂਆਤ ਮੌਕੇ ਕਾਲਜ ਦੀ ਅਕਾਦਮਿਕ ਕੌਂਸਲ ਦੇ ਚੇਅਰਪਰਸਨ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਤੇ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਵਿੱਦਿਆ ਇੰਜੀ. ਸੁਖਮਿੰਦਰ ਸਿੰਘ ਦਾ ਕਾਲਜ ਨੂੰ ਸੁਯੋਗ ਅਗਵਾਈ, ਸਰਪ੍ਰਸਤੀ ਤੇ ਸਹਿਯੋਗ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਉਪਰੰਤ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਅਕਾਦਮਿਕ ਕੌਂਸਲ ਦੀ ਮੀਟਿੰਗ ਵਿੱਚ ਹਾਜ਼ਰ ਮੈਂਬਰ ਸਾਹਿਬਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਉੱਤਰੀ ਭਾਰਤ ਦੀ ਸਿਰਮੌਰ ਸਿੱਖਿਆ ਸੰਸਥਾ ਹੈ, ਜਿਸ ਨੇ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਅੰਤਰ ਖੇਤਰੀ ਤੇ ਖੇਤਰੀ ਯੁਵਕ ਮੇਲਿਆਂ ਦੀ ਓਵਰਆਲ ਟਰਾਫ਼ੀ ਜਿੱਤ ਕੇ ਆਪਣੀ ਸ਼ਾਨ ਵਿੱਚ ਵਾਧਾ ਕੀਤਾ ਹੈ।

ਇਸ ਮੌਕੇ ਅਕਾਦਮਿਕ ਕੌਂਸਲ ਦੇ ਮੈਂਬਰ ਸਕੱਤਰ ਪ੍ਰੋ. ਪ੍ਰਦੀਪ ਕੌਰ ਨੇ ਅਕਾਦਮਿਕ ਕੌਂਸਲ ਦੀ ਮੀਟਿੰਗ ਦੀ ਕਾਰਵਾਈ ਦਾ ਸੰਚਾਲਨ ਬਾਖੂਬੀ ਕੀਤਾ।ਮੀਟਿੰਗ ਦੌਰਾਨ ਕੁਝ ਨਵੇਂ ਕਿੱਤਾਮੁਖੀ ਕੋਰਸਾਂ ਤੇ ਵਿਦਿਆਰਥੀ ਪੱਖੀ ਨੀਤੀਆਂ ਨੂੰ ਪ੍ਰਵਾਨਗੀ ਦਿੱਤੀ ਗਈ।ਕਾਲਜ ਦੇ ਡੀਨ ਅਕਾਦਮਿਕ ਡਾ. ਕਮਲਪ੍ਰੀਤ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।ਇਸ ਮੌਕੇ ਪ੍ਰੋ. ਰਸ਼ਮੀ ਅਰੋੜਾ, ਪ੍ਰੋ. ਨਮਿਤਾ ਬੇਰੀ, ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ ਤੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਬੋਰਡ ਆਫ਼ ਸਟੱਡੀਜ਼ ਦੇ ਚੇਅਰਪਰਸਨ ਹਾਜ਼ਰ ਸਨ।

# ਲੋਕ ਹੜ੍ਹਾਂ ਬਾਰੇ ਚਿੰਤਾ ਨਾ ਕਰਨ, ਸਰਕਾਰ ਪੂਰੀ ਤਰ੍ਹਾਂ ਚੌਕਸ : ਸਿਹਤ ਮੰਤਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮਾਨਸੂਨ ਸੀਜ਼ਨ 'ਚ ਲੋਕ ਹੜ੍ਹ ਆਉਣ ਦੀ ਕੋਈ ਚਿੰਤਾ ਨਾ ਕਰਨ, ਕਿਉਂਕਿ ਪੰਜਾਬ ਸਰਕਾਰ ਪੂਰੀ ਤਰ੍ਹਾਂ ਚੌਕਸ ਹੈ ਤੇ ਵਿਭਾਗੀ ਤਾਲਮੇਲ ਨਾਲ ਪ੍ਰਸ਼ਾਸਕੀ ਮਸ਼ੀਨਰੀ ਨੇ ਸਾਰੇ ਲੋੜੀਂਦੇ ਹੜ੍ਹ ਰੋਕੂ ਪ੍ਰਬੰਧ ਅਗੇਤੇ ਹੀ ਮੁਕੰਮਲ ਕਰ ਲਏ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਬਿਨਾਂ ਸਿਹਤ ਵਿਭਾਗ ਨੇ ਜਿੱਥੇ ਡੇਂਗੂ ਤੇ ਹੋਰ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕਤਾ ਵਧਾਈ ਹੈ, ਉਥੇ ਹੀ ਇਲਾਜ ਪ੍ਰਬੰਧ ਵੀ ਪੁਖ਼ਤਾ ਕੀਤੇ ਹਨ।ਸਿਹਤ ਮੰਤਰੀ ਪਟਿਆਲਾ ਵਿਖੇ ਕੀਤੀ ਪ੍ਰੈਸ ਕਾਫਰੰਸ 'ਚ ਹੜ੍ਹਾਂ ਤੋਂ ਬਚਾਅ ਬਾਬਤ ਤਿਆਰੀਆਂ ਦੀ ਜਾਣਕਾਰੀ ਦੇ ਰਹੇ ਸਨ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਘੱਗਰ ਸਮੇਤ ਵੱਡੀ ਨਦੀ ਤੇ ਹੋਰ ਨਦੀਆਂ ਨਾਲਿਆਂ 'ਤੇ ਹਰ ਪਲ ਨਜ਼ਰ ਰੱਖੀ ਜਾ ਰਹੀ ਹੈ, ਜਿਸ ਲਈ ਲੋਕਾਂ ਨੂੰ ਘਬਰਾਹਟ 'ਚ ਆਉਣ ਦੀ ਕੋਈ ਲੋੜ ਨਹੀਂ ਹੈ, ਜਦਕਿ ਡਰੇਨੇਜ਼ ਮਹਿਕਮੇ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਨੇ ਵੀ ਸਾਰੀਆਂ ਹੜ੍ਹ ਰੋਕੂ ਤਿਆਰੀਆਂ ਪਹਿਲਾਂ ਹੀ ਮੁਕੰਮਲ ਕਰ ਰੱਖੀਆਂ ਹਨ।ਉਨ੍ਹਾਂ ਦੱਸਿਆ ਕਿ ਵੱਡੀ ਨਦੀ ਦੀ ਸਫ਼ਾਈ ਤੇ ਬੰਨ੍ਹ ਮਜ਼ਬੂਤ ਕਰਨ ਸਮੇਤ ਇਸ ਦੀ ਪਾਣੀ ਲਿਜਾਣ ਦੀ ਸਮਰੱਥ ਵਧਾਈ ਗਈ ਹੈ।ਸਿਹਤ ਮਹਿਕਮੇ ਵੱਲੋਂ ਬਰਸਾਤੀ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਤੇ ਡੇਂਗੂ, ਚਿਕਨਗੁਨੀਆ, ਡਾਇਰੀਆ, ਹੈਪੇਟਾਈਟਸ ਤੇ ਹੋਰ ਬਿਮਾਰੀਆਂ ਤੋਂ ਬਚਾਅ ਸਬੰਧੀ ਕੀਤੇ ਉਪਾਵਾਂ ਦੀ ਜਾਣਕਾਰੀ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਕਿਸੇ ਵੀ ਹੰਗਾਮੀ ਮੈਡੀਕਲ ਸਥਿਤੀ ਲਈ 104 ਹੈਲਪਲਾਈਨ ਨੰਬਰ ਜਾਰੀ ਕੀਤਾ ਗਿਆ ਹੈ।ਸਿਹਤ ਵਿਭਾਗ ਸਮੇਤ ਡਰੇਨੇਜ, ਜਲ ਸਪਲਾਈ, ਸਥਾਨਕ ਸਰਕਾਰਾਂ, ਪੰਚਾਇਤ, ਸਿੱਖਿਆ, ਆਈ.ਐਮ.ਏ., ਕੈਮਿਸਟ ਐਸੋਸੀਏਸ਼ਨ, ਸਮਾਜ ਸੇਵੀ ਸੰਸਥਾਵਾਂ ਅਤੇ ਹੋਰ ਸਬੰਧਤ ਵਿਭਾਗਾਂ ਦਾ ਆਪਸੀ ਤਾਲਮੇਲ ਕਰਵਾਇਆ ਗਿਆ ਹੈ।

ਸੰਭਾਵੀ ਹੜ੍ਹਾਂ ਦੌਰਾਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ 85 ਦਵਾਈਆਂ ਦੀ ਸੂਚੀ ਬਣਾ ਕੇ ਸਾਰੇ ਹਸਪਤਾਲਾਂ 'ਚ ਪੁਚਾਈਆਂ ਹਨ।ਸਿਹਤ ਮੰਤਰੀ ਨੇ ਅੱਗੇ ਦੱਸਿਆ ਕਿ ਰਾਜ ਭਰ 'ਚ ਡੇਂਗੂ ਦੇ ਇਲਾਜ ਲਈ ਸਰਕਾਰੀ ਹਸਪਤਾਲਾਂ 'ਚ 1200 ਬੈਡ ਰਾਖਵੇਂ ਰੱਖੇ ਹਨ, ਡੇਂਗੂ ਟੈਸਟਿੰਗ 'ਚ 10 ਗੁਣਾ ਵਾਧਾ ਕੀਤਾ ਗਿਆ ਹੈ ਤੇ ਇਕੱਲੇ ਆਮ ਆਦਮੀ ਕਲੀਨਿਕਾਂ 'ਚ ਹੀ 30000 ਟੈਸਟ ਹੋਏ ਹਨ ਅਤੇ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਨੂੰ ਹੋਰ ਤੇਜ਼ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਡੇਂਗੂ ਦੇ ਮੁਫ਼ਤ ਇਲਾਜ ਸਮੇਤ 12000 ਰੁਪਏ ਦੀ ਸਿੰਗਲ ਡੋਜ਼ ਪਲੇਟਲੈਟ ਕਿੱਟ ਵੀ ਮੁਫ਼ਤ ਮੁਹੱਈਆ ਕਰਾਈ ਗਈ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ 2300 ਸਾਂਝੀਆਂ ਟੀਮਾਂ ਦਾ ਗਠਨ ਕਰਕੇ ਮੱਛਰਾਂ ਦੀ ਪ੍ਰਜਣਨ ਚੈਕ ਕਰਨ ਲਈ 1500 ਬ੍ਰੀਡਿੰਗ ਚੈਕਰ, 38122 ਟ੍ਰੇਂਡ ਨਰਸਿੰਗ ਸਟੂਡੈਂਟਸ, 20515 ਆਸ਼ਾ ਵਰਕਰਾਂ ਨੂੰ ਵੀ ਸਿਖਲਾਈ ਦੇ ਕੇ 53 ਲੱਖ ਘਰਾਂ ਦੀ ਚੈਕਿੰਗ ਕੀਤੀ ਗਈ ਹੈ ਅਤੇ 11000 ਤੋਂ ਵਧ ਘਰਾਂ 'ਚ ਡੇਂਗੂ ਦਾ ਲਾਰਵਾ ਨਸ਼ਟ ਕੀਤਾ ਗਿਆ ਹੈ।ਇਸ ਦੇ ਨਾਲ ਹੀ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਦਾ ਵੀ ਗਠਨ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਾਰੀ ਕਾਰਵਾਈ ਦੀ ਰੀਅਲ ਟਾਈਮ ਮੋਨੀਟਰਿੰਗ ਕੀਤੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹਾਂ ਤੋਂ ਬਚਾਅ ਲਈ ਸਾਰੇ ਪ੍ਰਬੰਧ ਪੁਖ਼ਤੇ ਕਰ ਲਏ ਹਨ ਤੇ ਹੜ੍ਹ ਕੰਟਰੋਲ ਰੂਮ 0175-2350550 ਤੇ 2385550 ਨਿਰੰਤਰ ਕਾਰਜਸ਼ੀਲ ਹੈ ਤੇ ਜ਼ਿਲ੍ਹੇ 'ਚ ਪਹਿਲੀ ਵਾਰ ਇੱਕ ਵਟਸਐਪ ਨੰਬਰ ਵੀ ਜਲਦੀ ਜਾਰੀ ਕੀਤਾ ਜਾਵੇਗਾ।

# ਅਣਮਿੱਥੇ ਸਮੇਂ ਲਈ ਵਕੀਲਾਂ ਵੱਲੋਂ ਹੜਤਾਲ ਜਾਰੀ, ਮੁਲਜ਼ਮਾਂ ਨੂੰ ਮਿਲ ਰਹੀ ਹੈ ਖੁੱਲ੍ਹ

**ਬਰਨਾਲਾ (ਰਾਜਿੰਦਰ ਬਰਾੜ)**-ਜ਼ਿਲ੍ਹਾ ਬਾਰ ਐਸੋਸੀਏਸ਼ਨ ਬਰਨਾਲਾ ਵੱਲੋਂ ਲੀਗਲ ਏਡ ਡਿਫੈਂਸ ਕੌਂਸਲ ਨੀਤੀ ਦੇ ਵਿਰੋਧ ਵਿੱਚ ਚੱਲ ਰਹੀ ਹੜਤਾਲ ਅਣਮਿੱਥੇ ਸਮੇਂ ਲਈ ਜਾਰੀ ਹੈ।ਹੜਤਾਲ ਦੇ 10ਵੇਂ ਦਿਨ ਚੇਅਰਮੈਨ ਹਰਿੰਦਰਪਾਲ ਸਿੰਘ ਰਾਣੂੰ ਦੀ ਅਗਵਾਈ 'ਚ ਸਮੂਹ ਵਕੀਲਾਂ ਨੇ ਕੰਮ ਬੰਦ ਰੱਖ ਕੇ ਅਪਣਾ ਰੋਸ ਜ਼ਾਹਰ ਕੀਤਾ।ਸਮੂਹ ਵਕੀਲਾਂ ਨੇ ਕੇਂਦਰ ਸਰਕਾਰ ਤੇ ਨਿਆਂ ਪਾਲਿਕਾ ਤੋਂ ਐੱਲ.ਏ.ਡੀ.ਸੀ. ਨੀਤੀ ਰੱਦ ਕਰਨ ਦੀ ਮੰਗ ਕੀਤੀ। ਇਸ ਮੌਕੇ ਚੇਅਰਮੈਨ ਹਰਵਿੰਦਰ ਪਾਲ ਸਿੰਘ ਰਾਣੂੰ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਤਲਵਿੰਦਰ ਸਿੰਘ ਮਸੌਣ, ਐਡਵੋਕੇਟ ਧਰਮਿੰਦਰ ਸਿੰਘ ਧਾਲੀਵਾਲ, ਐਡਵੋਕੇਟ ਜਗਦੀਪ ਸਿੰਘ ਸੰਧੂ, ਐਡਵੋਕੇਟ ਦਰਸ਼ਨ ਸਿੰਘ ਸਿੱਧੂ, ਐਡਵੋਕੇਟ ਨਰੇਸ਼ ਬਾਵਾ ਤੇ ਨਛੱਤਰ ਸਿੰਘ ਬਰਾੜ ਨੇ ਕਿਹਾ ਕਿ ਐੱਲ.ਏ.ਡੀ.ਸੀ. ਕਾਨੂੰਨ ਤਹਿਤ ਮੁਲਜ਼ਮਾਂ ਨੂੰ ਬਿਨਾਂ ਕਿਸੇ ਫੀਸ ਤੋਂ ਕਾਨੂੰਨੀ ਸਹਾਇਤਾ ਦਿੱਤੀ ਜਾ ਰਹੀ ਹੈ, ਜਿਨ੍ਹਾਂ ਨੂੰ ਪੁਲਸ ਵੱਲੋਂ ਚੋਰੀ, ਲੁੱਟਾਂ ਖੋਹਾਂ ਤੇ ਹੋਰ ਅਪਰਾਧ ਤਹਿਤ ਗ੍ਰਿਫ਼ਤਾਰ ਕੀਤਾ ਜਾਂਦਾ ਹੈ। ਇੱਕ ਪਾਸੇ ਪੁਲਸ ਵੱਲੋਂ ਸਮਾਜ ਅੰਦਰ ਅਮਨ ਕਾਨੂੰਨ ਬਣਾਈ ਰੱਖਣ ਲਈ ਅਜਿਹੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਕੇ ਕੇਸ ਦਰਜ ਕੀਤੇ ਜਾਂਦੇ ਹਨ ਤੇ ਸਰਕਾਰੀ ਵਕੀਲ ਵੱਲੋਂ ਵੀ ਇਨ੍ਹਾਂ ਮੁਲਜ਼ਮਾਂ ਨੂੰ ਸਜ਼ਾ ਦਿਵਾਉਣ ਦਾ ਯਤਨ ਕੀਤਾ ਜਾਂਦਾ ਹੈ ਤਾਂ ਜੋ ਸਮਾਜ ਅੰਦਰ ਅਮਨ ਕਾਨੂੰਨ ਬਣਿਆ ਰਹੇ, ਪਰ ਦੂਜੇ ਪਾਸੇ ਐੱਲ.ਏ.ਡੀ.ਸੀ. ਕਾਨੂੰਨ ਤਹਿਤ ਅਜਿਹੇ ਮੁਲਜ਼ਮਾਂ ਨੂੰ ਬਿਨਾਂ ਕਿਸੇ ਫੀਸ ਤੋਂ ਕਾਨੂੰਨੀ ਸਹਾਇਤਾ ਦਿੱਤੀ ਜਾ ਰਹੀ ਹੈ, ਜਿਸ ਤਹਿਤ ਉਨ੍ਹਾਂ ਨੂੰ ਸੌਖੇ ਤਰੀਕੇ ਨਾਲ ਜਮਾਨਤ ਮਿਲ ਜਾਂਦੀ ਹੈ।ਬਿਨਾਂ ਪੈਸਿਆਂ ਤੋਂ ਜਮਾਨਤ ਹੋਣ 'ਤੇ ਮਾੜੇ ਅਨਸਰਾਂ ਦੇ ਹੌਂਸਲੇ ਹੋਰ ਵਧ ਜਾਂਦੇ ਹਨ, ਕਿਉਂਕਿ ਨਾ ਤਾਂ ਮੁਲਜ਼ਮਾਂ ਨੂੰ ਵਕੀਲ ਦੀ ਫੀਸ ਦੇਣੀ ਪੈਂਦੀ ਹੈ ਤੇ ਜ਼ਮਾਨਤ ਕਰਵਾਉਣ ਦਾ ਖਰਚਾ ਵੀ ਬਚ ਜਾਂਦਾ ਹੈ, ਉਨ੍ਹਾਂ ਕਿਹਾ ਕਿ ਮੌਜੂਦਾ ਲੀਗਲ ਏਡ ਡਿਫੈਂਸ ਕੌਂਸਲ ਨੀਤੀ ਵਿੱਚ ਖਾਮੀਆਂ ਹਨ।ਇਹ ਨੀਤੀ ਪਾਰਦਰਸ਼ੀ ਨਹੀਂ ਹੈ ਤੇ ਇਸ ਵਿੱਚ ਹੋਰ ਸੁਧਾਰ ਦੀ ਲੋੜ ਸੀ, ਪਰ ਹੁਣ ਵਕੀਲ ਮੌਜੂਦਾ ਨੀਤੀ ਨੂੰ ਰੱਦ ਕਰਵਾਉਣ ਲਈ ਆਪਣੀ ਅਣਮਿੱਥੇ ਸਮੇਂ ਲਈ ਹੜਤਾਲ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਇਸ ਨੀਤੀ ਨੂੰ ਰੱਦ ਕਰਵਾਉਣ ਲਈ ਵਕੀਲਾਂ ਨੂੰ ਭਾਵੇਂ ਕੋਈ ਹੋਰ ਸੰਘਰਸ਼ ਕਰਨਾ ਪਵੇ, ਪਰ ਉਹ ਪਿੱਛੇ ਨਹੀਂ ਹਟਣਗੇ। ਇਸ ਮੌਕੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਪੰਕਜ ਬਾਂਸਲ, ਇਕਬਾਲ ਸਿੰਘ ਜੋਧਪੁਰੀ, ਬਲਵੰਤ ਸਿੰਘ ਮਾਨ, ਰਘਵਿੰਦਰ ਸਿੰਘ ਸਿੱਧੂ, ਹਾਕਮ ਸਿੰਘ ਭੁੱਲਰ, ਰਣਜੀਤ ਸਿੰਘ, ਧੀਰਜ ਕੁਮਾਰ, ਅਮਨਦੀਪ ਸਿੰਘ ਬਾਹੀਆ, ਸਰਬਜੀਤ ਕੌਰ, ਦਿੱਬਿਆ ਗੁਲਾਟੀ, ਪ੍ਰਦੀਪ ਕੌਸ਼ਲ, ਸਿਮਰਨਜੀਤ ਕੌਰ ਪੂਰਬਾ, ਅਮਨਦੀਪ ਕੌਰ ਖੰਗੂੜਾ, ਅਮਨਦੀਪ ਸ਼ਰਮਾ, ਸਮਿੰਦਰ ਸਿੰਘ ਧਾਲੀਵਾਲ, ਨਛੱਤਰ ਸਿੰਘ ਬਰਾੜ, ਸੁਰਜੀਤ ਸਿੰਘ ਹੈਰੀ, ਭੁਪਿੰਦਰ ਸਿੰਘ ਅਲਾਲ, ਪ੍ਰਿਥੀਪਾਲ ਸਿੰਘ ਕੌਲਧਾਰ ਆਦਿ ਹਾਜ਼ਰ ਸਨ।

## ਕੰਬਾਇਨ ਐਸੋਸੀਏਸ਼ਨ ਦੇ ਨਵੇਂ ਪ੍ਰਧਾਨ ਚਰਨ ਸਿੰਘ ਦਾ ਸਨਮਾਨ



**ਨਾਭਾ (ਅਮਨ ਗਰਗ)**-ਮਲਕੀਤ ਐਗਰੋਟੈਕ ਪ੍ਰਾਈਵੇਟ ਲਿਮਟਿਡ ਨਾਭਾ ਦੇ ਐਮ. ਡੀ. ਤੇ ਹਾਲ ਹੀ ਵਿਚ ਸਰਬ-ਸੰਮਤੀ ਨਾਲ ਆਲ ਇੰਡੀਆ ਕੰਬਾਇਨ ਐਸੋਸੀਏਸ਼ਨ ਦੇ ਨਵੇਂ ਪ੍ਰਧਾਨ ਚੁਣੇ ਗਏ ਚਰਨ ਸਿੰਘ ਦਾ ਬ੍ਰਹਮਕੁਮਾਰੀ ਆਸ਼ਰਮ ਨਾਭਾ ਤੇ ਹੋਰ ਵੱਖ ਵੱਖ ਸੰਸਥਾਵਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਬ੍ਰਹਮ ਕੁਮਾਰੀ ਆਸ਼ਰਮ ਦੀ ਰੇਖਾ ਦੀਦੀ ਤੇ ਵੀਨਾ ਦੀਦੀ ਅਤੇ ਉੱਘੇ ਸਮਾਜ ਸੇਵੀ ਭਗਵੰਤ ਸਿੰਘ ਮਣਕੂ ਸਾਬਕਾ ਸਰਪੰਚ, ਚੇਅਰਮੈਨ ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਭਗਵੰਤ ਸਿੰਘ ਰਾਮਗੜ੍ਹੀਆ, ਮੀਤ ਪ੍ਰਧਾਨ ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਨਾਭਾ ਪਾਖਰ ਸਿੰਘ ਸਹੋਲੀ, ਇੰਦਰਜੀਤ ਸਿੰਘ ਮੂੰਡੇ ਐਮ ਡੀ ਮੂੰਡੇ ਐਗਰੋ ਇੰਡਸਟਰੀ, ਜੋਰਾ ਸਿੰਘ ਕੌਲ ਸਾਬਕਾ ਪ੍ਰਧਾਨ ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਆਦਿ ਵੱਲੋ ਚਰਨ ਸਿੰਘ ਦਾ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਉਨ੍ਹਾ ਨੂੰ ਸਨਮਾਨ ਚਿੰਨ੍ਹ ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਸਨਮਾਨ ਕਰਦੇ ਹੋਏ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।ਸਨਮਾਨਤ ਹੋਣ ਉਪਰੰਤ ਚਰਨ ਸਿੰਘ ਨੇ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਲਗਨ ਨਾਲ ਨਿਭਾਵਾਂਗਾ।

## ਸਪੀਕਰ ਨੇ ਸ਼ਹੀਦ ਬੀ ਐੱਸ ਐੱਫ ਸਬ-ਇੰਸਪੈਕਟਰ ਬਲਬੀਰ ਸਿੰਘ ਨੂੰ ਸ਼ਰਧਾਂਜਲੀ ਦਿੱਤੀ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਅਲਿਗਜੈਂਡਰ ਡਿਸੂਜ਼ਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਬੁੱਧਵਾਰ ਨੂੰ ਕੋਟਕਪੂਰਾ ਦੀ ਢਿੱਲੋਂ ਕਲੋਨੀ ਵਿਖੇ ਬੀ.ਐਸ.ਐਫ. ਦੇ ਸ਼ਹੀਦ ਸਬ ਇੰਸਪੈਕਟਰ ਸ. ਬਲਬੀਰ ਸਿੰਘ ਦੇ ਅੰਤਿਮ ਸੰਸਕਾਰ ਵਿੱਚ ਸ਼ਿਰਕਤ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦੇ ਹੋਏ ਆਪਣੀ ਡਿਊਟੀ ਨਿਭਾਉਣ ਵਾਲੇ ਜਵਾਨਾਂ ਦੀ ਕੁਰਬਾਨੀ ਸਦਾ ਯਾਦ ਰੱਖੀ ਜਾਵੇਗੀ।ਉਨ੍ਹਾਂ ਕਿਹਾ ਕਿ ਸ਼ਹੀਦ ਸਬ ਇੰਸਪੈਕਟਰ ਬਲਬੀਰ ਸਿੰਘ ਨੇ ਆਪਣੀ ਡਿਊਟੀ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਸੇਵਾ ਨਿਭਾਈ ਅਤੇ ਉਨ੍ਹਾਂ ਦਾ ਬਲਿਦਾਨ ਸਮੁੱਚੇ ਦੇਸ਼ ਲਈ ਮਾਣ ਵਾਲੀ ਗੱਲ ਹੈ।ਸ਼ਹੀਦ ਇੰਸਪੈਕਟਰ ਬਲਬੀਰ ਸਿੰਘ, ਪੁੱਤਰ ਸ. ਨਾਜਰ ਸਿੰਘ, ਬੀ.ਐਸ.ਐਫ. ਦੀ 57ਵੀਂ ਬਟਾਲੀਅਨ, ਸਿਲੀਗੁੜੀ (ਪੱਛਮੀ ਬੰਗਾਲ) ਵਿੱਚ ਤਾਇਨਾਤ ਸਨ।ਆਪਣੀ ਡਿਊਟੀ ਦੌਰਾਨ ਅਸਮਾਨੀ ਬਿਜਲੀ ਡਿੱਗਣ ਕਾਰਨ ਉਨ੍ਹਾਂ ਦਾ ਦਿਹਾਂਤ ਹੋ ਗਿਆ।ਸਰਕਾਰ ਅਤੇ ਬੀ.ਐਸ.ਐਫ. ਵੱਲੋਂ ਉਨ੍ਹਾਂ ਨੂੰ ਸ਼ਹੀਦ ਦਾ ਦਰਜਾ ਪ੍ਰਦਾਨ ਕੀਤਾ ਗਿਆ ਹੈ।ਇਸ ਮੌਕੇ ਐਸ.ਡੀ.ਐਮ. ਕੋਟਕਪੂਰਾ ਰਾਜਿੰਦਰ ਸਿੰਘ, ਨਾਇਬ ਤਹਿਸੀਲਦਾਰ ਗੁਰਚਰਨ ਸਿੰਘ, ਬੀ.ਐਸ.ਐਫ. ਦੇ ਅਧਿਕਾਰੀ, ਸ਼ਹਿਰ ਵਾਸੀ, ਪਰਿਵਾਰਕ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਗੁਰਦੁਆਰਾ ਸੁਖਸਾਗਰ ਸਾਹਿਬ ਵਿਖੇ ਦਸਤਾਰ ਕੈਂਪ ਲਗਾਇਆ



**ਮਾਲੇਰਕੋਟਲਾ (ਅਸਗਰ ਪਰਿਵਾਰ)**-ਹਰ ਸਾਲ ਵਾਂਗ ਸੰਤ ਬਾਬਾ ਬੀਰਮ ਦਾਸ ਸੰਤ ਬਾਬਾ ਪੂਰਨ ਦਾਸ ਅਤੇ ਸੰਤ ਮਹਾਰਾਜ ਬਾਬਾ ਬਲਵੰਤ ਸਿੰਘ ਸਿੱਧਸਰ ਸਿਹੌੜਾ ਸਾਹਿਬ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਵੱਲੋਂ ਗੁਰਦੁਆਰਾ ਸੁਖਸਾਗਰ ਸਾਹਿਬ ਪਿੰਡ ਭੋਗੀਵਾਲ ਵਿਖੇ ਅਹਿਮ ਦਸਤਾਰ ਸਜਾਈਏ ਮੁਹਿੰਮ ਤਹਿਤ ਨੌਜਵਾਨ ਪੀੜ੍ਹੀ ਨੂੰ ਬਾਣੀ ਬਾਣੇ ਨਾਲ ਜੋੜਨ ਲਈ ਆਦਿ ਦਸਤਾਰਾਂ ਸਜਾਈਏ ਦਸਤਾਰ ਕੈਂਪ ਲਗਾਇਆ ਗਿਆ, ਜਿਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਕੌਮੀ ਪ੍ਰਧਾਨ ਬਾਬਾ ਮਨਦੀਪ ਸਿੰਘ ਖੁਰਦ ਨੇ ਦੱਸਿਆ ਕਿ ਸਾਲਾਨਾ ਸਮਾਗਮ ਦੌਰਾਨ ਸਾਡੀ ਸੰਸਥਾ ਵੱਲੋਂ ਲੰਗਰ ਦਸਤਾਰਾਂ ਦੇ ਰੂਪ ਵਿੱਚ ਦਸਤਾਰ ਕੈਂਪ ਲਗਾਇਆ ਗਿਆ ਜਿਸ ਵਿਚ ਸੈਂਕੜੇ ਬੱਚਿਆਂ ਤੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ ਅਤੇ ਪੱਕੇ ਤੌਰ 'ਤੇ ਸਾਬਤ ਸੂਰਤ ਹੋਣ ਤੇ ਪੱਕੇ ਤੌਰ 'ਤੇ ਦਸਤਾਰਾਂ ਸਜਾਉਣ ਦਾ ਪ੍ਰਣ ਕੀਤਾ।ਇਸ ਮੌਕੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਇੰਟਰਨੈਸ਼ਨਲ ਦਸਤਾਰ ਕੋਚ ਹਰਵਿੰਦਰ ਸਿੰਘ ਅਮਰਗੜ੍ਹ, ਹਰਪ੍ਰੀਤ ਸਿੰਘ ਚੀਮਾਂ, ਪ੍ਰਭਦਿਆਲ ਸਿੰਘ ਬਾਠਾਂ, ਧਰਮਪ੍ਰੀਤ ਸਿੰਘ ਦੁਲਮਾ, ਤਰਨਵੀਰ ਸਿੰਘ, ਸੁਖਪ੍ਰੀਤ ਸਿੰਘ ਖੱਟੜਾ, ਗੁਰਵਿੰਦਰ ਸਿੰਘ ਘਵੱਦੀ, ਪਟਵਾਰੀ ਦੀਦਾਰ ਸਿੰਘ, ਸਾਬਕਾ ਸਰਪੰਚ ਰਾਮ ਸਿੰਘ, ਅੰਮ੍ਰਿਤਪ੍ਰੀਤ ਸਿੰਘ, ਮਨਵੀਰ ਸਿੰਘ, ਜਸ਼ਨਦੀਪ ਸਿੰਘ, ਗੁਰਵਿੰਦਰ ਸਿੰਘ ਬਲ਼ਾਪੁਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਅੰਡਰ-14 ਵਾਲੀਬਾਲ ਮੁਕਾਬਲੇ ਦਾ ਆਯੋਜਨ




**ਜਗਰਾਉਂ (ਅਮਿਤ ਖੰਨਾ)**-ਜੀ.ਐਚ.ਜੀ ਅਕੈਡਮੀ ਵੱਲੋਂ ਇੰਟਰ-ਹਾਊਸ ਅੰਡਰ-14 ਵਾਲੀਬਾਲ ਮੁਕਾਬਲੇ ਦਾ ਸਫ਼ਲ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੰਡਿਆਂ ਤੇ ਕੁੜੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਭਾਗ ਲਿਆ।ਸਾਰੇ ਹਾਊਸਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਟੀਮ ਵਰਕ, ਅਨੁਸ਼ਾਸਨ, ਦ੍ਰਿੜ ਨਿਸ਼ਚੇ ਤੇ ਬੇਮਿਸਾਲ ਖੇਡ ਕੌਸ਼ਲ ਦਾ ਪ੍ਰਦਰਸ਼ਨ ਕੀਤਾ।ਰੋਮਾਂਚਕ ਮੁਕਾਬਲਿਆਂ ਨੇ ਦਰਸ਼ਕਾਂ ਨੂੰ ਖੂਬ ਪ੍ਰਭਾਵਿਤ ਕੀਤਾ।ਕੁੜੀਆਂ ਦੇ ਵਰਗ ਵਿੱਚ ਜ਼ੋਰਾਵਰ ਹਾਊਸ ਨੇ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ, ਜਦਕਿ ਮੁੰਡਿਆਂ ਦੇ ਵਰਗ ਵਿੱਚ ਅਜੀਤ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜੇਤੂ ਟਰਾਫੀ ਆਪਣੇ ਨਾਂਅ ਕੀਤੀ।ਸਕੂਲ ਦੀ ਪ੍ਰਿੰਸੀਪਲ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਤੇ ਸਾਰੇ ਭਾਗੀਦਾਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਖੇਡਾਂ ਰਾਹੀਂ ਅਨੁਸ਼ਾਸਨ, ਟੀਮ ਭਾਵਨਾ ਤੇ ਅਗਵਾਈ ਦੇ ਗੁਣ ਵਿਕਸਤ ਕਰਨ ਲਈ ਪ੍ਰੇਰਿਤ ਕੀਤਾ।ਇਹ ਮੁਕਾਬਲਾ ਖੁਸ਼ੀ ਤੇ ਉਤਸ਼ਾਹ ਭਰੇ ਮਾਹੌਲ ਵਿੱਚ ਸੰਪੰਨ ਹੋਇਆ।

## ਪਿੰਡਾਂ 'ਚ ਵੱਡੇ ਪਰਦੇ 'ਤੇ 'ਸਤਲੁਜ' ਦਾ ਪ੍ਰਦਰਸ਼ਨ, ਇਤਿਹਾਸ ਨਾਲ ਜੋੜਨ ਲਈ ਜਾਗਰੂਕਤਾ ਮੁਹਿੰਮ ਨੂੰ ਭਰਵਾਂ ਹੁੰਗਾਰਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਦੇ ਇਤਿਹਾਸ ਤੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਮੁੱਦਿਆਂ ਬਾਰੇ ਨੌਜਵਾਨ ਪੀੜ੍ਹੀ ਨੂੰ ਜਾਣੂ ਕਰਵਾਉਣ ਦੇ ਉਦੇਸ਼ ਨਾਲ ਜਪਹਰ ਵੈੱਲਫੇਅਰ ਸੋਸਾਇਟੀ ਵੱਲੋਂ ਪਿੰਡਾਂ ਤੇ ਸ਼ਹਿਰਾਂ ਵਿੱਚ ਵੱਡੇ ਪਰਦੇ 'ਤੇ ਫ਼ਿਲਮ 'ਸਤਲੁਜ' ਦੇ ਪ੍ਰਦਰਸ਼ਨ ਦੀ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ।ਪੰਜਾਬ ਇਨਫੋਟੈਕ ਦੇ ਚੇਅਰਮੈਨ ਤੇ ਸੋਸਾਇਟੀ ਦੇ ਮੁਖੀ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਅਗਵਾਈ ਹੇਠ ਚੱਲ ਰਹੀ ਇਸ ਮੁਹਿੰਮ ਨੂੰ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਮੁਹਿੰਮ ਤਹਿਤ ਕਰਤਾਰਪੁਰਾ ਗੁਰੂ ਘਰ, ਪਿੰਡ ਮੁਨਸ਼ੀਵਾਲਾ ਦੇ ਕਮਿਊਨਿਟੀ ਹਾਲ ਤੇ ਪਿੰਡ ਜਲਾਨ ਵਿਖੇ ਪ੍ਰੋਜੈਕਟਰ ਰਾਹੀਂ ਫ਼ਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਨੌਜਵਾਨਾਂ, ਬੀਬੀਆਂ, ਬਜ਼ੁਰਗਾਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਸਮਾਜਿਕ ਜਾਗਰੂਕਤਾ ਨਾਲ ਜੁੜੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਮੌਕੇ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਇਤਿਹਾਸ ਨੂੰ ਕਿਸੇ ਵੀ ਤਰ੍ਹਾਂ ਦੀਆਂ ਰੋਕਾਂ ਜਾਂ ਪਾਬੰਦੀਆਂ ਰਾਹੀਂ ਦਬਾਇਆ ਨਹੀਂ ਜਾ ਸਕਦਾ।ਉਨ੍ਹਾਂ ਕਿਹਾ ਕਿ ਹਰ ਪੀੜ੍ਹੀ ਨੂੰ ਆਪਣੇ ਇਤਿਹਾਸ, ਪਿਛੋਕੜ ਤੇ ਉਸ ਨਾਲ ਜੁੜੀਆਂ ਘਟਨਾਵਾਂ ਬਾਰੇ ਜਾਣਨ ਦਾ ਅਧਿਕਾਰ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਮੁਹਿੰਮ ਕਿਸੇ ਦੇ ਵਿਰੋਧ ਲਈ ਨਹੀਂ, ਸਗੋਂ ਲੋਕਾਂ ਵਿੱਚ ਇਤਿਹਾਸਕ ਤੇ ਸਮਾਜਿਕ ਜਾਗਰੂਕਤਾ ਪੈਦਾ ਕਰਨ ਦੇ ਮਕਸਦ ਨਾਲ ਚਲਾਈ ਜਾ ਰਹੀ ਹੈ।ਫ਼ਿਲਮ ਦੇ ਪ੍ਰਦਰਸ਼ਨ ਦੌਰਾਨ ਮੌਜੂਦ ਲੋਕਾਂ ਨੇ 1980 ਤੋਂ 1995 ਦੇ ਪੰਜਾਬ ਦੇ ਦੌਰ ਨਾਲ ਸਬੰਧਤ ਘਟਨਾਵਾਂ ਦੀ ਜਾਂਚ ਲਈ ਸੁਤੰਤਰ ਟਰੁਥ ਕਮਿਸ਼ਨ ਦੇ ਗਠਨ ਤੇ ਪੀੜਤ ਪਰਵਾਰਾਂ ਨੂੰ ਇਨਸਾਫ਼ ਦੇਣ ਦੀ ਮੰਗ ਵੀ ਕੀਤੀ।

## ਅੰਮ੍ਰਿਤਪਾਲ ਨੂੰ ਮਾਰਕੀਟ ਕਮੇਟੀ ਦਾ ਚੇਅਰਮੈਨ ਨਿਯੁਕਤ ਕਰਨਾ ਸ਼ਲਾਘਾਯੋਗ : ਟੀਨੂੰ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਆਪ ਦੇ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ, ਆਪ ਆਗੂ ਜਗਸੀਰ ਤੇ ਰਜਿੰਦਰ ਕਾਕਾ ਨੇ ਪੰਜਾਬ ਸਰਕਾਰ ਵੱਲੋਂ ਅੰਮ੍ਰਿਤਪਾਲ ਸਿੰਘ ਦੀਨਾ ਨੂੰ ਮਾਰਕੀਟ ਕਮੇਟੀ ਨਿਹਾਲ ਸਿੰਘ ਵਾਲਾ ਦਾ ਚੇਅਰਮੈਨ ਨਿਯੁਕਤ ਕਰਨ ਦੇ ਫੈਸਲੇ ਦਾ ਸਵਾਗਤ ਕਰਦਿਆਂ ਇਸ ਨੂੰ ਬਹੁਤ ਹੀ ਸ਼ਲਾਘਾਯੋਗ ਕਦਮ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਦੀਨਾ ਪਾਰਟੀ ਦੇ ਮਿਹਨਤੀ, ਇਮਾਨਦਾਰ ਤੇ ਲੋਕਾਂ ਨਾਲ ਜੁੜੇ ਹੋਏ ਆਗੂ ਹਨ, ਜਿਨ੍ਹਾਂ ਨੇ ਲੰਮੇ ਸਮੇਂ ਤੋਂ ਪਾਰਟੀ ਦੀ ਮਜ਼ਬੂਤੀ ਤੇ ਲੋਕ ਭਲਾਈ ਲਈ ਕੰਮ ਕੀਤਾ ਹੈ।ਉਨ੍ਹਾਂ ਦੀ ਨਿਯੁਕਤੀ ਨਾਲ ਮਾਰਕੀਟ ਕਮੇਟੀ ਦੇ ਕੰਮਾਂ ਵਿੱਚ ਹੋਰ ਪਾਰਦਰਸ਼ਤਾ ਤੇ ਤੇਜ਼ੀ ਆਵੇਗੀ ਅਤੇ ਕਿਸਾਨਾਂ, ਆੜ੍ਹਤੀਆਂ ਤੇ ਆਮ ਲੋਕਾਂ ਨੂੰ ਇਸ ਦਾ ਲਾਭ ਮਿਲੇਗਾ।ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਯੋਗ ਤੇ ਮਿਹਨਤੀ ਵਰਕਰਾਂ ਨੂੰ ਜ਼ਿੰਮੇਵਾਰੀਆਂ ਦੇ ਕੇ ਪਾਰਟੀ ਨੇ ਵਰਕਰਾਂ ਦਾ ਮਨੋਬਲ ਹੋਰ ਉੱਚਾ ਕੀਤਾ ਹੈ।ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਅੰਮ੍ਰਿਤਪਾਲ ਸਿੰਘ ਦੀਨਾ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਲਾਠੀਚਾਰਜ ਕਰਨ ਵਾਲੀ ਸਰਕਾਰ ਨੂੰ ਬਣੇ ਰਹਿਣ ਦਾ ਕੋਈ ਹੱਕ ਨਹੀਂ : ਮੌਲਵੀਵਾਲਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਮਹਾਤਮਾ ਗਾਂਧੀ ਗਰੰਟੀ ਸਕੀਮ ਤਹਿਤ ਦਫਤਰਾਂ ਵਿੱਚ ਕੰਮ ਕਰਨ ਵਾਲੇ ਮੁਲਾਜ਼ਮਾਂ ਨੂੰ ਪਿਛਲੇ ਅੱਠ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਦੇ ਰੋਸ ਵਜੋਂ ਕੀਤੀ ਗਈ ਅਣਮਿੱਥੇ ਸਮੇਂ ਦੀ ਹੜਤਾਲ ਦੇ ਚੱਲਦਿਆਂ ਸੰਘਰਸ਼ ਨੂੰ ਤੇਜ਼ ਕਰਨ ਲਈ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੋਂਦ ਦੀ ਕੋਠੀ ਸਾਹਮਣੇ ਰੋਸ ਪ੍ਰਦਰਸ਼ਨ ਕਰ ਰਹੇ ਮਨਰੇਗਾ ਮੁਲਾਜ਼ਮਾਂ ਉੱਤੇ ਪੰਜਾਬ ਪੁਲਸ ਵੱਲੋਂ ਕੀਤੇ ਗਏ ਅੰਨ੍ਹੇਵਾਹ ਲਾਠੀਚਾਰਜ ਦੀ ਕੁੱਲ ਹਿੰਦ ਕਿਸਾਨ ਸਭਾ ਪੰਜਾਬ 1936 ਦੇ ਡਿਪਟੀ ਜਨਰਲ ਸਕੱਤਰ ਕੁਲਵੰਤ ਸਿੰਘ ਮੌਲਵੀਵਾਲਾ ਨੇ ਜ਼ੋਰਦਾਰ ਨਿਖੇਧੀ ਕੀਤੀ ਹੈ।

ਕਿਸਾਨ ਆਗੂ ਕੁਲਵੰਤ ਸਿੰਘ ਮੌਲਵੀਵਾਲਾ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਹਰ ਇੱਕ ਵਰਗ ਨਾਲ ਵੱਡੇ ਵੱਡੇ ਵਾਅਦੇ ਕੀਤੇ ਸਨ ਤੇ ਆਪਣੇ ਆਪ ਨੂੰ ਸੰਘਰਸ਼ਾਂ ਵਿੱਚੋਂ ਨਿਕਲੀ ਹੋਈ ਪਾਰਟੀ ਦੱਸਦੀ ਸੀ, ਪਰ ਬਦਕਿਸਮਤੀ ਦੀ ਗੱਲ ਹੈ ਕਿ ਸੰਘਰਸ਼ਾਂ ਵਿੱਚੋਂ ਨਿਕਲੇ ਹੋਣ ਦਾ ਦਾਅਵਾ ਕਰਨ ਵਾਲੀ ਪਾਰਟੀ ਅੱਜ ਸੰਘਰਸ਼ ਕਰ ਰਹੇ ਲੋਕਾਂ ਉੱਤੇ ਅੰਨ੍ਹੇਵਾਹ ਲਾਠੀਆਂ ਵਰਸਾ ਰਹੀ ਹੈ।ਉਨ੍ਹਾਂ ਕਿਹਾ ਕਿ ਮੰਦਭਾਗੀ ਗੱਲ ਹੈ ਕਿ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰ ਰਹੇ ਮਨਰੇਗਾ ਮੁਲਾਜ਼ਮਾਂ ਉੱਤੇ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਤੇ ਅੱਥਰੂ ਗੈਸ ਦੇ ਗੋਲਿਆਂ ਨਾਲ ਇੱਕ ਵਿਅਕਤੀ ਦੀ ਲੱਤ ਟੁੱਟ ਗਈ, ਜਦੋਂਕਿ ਇੱਕ ਔਰਤ ਨੂੰ ਆਈਸੀਯੂ ਵਿੱਚ ਦਾਖਲ ਕਰਵਾਉਣ ਲਈ ਮਜਬੂਰ ਹੋਣਾ ਪਿਆ।ਕਿਸਾਨ ਆਗੂ ਨੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕ ਹਿਤੈਸ਼ੀ ਹੋਣ ਦਾ ਦਾਅਵਾ ਕਰਨਾ ਲੋਕਤੰਤਰ ਦੇ ਮੱਥੇ ਉੱਤੇ ਕਲੰਕ ਹੈ।ਇਸ ਸਰਕਾਰ ਨੂੰ ਬਣੇ ਰਹਿਣ ਦਾ ਕੋਈ ਹੱਕ ਨਹੀਂ ਰਹਿ ਗਿਆ, ਇਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਤੁਰੰਤ ਅਸਤੀਫ਼ਾ ਦੇਣਾ ਚਾਹੀਦਾ ਹੈ।

# ਪਟਿਆਲਾ ਦਾ ਫੋਕਲ ਪੁਆਇੰਟ ਬੁਨਿਆਦੀ ਸਹੂਲਤਾਂ ਤੋਂ ਵਾਂਝਾ

■ ਪਟਿਆਲਾ-ਰਾਜਪੁਰਾ-ਸਰਹਿੰਦ ਬਾਈਪਾਸ ਨੂੰ ਚਾਰ-ਮਾਰਗੀ ਬਣਾਉਣਾ ਸਮੇਂ ਦੀ ਲੋੜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਦਾ ਫੋਕਲ ਪੁਆਇੰਟ ਪੰਜਾਬ ਦੇ ਅਹਿਮ ਉਦਯੋਗਿਕ ਕੇਂਦਰਾਂ ਵਿੱਚੋਂ ਇੱਕ ਹੈ, ਜਿੱਥੇ ਕਰੀਬ 400 ਉਦਯੋਗਿਕ ਇਕਾਈਆਂ ਕੰਮ ਕਰ ਰਹੀਆਂ ਹਨ।ਇਨ੍ਹਾਂ ਵਿੱਚੋਂ ਲਗਭਗ 100 ਇਕਾਈਆਂ ਕਟਿੰਗ ਟੂਲਜ਼ ਬਣਾਉਣ ਨਾਲ ਜੁੜੀਆਂ ਹਨ, ਜਿਨ੍ਹਾਂ ਦੇ ਉਤਪਾਦ ਦੇਸ਼ ਦੇ ਨਾਲ-ਨਾਲ ਵਿਦੇਸ਼ਾਂ ਤੱਕ ਭੇਜੇ ਜਾਂਦੇ ਹਨ।ਇਸ ਤੋਂ ਇਲਾਵਾ ਪਲਾਸਟਿਕ ਰੀਸਾਈਕਲਿੰਗ, ਫਰਨੀਚਰ, ਬਿਲਡਿੰਗ ਮਟੀਰੀਅਲ ਤੇ ਪਲਾਸਟਿਕ ਉਤਪਾਦਾਂ ਦੇ ਵੱਡੇ ਯੂਨਿਟ ਹਜ਼ਾਰਾਂ ਲੋਕਾਂ ਨੂੰ ਰੁਜ਼ਗਾਰ ਦੇ ਰਹੇ ਹਨ।

ਉਦਯੋਗਿਕ ਸਰਗਰਮੀਆਂ ਦੇ ਬਾਵਜੂਦ ਫੋਕਲ ਪੁਆਇੰਟ ਦਾ ਬੁਨਿਆਦੀ ਢਾਂਚਾ ਕਾਰੋਬਾਰੀਆਂ ਲਈ ਵੱਡੀ ਚੁਣੌਤੀ ਬਣਿਆ ਹੋਇਆ ਹੈ।ਉਦਯੋਗਪਤੀਆਂ ਦਾ ਕਹਿਣਾ ਹੈ ਕਿ ਭਾਰੀ ਵਾਹਨਾਂ ਦੀ ਆਵਾਜਾਈ ਨੂੰ ਦੇਖਦਿਆਂ ਫੋਕਲ ਪੁਆਇੰਟ ਨੂੰ ਜੋੜਨ ਵਾਲੇ ਪਟਿਆਲਾ-ਰਾਜਪੁਰਾ-ਸਰਹਿੰਦ ਬਾਈਪਾਸ ਨੂੰ ਚਾਰ-ਮਾਰਗੀ ਬਣਾਉਣਾ ਸਮੇਂ ਦੀ ਲੋੜ ਹੈ।ਅੰਦਰੂਨੀ ਸੜਕਾਂ ਦੀ ਉਸਾਰੀ ਤੇ ਮੁਰੰਮਤ ਦਾ ਕੰਮ ਸ਼ੁਰੂ ਹੋਣ ਦੇ ਬਾਵਜੂਦ ਰਫ਼ਤਾਰ ਧੀਮੀ ਹੋਣ ਕਾਰਨ ਰੋਜ਼ਾਨਾ ਆਵਾਜਾਈ ਤੇ ਮਾਲ ਦੀ ਢੋਆ-ਢੁਆਈ ਪ੍ਰਭਾਵਿਤ ਹੋ ਰਹੀ ਹੈ।

ਉਦਯੋਗਿਕ ਖੇਤਰ ਦੀ ਸੁਰੱਖਿਆ ਲਈ ਫਾਇਰ ਬ੍ਰਿਗੇਡ ਸਟੇਸ਼ਨ ਦਾ ਪ੍ਰੋਜੈਕਟ ਚੱਲ ਰਿਹਾ ਹੈ, ਪਰ ਕਾਰੋਬਾਰੀਆਂ ਨੇ ਇਸ ਨੂੰ ਜਲਦੀ ਮੁਕੰਮਲ ਕਰਨ ਦੀ ਮੰਗ ਕੀਤੀ ਹੈ ਤਾਂ ਜੋ ਅੱਗ ਵਰਗੀਆਂ ਐਮਰਜੈਂਸੀ ਸਥਿਤੀਆਂ ਨਾਲ ਤੁਰੰਤ ਨਜਿੱਠਿਆ ਜਾ ਸਕੇ।ਸਿਹਤ ਸਹੂਲਤਾਂ ਦੇ ਮਾਮਲੇ ਵਿੱਚ ਇੱਥੇ ਆਮ ਆਦਮੀ ਕਲੀਨਿਕ ਤਾਂ ਹੈ, ਪਰ ਹਜ਼ਾਰਾਂ ਮਜ਼ਦੂਰਾਂ ਨੂੰ ਦੇਖਦਿਆਂ ਈਐੱਸਆਈ ਡਿਸਪੈਂਸਰੀ ਸਥਾਪਤ ਕਰਨ ਦੀ ਲੋੜ ਵੀ ਜਤਾਈ ਗਈ ਹੈ।

ਸਭ ਤੋਂ ਗੰਭੀਰ ਸਮੱਸਿਆ ਬਿਜਲੀ ਸਪਲਾਈ ਨਾਲ ਜੁੜੀ ਦੱਸੀ ਜਾ ਰਹੀ ਹੈ।ਉਦਯੋਗਪਤੀਆਂ ਅਨੁਸਾਰ ਬਿਜਲੀ ਬੰਦ ਹੋਣ ਤੋਂ ਬਾਅਦ ਸਪਲਾਈ ਬਹਾਲ ਕਰਨ ਵਿੱਚ ਕਾਫ਼ੀ ਸਮਾਂ ਲੱਗ ਜਾਂਦਾ ਹੈ, ਜਿਸ ਨਾਲ ਉਤਪਾਦਨ ਪ੍ਰਭਾਵਿਤ ਹੁੰਦਾ ਹੈ ਤੇ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ।ਉਨ੍ਹਾਂ ਫੋਕਲ ਪੁਆਇੰਟ ਲਈ ਵੱਖਰਾ ਬਿਜਲੀ ਸਟਾਫ਼ ਤਾਇਨਾਤ ਕਰਨ ਤੇ ਨਿਰਵਿਘਨ ਸਪਲਾਈ ਲਈ ਮਾਡਲ ਫੀਡਰ ਸਥਾਪਤ ਕਰਨ ਦੀ ਮੰਗ ਕੀਤੀ ਹੈ।ਕਾਰੋਬਾਰੀਆਂ ਨੇ ਸਰਕਾਰ ਤੇ ਪ੍ਰਸ਼ਾਸਨ ਨੂੰ ਉਦਯੋਗਿਕ ਖੇਤਰ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ ਹੈ।ਫੋਕਲ ਪੁਆਇੰਟ ਇੰਡਸਟਰੀ ਦੇ ਚੇਅਰਮੈਨ ਅਰੁਣ ਗੁਪਤਾ ਤੇ ਪ੍ਰਧਾਨ ਅਸ਼ਵਨੀ ਗੁਪਤਾ ਨੇ ਸਰਕਾਰ ਨੂੰ ਉਦਯੋਗਿਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਤੁਰੰਤ ਕਦਮ ਚੁੱਕਣ ਦੀ ਅਪੀਲ ਕੀਤੀ।

## ਸ਼ਹਿਰ 'ਚ ਕੂੜੇ ਦੇ ਢੇਰਾਂ ਨੇ ਵਧਾਈਆਂ ਮੁਸ਼ਕਲਾਂ, ਕਰਮਚਾਰੀਆਂ ਦੀ ਹੜਤਾਲ ਜਾਰੀ

### ਸਥਾਨਕ ਪ੍ਰਸ਼ਾਸਨ 'ਤੇ ਵਧਿਆ ਦਬਾਅ, ਲੋਕ ਪ੍ਰੇਸ਼ਾਨ



**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਵਿੱਚ ਪਿਛਲੇ ਕਈ ਦਿਨਾਂ ਤੋਂ ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਥਾਂ-ਥਾਂ ਕੂੜੇ ਦੇ ਢੇਰ ਲੱਗ ਗਏ ਹਨ, ਜਿਸ ਨਾਲ ਸ਼ਹਿਰ ਵਾਸੀਆਂ ਵਿੱਚ ਭਾਰੀ ਰੋਸ ਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।ਮੁੱਖ ਬਾਜ਼ਾਰਾਂ, ਰਿਹਾਇਸ਼ੀ ਇਲਾਕਿਆਂ ਤੇ ਸਰਕਾਰੀ ਦਫਤਰਾਂ ਦੇ ਨੇੜੇ ਕੂੜੇ ਦੇ ਵੱਡੇ-ਵੱਡੇ ਢੇਰ ਦਿਖਾਈ ਦੇ ਰਹੇ ਹਨ, ਜਿਸ ਕਾਰਨ ਬਦਬੂ ਤੇ ਗੰਦਗੀ ਫੈਲ ਰਹੀ ਹੈ।ਸਿਹਤ ਮਾਹਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਹ ਸਥਿਤੀ ਜਾਰੀ ਰਹੀ ਤਾਂ ਮੱਖੀਆਂ-ਮੱਛਰਾਂ ਦੇ ਪੈਦਾ ਹੋਣ ਨਾਲ ਡੇਂਗੂ, ਮਲੇਰੀਆ ਤੇ ਹੋਰ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਖਤਰਾ ਵਧ ਸਕਦਾ ਹੈ।ਬਜ਼ੁਰਗਾਂ ਤੇ ਬੱਚਿਆਂ ਲਈ ਇਹ ਸਥਿਤੀ ਖਾਸ ਤੌਰ 'ਤੇ ਖਤਰਨਾਕ ਸਾਬਿਤ ਹੋ ਸਕਦੀ ਹੈ।ਹੜਤਾਲ 'ਤੇ ਬੈਠੇ ਸਫਾਈ ਕਰਮਚਾਰੀ ਆਪਣੀਆਂ ਤਨਖਾਹਾਂ ਦੇ ਬਕਾਏ, ਸਥਾਈ ਨੌਕਰੀ ਤੇ ਹੋਰ ਸਹੂਲਤਾਂ ਦੀ ਮੰਗ ਨੂੰ ਲੈ ਕੇ ਕੰਮ ਬੰਦ ਕਰੀ ਬੈਠੇ ਹਨ।ਯੂਨੀਅਨ ਆਗੂਆਂ ਦਾ ਕਹਿਣਾ ਹੈ ਕਿ ਜਦੋਂ ਤੱਕ ਪ੍ਰਸ਼ਾਸਨ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਕਰਦਾ, ਹੜਤਾਲ ਜਾਰੀ ਰਹੇਗੀ।ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਨੂੰ ਜਲਦ ਤੋਂ ਜਲਦ ਇਸ ਮਸਲੇ ਦਾ ਹੱਲ ਕੱਢਣ ਦੀ ਅਪੀਲ ਕੀਤੀ ਹੈ।ਦੁਕਾਨਦਾਰਾਂ ਤੇ ਵਸਨੀਕਾਂ ਨੇ ਕਿਹਾ ਕਿ ਕੂੜੇ ਦੇ ਢੇਰਾਂ ਕਾਰਨ ਉਨ੍ਹਾਂ ਦਾ ਕਾਰੋਬਾਰ ਤੇ ਰੋਜ਼ਮਰ੍ਹਾ ਦੀ ਜ਼ਿੰਦਗੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ।ਓਧਰ, ਨਗਰ ਕੌਂਸਲ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਕਰਮਚਾਰੀਆਂ ਨਾਲ ਗੱਲਬਾਤ ਜਾਰੀ ਹੈ ਤੇ ਜਲਦ ਹੀ ਕੋਈ ਹੱਲ ਕੱਢਿਆ ਜਾਵੇਗਾ।

## ਏਮਜ਼ ਵੱਲੋਂ ਰਾਸ਼ਟਰੀ ਐਡਵਾਂਸਡ ਗਾਇਨਾਕੋਲੋਜੀਕਲ ਬ੍ਰੈਕੀਥੈਰੇਪੀ ਵਰਕਸ਼ਾਪ 18-19 ਨੂੰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪ੍ਰੋ. (ਡਾ.) ਰਤਨ ਗੁਪਤਾ ਕਾਰਜਕਾਰੀ ਨਿਰਦੇਸ਼ਕ ਏਮਜ਼ ਬਠਿੰਡਾ ਦੀ ਸਰਪ੍ਰਸਤੀ ਹੇਠ ਰੇਡੀਏਸ਼ਨ ਓਨਕੋਲੋਜੀ ਵਿਭਾਗ ਏਮਜ਼ ਬਠਿੰਡਾ ਵੱਲੋਂ ਇੰਡੀਅਨ ਬ੍ਰੈਕੀਥੈਰੇਪੀ ਸੋਸਾਇਟੀ ਦੇ ਸਹਿਯੋਗ ਨਾਲ 18 ਤੇ 19 ਜੁਲਾਈ ਨੂੰ ਰਾਸ਼ਟਰੀ ਐਡਵਾਂਸਡ ਗਾਇਨਾਕੋਲੋਜੀਕਲ ਬ੍ਰੈਕੀਥੈਰੇਪੀ ਵਰਕਸ਼ਾਪ ਦਾ ਆਯੋਜਨ ਕੀਤਾ ਜਾ ਰਿਹਾ ਹੈ।ਮੁੱਖ ਸਰਪ੍ਰਸਤ ਪ੍ਰੋ. (ਡਾ.) ਨੀਰਜਾ ਭਾਟਲਾ ਨੇ ਕਿਹਾ ਕਿ ਔਰਤਾਂ ਸਬੰਧੀ ਕੈਂਸਰ, ਖਾਸ ਕਰਕੇ ਸਰਵਾਈਕਲ, ਬੱਚੇਦਾਨੀ (ਯੂਟਰਾਈਨ), ਯੋਨੀ (ਵੈਜਾਈਨਲ) ਤੇ ਵਲਵਾ ਕੈਂਸਰ, ਭਾਰਤ ਵਿੱਚ ਮਹਿਲਾਵਾਂ ਦੀ ਸਿਹਤ ਉੱਤੇ ਵੱਡਾ ਬੋਝ ਬਣੇ ਹੋਏ ਹਨ।ਉਨ੍ਹਾਂ ਕਿਹਾ ਕਿ ਸਰਵਾਈਕਲ ਕੈਂਸਰ ਭਾਰਤੀ ਮਹਿਲਾਵਾਂ ਵਿੱਚ ਕੈਂਸਰ ਕਾਰਨ ਹੋਣ ਵਾਲੀਆਂ ਮੌਤਾਂ ਦੇ ਪ੍ਰਮੁੱਖ ਕਾਰਨਾਂ ਵਿੱਚੋਂ ਇੱਕ ਹੈ।ਉਨ੍ਹਾਂ ਦੱਸਿਆ ਕਿ ਹਰ ਸਾਲ ਲਗਭਗ 80,000 ਮਹਿਲਾਵਾਂ ਦੀ ਇਸ ਬਿਮਾਰੀ ਕਾਰਨ ਮੌਤ ਹੋ ਜਾਂਦੀ ਹੈ।ਇਸ ਦਾ ਅਰਥ ਹੈ ਕਿ ਹਰ 8 ਮਿੰਟ ਵਿਚ ਇੱਕ ਭਾਰਤੀ ਮਹਿਲਾ ਸਰਵਾਈਕਲ ਕੈਂਸਰ ਕਾਰਨ ਆਪਣੀ ਜਾਨ ਗਵਾ ਬੈਠਦੀ ਹੈ।ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਕਾਰਨ ਇਹ ਹੈ ਕਿ 60 ਫੀਸਦੀ ਤੋਂ ਵੱਧ ਮਾਮਲਿਆਂ ਦੀ ਪਛਾਣ ਬਿਮਾਰੀ ਦੇ ਅਗਲੇ ਪੜਾਅ ਵਿੱਚ ਹੁੰਦੀ ਹੈ।ਡਾ. ਰਤਨ ਗੁਪਤਾ ਨੇ ਕਿਹਾ ਕਿ ਆਧੁਨਿਕ ਇਲਾਜ, ਜਿਨ੍ਹਾਂ ਵਿੱਚ ਐਕਸਟਰਨਲ ਬੀਮ ਰੇਡੀਓਥੈਰੇਪੀ ਨੂੰ ਬ੍ਰੈਕੀਥੈਰੇਪੀ ਨਾਲ ਜੋੜਿਆ ਜਾਂਦਾ ਹੈ।ਇਹ ਤਕਨੀਕਾਂ ਮਰੀਜ਼ਾਂ ਦੀ ਜੀਵਨ ਦਰ ਤੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਲਈ ਸਫਲ ਸਾਬਿਤ ਹੋਈਆਂ ਹਨ।ਡਾ. ਗੁਪਤਾ ਨੇ ਦੱਸਿਆ ਕਿ ਏਮਜ਼ ਬਠਿੰਡਾ ਵਿਖੇ ਸਮੁੱਚੀ ਕੈਂਸਰ ਦੇਖਭਾਲ ਲਈ ਅਤਿ-ਆਧੁਨਿਕ ਬੁਨਿਆਦੀ ਢਾਂਚਾ ਉਪਲਬਧ ਹੈ, ਜਿਸ ਵਿੱਚ ਦੋ ਐਡਵਾਂਸਡ ਲੀਨੀਅਰ ਐਕਸੀਲੇਟਰ ਮਸ਼ੀਨਾਂ, ਸਮਰਪਿਤ ਬ੍ਰੈਕੀਥੈਰੇਪੀ ਯੂਨਿਟ ਤੇ ਪੂਰੀ ਤਰ੍ਹਾਂ ਸਮਰਪਿਤ-ਸਰਵਿਕਸ ਬ੍ਰੈਕੀਥੈਰੇਪੀ ਆਪ੍ਰੇਸ਼ਨ ਥੀਏਟਰ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਸੰਸਥਾ ਪੰਜਾਬ ਤੇ ਨੇੜਲੇ ਖੇਤਰਾਂ ਦੇ ਮਰੀਜ਼ਾਂ ਨੂੰ ਕਿਫਾਇਤੀ ਤੇ ਮਿਆਰੀ ਇਲਾਜ ਮੁਹੱਈਆ ਕਰਵਾਉਣ ਲਈ ਸਰਕਾਰ ਦੀਆਂ ਵੱਖ-ਵੱਖ ਕੈਂਸਰ ਯੋਜਨਾਵਾਂ ਨੂੰ ਵੀ ਲਾਗੂ ਕਰ ਰਹੀ ਹੈ।ਆਯੋਜਨ ਚੇਅਰਪਰਸਨ ਪ੍ਰੋ. (ਡਾ.) ਅਨਿਲ ਗੋਇਲ ਨੇ ਦੱਸਿਆ ਕਿ ਦੋ ਦਿਨਾਂ ਦੇ ਇਸ ਪ੍ਰੋਗਰਾਮ ਦੌਰਾਨ ਐਡਵਾਂਸਡ ਇਮੇਜ-ਗਾਈਡਡ ਗਾਇਨਾਕੋਲੋਜੀਕਲ ਬ੍ਰੈਕੀਥੈਰੇਪੀ ਤਕਨੀਕਾਂ, ਆਧੁਨਿਕ ਇਲਾਜ ਯੋਜਨਾਬੰਦੀ, ਕੁਆਲਿਟੀ ਅਸ਼ੋਰੈਂਸ ਅਤੇ ਕਲੀਨਿਕਲ ਕੇਸਾਂ 'ਤੇ ਚਰਚਾ ਕੀਤੀ ਜਾਵੇਗੀ।ਆਯੋਜਨ ਸਕੱਤਰ ਡਾ. ਸਪਨਾ ਮਾਰਕਸ ਭੱਟੀ ਤੇ ਡਾ. ਰੋਹਿਤ ਮਹਾਜਨ ਨੇ ਦੱਸਿਆ ਕਿ ਏਮਜ਼ ਬਠਿੰਡਾ ਵੱਲੋਂ ਇਸ ਪਹਿਲ ਨੂੰ ਪੂਰਾ ਸਹਿਯੋਗ ਦਿੱਤਾ ਗਿਆ ਹੈ, ਜੋ ਕੈਂਸਰ ਦੇ ਇਲਾਜ ਨੂੰ ਤਕਨਾਲੋਜੀ, ਸਿਖਲਾਈ ਤੇ ਆਪਸੀ ਸਹਿਯੋਗ ਰਾਹੀਂ ਹੋਰ ਅੱਗੇ ਵਧਾਉਣ ਲਈ ਸੰਸਥਾ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

## ਕਾਸਮਪੁਰ ਛੀਨਾ ਦੇ ਨੌਜਵਾਨ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਲ



**ਬੋਹਾ (ਨਿਰੰਜਣ ਬੋਹਾ)**-ਅਕਾਲੀ ਦਲ ਵਾਰਿਸ ਪੰਜਾਬ ਦੇ ਸਰਕਲ ਬੋਹਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ ਤੇ ਗਿਆਨੀ ਜਸਵਿੰਦਰ ਸਿੰਘ ਵੱਡਾ ਮਾਲੋਂ ਦੀ ਅਗਵਾਈ ਹੇਠ ਪਿੰਡ ਕਾਸਮਪੁਰ ਛੀਨਾ ਵਿਖੇ ਹੋਈ ਇਕ ਮੀਟਿੰਗ ਸਮੇਂ ਦੇ ਪਿੰਡ ਦੇ ਬਹੁਤ ਸਾਰੇ ਨੌਜਵਾਨਾਂ ਨੇ ਹੋਰ ਸਿਆਸੀ ਨੂੰ ਛੱਡ ਕੇ ਇਸ ਪਾਰਟੀ ਪਰਵੇਸ਼ ਕੀਤਾ।ਇਸ ਸਮੇਂ ਜਸਵਿੰਦਰ ਸਿੰਘ ਵੱਡਾ ਮਾਲੋਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਾਹਿਬ ਵੱਲੋਂ ਨੌਜਵਾਨਾਂ ਨੂੰ ਜਿਹੜੀ ਦਿਸ਼ਾ ਪ੍ਰਦਾਨ ਕੀਤੀ ਹੈ, ਉਹ ਪੰਜਾਬ ਤੇ ਸਰਵ ਮਨੁੱਖ ਜਾਤੀ ਦਾ ਭਲਾ ਮੰਗਣ ਵਾਲੀ ਹੈ।

ਉਨ੍ਹਾਂ ਕਿਹਾ ਕਿ ਭਾਈ ਸਾਹਿਬ ਦੀ ਲਹਿਰ ਨੂੰ ਪ੍ਰਚੰਡ ਕਰਨ ਲਈ ਪੰਜਾਬ ਦੇ ਨੌਜਵਾਨਾਂ ਵਿੱਚ ਬਹੁਤ ਉਤਸ਼ਾਹ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦਾ ਸੁਨੇਹਾ ਪੰਜਾਬ ਦੇ ਹਰ ਘਰ ਵਿੱਚ ਪੁਚਾਉਣ ਲਈ ਨੌਜਵਾਨ ਪੀੜ੍ਹੀ ਬਹੁਤ ਮਿਹਨਤ ਕਰ ਰਹੀ ਹੈ।ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ ਬੋਹਾ ਨੇ ਕਿਹਾ ਕਿ ਇਸ ਪਿੰਡ ਨੌਜਵਾਨਾਂ ਨੇ ਖੇਤਰ ਦੇ ਹੋਰ ਪਿੰਡਾਂ 'ਚ ਜਾ ਕੇ ਪਾਰਟੀ ਪ੍ਰੋਗਰਾਮ ਦਾ ਪ੍ਰਚਾਰ ਕਰਨ ਦਾ ਵਾਅਦਾ ਕੀਤਾ ਹੈ ।

## ਸਾਬਕਾ ਕੌਂਸਲਰ ਸੰਦੀਪ ਲੂੰਬਾ ਨੂੰ ਸਦਮਾ, ਪਤਨੀ ਦਾ ਦੇਹਾਂਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਦੇ ਸਾਬਕਾ ਕੌਂਸਲਰ ਸ੍ਰੀ ਸੰਦੀਪ ਲੂੰਬਾ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਨੀਤੂ ਲੂੰਬਾ ਦਾ ਲੰਬੀ ਬੀਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ।ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਮਿਲਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।ਵੱਖ-ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਵੱਲੋਂ ਸੰਦੀਪ ਲੂੰਬਾ ਤੇ ਸਮੂਹ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸਥਾਨਕ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਕਪੂਰ ਚੰਦ ਬਾਂਸਲ, ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਜਥੇਦਾਰ ਅਮਰਜੀਤ ਸਿੰਘ ਪੰਜਰਥ, ਸਾਬਕਾ ਵਿਧਾਇਕ ਰਜਿੰਦਰ ਸਿੰਘ, ਮੈਡਮ ਗੁਰਸ਼ਰਨ ਕੌਰ ਰੰਧਾਵਾ, ਠੇਕੇਦਾਰ ਅੰਗਰੇਜ਼ ਸਿੰਘ, ਨਗਰ ਕੌਂਸਲ ਸਮਾਣਾ ਦੇ ਮੀਤ ਪ੍ਰਧਾਨ ਪਾਰਸ ਸ਼ਰਮਾ, ਸਾਬਕਾ ਵਿਧਾਇਕ ਰਜਿੰਦਰ ਸਿੰਘ, ਸਾਬਕਾ ਵਿਧਾਇਕ ਜਥੇਦਾਰ ਜਗਤਾਰ ਸਿੰਘ ਰਾਜਲਾ, ਜਥੇਦਾਰ ਜਗਮੀਤ ਸਿੰਘ ਹਰਿਆਊ ਆਦਿ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।


## ਇਨਲਿਸਟਮੈਂਟ-ਆਊਟਸੋਰਸ ਤਾਲਮੇਲ ਕਮੇਟੀ ਵੱਲੋਂ ਵਿੱਤ ਮੰਤਰੀ ਦੇ ਸ਼ਹਿਰ ਰੋਸ ਪ੍ਰਦਰਸ਼ਨ 19 ਨੂੰ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਇਨਲਿਸਟਮੈਂਟ, ਆਊਟਸੋਰਸ ਤਾਲਮੇਲ ਕਮੇਟੀ ਪੰਜਾਬ, ਜ਼ਿਲ੍ਹਾ ਫ਼ਿਰੋਜ਼ਪੁਰ ਦੇ ਜ਼ਿਲ੍ਹਾ ਆਗੂ ਬਲਜੀਤ ਸਿੰਘ ਸਰਕਲ ਪ੍ਰਧਾਨ ਬਲਕਾਰ ਸਿੰਘ, ਸੂਬਾ ਆਗੂ ਰੁਪਿੰਦਰ ਸਿੰਘ, ਪ੍ਰੈਸ ਸਕੱਤਰ ਰਣਜੀਤ ਸਿੰਘ ਖਾਲਸਾ, ਜਰਨਲ ਸਕੱਤਰ ਹਰਜਿੰਦਰ ਸਿੰਘ ਨੇ ਕਿਹਾ ਕਿ 19 ਜੁਲਾਈ ਨੂੰ ਵਿੱਤ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਠੇਕਾ ਕਾਮਿਆਂ ਵੱਲੋਂ ਸੂਬਾ ਪੱਧਰੀ ਰੈਲੀ ਕਰਕੇ ਰੋਸ ਮਾਰਚ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਕਿਉਂਕਿ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਇਨਲਿਸਟਮੈਂਟ, ਆਊਟਸੋਰਸ, ਕੰਪਨੀਆਂ, ਠੇਕੇਦਾਰਾਂ, ਸੁਸਾਇਟੀਆਂ, ਦਿਹਾੜੀਦਾਰ ਆਦਿ ਕੈਟਾਗਿਰੀ ਅਧੀਨ ਠੇਕਾ ਮੁਲਾਜ਼ਮ ਪਿਛਲੇ ਸਾਲਾਂਬੱਧੀ ਅਰਸੇ ਤੋਂ ਲਗਾਤਾਰ ਸੇਵਾਵਾਂ ਦੇ ਰਹੇ ਹਾਂ। ਇਸ ਲੰਬੇ ਅਰਸੇ ਤੋਂ ਹੀ ਪਿਛਲੀਆਂ ਸਰਕਾਰਾਂ ਸਮੇਤ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਵੀ ਮੰਗ ਕੀਤੀ ਜਾ ਰਹੀ ਹੈ ਕਿ ਭਾਰਤੀ ਨਿਆਂ ਵਿਵਸਥਾ ਮੁਤਾਬਕ ਸਥਾਈ ਸੇਵਾ ਦੇ ਖੇਤਰ ਵਿਚ ਰੁਜ਼ਗਾਰ ਵੀ ਪੱਕਾ ਹੋਣਾ ਚਾਹੀਦਾ ਹੈ ਅਤੇ ਇਸ ਕੰਮ ਖੇਤਰ ਵਿਚ ਤਾਇਨਾਤ ਠੇਕਾ ਅਧਾਰਤ ਕਾਮਿਆਂ ਲਈ ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਅਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਦੇ ਅਧਾਰ ਤੇ ਤਨਖਾਹ ਦੀ ਅਦਾਇਗੀ ਜ਼ਰੂਰੀ ਹੈ। ਆਗੂਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕੀ ਇਨਲਿਸਟਮੈਂਟ ਕੈਟਾਗਿਰੀ ਨੂੰ ਨਵੇਂ ਐਕਟ ਵਿੱਚ ਸ਼ਾਮਲ ਕੀਤਾ ਜਾਵੇ ਅਤੇ ਵੱਖ-ਵੱਖ ਵਿਭਾਗਾਂ, ਕਾਰਪੋਰੇਸ਼ਨਾਂ, ਬੋਰਡਾਂ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ, ਆਊਟਸੋਰਸ, ਠੇਕੇਦਾਰਾਂ, ਸੁਸਾਇਟੀਆਂ, ਕੰਪਨੀਆਂ ਰਾਹੀਂ ਕੰਮ ਕਰਦੇ ਕਾਮਿਆਂ ਨੂੰ ਸਬੰਧਤ ਵਿਭਾਗਾਂ 'ਚ ਸ਼ਾਮਲ ਕਰਕੇ ਰੈਗੂਲਰ ਕੀਤਾ ਜਾਵੇ ਜੇਕਰ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਨਹੀ ਕੀਤਾ ਜਾਂਦਾ ਤਾਂ ਇਨਲਿਸਟਮੈਂਟ-ਆਊਟਸੋਰਸ ਤਾਲਮੇਲ ਕਮੇਟੀ ਪੰਜਾਬ ਦੇ ਬੈਨਰ ਹੇਠ ਪੰਜਾਬ ਸਰਕਾਰ ਦੀ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਸ਼ਹਿਰ ਸੰਗਰੂਰ ਜਾ ਦਿੜ੍ਹਬਾ ਵਿਚ ਵੱਖ-ਵੱਖ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ 19 ਜੁਲਾਈ ਨੂੰ ਸੂਬਾ ਪੱਧਰੀ ਰੈਲੀ ਵਿਚ ਬ੍ਰਾਂਚਾਂ ਦੇ ਆਗੂ ਵੱਡੀ ਗਿਣਤੀ ਵਿੱਚ ਪਹੁੰਚਣਗੇ।

## ਬੀ ਕੇ ਯੂ ਉਗਰਾਹਾਂ ਨੇ ਕਰਾਈਆਂ ਦੋ ਪਿੰਡਾਂ 'ਚ ਇਕਾਈਆਂ ਦੀਆਂ ਚੋਣਾਂ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਪਿੰਡ ਚੱਠੇਵਾਲਾ ਤੇ ਲੇਲੇਵਾਲਾ ਵਿਖੇ ਪਿੰਡ ਕਮੇਟੀ ਦੀ ਨਵੇਂ ਸਿਰਿਉਂ ਚੋਣ ਕੀਤੀ ਗਈ।ਜ਼ਿਲ੍ਹਾ ਬਠਿੰਡਾ ਦੇ ਆਗੂ ਜਗਦੇਵ ਸਿੰਘ ਜੋਗੇਵਾਲਾ, ਜਰਨਲ ਸਕੱਤਰ ਕਾਲਾ ਚੱਠੇਵਾਲਾ ਦੀ ਅਗਵਾਈ ਹੇਠ ਦੋਨਾਂ ਪਿੰਡਾਂ 'ਚ ਕਿਸਾਨਾਂ ਦਾ ਇਕੱਠ ਹੋਇਆ।ਇਕੱਠ ਨੂੰ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਸੰਬੋਧਨ ਕਰਦਿਆਂ ਪਿੰਡ ਇਕਾਈਆ ਦੀ ਚੋਣ ਕਰਨ ਸਮੇਂ ਜਥੇਬੰਦੀ ਦੇ ਸੰਵਿਧਾਨ ਬਾਰੇ ਦੱਸਿਆ।ਪਿੰਡ ਦੇ ਕਿਸਾਨਾਂ ਨੇ ਸਰਬਸੰਮਤੀ ਨਾਲ ਪਿੰਡ ਇਕਾਈਆ ਦੀ ਚੋਣ ਕੀਤੀ।ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਹੋਵੇ ਭਾਵੇਂ ਸੈਂਟਰ ਦੀ ਸਰਕਾਰ ਹੋਵੇ, ਦੋਵਾਂ ਦਾ ਮਕਸਦ ਇਕੋ ਹੀ ਹੈ ਕਿਰਤੀ ਲੋਕਾਂ ਦੀ ਲੁੱਟ ਕਰਨਾ।ਪੰਜਾਬ ਸਰਕਾਰ ਨੇ ਸੱਤਾ ਚੋ ਆਉਣ ਤੋਂ ਪਹਿਲਾਂ ਲੋਕਾਂ ਨਾਲ ਆਪਣੇ ਮੈਨੀਫੈਸਟੋ ਵਿੱਚ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ ਕਿ ਸਰਕਾਰ ਆਉਣ ਤੇ ਭ੍ਰਿਸ਼ਟਾਚਾਰ, ਨਸ਼ੇ ਤੇ ਬੇਰੁਜ਼ਗਾਰੀ ਦਾ ਖ਼ਾਤਮਾ ਕੀਤਾ ਜਾਵੇਗਾ ਅਤੇ ਭਗਤ ਸਿੰਘ ਦੇ ਸੁਪਨਿਆਂ ਦਾ ਰਾਜ ਲਿਆਵਾਂਗੇ, ਪਰ ਸਰਕਾਰ ਬਣਨ ਤੋਂ ਬਾਅਦ ਹੀ ਇਹ ਸਭ ਕੁੱਝ ਬਦਲ ਗਿਆ।ਰਾਜ ਗੱਦੀ 'ਤੇ ਬੈਠਦਿਆਂ ਸਾਰ ਹੀ ਕਿਸਾਨ ਮਜ਼ਦੂਰਾਂ, ਮੁਲਜ਼ਮਾਂ, ਅਧਿਆਪਕਾਂ ਤੇ ਕਿਰਤੀ ਲੋਕਾਂ ਉਪਰ ਹਰ ਰੋਜ਼ ਸੜਕਾਂ ਉੱਪਰ ਲਾਠੀਚਾਰਜ ਕੀਤਾ ਜਾ ਰਿਹਾ ਹੈ।ਸੈਂਟਰ ਸਰਕਾਰ ਵੱਲੋਂ ਅਮਰੀਕਾ ਨਾਲ ਕਰ ਮੁਕਤ ਸਮਝੌਤਾ ਕਰਕੇ ਵਿਦੇਸ਼ੀ ਨੀਤੀਆਂ ਧੱਕੇ ਨਾਲ ਥੋਪੀਆਂ ਜਾ ਰਹੀਆਂ ਹਨ ਤੇ ਅਮਰੀਕੀ ਖੇਤੀਬਾੜੀ ਨਾਲ ਸੰਬੰਧਤ ਵਸਤਾਂ ਨੂੰ ਭਾਰਤੀ ਬਾਜ਼ਾਰ ਵਿਚ ਲਿਆ ਕੇ ਭਾਰਤੀ ਕਿਸਾਨ ਨੂੰ ਖਤਮ ਕਰਨ ਜਾ ਰਹੀ ਹੈ,ਇਸ ਲਈ ਕਿਸਾਨਾਂ ਤੇ ਹੋਰ ਤਬਕਿਆਂ ਨੂੰ ਸਿਰ ਜੋੜ ਕੇ ਵੱਡੀ ਤਿਆਰੀ ਨਾਲ ਇਸ ਦਾ ਸਾਹਮਣਾ ਕਰਨਾ ਪਵੇਗਾ।ਅੱਜ ਦੀ ਚੋਣ ਵਿੱਚ ਪਿੰਡ ਚੱਠੇਵਾਲਾ ਵਿਖੇ 13 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ ਤੇ ਪਿੰਡ ਪ੍ਰਧਾਨ ਸੁਖਦੇਵ ਸਿੰਘ ਚੱਠਾ, ਮੀਤ ਪ੍ਰਧਾਨ ਗੁਰਮੇਲ ਸਿੰਘ, ਖ਼ਜ਼ਾਨਚੀ ਬੂਟਾ ਸਿੰਘ, ਜਨਰਲ ਸਕੱਤਰ ਕੁਲਵਿੰਦਰ ਸਿੰਘ, ਪ੍ਰੈਸ ਸਕੱਤਰ ਨਿਰਮਲ ਸਿੰਘ ਸਮੇਤ ਪਿੰਡ ਇਕਾਈ ਚੁਣੀ ਗਈ।ਇਸ ਤੋਂ ਬਾਅਦ ਪਿੰਡ ਲੇਲੇਵਾਲਾ ਵਿਖੇ 17 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ।

## ਜਰਨਲਿਸਟ ਯੂਨੀਅਨ ਵੱਲੋਂ ਪੱਤਰਕਾਰ ਮਹੇਸ਼ ਸ਼ਰਮਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਬੀਰ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ, ਸਕੱਤਰ ਜਨਰਲ ਸੰਤੋਖ ਗਿੱਲ ਨੇ ਮੰਡੀ ਅਹਿਮਦਗੜ੍ਹ ਤੋਂ ਟ੍ਰਿਬਿਊਨ ਅਖ਼ਬਾਰ ਸਮੂਹ ਦੇ ਸੀਨੀਅਰ ਪੱਤਰਕਾਰ ਮਹੇਸ਼ ਸ਼ਰਮਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਵਾਰ ਨਾਲ ਹਮਦਰਦੀ ਜ਼ਾਹਿਰ ਕੀਤੀ ਹੈ।

ਆਗੂਆਂ ਨੇ ਕਿਹਾ ਕਿ ਸੰਖੇਪ ਬਿਮਾਰੀ ਤੋਂ ਬਾਅਦ ਬੀਤੇ ਦਿਨ ਉਨ੍ਹਾਂ ਲੁਧਿਆਣਾ ਦੇ ਹਸਪਤਾਲ ਵਿੱਚ ਇਲਾਜ ਦੌਰਾਨ ਆਖ਼ਰੀ ਸਾਹ ਲਿਆ। ਸਕੱਤਰ ਜਨਰਲ ਸੰਤੋਖ ਗਿੱਲ ਨੇ ਕਿਹਾ ਕਿ ਮਹੇਸ਼ ਸ਼ਰਮਾ ਨਿੱਡਰ ਤੇ ਨਿਰਪੱਖ ਪੱਤਰਕਾਰ ਵਜੋਂ ਜਾਣੇ ਜਾਂਦੇ ਸਨ। ਪੰਜਾਬ ਵਿੱਚ ਕਾਲੇ ਦੌਰ ਦੌਰਾਨ ਵੀ ਉਨ੍ਹਾਂ ਬੇਖ਼ੌਫ਼ ਹੋ ਕੇ ਕੰਮ ਕੀਤਾ।

## 65 ਗ੍ਰਾਮ ਹੈਰੋਇਨ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 65 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਸ.ਆਈ. ਕੁਲਵੰਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਕਰਦੇ ਹੋਏ ਦਾਨਾ ਮੰਡੀ ਜਲਾਲਾਬਾਦ ਵਿੱਚੋਂ ਲੱਲ੍ਹਾ ਬਸਤੀ ਨੂੰ ਜਾ ਰਹੇ ਸੀ ਤੇ ਸਰਕਾਰੀ ਗੱਡੀ ਦੀਆਂ ਲਾਇਟਾਂ ਦੇ ਸਾਹਮਣੇ ਜਸਵੀਰ ਸਿੰਘ ਉਰਫ ਜੱਸ ਪੁੱਤਰ ਛਿੰਦਰ ਪਾਲ ਸਿੰਘ ਵਾਸੀ ਮਾਹੂਆਮਾ ਬੋਦਲਾ ਨੇ ਆਪਣੇ ਹੱਥ ਵਿੱਚ ਫੜਿਆ ਕਾਲੇ ਰੰਗ ਦਾ ਲਿਫਾਫਾ ਲੈ ਕੇ ਪੈਦਲ ਆਉਂਦਾ ਦਿਖਾਈ ਦਿੱਤਾ, ਜੋ ਗੱਡੀ ਨੂੰ ਦੇਖ ਕੇ ਲਿਫਾਫਾ ਸੁੱਟ ਕੇ ਖਿਸਕਣ ਲੱਗਾ, ਜਿਸ ਨੂੰ ਪੁਲਸ ਨੇ ਮੌਕ 'ਤੇ ਕਾਬੂ ਕਰਕੇ ਸੁੱਟੇ ਗਏ ਲਿਫਾਫੇ ਦੀ ਤਲਾਸ਼ੀ ਕਰਨ 'ਤੇ ਉਸ ਵਿੱਚੋਂ 65 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਹੈਰੋਇਨ ਸਮੇਤ ਜਸਵੀਰ ਸਿੰਘ ਉਰਫ ਜੱਸ ਨੂੰ ਕਾਬੂ ਕਰਨ ਉਪਰੰਤ ਥਾਣਾ ਸਿਟੀ ਜਲਾਲਾਬਾਦ ਵਿਖੇ ਮੁੱਕਦਮਾ ਦਰਜ ਕੀਤਾ ਗਿਆ ਹੈ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 10.08.2026 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ | 16.07.2026 | 27.07.2026 | 10.08.2026/15:00 ਵਜੇ |

| ਲ.ਨੰ: | ਟੈਂਡਰ ਨੰ: | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 60-2026-27 SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਪਹਿਲਾ ਦੇ ਅਧਿਕਾਰ ਖੇਤਰ ਵਿਚ PGW-NSS-JJJ ਉਤੇ ਕਰੋਸਿੰਗ ਨੰਬਰ C-57, C-89, C-90 ਅਤੇ C-91 ਜਿਥੋਂ ਬਹੁਤ ਜ਼ਿਆਦਾ ਪਾਣੀ ਭਰ ਜਾਂਦਾ ਹੈ 4LHS ਉਤੇ ਕਵਰ ਸ਼ੇਡ ਲਗਾਣ ਦੀ ਵਿਵਸਥਾ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 33253743.13 | 665100.00 | 60 ਦਿਨ | 06 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" । | | | |
| 2 | 61-2026-27 SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਪਹਿਲਾ ਦੇ ਅਧਿਕਾਰ ਖੇਤਰ ਤੇ ਤਹਿਤ ਮੌਜੂਦਾ 37 ਲੇਵਲ ਕਰੋਸਿੰਗ ਉਤੇ ਰਬਰਾਇਜਡ ਲੇਵਲ ਕਰੋਸਿੰਗ ਦੀ ਵਿਵਸਥਾ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 44181068.41 | 883600.00 | 60 ਦਿਨ | 10 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਸੜਕ ਦਾ ਕੰਮ ਜਾਂ :ਕ ਗੇਟ ਰੋਡ ਅਤੇ ਪੇਵਿੰਗ ਦਾ ਕੰਮ" । | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ ।

ਟੈਂਡਰ ਸੂਚਨਾ ਪੱਤਰ ਨੰ: 60-2026-27-SrDEN-I-FZR & 61-2026-27-SrDEN-I-FZR Date: 16.07.2026 2455/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਗੁਰਸੇਵਕ ਸਿੰਘ ਪੁੱਤਰ ਭੂਸ਼ਨ ਸਿੰਘ ਵਾਸੀ ਪਿੰਡ ਰੇੜ੍ਹਵਾਂ, ਅਮੀਨਵਾਲਾ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ, ਪੰਜਾਬ-142042 2. ਸ੍ਰੀ ਭੂਸ਼ਨ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਰੇੜ੍ਹਵਾਂ, ਅਮੀਨਵਾਲਾ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ, ਪੰਜਾਬ-142042 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 1. ਸਤਪਾਲ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਪੰਡੋਰੀ ਅਰਾਈਆਂ, ਮੋਗਾ, ਪੰਜਾਬ-142042 2. ਮੇਹਰ ਸਿੰਘ ਪੁੱਤਰ ਸੁਖਪਾਲ ਸਿੰਘ ਵਾਸੀ ਪਿੰਡ ਰੇੜ੍ਹਵਾਂ, ਅਮੀਨਵਾਲਾ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ, ਪੰਜਾਬ-142042 (ਇਸ ਤੋਂ ਬਾਅਦ ਗਰੰਟਰਾਂ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਚ ਐੱਲ/054611000024 'ਚ ਰੁਪਏ 10,91,861/- ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ 'ਚ ਮੋੜਨ ਲਈ ਮਿਤੀ 11.12.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।
ਉਪਲੱਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।
ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਚ ਐੱਲ/054611000024 'ਚ ਬਕਾਇਆ ਰਕਮ ਰੁਪਏ 10,91,861 ਸਮੇਤ 01.12.2025 ਤੋਂ ਭਵਿੱਖੀ ਵਿਆਜ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਕੁਲੈਟਰਲ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ :- ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2021-22/136/1/734 ਮਿਤੀ 05.08.2021 ਅਨੁਸਾਰ ਸ੍ਰੀ ਗੁਰਸੇਵਕ ਸਿੰਘ ਪੁੱਤਰ ਭੂਸ਼ਨ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 13 ਮਰਲੇ 2 ਸਰਸਾਈ, ਪਿੰਡ ਰੇੜ੍ਹਵਾਂ ਵਿਖੇ ਸਥਿਤ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ, ਸਬ-ਰਜਿਸਟਰਾਰ/ਜਾਇੰਟ ਸਬ-ਰਜਿਸਟਰਾਰ, ਧਰਮਕੋਟ ਦੇ ਦਫ਼ਤਰ 'ਚ ਦਰਜ, ਨਾਲ ਸੰਬੰਧਤ ਸਭ ਕੁੱਝ।

ਮਿਤੀ : 15-07-2026, ਸਥਾਨ : ਮੋਗਾ (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 02.07.2026 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।
1. (ਐੱਲ ਏ ਪੀ 'ਚ ਕਰਜ਼ਦਾਰ) : ਸ੍ਰੀ ਬਲਵਿੰਦਰ ਸਿੰਘ ਪੁੱਤਰ ਕਿਰਪਾਲ ਸਿੰਘ ਵਾਸੀ #555, ਗਲੀ ਨੰ. 11, ਜਵਾਹਰਕੇ ਰੋਡ, ਵਾਰਡ ਨੰ. 14, ਮਾਨਸਾ, ਪੰਜਾਬ-151505
2. (ਐੱਲ ਏ ਪੀ 'ਚ ਕਰਜ਼ਦਾਰ) : ਸ੍ਰੀਮਤੀ ਸੁਰਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ #555, ਗਲੀ ਨੰ. 11, ਜਵਾਹਰਕੇ ਰੋਡ, ਵਾਰਡ ਨੰ. 14, ਮਾਨਸਾ, ਪੰਜਾਬ-151505
3. (ਐੱਲ ਏ ਪੀ 'ਚ ਗਰੰਟਰ) : ਰੁਪਿੰਦਰ ਸਿੰਘ ਪੁੱਤਰ ਮਿੱਠੂ ਸਿੰਘ ਵਾਸੀ ਸਾਹੋ ਪੱਤੀ, ਪਿੰਡ ਭੈਣੀ ਬਾਘਾ, ਤਹਿਸੀਲ ਤੇ ਜ਼ਿਲ੍ਹਾ ਮਾਨਸਾ, ਪੰਜਾਬ-151508

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.07.2026 ਤੋਂ ਬਿਨਾਂ ਵਿਆਜ) |
|---|---|---|
| LAP/114602000082 | Rs. 14,00,000/- | Rs. 11,13,227/- |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 3815 ਮਿਤੀ 06.09.2016 ਅਨੁਸਾਰ ਬਲਵਿੰਦਰ ਸਿੰਘ ਪੁੱਤਰ ਕਿਰਪਾਲ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 116.66 ਵਰਗ ਗਜ਼, ਢਿੱਲੋਂ ਗਲੀ 'ਚ ਸਥਿਤ, ਜਵਾਹਰਕੇ ਰੋਡ, ਤਹਿਸੀਲ ਤੇ ਜ਼ਿਲ੍ਹਾ ਮਾਨਸਾ, ਜਾਇੰਟ ਸਬ-ਰਜਿਸਟਰਾਰ ਮਾਨਸਾ ਕੋਲ ਦਰਜ, ਨਾਲ ਸੰਬੰਧਤ ਸਭ ਕੁੱਝ।

ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਮਾਨਸਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ : - (ਏ) ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐਸੇਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐਸੇਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐਸੇਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐਸੇਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ। ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐਸੇਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 16.07.2026 (ਅਧਿਕਾਰਤ ਅਫਸਰ)



**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਨਿ.ਨੰਬਰ:- 51,55-2026-27-ADEN-I-ASR& 52,54-2026-27-ADEN-II-ASSR& 53-2026-27-ADEN-JUC ਮਿਤੀ : 14.07.2026

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ/ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 04.08.2026 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ** |
| 13.07.2026 & 14.07.2026 | 21.07.2026 | 04.08.2026/15:00 Hrs. |

| ਲ.ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 51-2026-27-ADEN-I-ASR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਅੰਮ੍ਰਿਤਸਰ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਬਲਸਾਡ/ਅੰਮ੍ਰਿਤਸਰ ਦੇ ਵੇਰਕਾ-ਡੇਰਾ ਬਾਬਾ ਨਾਨਕ ਸੈਕਸ਼ਨ ਵਿਚ LHS/RUB ਤੋਂ ਪਾਨੀ ਨਿਕਾਲਣ ਦਾ ਕੰਮ । | | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ | |
| | 34,99,998.05 | 70,000.00 | 60 ਦਿਨ | 06 ਮਹੀਨੇ | |
| | ਸਮਾਨ ਪ੍ਰਕ੍ਰਿਤੀ ਦਾ ਕੰਮ : "ਕੋਈ ਕੰਮ ਨਹੀਂ ।" | | | | |
| 2. | 52-2026-27-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਬਲਸਾਡ/ਬਯਾਸ ਦੇ ਬਯਾਸ-ਤਰਨਤਾਰਨ ਸੈਕਸ਼ਨ ਵਿਚ LHS/RUB ਤੋਂ ਪਾਨੀ ਨਿਕਾਲਣ ਦਾ ਕੰਮ । | | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ | |
| | 44,99,996.82 | 90,000.00 | 60 ਦਿਨ | 06 ਮਹੀਨੇ | |
| | ਸਮਾਨ ਪ੍ਰਕ੍ਰਿਤੀ ਦਾ ਕੰਮ : "ਕੋਈ ਕੰਮ ਨਹੀਂ ।" | | | | |
| 3. | 53-2026-27-ADEN-JUC | ਸਹਾਇਕ ਮੰਡਲ ਇੰਜੀਨੀਅਰ-ਜਲੰਧਰ ਸ਼ਹਿਰ ਦੇ ਅੰਤਰਗਤ LHS/RUB ਤੋਂ ਪਾਨੀ ਨਿਕਾਲਣ ਦਾ ਕੰਮ । | | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ | |
| | 19,99,997.61 | 40,000.00 | 60 ਦਿਨ | 06 ਮਹੀਨੇ | |
| | ਸਮਾਨ ਪ੍ਰਕ੍ਰਿਤੀ ਦਾ ਕੰਮ : "ਕੋਈ ਕੰਮ ਨਹੀਂ ।" | | | | |
| 4. | 54-2026-27-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਬਲਸਾਡ/ਅੰਮ੍ਰਿਤਸਰ ਦੇ ਅੰਮ੍ਰਿਤਸਰ-ਖੇਮਕਰਣ ਸੈਕਸ਼ਨ ਵਿਚ LHS/RUB ਤੋਂ ਪਾਨੀ ਨਿਕਾਲਣ ਦਾ ਕੰਮ । | | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ | |
| | 39,99,999.67 | 80,000.00 | 60 ਦਿਨ | 06 ਮਹੀਨੇ | |
| | ਸਮਾਨ ਪ੍ਰਕ੍ਰਿਤੀ ਦਾ ਕੰਮ : "ਕੋਈ ਕੰਮ ਨਹੀਂ ।" | | | | |
| 5. | 55-2026-27-ADEN-I-ASR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਅੰਮ੍ਰਿਤਸਰ ਦੇ ਅੰਤਰਗਤ ਅੰਮ੍ਰਿਤਸਰ-ਕਾਦਿਯਾਨ ਅਤੇ ਅੰਮ੍ਰਿਤਸਰ-ਅਟਾਰੀ ਸ਼ਯਾਮ ਸਿੰਘ ਸੈਕਸ਼ਨ ਵਿਚ LHS/RUB ਤੋਂ ਪਾਨੀ ਨਿਕਾਲਣ ਦਾ ਕੰਮ । | | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ | |
| | 34,99,998.27 | 70,000.00 | 60 ਦਿਨ | 06 ਮਹੀਨੇ | |
| | ਸਮਾਨ ਪ੍ਰਕ੍ਰਿਤੀ ਦਾ ਕੰਮ : "ਕੋਈ ਕੰਮ ਨਹੀਂ ।" | | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ । 2451/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ 'ਆਪ ਕੇ ਦੁਆਰ' ਤਹਿਤ ਪੀੜਤਾਂ ਤੱਕ ਪਹੁੰਚ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ) :-ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ 'ਆਪ ਕੇ ਦੁਆਰ' ਦੇ ਲੋਕ ਪੱਖੀ ਮਨੋਰਥ ਨੂੰ ਲੈ ਕੇ ਪੀੜਤਾਂ ਨੂੰ ਆਪਣੇ ਕੋਲ ਸੱਦਣ ਦੀ ਬਜਾਏ,ਪੀੜਤਾਂ ਤੱਕ ਪਹੁੰਚ ਕਰ ਰਿਹਾ ਹੈ।ਉਕਤ ਖੁਲਾਸਾ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਅਤੇ ਮਨੱਖੀ ਅਧਿਕਾਰਾਂ ਦੇ ਹਮਾਇਤੀ ਸ੍ਰ ਸਤਨਾਮ ਸਿੰਘ ਗਿੱਲ ਨੇ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ੍ਰ ਜਤਿੰਦਰ ਸਿੰਘ ਸ਼ੰਟੀ ਜ਼ਿਲਾ ਪੱਧਰ ਅਤੇ ਹੁਣ ਬਲਾਕ ਪੱਧਰ 'ਤੇ ਖੁਦ ਪੀੜਤਾਂ ਤੱਕ ਸਿੱਧੀ ਪਹੁੰਚ ਕਰਕੇ ਪੀੜਤਾਂ ਦੀ ਸੁਣਵਾਈ ਮੌਕੇ ਸਿਰ ਕਰਨ ਲਈ ਯਤਨਸ਼ੀਲ ਹਨ। ਗਿੱਲ ਨੇ ਦੱਸਿਆ ਕਿ 19 ਜੁਲਾਈ ਨੂੰ ਜਤਿੰਦਰ ਸਿੰਘ ਸ਼ੰਟੀ ਜ਼ਿਲਾ ਅੰਮ੍ਰਿਤਸਰ ਦੇ ਬਲਾਕ ਮਜੀਠਾ ਅਤੇ ਬਾਬਾ ਬਕਾਲਾ ਸਾਹਿਬ ਵਿਖੇ ਸੰਗਤ ਦਰਸ਼ਨ ਦੀ ਤਰਜ਼ 'ਤੇ ਆਯਜਿਤ ਕੀਤੇ ਜਾ ਰਹੇ ਪ੍ਰੋਗਰਾਮ 'ਚ ਪਹੁੰਚ ਰਹੇ ਹਨ।ਉਹਨਾ ਨੇ ਦੱਸਿਆ ਕਿ ਬਾਬਾ ਬਕਾਲਾ ਸਾਹਿਬ ਵਿਖੇ 2 ਵਜੇ ਕਮਿਸ਼ਨ ਦੇ ਮੈਂਬਰ ਪਹੁੰਚਣਗੇ।



## ਜਵਾਹਰ ਨਵੋਦਿਆ ਵਿਦਿਆਲਿਆ ਭੀਲੋਵਾਲ ਵਿਖੇ ਦਾਖਲੇ ਲਈ ਆਨਲਾਈਨ ਅਰਜ਼ੀਆਂ ਦੀ ਮੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਪੀ.ਐਮ. ਸ਼੍ਰੀ ਸਕੂਲ ਜਵਾਹਰ ਨਵੋਦਿਆ ਵਿਦਿਆਲਿਆ, ਭੀਲੋਵਾਲ (ਅੰਮ੍ਰਿਤਸਰ-2) ਵੱਲੋਂ ਸੈਸ਼ਨ 2027-28 ਲਈ ਛੇਵੀਂ ਜਮਾਤ ਵਿੱਚ ਦਾਖਲੇ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਵਿਦਿਆਲਿਆ ਦੇ ਪ੍ਰਿੰਸੀਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੋਗਾਵਾਂ, ਹਰਸ਼ਾ ਛੀਨਾ (ਚੋਗਾਵਾਂ-2), ਜੰਡਿਆਲਾ ਗੁਰੂ, ਵੇਰਕਾ, ਅੰਮ੍ਰਿਤਸਰ-1, ਅੰਮ੍ਰਿਤਸਰ-2, ਅੰਮ੍ਰਿਤਸਰ-3 ਅਤੇ ਅੰਮ੍ਰਿਤਸਰ-4 ਸਿੱਖਿਆ ਬਲਾਕਾਂ ਨਾਲ ਸੰਬੰਧਿਤ ਯੋਗ ਵਿਦਿਆਰਥੀ ਇਸ ਦਾਖਲਾ ਪ੍ਰਕਿਰਿਆ ਵਿੱਚ ਭਾਗ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਅਰਜ਼ੀਆਂ ਭਰਨ ਦੀ ਆਖਰੀ ਮਿਤੀ 31 ਜੁਲਾਈ 2026 ਨਿਰਧਾਰਿਤ ਕੀਤੀ ਗਈ ਹੈ, ਜਦ ਕਿ ਜਵਾਹਰ ਨਵੋਦਿਆ ਵਿਦਿਆਲਿਆ ਚੋਣ ਪ੍ਰੀਖਿਆ 28 ਨਵੰਬਰ 2026 ਨੂੰ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਅਜਿਹੇ ਵਿਦਿਆਰਥੀ ਜੋ ਅਕਾਦਮਿਕ ਸੈਸ਼ਨ 2026-27 ਦੌਰਾਨ ਪੰਜਵੀਂ ਜਮਾਤ ਵਿੱਚ ਪੜ੍ਹ ਰਹੇ ਹਨ ਅਤੇ ਅੰਮ੍ਰਿਤਸਰ ਜ਼ਿਲ੍ਹੇ ਦੇ ਮੂਲ ਵਸਨੀਕ ਹਨ, ਉਹ ਅਰਜ਼ੀ ਦੇ ਸਕਦੇ ਹਨ। ਇਸ ਤੋਂ ਇਲਾਵਾ ਉਮੀਦਵਾਰ ਦਾ ਜਨਮ 1 ਮਈ 2015 ਤੋਂ 31 ਜੁਲਾਈ 2017 ਦੇ ਵਿਚਕਾਰ ਹੋਣਾ ਚਾਹੀਦਾ ਹੈ। ਉਨ੍ਹਾਂ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਆਪਣੀਆਂ ਆਨਲਾਈਨ ਅਰਜ਼ੀਆਂ ਭਰਨ ਅਤੇ ਇਸ ਸੁਨਹਿਰੀ ਮੌਕੇ ਦਾ ਲਾਭ ਉਠਾਉਣ। ਦਾਖਲੇ ਸਬੰਧੀ ਵਿਸਥਾਰਤ ਜਾਣਕਾਰੀ ਅਤੇ ਪ੍ਰੋਸਪੈਕਟਸ ਜਵਾਹਰ ਨਵੋਦਿਆ ਵਿਦਿਆਲਿਆ ਸਮਿਤੀ ਦੀ ਅਧਿਕਾਰਕ ਵੈੱਬਸਾਈਟ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ।

## ਮਾਤਾ ਹੰਸੋ ਦੇਵੀ ਦੀ ਮ੍ਰਿਤਕ ਦੇਹ ਮੈਡੀਕਲ ਖੋਜ ਲਈ ਦਾਨ ਕੀਤੀ



ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਮਾਤਾ ਹੰਸੋ ਦੇਵੀ ਪਤਨੀ ਬਿਰਜ ਲਾਲ ਰਾਮਪੁਰਾ ਮੰਡੀ ਸੱਚਖੰਡ ਜਾ ਬਿਰਾਜੇ ਹਨ ਪਰ ਦੁਨੀਆਂ ਤੋਂ ਜਾਂਦੇ-ਜਾਂਦੇ ਵੀ ਅਪਣਾ ਸਰੀਰ ਦਾਨ ਕਰ ਗਏ। ਇਸ ਦੀ ਜਾਣਕਾਰੀ ਦਿੰਦਿਆਂ ਰੋਹਿਤ ਗਰੋਵਰ ਇੰਸਾਂ ਦੱਸਿਆ ਕਿ ਸਰੀਰਦਾਨੀ ਮਾਤਾ ਹੰਸੋ ਦੇਵੀ ਨੇ ਪੂਜਨੀਕ ਗੁਰੂ ਸੰਤ ਡਾ ਗੁਰਮੀਤ ਰਾਮ ਰਹੀਮ ਸਿੰਘ ਇੰਸਾਂ ਦੀ ਪਵਿੱਤਰ ਸਿੱਖਿਆ 'ਤੇ ਚਲਦਿਆਂ ਸਰੀਰਦਾਨ ਕਰਨ ਦਾ ਪ੍ਰਣ ਲਿਆ ਹੋਇਆ ਸੀ। ਉਨ੍ਹਾਂ ਵੱਲੋਂ ਲਏ ਪ੍ਰਣ ਨੂੰ ਪੂਰਾ ਕਰਦਿਆਂ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਮੈਡੀਕਲ ਖੋਜਾਂ ਲਈ ਇੰਟੈਗਰਲ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰਿਸਰਚ ਇੰਟੈਗਰਲ ਯੂਨੀਵਰਸਿਟੀ ਕੁਰਸੀ ਰੋਡ, ਦਸੌਲੀ ਲਖਨਊ , ਉੱਤਰ ਪ੍ਰਦੇਸ਼. ਨੂੰ ਦਾਨ ਕੀਤਾ ਗਿਆ। ਮ੍ਰਿਤਕ ਦੇ ਨਿਵਾਸ ਸਥਾਨ ਤੋਂ ਪਰਿਵਾਰਕ ਮੈਂਬਰਾਂ ਲੜਕਾ ਪ੍ਰੇਮ ਕੁਮਾਰ ਅਤੇ ਰਾਮੇਸ਼ ਕੁਮਾਰ ,ਪੋਤੇ ਅਮਨ ਕੁਮਾਰ, ਵਰਿੰਦਰ ਕੁਮਾਰ, ਡਿੰਪਲ ਕੁਮਾਰ ਅਤੇ ਪੋਤੀ ਸੀਮਾ ਰਾਣੀ, ਮੋਨਿਕ ਰਾਣੀ, ਸ਼ੈਲੀ ਰਾਣੀ ਸਮੇਤ ਰਿਸ਼ਤੇਦਾਰਾਂ ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਫੁੱਲਾਂ ਨਾਲ ਸੱਜੀ ਐਂਬੂਲੈਂਸ ਵਿਚ ਰੱਖ ਕੇ ਮੈਡੀਕਲ ਕਾਲਜ ਲਈ ਰਵਾਨਾ ਕੀਤਾ। ਇਸ ਮੌਕੇ ਰੋਹਿਤ ਗਰੋਵਰ ਇੰਸਾ, ਪ੍ਰੇਮੀ ਸੱਤਪਾਲ ਇੰਸਾਂ , ਪ੍ਰੇਮੀ ਵਕੀਲ ਸਿੰਘ ਢਿੱਲੋਂ , ਪ੍ਰੇਮੀ ਰਤਨ ਇੰਸਾ, ਪਿੰਡ ਮਹਿਰਾਜ ਪ੍ਰੇਮੀ ਭੂਸ਼ਣ ਇੰਸਾ, ਗੁਰਦੀਪ ਇੰਸਾਂ, ਜਗਸੀਰ ਇੰਸਾ, ਬੁੱਗਰ ਇੰਸਾਂ, ਪ੍ਰੇਮੀ ਮਿੰਟੂ ਇੰਸਾਂ, ਲੰਗਰ ਸੰਮਤੀ ਦੇ ਮੈਬਰ ਦਵਾਰਕਾ ਇੰਸਾਂ, ਸਮੇਤ ਬਲਾਕ ਦੇ ਸ਼ਾਹ ਸਤਿਨਾਮ ਜੀ ਗਰੀਨ ਐਸ ਵੈਲਫੇਅਰ ਕਮੇਟੀ ਦੇ ਭਾਈ ਸਮੇਤ ਬਾਕੀ ਸੰਗਤ ਨੇ ਵੀ ਸ਼ਰਧਾਂਜ਼ਲੀ ਭੇਟ ਕੀਤੀ।

## ਡਾ. ਸੁਭਾਸ਼ ਚੰਦਰ ਤੇ ਉਨ੍ਹਾਂ ਦੇ ਭਰਾ ਹਿਸਾਰ 'ਚ ਵਿੱਦਿਅਕ ਸੰਸਥਾ ਖੋਲ੍ਹਣਗੇ

ਗੁਰਦਾਸਪੁਰ (ਜਸਬੀਰ ਸਿੰਘ ਸੋਢੀ)- ਐਸਲ ਗਰੁੱਪ ਦੇ ਚੇਅਰਮੈਨ ਡਾ. ਸੁਭਾਸ਼ ਚੰਦਰ ਅਤੇ ਉਨ੍ਹਾਂ ਦੇ ਭਰਾਵਾਂ ਲਕਸ਼ਮੀ ਨਾਰਾਇਣ ਗੋਇਲ, ਜਵਾਹਰ ਗੋਇਲ ਅਤੇ ਅਸ਼ੋਕ ਗੋਇਲ ਨੇ ਆਪਣੇ ਸਵਰਗੀ ਪਿਤਾ ਨੰਦ ਕਿਸ਼ੋਰ ਗੋਇਨਕਾ ਦੀ ਵਿਰਾਸਤ ਨੂੰ ਸਦੀਵੀ ਸ਼ਰਧਾਂਜਲੀ ਦੇਣ ਲਈ ਹਿਸਾਰ ਦੇ ਅਗਰੋਹਾ ਵਿੱਚ ਨੰਦ ਕਿਸ਼ੋਰ ਗੋਇਨਕਾ ਯੂਨੀਵਰਸਿਟੀ ਦੀ ਸਥਾਪਨਾ ਦਾ ਐਲਾਨ ਕੀਤਾ ਹੈ। ਇਹ ਵਿੱਦਿਅਕ ਸੰਸਥਾ ਗੋਇਨਕਾ ਪਰਵਾਰ ਦੀ ਮਲਕੀਅਤ ਵਾਲੀ 32 ਏਕੜ ਜ਼ਮੀਨ 'ਤੇ ਬਣਾਈ ਜਾਵੇਗੀ, ਜਿਸ ਵਿੱਚ ਲਗਭਗ 100 ਕਰੋੜ ਦਾ ਨਿਵੇਸ਼ ਹੋਵੇਗਾ। ਸਮਾਜ ਸੇਵਾ ਅਤੇ ਲੋਕ ਭਲਾਈ 'ਤੇ ਕੇਂਦ੍ਰਿਤ ਯੂਨੀਵਰਸਿਟੀ ਨੂੰ ਇੱਕ ਸੈਂਟਰ ਆਫ਼ ਐਕਸੀਲੈਂਸ ਵਜੋਂ ਡਿਜ਼ਾਈਨ ਕੀਤਾ ਗਿਆ ਹੈ, ਜੋ ਸਵਰਗੀ ਨੰਦ ਕਿਸ਼ੋਰ ਗੋਇਨਕਾ ਦੀ ਸਮਾਜਿਕ ਕਾਰਜਾਂ ਪ੍ਰਤੀ ਜੀਵਨ ਭਰ ਦੀ ਵਚਨਬੱਧਤਾ ਨੂੰ ਅੱਗੇ ਵਧਾਉਂਦਾ ਹੈ। ਯੂਨੀਵਰਸਿਟੀ ਸਮਾਜ ਸੇਵਾ ਅਤੇ ਸਮਾਜ ਨੂੰ ਵਾਪਸ ਦੇਣ 'ਤੇ ਅਧਾਰਤ ਇੱਕ ਵਿਲੱਖਣ ਅਤੇ ਵਿਸ਼ੇਸ਼ ਪਾਠਕ੍ਰਮ ਪੇਸ਼ ਕਰੇਗੀ। ਗੋਇਨਕਾ ਪਰਵਾਰ ਨੇ ਇਸ ਯੂਨੀਵਰਸਿਟੀ ਦੀ ਸਥਾਪਨਾ ਲਈ ਐਂਟਰਪ੍ਰਨਿਓਰਸ਼ਿਪ ਡਿਵੈਲਪਮੈਂਟ ਇੰਸਟੀਚਿਊਟ ਆਫ਼ ਇੰਡੀਆ (5499), ਅਹਿਮਦਾਬਾਦ ਨਾਲ ਇੱਕ ਸਮਝੌਤੇ 'ਤੇ ਹਸਤਾਖਰ ਕੀਤੇ ਹਨ।

### ਪਬਲਿਕ ਨੋਟਿਸ

ਮੁੰਨਾ ਭਗਤ ਸਪੁੱਤਰ ਵਿੰਦੇਸ਼ਵਰੀ ਭਗਤ ਵਾਸੀ ਨੇੜੇ ਕੁੰਦਨ ਲਾਲ ਸਾਰੋਂ ਆਈ. ਟੀ. ਆਈ., ਧੂਰੀ ਨੇ ਅਸਲ ਬੈਨਾਮਾ ਨੰਬਰ 4536 ਮਿਤੀ 25.03.2013 ਗੁੰਮ ਹੋ ਗਿਆ ਹੈ, ਜੋ ਕਿ ਰਕਬਾ 13 1/3 ਮਰਲੇ ਯਾਨੀ 400 ਵਰਗ ਗਜ਼ ਬਕਦਰ 20/423 ਹਿੱਸਾ ਕੁੱਲ ਰਕਬਾ 14 ਕਨਾਲ 2 ਮਰਲੇ, ਖਸਰਾ ਨੰਬਰ 3//21/1/4-8, 3//22/1/5-0, 3//22/2/3-0, 3//23/1/1-14, ਵਾਕਾ ਪਿੰਡ ਬੇਨੜਾ-ਬੀ। ਇਸ ਸਬੰਧੀ ਗੁੰਮਸ਼ੁਦਗੀ ਦੀ ਰਿਪੋਰਟ ਨੰਬਰ LAR-2026-SGR-751097 ਮਿਤੀ 15.07.2026 ਸਾਂਝ ਕੇਂਦਰ ਵਿਖੇ ਦਰਜ ਕਰਵਾਈ ਗਈ ਹੈ। ਮੁੰਨਾ ਭਗਤ ਇਸ ਪ੍ਰਾਪਰਟੀ ਤੇ ਐਚ.ਡੀ.ਐੱਫ.ਸੀ. ਬੈਂਕ ਲਿਮਟਿਡ ਤੋਂ ਲੋਨ ਲੈ ਰਹੇ ਹਨ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਸਚਿਨ ਚੌਧਰੀ, ਐਡਵੋਕੇਟ, ਮੋਬਾਈਲ ਨੰਬਰ 98883-53262 ਨਾਲ ਸੰਪਰਕ ਕਰ ਸਕਦਾ ਹੈ, ਨਹੀਂ ਤਾਂ ਬਾਅਦ ਵਿੱਚ ਕੋਈ ਦਾਅਵਾ ਮਨਜ਼ੂਰ ਨਹੀਂ ਹੋਵੇਗਾ।

### ਪਬਲਿਕ ਨੋਟਿਸ

ਬਾ-ਅਦਾਲਤ ਸ੍ਰੀ ... ਸਬ ਰਜਿਸਟਰਾਰ ਅੰਮ੍ਰਿਤਸਰ-1

[illegible]

ਜਾਂ ਵਕਾਲਤਨ ਇਸ਼ਤਿਹਾਰ ਜਾਰੀ ਹੋਣ ਤੋਂ 21 ਦਿਨ ਦੇ ਅੰਦਰ ਹਾਜ਼ਰ ਹੋ ਕੇ ਉਜ਼ਰ ਪੇਸ਼ ਕਰ ਸਕਦਾ ਹੈ। ਬਾਅਦ ਵਿੱਚ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ ਅਤੇ ਬਾਅਦ ਗੁਜ਼ਰਨੇ ਮਿਆਦ ਵਸੀਅਤ ਤਸਦੀਕ ਕਰ ਦਿੱਤੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 14-07-2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/- ਸਬ ਰਜਿਸਟਰਾਰ, ਅੰਮ੍ਰਿਤਸਰ-1

### ਪਬਲਿਕ ਨੋਟਿਸ

ਬਾ-ਅਦਾਲਤ ਸ੍ਰੀ ... ਸਬ ਰਜਿਸਟਰਾਰ ਅੰਮ੍ਰਿਤਸਰ-1

[illegible]

ਕੋਈ ਇਤਰਾਜ਼ ਹੋਵੇ ਤਾਂ ਉਹ ਅਦਾਲਤ ਵਿਚ ਅਸਾਲਤਨ ਜਾਂ ਵਕਾਲਤਨ ਇਸ਼ਤਿਹਾਰ ਜਾਰੀ ਹੋਣ ਤੋਂ 21 ਦਿਨ ਦੇ ਅੰਦਰ ਹਾਜ਼ਰ ਹੋ ਕੇ ਉਜ਼ਰ ਪੇਸ਼ ਕਰ ਸਕਦਾ ਹੈ। ਬਾਅਦ ਵਿੱਚ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ ਅਤੇ ਬਾਅਦ ਗੁਜ਼ਰਨੇ ਮਿਆਦ ਵਸੀਅਤ ਤਸਦੀਕ ਕਰ ਦਿੱਤੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 15-07-2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/- ਸਬ ਰਜਿਸਟਰਾਰ, ਅੰਮ੍ਰਿਤਸਰ-1


## Shri Guru Ravidass Temple (Foleshill)
**475 Foleshill Road, Foleshill, Coventry, CV6 5AQ**

email sgr.475coventry@hotmail.com

Job Title : Religious Worker
Location : Shri Guru Ravidas Ji Temple Foleshill, 475 Foleshill Road, Foleshill, Coventry CV6 5AQ.

The applicant is required to:-
- Have knowledge of the mission, teachings and the philosophy of Shri Guru Ravidass Ji.
- Be fluent in speaking, reading and writing Punjabi. Have knowledge and be able to read the Gurbani in the Guru Granth Sahib Ji.
- Change the bedding on which the Guru Granth Sahib Ji is kept as and when required.
- Maintain a clean and tidy Darbar Sahib (main prayer hall) and Sachkhand Sahib (residence for holy scriptures).
- Be able to play traditional musical instruments and take part in Kirtan (singing of hymns). Assist in the performance of Anand Karaj (Marriage Ceremony) and funeral service.
- The applicant may be required to perform other tasks that can reasonably be expected of a religious worker.
- Minimum of 10 hours per week Salary £12.71 per hour.

Accommodation is available.

Contact : 07867972254 Joshi Ram (UK)

Note : The religious worker will report to the Minister of Religion for the Temple who leads the Religious Sub-Committee.


# ਕਲਾਸੀਫਾਈਡ ਇਸ਼ਤਿਹਾਰ



### Change of Name

I,Kawaljit Kaur alias Parmjit Kaur W/O Balbir Singh R/O Mahanian Koharan,Kathunangal,Distt. Amritsar,Punjab have changed my name from Kawaljit Kaur alias Parmjit Kaur to Paramjit Kaur. Concerned note.

I,Kulwinder Jeet Kaur W/O Dilbag Singh R/O Village Kaunke PO Attari Tehsil and Distt. Amritsar,Punjab have changed my name from Kulwinder Jeet Kaur to Kalwinderjeet Kaur. Concerned note.

I, Baldev S/O Jit Singh R/O Village Bhoepur,, Tehsil Shahkot, District Jalandhar-144703, Punjab, India have changed my name Baldev to Baldev Singh. Note Please.

I, Samar Madas S/o Sh. Roshan Lal R/o Village Birring, PO. Jalandhar Cantt, Distt. Jalandhar (PB) have declared that changed my name Samar Madas to Samar Minhas. Please concerned note.

I, Pardip Kumar S/o Mohinder Pal R/o Village Chak Raju Singh PO Sandhra Distt. Hoshiarpur Punjab declare that my surname is Singh and my given name is Pardip. Concerned note.

I, Meenam W/O Arun Chohan R/O H.No.82, Batala Road, Opp. Pilar No. 48, Ganpati Estate, Near Taj Petrol Pump, Amritsar, Punjab have changed my name from Meenam to Meenu Chohan. Concerned note.

I, Manpreet Singh S/o Tarlochan Singh R/o Village Harian, PO Majitha, Distt. Amritsar, Punjab-143601 have changed my name from Manpreet Singh to Singh is my surname and Manpreet is my given name.

I, Amarjit Singh S/o Nirmal Singh R/o Village Dhaul, PO. Nawan Pind Tapprian, Tehsil Balachaur, Distt. S.B.S Nagar - 144521, Punjab have changed my name from Amarjit Singh to Amarjit to given name and Singh as Surname. All concerned please note.

I, hitherto known as Surjit Singh S/O Santokh Singh residing at Village Sattowali, PO. Rohjari, Distt. Jalandhar – 144303, Punjab, India have changed my name and shall hereafter be known as Surjit Singh Ghuman.

I, hitherto known as Sukhjit Kaur W/o Surjit Singh residing at Village Sattowali, PO. Rohjari, Distt. Jalandhar – 144303, Punjab, India have changed my name and shall hereafter be known as Sukhjit Kaur Ghuman.

I, Rajwinder Kaur W/o Satish Kumar R/o 1437, Naiyan Wali Gali, Jandlal Guru District Amritsar have changed my name from Rajni to Rajwinder Kaur.

I, Heena Arora D/o Suresh W/o Nitish Kapoor R/o H.No.7, Gali No.3, Guru Teg Bahadur Avenue, B/s Sant Bhuri Wala, Tarn Taran Road, Amritsar have changed my name from Heena Arora to Heena Kapoor.

I, Ajay Kumar S/o Sh. Surinder Paul Mehta R/o H.NO. 122, Essma Estate, Ram Tirath Road, Amritsar have changed my name from Ajay Kumar to Ajay Mehta.

I, Jasbir Kaur W/o Balwinder Singh VPO Chhajjalwadi, Tehsil Baba Bakala, Distt Amritsar have declare that change my name from Jasbeer Kaur To Jasbir Kaur.

I, Gurdeep Singh S/o Sohan Singh R/o Pakhoke, PO Pakhoke, District Tarn Taran have changed my name from Gurdeep Singh to Gurdip Singh.

I, Ajay Kumar Saroch S/o Subhash Chander R/o H.No.187, Green Land, Opp Escort Hospital, Majitha Verka Byepass, Amritsar have changed my name from Ajay Kumar Saroch to Ajay Kumar.

I, Gurjeet Singh S/o Jaswant Singh R/O Vpo Dhaul Kalan, Amritsar, Punjab have changed my name from Gurjit Singh to Gurjeet Singh.

I Shafali Maheshwari D/o Sh. Ram Narayan Maheshwari W/o Sh. Chander Bhushan Maheshwary R/o 1287, Kucha Kamal Din, Moti Bazar, Amritsar-I, Amritsar. I have changed my name after marriage from Shafali Maheshwari D/o Sh. Ram Narayan Maheshwari to Shefali Maheshwari W/o Chander Bhushan Maheshwary. all concerned please note.

I, Swaranjeet Singh S/o Palwinder Singh R/o Village Vero Nangal PO Rangarh Nagal Tehsil Baba Bakala District Gurdaspur have declare that Swaranjeet is my Given name and Singh is my Surname.

I Shama W/o Vikramjit, R/o H.No 1329/19, Street No.2 ,Baba Budha Ji Nagar, Rama Mandi, Jalandhar, Punjab have Changed my minor daughter name from Radhika to Radhika Rana. All Concerned may note.

I, Gulshan S/O Chanan Singh ,R/O Vill-Rajdhan,P.O-Tanda ,Tehsil-Dasuya,Distt-Hoshiarpur, Punjab-144203, I Want To Change My Name From Gulshan To Gulshan Singh,All Concerned Please Note.

### Change of Name

I Shama W/o Vikramjit, R/o H.No 1329/19, Street No.2 ,Baba Budha Ji Nagar, Rama Mandi, Jalandhar, Punjab have Changed my minor son name from Mayur to Mayur Rana. All Concerned may note.

I Vanshika D/o Vikramjit, R/o H.No 1329/19, Street No.2 ,Baba Budha Ji Nagar, Rama Mandi, Jalandhar, Punjab have Changed my name from Vanshika to Vanshika Rana. All Concerned may note.

I Prabhjot Kaur daughter of Jagjit Singh R/o VPO Udho Nangal, Tehsil Amritsar, Pin 143114. I declare that in some documents my name written as Prabhjot Kaur and in some other documents written as Rubaldeep Kaur. But my correct name is Prabhjot Kaur. concerned to be noted.

I, Sukhwinder Masih S/o Pal Masih R/o Village Kohali tehsil Batala District Gurdaspur Punjab, declare that I have changed my daughter name from Lovejot Kaur to Lovejot.

I, Paritam Kaur W/o Surjit Singh R/o H.No. 3706, Gali No. 4, Guru Ram Dass Nagar, Sultanwind Road, Distt. Amritsar, Punjab have changed my name from Paritam Kaur to Pritam Kaur.

I, Ranjna w/o Naresh Kumar r/o H.No.1042, Ramdas Pura, Jalandhar have changed my name from Ranjna to Ranjana Kumari. All Please Note.

I, Anjali d/o Surinder Pal now w/o Pankaj Kumar r/o Village Dhilwan, Po.Dakoha, Jalandhar have changed my name from Anjali to Anjali Kumari after my marriage. All Please Note.

I, Sarbjit Kumar s/o Hans Raj r/o VPO. Umarpur Kalan, Distt. Jalandhar, Punjab have changed my Given name as Sarbjit & Surname as Kumar. All Please Note.

I, Aman Rani w/o Sarbjit Kumar r/o VPO. Umarpur Kalan, Distt. Jalandhar have change my Given name as Aman & Surname as Rani. All Please Note.

I, Rajinder Kaur w/o Jasvir Singh r/o VPO. Khun Khun Kalan, Distt. Hoshiarpur-144305, Punjab have changed my name to Kaur Rajinder.

I, Priya d/o Gobind Rai r/o VPO. Khurla Kingra, Distt. Jalandhar have changed my name from Priya to Priya Rai. (Surname as Rai). All Please Note.

I, Ravi Kumar S/o Harbans Lal R/o Vill. Gulabgarh, Po. Chak Prema, Teh. Phagwara, Distt. Kapurthala, Punjab, India, have changed my name Ravi as given name and Kumar as Surname. All Please Note.

I, Gourav S/o Sukhdev Raj R/o Village Chak Khurd, PO. Chak Kalan, Tehsil Nakodar, District Jalandhar, Punjab-144042 have changed my name from Gourav to Gourav Dadra. All concerned please note.

I, Hem Lata W/o Ramu R/o H.No. EJ-353, Pacca Bagh, Jalandhar-144001, Punjab declare that Hem Lata as well as Saroj is one and the same person. All concerned please note.

I, Ramu S/o Navratan R/o H.No. EJ-353, Pacca Bagh, Jalandhar-144001, Punjab declare that Ramu as well as Ramu Chandel is one and the same person. All concerned please note.

I, Balvir Singh S/O Jagat Singh, R/o V.P.O-Kalubahar, Kaluwahar, P: Kalubahar, DIST: Hoshiarpur, Punjab-146115, have changed my name and shall hereafter be Known as Rajwant Singh.

### ਬੇਦਖਲੀ ਨੋਟਿਸ

[illegible]

### ਬੇਦਖਲੀ ਨੋਟਿਸ

[illegible]

ਹਾਂ।ਮੇਰਾ ਲੜਕਾ ਅਰਸ਼ਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਈਸ਼ਾ ਸਾਗਰ ਪਤਨੀ ਰਾਕੇਸ਼ ਸਾਗਰ ਵਾਸੀ ਮਕਾਨ ਨੰ. 2481, ਗਲੀ ਨੰ. 7, ਨਵੀਂ ਅਬਾਦੀ ਕਰਮਪੁਰਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਭਤੀਜਾ ਸੁਮਿਤ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਅੱਜ ਤੋਂ ਬਾਅਦ ਉਸ ਨਾਲੋਂ ਸਾਰੇ ਸੰਬੰਧ ਖਤਮ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ ਓਮ ਲਾਲ ਪੁੱਤਰ ਕਾਲਾ ਸਿੰਘ ਵਾਸੀ ਪਿੰਡ ਮਹਾਵਾ, ਪੁਲਿਸ ਥਾਣਾ ਘਰਿੰਡਾ, ਸਬ ਤਹਿਸੀਲ ਅਟਾਰੀ ਜਿਲ੍ਹਾ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ। ਬਿਆਨ ਕਰਦਾ ਹਾਂ ਕਿ ਮੇਰਾ ਕੁਆਰਾ ਲੜਕਾ ਦਮਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਚੱਲਦਾ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਕਿਰਪਾ ਕਰਕੇ ਸੰਬੰਧਤ ਨੋਟ ਕਰ ਲੈਣ।

ਮੈਂ, ਦਲਜੀਤ ਸਿੰਘ ਪੁੱਤਰ ਤਾਰਾ ਸਿੰਘ, ਵਾਸੀ ਮਕਾਨ ਨੰ: 8, ਲੇਨ ਨੰਬਰ 4, ਨਿਊ ਰਾਜਾ ਗਾਰਡਨ ਜਲੰਧਰ, ਪੰਜਾਬ ਇਹ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਕਮਲਜੀਤ ਕੌਰ ਅਤੇ ਲੜਕੇ ਨਰੇਸ਼ ਸਿੰਘ ਬੰਗਾ ਅਤੇ ਪਵਨ ਸਿੰਘ ਬੰਗਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਬਹੁਤ ਸਮਝਾਇਆ, ਪਰ ਨਹੀਂ ਸਮਝੇ। ਮੈਂ ਆਪਣੀ ਪਤਨੀ ਕਮਲਜੀਤ ਕੌਰ ਅਤੇ ਲੜਕੇ ਨਰੇਸ਼ ਅਤੇ ਪਵਨ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਜੇਕਰ ਕੋਈ ਲੈਣ-ਦੇਣ ਕਰਦਾ ਹੈ, ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਲਖਵਿੰਦਰ ਸਿੰਘ ਪੁੱਤਰ ਚੰਨਣ ਸਿੰਘ, ਵਾਸੀ ਪਿੰਡ ਕਾਹਨੂੰਵਾਨ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਪੁੱਤਰ ਰਣਦੀਪ ਸਿੰਘ ਉਰਫ ਟੀਨਾ, ਮੇਰੇ ਪੋਤੇ ਜੁਪਮਨਜੋਤ ਸਿੰਘ, ਜੁਗਾਦ ਸਿੰਘ ਸੈਣੀ ਅਤੇ ਮੇਰੀ ਨੂੰਹ ਸੰਦੀਪ ਕੌਰ ਇਹ ਸਾਰੇ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਸਿੰਘ ਪੁੱਤਰ ਤਰਲੋਚਨ ਸਿੰਘ, ਵਾਸੀ 98, ਸ਼ੇਰੇ ਪੰਜਾਬ, ਇੰਦਰਾ ਕਾਲੋਨੀ, ਮਜੀਠਾ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਵਲਜੀਤ ਸਿੰਘ ਅਤੇ ਉਸ ਦੀ ਪਤਨੀ ਡਿੰਪਲ ਕੌਰ ਖਹਿਰਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਅਸੀਂ, ਰਾਜਬੀਰ ਸਿੰਘ ਗਿੱਲ ਪੁੱਤਰ ਬੀਰ ਸਿੰਘ ਅਤੇ ਪਰਮਜੀਤ ਕੌਰ ਗਿੱਲ ਪਤਨੀ ਰਾਜਬੀਰ ਸਿੰਘ ਗਿੱਲ, ਵਾਸੀਆਨ ਪਿੰਡ ਤੇ ਡਾਕਖਾਨਾ ਮੱਲੂ ਨੰਗਲ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਦੇ ਰਹਿਣ ਵਾਲੇ ਹਨ। ਸਾਡਾ ਲੜਕਾ ਗੁਰਨੂਰ ਸਿੰਘ ਗਿੱਲ, ਜੋ ਕਿ ਸਾਡੇ ਕਹਿਣੇ-ਸੁਣਨੇ ਤੋਂ ਬਾਹਰ ਹੈ। ਇਸ ਲਈ ਅਸੀਂ ਆਪਣੇ ਲੜਕੇ ਗੁਰਨੂਰ ਸਿੰਘ ਗਿੱਲ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਮਿਲਵਰਤਨ ਅਤੇ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਜਿਸ ਵਿਚ ਸਾਡੀ ਅਤੇ ਸਾਡੇ ਪਰਵਾਰ ਦੇ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

### PUBLIC NOTICE

I, Monika Verma, W/o Rajeev Kumar Verma R/o H. No. 257, Street No. 8, Baba Budha ji Enclave, ward No. 13, Dakoha, Jalandhar Punjab 144023, formerly known as Monika (before marriage), hereby declare that Monika and Monika Verma are one and the same person. Henceforth, I shall be known as Monika Verma for all purposes.

I, Sandeep Kumar S/o Krishan Lal R/o VPO. Uggi, Teh. Nakodar, Distt. Jalandhar-144623, Punjab declare that my father's name has been wrongly mentioned as Kishan Lal in my old passport, whereas his correct name is Krishan Lal. and my date of birth has been wrongly mentioned as 23-03-1980 in my old passport, whereas my correct date of birth is 23-03-1983.

### ਨਾਂਅ ਦੀ ਬਦਲੀ

ਮੈਂ ਅੰਮ੍ਰਿਤਪਾਲ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਝਬਾਲ ਰੋਡ, ਸਾਘਣਾ ਨਹਿਰ ਵਾਲੀਆਂ ਹਵੇਲੀਆ, ਸੰਗਨਾ, ਅੰਮ੍ਰਿਤਸਰ ਨੇ ਆਪਣਾ ਨਾਮ ਅੰਮ੍ਰਿਤਪਾਲ ਸਿੰਘ ਤੋਂ ਬਦਲ ਕੇ ਪ੍ਰਭਜੀਤ ਸਿੰਘ ਕਰ ਲਿਆ ਹੈ। ਸੰਬੰਧਤ ਨੋਟ ਕਰੋ।

ਮੈਂ ਤਰਲੋਕ ਰਾਜ ਪੁੱਤਰ ਤੀਰਥ ਰਾਮ ਵਾਸੀ ਪਿੰਡ ਤੇ ਡਾਕਘਰ ਬੱਸੀ ਗੁਲਾਮ ਹੁਸੈਨ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਨਾਬਾਲਗ ਲੜਕੇ ਦਾ ਨਾਂਅ ਪੰਕਜ ਤੋਂ ਬਦਲ ਕੇ ਪੰਕਜ ਪਲਹਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਮਾਨਵੀ ਪੁੱਤਰੀ ਜਸਵੰਤ ਲਾਲ ਵਾਸੀ ਪਿੰਡ ਤੇ ਡਾਕਘਰ ਬਛੋਹੀ ਜ਼ਿਲ੍ਹਾ ਹੁਸ਼ਿਆਰਪੁਰ (ਪੰਜਾਬ) ਨੇ ਆਪਣਾ ਨਾਂਅ ਮਾਨਵੀ ਤੋਂ ਬਦਲ ਕੇ ਮਾਨਵੀ ਸਿੰਘ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਸੰਧਿਆ ਪਤਨੀ ਸ੍ਰੀ ਹਰਪ੍ਰੀਤ ਕੁਮਾਰ, ਵਾਸੀ ਪਿੰਡ ਚਿੱਟੀ, ਜ਼ਿਲ੍ਹਾ ਜਲੰਧਰ ਨੇ ਆਪਣੀ ਨਾਬਾਲਗ ਲੜਕੀ ਕੀਰਤੀ ਦਾ ਨਾਂਅ ਬਦਲ ਕੇ ਕੀਰਤੀ ਸ਼ਰਮਾ ਰੱਖ ਲਿਆ ਹੈ।

ਮੈਂ, ਉਪਕਾਰਨ ਪੁੱਤਰ ਵਿਜੈ ਕੁਮਾਰ ਵਾਸੀ ਪਿੰਡ ਸਿੱਧਮ ਹਰੀ ਸਿੰਘ, ਡਾਕਖਾਨਾ ਸੁੰਨਰ ਕਲਾਂ, ਜਿਲਾ ਜਲੰਧਰ ਨੇ ਆਪਣਾ ਨਾਮ ਉਪਕਾਰਨ ਤੋਂ ਬਦਲ ਕੇ ਉਪਕਰਨ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਅਵਤਾਰ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਪਿੰਡ ਬਾਬਕ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਤਾਰਾ ਸਿੰਘ ਪੁੱਤਰ ਸੰਤੋਖ ਸਿੰਘ ਤੋਂ ਬਦਲ ਕੇ ਅਵਤਾਰ ਸਿੰਘ ਪੁੱਤਰ ਸੰਤੋਖ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਅਰਚਨਾ ਪੁੱਤਰੀ ਵਰਿੰਦਰ ਕੁਮਾਰ ਵਾਸੀ ਸੰਧੂ ਚੱਠਾ ਰੋਡ ਕਾਲਾ ਸੰਘਿਆਂ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਅਰਚਨਾ ਤੋਂ ਬਦਲ ਕੇ ਅਰਚਨਾ ਕੁਮਾਰੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

### ਆਮ ਸੂਚਨਾ

ਮੈਂ, ਮਨਦੀਪ ਕੌਰ (Mandeep Kaur) ਪੁੱਤਰੀ ਸਤਨਾਮ ਸਿੰਘ (Satnam Singh) ਵਾਸੀ ਪਿੰਡ ਮਹਿਮੂਵਾਲ ਯੂਸਫਪੁਰ (Mehmuwal Yusafpur), ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰੇ ਪੰਜਵੀਂ ਜਮਾਤ ਦੇ ਸਰਟੀਫਿਕੇਟ ਵਿਚ ਮੇਰੀ ਜਨਮ ਮਿਤੀ 15.04.1995 ਗਲਤੀ ਨਾਲ ਦਰਜ ਹੋਈ ਹੈ। ਮੇਰੇ ਜਨਮ ਸਰਟੀਫਿਕੇਟ ਅਤੇ ਹੋਰ ਦਸਤਾਵੇਜ਼ਾਂ ਵਿਚ ਮੇਰੀ ਜਨਮ ਮਿਤੀ 03.08.1996 ਹੈ, ਜੋ ਕਿ ਸਹੀ ਹੈ। ਮੇਰੀ ਜਨਮ ਮਿਤੀ 03.08.1996 ਨੂੰ ਸਹੀ ਮੰਨਿਆ ਜਾਵੇ। ਸੰਬੰਧਤ ਨੋਟ ਕਰਨ।

ਮੈਂ, ਜਸਵੀਰ ਸਿੰਘ ਪੁੱਤਰ ਸ੍ਰੀ ਮੇਹਰ ਸਿੰਘ ਵਾਸੀ ਪਿੰਡ ਕਾਲਾ ਸੰਘਿਆਂ, ਜ਼ਿਲ੍ਹਾ ਕਪੂਰਥਲਾ (ਪੰਜਾਬ) ਨੇ ਆਪਣੇ ਲੜਕੇ ਸੁਖਜਿੰਦਰ ਸਿੰਘ ਅਤੇ ਇਸ ਦੀ ਪਤਨੀ ਰਣਦੀਪ ਕੌਰ (ਨੂੰਹ) ਨੂੰ ਮੇਰੇ ਕਹਿਣੇਕਾਰ ਨਾ ਹੋਣ ਕਰਕੇ 'ਅਜੀਤ' ਅਖਬਾਰ ਰਾਹੀਂ ਮਿਤੀ 02-05-2010 ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਅਤੇ ਆਪਣੀ ਘਰੇਲੂ ਦਖਲਅੰਦਾਜ਼ੀ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਉਕਤ ਲੜਕਾ ਸੁਖਜਿੰਦਰ ਸਿੰਘ ਅਤੇ ਇਸ ਦੀ ਪਤਨੀ ਰਣਦੀਪ ਕੌਰ ਮੇਰੇ ਕਹਿਣੇ ਵਿੱਚ ਹਨ। ਹੁਣ ਮੈਂ ਆਪਣੇ ਲੜਕੇ ਸੁਖਜਿੰਦਰ ਸਿੰਘ ਅਤੇ ਇਸ ਦੀ ਪਤਨੀ ਰਣਦੀਪ ਕੌਰ ਦੀ ਬੇਦਖਲੀ ਨੋਟਿਸ ਵਾਪਸ ਲੈਂਦਾ ਹਾਂ। ਇਹ ਮੇਰੀ ਜਾਇਦਾਦ ਦਾ ਬਰਾਬਰ ਹੱਕਦਾਰ ਹੋਵੇਗਾ।

ਮੈਂ, ਕੁਲਦੀਪ ਸਿੰਘ ਪੁੱਤਰ ਸ੍ਰੀ ਰਤਨ ਸਿੰਘ ਵਾਸੀ ਪਿੰਡ ਕੱਲੋਵਾਲ, ਡਾਕ: ਪੱਤੀ ਕੰਡੀ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਪੁੱਤਰ ਪਰਮਿੰਦਰ ਸਿੰਘ ਅਤੇ ਉਸਦੀ ਪਤਨੀ ਲਖਵੀਰ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 05 ਮਈ 2026 ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਅਤੇ ਉਸਦੀ ਪਤਨੀ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਆਪਣੀ ਦਿੱਤੀ ਹੋਈ ਉਕਤ ਬੇਦਖਲੀ ਵਾਪਸ ਲੈਂਦਾ ਹਾਂ ਅਤੇ ਹੁਣ ਮੇਰਾ ਲੜਕਾ ਅਤੇ ਉਸਦੀ ਪਤਨੀ ਮੇਰੀ ਚੱਲ ਵਾ ਅਚੱਲ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਿਤ ਨੋਟ ਕਰਨ।

ਮੈਂ, ਪਰਸ ਰਾਮ ਪੁੱਤਰ ਫਕੀਰ ਚੰਦ ਵਾਸੀ ਪਿੰਡ ਇਬਰਾਹੀਮਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਮੇਜਰ ਰਾਮ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 05-03-2010 ਨੂੰ ਅਕਾਲੀ ਪੱਤ੍ਰਕਾ ਅਖਬਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੀ ਦਿੱਤੀ ਹੋਈ ਉਕਤ ਬੇਦਖਲੀ ਵਾਪਸ ਲੈਂਦਾ ਹਾਂ ਅਤੇ ਹੁਣ ਮੇਰਾ ਲੜਕਾ ਮੇਰੀ ਚੱਲ ਵਾ ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਸੰਬੰਧਿਤ ਨੋਟ ਕਰਨ।

[illegible]

ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਭੁਚਰ ਕਲਾਂ ਦੇ ਨਾਮ ਤੇ ਚਲ ਰਿਹਾ ਸੀ ਨੂੰ ਕੁਲਬੀਰ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਭੁਚਰ ਕਲਾਂ ਤਹਿਸੀਲ ਤੇ ਜਿਲਾ ਤਰਨ ਤਾਰਨ ਨੇ ਆਪਣੇ ਨਾਮ ਤੇ ਕਰਨ ਦੀ ਅਰਜੀ ਦਿਤੀ ਹੈ ਜੇ ਕਰ ਕਿਸੇ ਨੂੰ ਕਿਸੇ ਕਿਸਮ ਦਾ ਕੋਈ ਇਤਰਾਜ ਹੋਵੇ ਤਾਂ ਉਹ ਉਪ ਮੰਡਲ ਵਿਖੇ ਆਪਣਾ ਇਤਰਾਜ ਪੇਸ਼ ਕਰ ਸਕਦਾ ਹੈ ਨਹੀਂ ਤਾਂ ਤਬਦੀਲੀ ਕਰ ਦਿਤੀ ਜਾਵੇਗੀ ਪੀ ਐਸ ਪੀ ਸੀ ਐਲ

ਇਕ ਟਿਊਬਵੈਲ ਕੁਨੈਕਸ਼ਨ ਜਿਸਦਾ ਖਾਤਾ ਨੰਬਰ ਏ ਪੀ 02-478, 15 ਹਾਰਸ ਪਾਵਰ ਦਾ ਜੋ ਕਿ ਜਗੀਰ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਭੁਚਰ ਕਲਾਂ ਦੇ ਨਾਮ ਤੇ ਚਲ ਰਿਹਾ ਸੀ ਨੂੰ ਕੁਲਬੀਰ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਭੁਚਰ ਕਲਾਂ ਤਹਿਸੀਲ ਤੇ ਜਿਲਾ ਤਰਨ ਤਾਰਨ ਨੇ ਆਪਣੇ ਨਾਮ ਤੇ ਕਰਨ ਦੀ ਅਰਜੀ ਦਿਤੀ ਹੈ ਜੇ ਕਰ ਕਿਸੇ ਨੂੰ ਕਿਸੇ ਕਿਸਮ ਦਾ ਕੋਈ ਇਤਰਾਜ ਹੋਵੇ ਤਾਂ ਉਹ ਉਪ ਮੰਡਲ ਵਿਖੇ ਆਪਣਾ ਇਤਰਾਜ ਪੇਸ਼ ਕਰ ਸਕਦਾ ਹੈ ਨਹੀਂ ਤਾਂ ਤਬਦੀਲੀ ਕਰ ਦਿੱਤੀ ਜਾਵੇਗੀ ਪੀ ਐਸ ਪੀ ਸੀ ਐਲ।

### PUBLIC NOTICE

I , Surinder Kaur W/o Surinder Pal Singh, R/o H.No. 6788, Mohalla Guru Teg Bahadur Nagar, PO. Nakodar, Distt. Jalandhar declare that my son Harsimarjeet Singh is out of my control. So I disown him from all my moveable and immovable property. Anybody deal with him at their own risk and responsibility. All concerned may note.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ ਅਤੇ ਨਾ ਹੀ ਉਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### COURT NOTICE

(U/o 5 Rule 20 CPC)
In the Court of
Deepak Kumar Choudhary
Principal Judge (FC), Barnala
CNR No. PBBR01-003434-2026
Next Date:- 18-08-2026
Gursewak Singh
Vs.
General Public
Publication Issued To:
General Public
:- Barnala

in above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 18-08-2026 at 10:00 a.m.

For details logon to https://highcourtchd.gov.in/?mod=district_notice&district-barnala

Principal Judge (FC), Barnala
Dated, this day of 15-07-2026

### COURT NOTICE

(U/o 5 Rule 20 CPC)
In the Court of
Sh. Manmohan Bhatti
Additional Civil Judge
(Senior Division), Rajpura
CNR No. PBPTA0-000455-2026
Next Date :- 24-08-2026
Beant Kaur
Vs.
General Public
Publication Issued to :
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 24.08.2026 at 10:00 A.M.

For details logon to https://highcourtchd.gov.in/?mod=district_notice&district=patiala

Additional Civil Judge
(Senior Division), Rajpura
Dated this day of 14-07-2026

### ਪਬਲਿਕ ਨੋਟਿਸ

ਬਾ-ਅਦਾਲਤ ਮੰਗੂ ਬਾਂਸਲ, ਨਾਇਬ ਤਹਿਸੀਲਦਾਰ, ਬਾਘਾ ਪੁਰਾਣਾ

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਦੀਪ ਸਿੰਘ ਪੁੱਤਰ ਬਚਿੱਤਰ ਸਿੰਘ ਵਾਸੀ ਘੋਲੀਆਂ ਕਲਾਂ, ਤਹਿਸੀਲ ਬਾਘਾ ਪੁਰਾਣਾ ਜ਼ਿਲ੍ਹਾ ਮੋਗਾ ਨੇ ਬੇਨਤੀ ਕੀਤੀ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਵਾਕਿਆ ਰਕਬਾ ਪਿੰਡ ਘੋਲੀਆਂ ਕਲਾਂ [illegible]

ਸਹੀ/-ਨਾਇਬ ਤਹਿਸੀਲਦਾਰ, ਬਾਘਾ ਪੁਰਾਣਾ।
ਨੰਬਰ: 325 ਮਿਤੀ: 14-07-26

### ਪਬਲਿਕ ਨੋਟਿਸ

ਬਾ-ਅਦਾਲਤ ਮੰਗੂ ਬਾਂਸਲ, ਨਾਇਬ ਤਹਿਸੀਲਦਾਰ, ਬਾਘਾ ਪੁਰਾਣਾ

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜਤਿੰਦਰਪਾਲ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਬਚਿੱਤਰ ਸਿੰਘ ਵਾਸੀ ਘੋਲੀਆਂ ਕਲਾਂ, ਤਹਿਸੀਲ ਬਾਘਾ ਪੁਰਾਣਾ ਜ਼ਿਲ੍ਹਾ ਮੋਗਾ ਨੇ ਬੇਨਤੀ ਕੀਤੀ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਵਾਕਿਆ ਰਕਬਾ ਪਿੰਡ [illegible]

ਅਦਾਲਤ ਵਿਖੇ ਕਰ ਸਕਦਾ ਹੈ, ਜੇਕਰ ਇਸ ਤੋਂ ਬਾਅਦ ਕੋਈ ਇਤਰਾਜ਼ ਪ੍ਰਾਪਤ ਹੁੰਦਾ ਹੈ ਤਾਂ ਉਸ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 14-07-2016 ਨੂੰ ਮੇਰੇ ਹਸਤਾਖਰਾਂ ਅਤੇ ਦਫਤਰੀ ਮੋਹਰ ਨਾਲ ਜਾਰੀ ਹੋਇਆ ਹੈ।

ਸਹੀ/-ਨਾਇਬ ਤਹਿਸੀਲਦਾਰ, ਬਾਘਾ ਪੁਰਾਣਾ।
ਨੰਬਰ : 325 ਮਿਤੀ : 14.07.26

### ਪਬਲਿਕ ਨੋਟਿਸ

[illegible]

### COURT NOTICE

(U/o 5 Rule 20 CPC)
In the Court of Ms. Jiya Garg
Civil Judge Junior Division - 3,
Nabha
CNR No. PBPTB0-000207-2026
Next Date:- 21-08-2026
State Bank of India SBI
Vs.
M/S SND SECURITY AND CCTV
EXE OF RS.660,782/-
Publication Issued To:

1. M/S SND Security And CCTV Agency, Near Old Municipal Committee, Dulladi Gate, Nabha Through its Prop. Vikas Goyal, 2. Vikas Goyal Son of Sh. Rajesh Goyal, Resident of Ward No. 11, Street No. 1-4, Moti Bagh, Nabha, Tehsil Nabha, Distt. Patiala.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 21-08-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 3
Nabha
Dated this day of 16-07-2026

### AXIS BANK LTD.

ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ, ਦੂਸਰੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਰਜਿਸਟਰਡ ਦਫਤਰ : "ਤ੍ਰਿਸ਼ੂਲ"- ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਨੇੜੇ ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

ਅੰਤਿਕਾ IV ਕਬਜ਼ਾ ਨੋਟਿਸ [ ਰੂਲ 8 (1) ] (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) [illegible]

ਮਿਤੀ: 17.07.2026 ਸਥਾਨ : ਜਲੰਧਰ — ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

### ਅਦਾਲਤੀ ਇਸ਼ਤਿਹਾਰ

[illegible]

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

[illegible]

ਮਿਤੀ : 15-07-2026 ਸਥਾਨ : ਮੋਗਾ (ਅਧਿਕਾਰਤ ਅਫਸਰ)

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦੇ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ [illegible]

ਮਿਤੀ : 15-07-2026 ਸਥਾਨ : ਜਲੰਧਰ (ਅਧਿਕਾਰਤ ਅਫਸਰ)

# ਸਰਕਾਰ ਨੰਬਰਦਾਰਾਂ ਦੀਆਂ ਮੰਗਾਂ ਤੁਰੰਤ ਪੂਰੀਆਂ ਕਰੇ : ਮੁੰਧ, ਹੇਅਰ

**ਨਕੋਦਰ (ਮਨਜੀਤ ਮਾਨ)**- ਨੰਬਰਦਾਰ ਯੂਨੀਅਨ ਨਕੋਦਰ ਦੀ ਇੱਕ ਵਿਸ਼ੇਸ਼ ਮੀਟਿੰਗ ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਦੀ ਪ੍ਰਧਾਨਗੀ ਹੇਠ



ਤਹਿਸੀਲ ਦਫਤਰ ਵਿਖੇ ਹੋਈ। ਜਿਸ ਵਿੱਚ ਉਚੇਚੇ ਤੌਰ 'ਤੇ ਹਰਕੰਵਲ ਸਿੰਘ ਮੁੰਧ ਪਹੁੰਚੇ। ਉਨ੍ਹਾਂ ਨੇ ਕਿਹਾ ਕਿ ਨੰਬਰਦਾਰਾਂ ਦੀਆਂ ਜਾਇਜ਼ ਮੰਗਾਂ ਪਿਛਲੇ ਕਈ ਦਹਾਕਿਆਂ ਤੋਂ ਲਟਕਦੀਆਂ ਆ ਰਹੀਆਂ ਹਨ ਜਿਸ ਵਿੱਚ ਸਰਕਾਰ ਦਾ ਕੋਈ ਧਿਆਨ ਨਹੀਂ ਹੈ। ਮੰਗਾਂ ਸਬੰਧੀ ਹਰ ਵਾਰ ਸਾਨੂੰ ਸਰਕਾਰ ਦੇ ਮੰਤਰੀਆਂ ਨਾਲ ਮੀਟਿੰਗਾਂ ਕਰਕੇ ਨਿਰਾਸ਼ ਹੀ ਵਾਪਸ ਮੁੜਨਾ ਪਿਆ ਹੈ ਹਰ ਵਾਰ ਮੰਤਰੀ ਭਰੋਸਾ ਦਿੰਦੇ ਹਨ ਕਿ ਤੁਹਾਡੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ ਪਰ ਵਾਅਦਾ ਪੂਰਾ ਨਹੀਂ ਕੀਤਾ ਜਾਂਦਾ। ਅਸੀਂ ਸਰਕਾਰ ਨੂੰ ਚੇਤਾਵਨੀ ਦਿੰਦੇ ਹਾਂ ਕਿ ਸਰਕਾਰ ਆਪਣਾ ਕੀਤਾ ਵਾਅਦਾ ਪੂਰਾ ਕਰੇ ਜਿਸ ਵਿੱਚ ਨੰਬਰਦਾਰਾਂ ਦਾ ਮਾਣ ਭੱਤਾ ਦੁੱਗਣਾ ਕਰਨਾ ਅਤੇ ਨੰਬਰਦਾਰੀ ਜੱਦੀ ਪੁਸ਼ਤੀ ਕੀਤੀ ਜਾਵੇ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਐਨ.ਆਰ.ਆਈ ਕਸ਼ਮੀਰ ਸਿੰਘ ਸਲਾਹਕਾਰ ਨੰਬਰਦਾਰ ਯੂਨੀਅਨ ਨੇ ਨੰਬਰਦਾਰਾਂ ਨੂੰ ਚਾਹ ਪਾਰਟੀ ਕੀਤੀ। ਇਸ ਮੌਕੇ ਸੁਰਜੀਤ ਸਿੰਘ ਹੇਅਰ ਨੇ ਰਾਜ ਕੁਮਾਰ ਮਹਿਮੀ ਨੇ ਆਏ ਹੋਏ ਨੰਬਰਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਲਾਭ ਸਿੰਘ, ਗੁਰਸ਼ਰਨਜੀਤ ਸਿੰਘ, ਹਰਜਨ ਸਿੰਘ ਬੰਗੜ, ਹਰਨੇਕ ਸਿੰਘ ਸਿੱਧੂਪੁਰ, ਸੁਖਦੇਵ ਸਿੰਘ ਦਰਗਾਬਾਦ, ਬਲਜੀਤ ਸਿੰਘ ਲਿੱਤਰਾ, ਚੌਧਰੀ ਜਸਵੀਰ ਸਿੰਘ ਆਲੋਵਾਲ, ਗੁਰਮੁਖ ਸਿੰਘ ਸੰਧੂ, ਗੁਰਦੇਵ ਸਿੰਘ ਮਾਲੜੀ, ਰਤਨ ਰਾਏ ਨਕੋਦਰ, ਵੀਨੋ ਕੁਮਾਰ, ਸ਼ਿਵਰਾਜ ਸਿੰਘ ਸੰਧੂ, ਜਗਦੀਸ਼ ਸਿੰਘ, ਗੁਰਬਖਸ਼ ਸਿੰਘ ਜਹਾਂਗੀਰ, ਰਘਬੀਰ ਸਿੰਘ ਪ੍ਰਧਾਨ ਮਹਿਤਪੁਰ, ਲਖਬੀਰ ਸਿੰਘ ਮਹੇੜੂ, ਸੁਖਵਿੰਦਰ ਸਿੰਘ ਕੰਗ ਸਾਬੂ, ਦਲਵਿੰਦਰ ਸਿੰਘ ਗੋਹੀਰ, ਸੁਰਜੀਤ ਸਿੰਘ ਸ਼ਾਹਕੋਟ, ਰਛਪਾਲ ਸਿੰਘ ਮੁੰਧ, ਸੰਤੋਖ ਸਿੰਘ ਮੁੰਧ, ਮਨਜੀਤ ਲਾਲ, ਦਲਜੀਤ ਸਿੰਘ ਆਲੋਵਾਲ, ਮਲਕੀਤ ਸਿੰਘ, ਹਰਭਜਨ ਸਿੰਘ, ਰੌਸ਼ਨ ਸਿੰਘ ਮਹੇੜੂ, ਪਲਵਿੰਦਰ ਸਿੰਘ ਮਹਿਮੂਦਪੁਰ ਤੋਂ ਇਲਾਵਾ ਹੋਰ ਨੰਬਰਦਾਰ ਹਾਜ਼ਰ ਸਨ।

# ਐੱਨ ਸੀ ਸੀ ਕੰਬਾਈਨਡ ਐਨੂਅਲ ਟ੍ਰੇਨਿੰਗ ਕੈਂਪ ਦੀ ਸਫਲ ਸਮਾਪਤੀ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਵਿਖੇ 2 ਪੰਜਾਬ ਬਟਾਲੀਅਨ ਐੱਨ ਸੀ ਸੀ, ਜਲੰਧਰ ਵੱਲੋਂ ਆਯੋਜਿਤ ਕੰਬਾਈਨਡ ਐਨੂਅਲ ਟ੍ਰੇਨਿੰਗ ਕੈਂਪ ਦਾ ਸਫਲ ਸਮਾਪਨ ਹੋਇਆ। 6 ਤੋਂ



15 ਜੁਲਾਈ ਤੱਕ ਚੱਲੇ ਇਸ ਦਸ ਦਿਨਾਂ ਦੇ ਕੈਂਪ ਵਿੱਚ ਵੱਖ-ਵੱਖ ਕਾਲਜਾਂ ਦੇ 600 ਤੋਂ ਵੱਧ ਐੱਨ ਸੀ ਸੀ ਕੈਡਿਟਾਂ ਨੇ ਭਾਗ ਲਿਆ।ਕੈਂਪ ਦੀ ਅਗਵਾਈ ਕਮਾਂਡਿੰਗ ਅਫ਼ਸਰ ਕਰਨਲ ਐਸ ਐੱਸ ਚੀਮਾ (ਐੱਸ ਐੱਮ) ਨੇ ਕੀਤੀ। ਉਨ੍ਹਾਂ ਨਾਲ ਪ੍ਰਸ਼ਾਸਕੀ ਅਧਿਕਾਰੀ ਦਲਬੀਰ ਸਿੰਘ, ਸੂਬੇਦਾਰ ਮੇਜਰ ਗੁਲਜ਼ਾਰ ਸਿੰਘ, ਸੂਬੇਦਾਰ ਕ੍ਰਿਸ਼ਨ ਕੁਮਾਰ, ਸੂਬੇਦਾਰ ਸੁਰੇਸ਼ ਕੁਮਾਰ, ਸੂਬੇਦਾਰ ਸੁਰਿੰਦਰ ਸਿੰਘ, ਸੂਬੇਦਾਰ ਰਵਿੰਦਰ ਸਿੰਘ, ਸੂਬੇਦਾਰ ਸੁਖਚੈਨ ਸਿੰਘ, ਨਾਇਬ ਸੂਬੇਦਾਰ ਹਰਪ੍ਰੀਤ ਸਿੰਘ, ਨਾਇਬ ਸੂਬੇਦਾਰ ਸਤਪਾਲ ਸਿੰਘ ਅਤੇ ਸੀ ਟੀ ਓ ਗਰਵ ਕੁਰਕਰੇਜਾ ਸਮੇਤ 2 ਅਧਿਕਾਰੀਆਂ, 6 ਏ ਐਨ ਓਜ਼, 23 ਪੀ ਆਈ ਸਟਾਫ ਅਤੇ 12 ਸਿਵਲ ਸਟਾਫ ਨੇ ਕੈਂਪ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।ਕੈਂਪ ਦੇ ਪਹਿਲੇ ਦਿਨ ਕਰਨਲ ਐਸ ਐੱਸ ਚੀਮਾ ਨੇ ਕੈਡਿਟਾਂ ਨੂੰ ਅਨੁਸ਼ਾਸਨ, ਕੈਂਪ ਦੇ ਨਿਯਮਾਂ ਤੇ ਐੱਨ ਸੀ ਸੀ ਦੀਆਂ ਮੁੱਖ ਕਦਰਾਂ-ਕੀਮਤਾਂ ਬਾਰੇ ਜਾਣੂ ਕਰਵਾਇਆ। ਕੈਂਪ ਵਿੱਚ ਸੀ ਟੀ ਗਰੁੱਪ, ਐੱਲ ਪੀ ਯੂ, ਡੀ ਏ ਵੀ ਯੂਨੀਵਰਸਿਟੀ, ਡੇਵੀਏਟ, ਲਾਇਲਪੁਰ ਖਾਲਸਾ ਕਾਲਜ, ਏ ਪੀ ਜੇ ਕਾਲਜ, ਡੀ ਏ ਵੀ ਕਾਲਜ, ਸੇਂਟ ਸੋਲਜਰ ਕਾਲਜ ਅਤੇ ਦੋਆਬਾ ਕਾਲਜ ਦੇ ਕੈਡਿਟਾਂ ਨੇ ਭਾਗ ਲਿਆ।ਹਰ ਰੋਜ਼ ਦੀ ਸ਼ੁਰੂਆਤ ਸਰੀਰਕ ਕਸਰਤ (ਪੀ ਟੀ) ਨਾਲ ਹੁੰਦੀ ਸੀ। ਕੈਡਿਟਾਂ ਨੂੰ ਡ੍ਰਿਲ, ਹਥਿਆਰਾਂ ਦੀ ਸੰਭਾਲ, ਰਾਇਫਲ ਪ੍ਰੈਕਟਿਸ, ਫਾਇਰਿੰਗ ਅਤੇ ਫੀਲਡ ਕ੍ਰਾਫਟ ਦੀ ਸਿਖਲਾਈ ਦਿੱਤੀ ਗਈ। ਇਸ ਤੋਂ ਇਲਾਵਾ ਸਿਹਤ ਅਤੇ ਸਫ਼ਾਈ, ਸ਼ਖਸੀਅਤ ਵਿਕਾਸ, ਲੀਡਰਸ਼ਿਪ, ਟ੍ਰੈਫਿਕ ਨਿਯਮ, ਰਾਸ਼ਟਰੀ ਏਕਤਾ, ਅੱਗਜ਼ਨੀ, ਅੱਗ ਤੋਂ ਬਚਾਅ, ਸਾਈਬਰ ਸੁਰੱਖਿਆ, ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ ਅਤੇ ਪੋਕਸੋ ਐਕਟ ਤਹਿਤ ਬਾਲ ਸੁਰੱਖਿਆ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵਿਸ਼ੇਸ਼ ਲੈਕਚਰ ਕਰਵਾਏ ਗਏ।

# ਕੋਟ ਫਤੂਹੀ ਪ੍ਰਾਇਮਰੀ ਬਲਾਕ ਦੇ ਅਧਿਆਪਕ ਜੂਨ ਮਹੀਨੇ ਦੀ ਤਨਖਾਹ ਨੂੰ ਤਰਸੇ

**ਮੋਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਹੁਸ਼ਿਆਰਪੁਰ ਦਾ ਕੋਟ ਫਤੂਹੀ ਪ੍ਰਾਇਮਰੀ ਬਲਾਕ ਚੱਲ ਰਿਹਾ ਹੈ ਰੱਬ ਆਸਰੇ ਹੈ। ਕੋਟ ਫਤੂਹੀ ਪ੍ਰਾਇਮਰੀ ਬਲਾਕ ਵਿੱਚ ਕੰਮ ਕਰ ਰਹੇ ਸੈਂਕੜੇ



ਪ੍ਰਾਇਮਰੀ ਅਧਿਆਪਕਾਂ ਨੂੰ ਜੂਨ ਮਹੀਨੇ ਦੀ ਤਨਖਾਹ ਅਜੇ ਤੱਕ ਨਸੀਬ ਨਹੀਂ ਹੋਈ ਜੋ ਆਪਣੇ ਘਰੇਲੂ ਖਰਚਿਆਂ ਕਰਕੇ ਪ੍ਰੇਸ਼ਾਨ ਹਨ ਤੇ ਖਰੀਦੋ ਫਰੋਖਤ ਲਈ ਅਵਾਜ਼ਾਰ ਹਨ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਕੋਟ ਫਤੂਹੀ ਦੀ ਗੌਰਮਿੰਟ ਟੀਚਰ ਯੂਨੀਅਨ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਜਨਰਲ ਸਕੱਤਰ ਉਂਕਾਰ ਸਿੰਘ ਨੇ ਪ੍ਰੈਸ ਕੀਤਾ।ਆਗੂਆਂ ਨੇ ਕਿਹਾ ਕਿ ਇੱਕ ਪਾਸੇ ਮੁਲਾਜ਼ਮ ਸਰਕਾਰ ਕੋਲੋਂ ਆਪਣੀਆਂ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਵਾਉਣ ਲਈ ਸੰਘਰਸ਼ ਕਰ ਰਹੇ ਹਨ ਅਤੇ ਦੂਜੇ ਪਾਸੇ ਕੋਟ ਫਤੂਹੀ ਬਲਾਕ ਦੇ ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਨੂੰ ਆਪਣੀ ਤਨਖਾਹ ਲੈਣ ਲਈ ਵੀ ਤਰਲੇ ਕੱਢਣੇ ਪੈ ਰਹੇ ਹਨ ਅਤੇ ਨਾ ਹੀ ਇਹਨਾਂ ਅਧਿਆਪਕਾਂ ਨੂੰ ਅਪ੍ਰੈਲ 2026 ਤੋਂ ਮਿਲਣ ਵਾਲੇ ਬਕਾਏ ਦੀ ਕੋਈ ਕਿਸ਼ਤ ਮਿਲੀ ਹੈ।ਆਗੂਆਂ ਨੇ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਕੋਟ ਫਤੂਹੀ ਦੇ ਪ੍ਰਾਇਮਰੀ ਸਿੱਖਿਆ ਬਲਾਕ ਵਿੱਚ ਲੋੜੀਂਦਾ ਅਮਲਾ ਤਇਨਾਤ ਕੀਤਾ ਜਾਵੇ ਤਾਂ ਜੋ ਅਧਿਆਪਕਾਂ ਨੂੰ ਸਮੇਂ ਸਿਰ ਤਨਖਾਹ ਮਿਲ ਸਕੇ।ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਜਸਵਿੰਦਰ ਸਿੰਘ, ਦਵਿੰਦਰ ਸਿੰਘ, ਹਰੀਸ਼ ਪੁਰੀ, ਸੁਰਜੀਤ ਸਿੰਘ, ਪ੍ਰਿਤਪਾਲ ਸਿੰਘ, ਸੰਦੀਪ ਕੁਮਾਰ ਅਤੇ ਹਰਜਿੰਦਰ ਸਿੰਘ ਹਾਜ਼ਰ ਸਨ।

# ਮੇਹਰਚੰਦ ਪੋਲੀਟੈਕਨਿਕ ਦੇ ਵਿਦਿਆਰਥੀਆਂ ਨੂੰ ਮਿਲੇਗੀ ਲੱਖਾਂ ਦੀ ਸਕਾਲਰਸ਼ਿਪ

**ਜਲੰਧਰ, (ਸ਼ੈਲੀ ਐਲਬਰਟ)**- ਮੇਹਰਚੰਦ ਪੋਲੀਟੈਕਨਿਕ ਦੇ ਵਿਦਿਆਰਥੀਆਂ ਨੂੰ ਹਰ ਸਾਲ ਪੁਰਾਣੇ ਅਲੂਮਨੀ ਅਤੇ ਕਾਲਜ ਦੇ ਸ਼ੁਭਚਿੰਤਕ ਦਾਨੀ ਸੱਜਣਾ ਵਲੋਂ ਲੱਖਾਂ ਰੁਪਏ ਦੀ ਸਕਾਲਰਸ਼ਿਪ ਵੰਡੀ ਜਾਂਦੀ ਹੈ। ਪਿਛਲੇ ਤਿੰਨ ਸਾਲਾਂ ਵਿੱਚ ਕ੍ਰਮਵਾਰ 12 ਲੱਖ ਤੋਂ ਵੀ ਵੱਧ ਦੀ ਰਾਸ਼ੀ ਵਿਦਿਆਰਥੀ ਸਕਾਲਰਸ਼ਿਪ ਰਾਹੀਂ ਵੰਡੀ ਗਈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਇਸ ਸਕਾਰਸ਼ਿਪ ਸਿੰਗਲ ਪੇਰੈਂਟ ਚਾਈਲਡ, ਆਰਥਿਕ ਤੌਰ ਤੇ ਪੱਛੜੇ ਅਤੇ ਪੇਂਡੂ ਵਿਦਿਆਰਥੀ, ਲੜਕੀਆਂ ਅਤੇ ਹੁਸ਼ਿਆਰ ਅਤੇ ਅਕਾਡਮਿਕ ਪੱਖੋਂ ਬੇਹਤਰੀਨ ਪ੍ਰਾਪਤੀਆਂ ਵਾਲੇ ਵਿਦਿਆਰਥੀਆਂ ਨੂੰ ਦਿੱਤਾ ਜਾਂਦਾ ਹੈ। ਇਸ ਸਮੇਂ ਮੇਹਰਚੰਦ ਪੋਲੀਟੈਕਨਿਕ ਦੇ ਵਿਦਿਆਰਥੀਆਂ ਨੂੰ ਪੁਸ਼ਪਾ ਰਾਣੀ ਮੈਮੋਰੀਅਲ ਸਕਾਲਰਸ਼ਿਪ, ਸੁਖ ਸ਼ਾਂਤੀ ਮੈਮੋਰੀਅਲ ਸਕਾਲਰਸ਼ਿਪ, ਸਰੋਜ ਸ਼ਰਮਾ ਮੈਮੋਰੀਅਲ ਸਕਾਲਰਸ਼ਿਪ, ਪ੍ਰੋ. ਕੰਵਲਜੀਤ ਢੁੱਡੀਕੇ ਸਕਾਲਰਸ਼ਿਪ, ਰਚਨਾ ਕੌਰ ਮੈਮੋਰੀਅਲ ਸਕਾਲਰਸ਼ਿਪ, ਹਾਰਮਨੀ-1984 ਸਕਾਲਰਸ਼ਿਪ, ਹਾਰਮਨੀ-1986 ਸਕਾਲਰਸ਼ਿਪ, ਹਾਰਮਨੀ-1991



ਸਕਾਲਰਸ਼ਿਪ, ਪ੍ਰੋ. ਕੁਲਦੀਪ ਲੜੋਈਆ ਸਕਾਲਰਸ਼ਿਪ, ਪ੍ਰੋ. ਠਾਕੁਰ ਦਾਸ ਸ਼ਰਮਾ ਸਕਾਲਰਸ਼ਿਪ, ਐਚ.ਕੇ ਗਿੱਲ ਅਛੋਰਵਾਲ ਮੈਮੋਰੀਅਲ ਸਕਾਲਰਸ਼ਿਪ, ਜੀ.ਐਸ. ਗਿੱਲ ਅਛੋਰਵਾਲ ਮੈਮੋਰੀਅਲ ਸਕਾਲਰਸ਼ਿਪ, ਰਮਨਦੀਪ ਕਨੌਜ਼ਾ ਸਕਾਲਰਸ਼ਿਪ, ਹਰੀ ਸਿੰਘ ਚੈਰੀਟੇਬਲ ਸਕਾਲਰਸ਼ਿਪ, ਬੀ ਡੀ ਮੈਮੋਰੀਅਲ ਸਕਾਲਰਸ਼ਿਪ, ਐੱਚ ਆਰ ਕਪੂਰ ਮੈਮੋਰੀਅਲ ਸਕਾਲਰਸ਼ਿਪ, ਅਲੂਮਨੀ ਸਕਾਲਰਸ਼ਿਪ ਆਦਿ ਸੰਸਥਾਵਾਂ ਵੱਲੋਂ ਸਕਾਲਰਸ਼ਿਪ ਵੰਡੀ ਜਾਂਦੀ ਹੈ। ਇਸ ਕਾਲਜ ਦੇ ਪ੍ਰਿੰਸੀਪਲ ਵੱਲੋਂ ਇੱਕ ਕਮੇਟੀ ਬਣਾਈ ਜਾਂਦੀ ਹੈ, ਜੋ ਵਿਦਿਆਰਥੀਆਂ ਵੱਲੋਂ ਸਕਾਲਰਸ਼ਿਪ ਲਈ ਦਿੱਤੇ ਬੇਨਤੀ ਪੱਤਰਾ ਨੂੰ ਵਾਚਦੀ ਹੈ, ਇੰਟਰਵਿਊ ਕਰਦੀ ਹੈ ਤੇ ਉੱਤਮ ਅਤੇ ਸੱਭ ਤੋਂ ਵੱਧ ਲੁੜੀਂਦੇ ਵਿਦਿਆਰਥੀਆਂ ਦੀ ਚੋਣ ਕੀਤੀ ਜਾਂਦੀ ਹੈ।

# ਏਡਿਡ ਸਕੂਲ ਅਧਿਆਪਕਾਂ ਤੇ ਕਰਮਚਾਰੀਆਂ ਵੱਲੋਂ ਧਰਨਾ 21 ਨੂੰ

**ਮੋਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ (ਪੰਜਾਬ-1967) ਵੱਲੋਂ ਸਿੱਖਿਆ ਵਿਭਾਗ ਅਤੇ ਸਰਕਾਰ ਦੇ ਅੜੀਅਲ ਰਵੱਈਏ ਖ਼ਿਲਾਫ਼ ਤਿੱਖੇ ਸੰਘਰਸ਼ ਦਾ ਬਿਗਲ ਵਜਾ ਦਿੱਤਾ ਗਿਆ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਆਜਾਰਾ ਨੇ ਸਾਂਝੇ ਤੌਰ 'ਤੇ ਪ੍ਰੈਸ ਬਿਆਨ ਜਾਰੀ ਕਰਦਿਆਂ ਐਲਾਨ ਕੀਤਾ ਕਿ ਸਮੂੱਚੇ ਏਡਿਡ ਸਕੂਲ ਅਤੇ ਪੈਨਸ਼ਨਰਜ਼ ਸਾਥੀ 21 ਜੁਲਾਈ 2026 ਨੂੰ ਸਵੇਰੇ 10:30 ਵਜੇ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ ਦੇ ਦਫ਼ਤਰ ਅੱਗੇ ਇੱਕ ਵਿਸ਼ਾਲ ਰੋਸ ਧਰਨਾ ਦੇਣਗੇ। ?ਯੂਨੀਅਨ ਵੱਲੋਂ ਜਾਰੀ ਬਿਆਨ ਵਿੱਚ ਦੱਸਿਆ ਗਿਆ ਕਿ 4 ਜੂਨ 2026 ਨੂੰ ਜਥੇਬੰਦੀ ਦੀ ਕੈਬਨਿਟ ਸਬ-ਕਮੇਟੀ ਨਾਲ ਦਫ਼ਤਰ ਵਿੱਚ ਹੋਈ ਅਹਿਮ ਮੀਟਿੰਗ ਦੌਰਾਨ ਸਬ-ਕਮੇਟੀ ਦੇ ਚੇਅਰਮੈਨ ਸ. ਹਰਪਾਲ ਸਿੰਘ ਚੀਮਾ ਵੱਲੋਂ ਵਿਭਾਗੀ ਅਫ਼ਸਰਾਂ ਨੂੰ ਸਪਸ਼ਟ ਹੁਕਮ ਦਿੱਤੇ ਗਏ ਸਨ ਕਿ ਬਿਨਾਂ ਆਡਿਟ ਪੈਰਾ ਰਿਪੋਰਟ ਦੀ ਉਡੀਕ ਕੀਤੇ 'ਜਨਵਰੀ ਤੋਂ ਮਾਰਚ 2026 ਦੀ ਗ੍ਰਾਂਟ' ਤੁਰੰਤ ਜਾਰੀ ਕੀਤੀ ਜਾਵੇ। ਪਰ ਡੇਢ ਮਹੀਨਾ ਲੰਘ ਜਾਣ ਦੇ ਬਾਵਜੂਦ ਵੀ ਇਹ ਗ੍ਰਾਂਟਾਂ ਜਾਰੀ ਨਹੀਂ ਕੀਤੀਆਂ ਗਈਆਂ ਅਤੇ ਰੋਸ ਵਜੋਂ ਇਹ ਮੋਰਚਾ ਖੋਲ੍ਹਿਆ ਜਾ ਰਿਹਾ ਹੈ।



ਸਟੇਟ ਕਮੇਟੀ ਮੈਂਬਰਾਂ ਤਰਲੋਚਨ ਸਿੰਘ ਅਨੰਦਪੁਰ ਸਾਹਿਬ, ਪਰਮਜੀਤ ਸਿੰਘ ਗੁਰਦਾਸਪੁਰ, ਰਵਿੰਦਰਜੀਤ ਸਿੰਘ ਪੁਰੀ ਅਹਿਮਦਗੜ੍ਹ ਮਾਲੇਰਕੋਟਲਾ, ਜਗਜੀਤ ਸਿੰਘ ਗੁਜਰਾਲ ਅੰਮ੍ਰਿਤਸਰ, ਅਸ਼ਵਨੀ ਮਦਾਨ ਪਟਿਆਲਾ, ਚਰਨਜੀਤ ਸ਼ਰਮਾ ਬਰਨਾਲਾ ਅਤੇ ਸੁਖਵਿੰਦਰ ਸਿੰਘ ਹੁਸ਼ਿਆਰਪੁਰ ਨੇ ਸਾਂਝੇ ਤੌਰ 'ਤੇ ਐਲਾਨ ਕੀਤਾ ਕਿ ਜੇਕਰ ਵਿਭਾਗ ਨੇ ਆਪਣਾ ਅੜੀਅਲ ਰਵੱਈਆ ਨਾ ਬਦਲਿਆ ਤਾਂ 21 ਜੁਲਾਈ ਨੂੰ ਡੀ ਐੱਸ ਈ ਦਫ਼ਤਰ ਦਾ ਮੁਕੰਮਲ ਘਿਰਾਓ ਕੀਤਾ ਜਾਵੇਗਾ।

# ਸਾਵਣ ਮਹੀਨੇ ਦੀ ਸੰਗਰਾਂਦ 'ਤੇ ਸਮਾਗਮ ਕਰਵਾਏ

**ਹੁਸ਼ਿਆਰਪੁਰ (ਓ ਪੀ ਰਾਣਾ)**- ਡੇਰਾ 108 ਸੰਤ ਸੀਤਲ ਦਾਸ ਬੋਹਣ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਸਰਵਣ ਦਾਸ ਜੀ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਸਾਵਣ ਮਹੀਨੇ ਦੀ ਸੰਗਰਾਂਦ ਤੇ ਵਿਸ਼ੇਸ਼ ਸਮਾਗਮ ਕਰਵਾਏ ਗਏ। ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ



ਰਾਗੀ ਜਥੇ ਭਾਈ ਸਾਹਿਬ ਸਿੰਘ ਸੈਨੀ ਬਜਵਾੜਾ, ਭਾਈ ਸੁਰਜੀਤ ਸਿੰਘ ਮਸਤੂਰ ਹੁਸ਼ਿਆਰਪੁਰ, ਪ੍ਰੋਫੈਸਰ ਚੈਨਣ ਸਿੰਘ ਸੇਵਕ ਆਨੰਦਪੁਰ ਸਾਹਿਬ, ਭਾਈ ਗੁਰਮੇਲ ਸਿੰਘ ਰਾਮ ਪੁਰ ਭਾਈਆਂ, ਬੀਬੀ ਜੋਸਿਕਾ ਦੇ ਜਥਿਆਂ ਵਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਸਰਵਣ ਦਾਸ ਸੇਵਾਦਾਰ ਕੀਰਤਨੀ ਜਥੇ ਬਾਬਾ ਲਾਲ ਪ੍ਰੀਤ ਦੇ ਜਥੇ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ ਤੇ ਓਮ ਪ੍ਰਕਾਸ਼ ਰਾਣਾ ਵਲੋਂ ਸਾਵਣ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ ਦੀ ਮੱਹਹਤਾ ਕਥਾ ਗੁਰਮਤਿ ਵਿਚਾਰਾਂ ਰਾਹੀਂ ਸਰਵਣ ਕਰਾਈ।ਇਸ ਮੌਕੇ ਰਜਿੰਦਰ ਕੁਮਾਰ ਭਾਟੀਆ ਸੇਵਾ ਮੁਕਤ ਡਾਇਰੈਕਟਰ, ਇੰਜੀ ਮਨਰੂਪ ਸਿੰਘ, ਲੰਬੜਦਾਰ ਹਰਭਜਨ ਦਾਸ ਕਰਾੜੀ, ਬਾਬੂ ਰਾਮ ਭੱਜ ਕਰਾੜੀ, ਸਰਪੰਚ ਗੁਰਚਰਨ ਸਿੰਘ ਮਿੰਟੂ ਬੋਹਣ, ਗਿਆਨੀ ਰਵਿੰਦਰ ਸਿੰਘ, ਗਿਆਨੀ ਦਲਜੀਤ ਸਿੰਘ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਖੂਨਦਾਨ ਕੈਂਪ ਦੌਰਾਨ ਡਾ. ਦਲਜੀਤ ਸਿੰਘ ਅਜਨੋਹਾ ਸਨਮਾਨਤ

**ਆਦਮਪੁਰ (ਪਰਮਜੀਤ ਸਿੰਘ)**- ਬੀਤੇ ਦਿਨੀਂ ਦੁਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਸ਼ਹੀਦ ਬਾਬਾ ਮੱਤੀ ਸਾਹਿਬ ਮਹਾਰਾਜ ਜੀਆਂ ਦਾ ਪਾਵਨ ਪਵਿੱਤਰ ਪ੍ਰਕਾਸ਼ ਦਿਹਾੜਾ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼ਹੀਦਾਂ ਨੌਜਵਾਨ ਸਭਾ ਪਿੰਡ ਬਡਲਾ ਤੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ, ਸੈਕਟਰੀ ਰਣਬੀਰਪਾਲ ਸਿੰਘ, ਲੰਬੜਦਾਰ ਜਤਿੰਦਰ ਸਿੰਘ, ਘੁੰਮਣ ਸਾਹਿਬ ਜੀਆ ਦੇ ਵੱਡੇ ਉਦਮਾਂ ਸਦਕਾ ਲਗਾਇਆ ਗਿਆ ਜਿਸ ਵਿੱਚ ਮਾਨਵਤਾ ਦੀ ਸੇਵਾ ਲਈ ਆਪਣਾ ਵੱਡਮੁੱਲਾ ਯੋਗਦਾਨ



ਪਾਉਂਦਿਆਂ 26 ਪ੍ਰਾਣੀਆਂ ਨੇ ਖੂਨਦਾਨ ਕੀਤਾ ਜਿਨ੍ਹਾਂ ਨੂੰ ਪਸਰੀਚਾ ਬਲੱਡ ਬੈਂਕ ਦੇ ਮਾਲਕ ਮੋਹਿਤ ਕਪੂਰ ਵੱਲੋਂ ਆਪ ਵਿਸ਼ੇਸ਼ ਤੌਰ ਤੇ ਸਰਟੀਫਕੇਟ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਬਤੌਰ ਮੁੱਖ ਮਹਿਮਾਨ ਵਜੋਂ ਡਾ ਦਲਜੀਤ ਸਿੰਘ ਅਜਨੋਹਾ ਨੇ ਸ਼ਿਰਕਤ ਕਰ ਖੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਦਾ ਇੱਥੇ ਪ੍ਰੋਜਣ ਤੇ ਨਿੱਘਾ ਸਵਾਗਤ ਕਰਦੇ ਹੋਏ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੀ ਸਮੁੱਚੀ ਟੀਮ ਵਲੋਂ ਸੈਕਟਰੀ ਮਨਪ੍ਰੀਤ ਸਿੰਘ ਧੀਰੋਵਾਲ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਡਰੋਲੀ, ਭਾਈ ਟੋਨੀ ਕੰਦੋਲਾ ਯੁਵਾ ਸਰਪੰਚ ਸੁੱਖੀ ਦਾਊਦਪੁਰੀਆ, ਲੰਬੜਦਾਰ ਜਤਿੰਦਰ ਸਿੰਘ ਘੁੰਮਣ,ਹਰਵਿੰਦਰ ਸਿੰਘ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।

# ਮੋਦੀ ਦੇ ਸਵਾਗਤ 'ਚ ਭਾਜਪਾ ਨੇ ਪੰਜਾਬ ਭਰ 'ਚ ਚਲਾਇਆ ਸਫ਼ਾਈ ਅਭਿਆਨ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪੰਜਾਬ ਆਮਦ ਤੋਂ ਪਹਿਲਾਂ ਭਾਰਤੀ ਜਨਤਾ ਪਾਰਟੀ ਵੱਲੋਂ ਦੋ ਰੋਜ਼ਾ ਸਵੱਛਤਾ ਅਭਿਆਨ ਚਲਾਇਆ ਗਿਆ ਜਿਸ ਤਹਿਤ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਜਲੰਧਰ ਦੇ ਬਾਬਾ ਬੁੱਢਾ ਜੀ



ਨਗਰ ਦੇ ਪਾਰਕ ਵਿੱਚ ਦਕੋਹਾ ਮੰਡਲ ਦੇ ਪ੍ਰਧਾਨ ਚੰਦਨ ਰਖੇਜਾ ਦੀ ਅਗਵਾਈ ਵਿੱਚ ਸਫ਼ਾਈ ਕੀਤੀ।ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੰਜਾਬ ਵਿੱਚ ਸਵਾਗਤ ਪੂਰੇ ਧੂਮਧਾਮ ਨਾਲ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਆਮਦ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ ਪੂਰੇ ਪੰਜਾਬ ਵਿੱਚ ਸਵੱਛਤਾ ਅਭਿਆਨ ਚਲਾਇਆ ਗਿਆ ਹੈ ਜਿਸ ਤਹਿਤ ਭਾਜਪਾ ਦੇ 620 ਮੰਡਲਾਂ ਵਿੱਚ ਕੁੱਲ 3100 ਤੋਂ ਵੱਧ ਥਾਵਾਂ 'ਤੇ ਸਫ਼ਾਈ ਮੁਹਿੰਮ ਚਲਾਈ ਗਈ। ਇਸ ਤਹਿਤ ਜਨਤਕ ਥਾਵਾਂ, ਪਾਰਕਾਂ, ਹਸਪਤਾਲਾਂ, ਮੰਦਰਾਂ ਆਦਿ ਵਿੱਚ ਸਫ਼ਾਈ ਕੀਤੀ ਗਈ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਨੂੰ ਵੱਡੇ ਵਿਕਾਸ ਪ੍ਰੋਜੈਕਟ ਦੇਣ ਆ ਰਹੇ ਹਨ ਜਿਸ ਤਹਿਤ ਜਿੱਥੇ ਰੇਲਵੇ ਸਟੇਸ਼ਨਾਂ ਨੂੰ ਵਿਸ਼ਵ ਪੱਧਰ ਦਾ ਬਣਾ ਕੇ ਵੱਡੀਆਂ ਸਹੂਲਤਾਂ ਦਿੱਤੀ ਸਹੂਲਤਾਂ ਹਨ। ਇਸ ਮੌਕੇ ਉਹਨਾਂ ਨਾਲ ਭਾਜਪਾ ਆਗੂ ਤੇ ਵਰਕਰ ਵੀ ਹਾਜ਼ਰ ਸਨ।

# ਪ ਸ ਸ ਫ ਵੱਲੋਂ ਮਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਮਨਰੇਗਾ ਮੁਲਾਜ਼ਮਾਂ ਤੇ ਪਟਿਆਲਾ ਪੁਲਸ ਵਲੋਂ ਕੀਤੇ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕੀਤੀ। ਜੱਥੇਬੰਦੀ ਦੇ ਆਗੂਆਂ ਕਰਮਜੀਤ ਬੀਹਲਾ,



ਮੱਖਣ ਸਿੰਘ ਵਾਹਿਦਪੁਰੀ, ਸੁਖਵਿੰਦਰ ਚਾਹਲ ਨੇ ਕਿਹਾ ਕਿ ਆਪਣੀਆਂ ਸੇਵਾਵਾਂ ਨੂੰ ਪੱਕੇ ਕਰਵਾਉਣ ਅਤੇ ਪਿਛਲੇ ਅੱਠ ਮਹੀਨਿਆਂ ਦੀ ਬਕਾਇਆ ਤਨਖਾਹ ਪ੍ਰਾਪਤ ਕਰਨ ਲਈ ਕੀਤੇ ਗਏ ਇਸ ਸ਼ਾਤਮਈ ਸੰਘਰਸ਼ ਤੇ ਪੁਲਸ ਵਲੋਂ ਕੀਤਾ ਗਿਆ ਲਾਠੀਚਾਰਜ ਕਾਲੇ ਦੌਰ ਝਲਕ ਦਿਖਾਉਂਦਾ ਹੈ। ਬਹੁਤ ਸਾਰੇ ਮੁਲਾਜ਼ਮਾਂ ਦੇ ਗੰਭੀਰ ਸੱਟਾਂ ਲੱਗੀਆਂ ਅਤੇ ਕਈ ਬੇਹੋਸ਼ ਵੀ ਹੋ ਗਏ ਹਨ। ਆਗੂਆਂ ਨੇ ਮੰਗ ਕੀਤੀ ਹੈ ਕਿ ਇਸ ਲਾਠੀਚਾਰਜ ਦਾ ਆਦੇਸ਼ ਦੇਣ ਵਾਲੇ ਅਧਿਕਾਰੀ ਨੂੰ ਫੌਰੀ ਤੌਰ ਤੇ ਬਰਖਾਸਤ ਕੀਤਾ ਜਾਵੇ। ਇਸ ਮੌਕੇ ਉਪਰੋਕਤਾ ਆਗੂਆਂ ਤੋਂ ਇਲਾਵਾ ਗੁਰਬਿੰਦਰ ਸਿੰਘ, ਅਨਿਲ ਕੁਮਾਰ, ਕਿਸ਼ੋਰ ਚੰਦ ਗਾਜ, ਗੁਰਦੇਵ ਸਿੰਘ ਸਿੱਧੂ, ਕਰਮ ਸਿੰਘ, ਬੋਬਿੰਦਰ ਸਿੰਘ, ਪੁਸ਼ਪਿੰਦਰ ਸਿੰਘ ਹਰਪਾਲਪੁਰ, ਦਰਸ਼ਣ ਸਿੰਘ ਚੀਮਾ, ਜਤਿੰਦਰ ਕੁਮਾਰ, ਨਿਰਮਲੋਕ ਸਿੰਘ ਹੀਰਾ, ਬਲਵਿੰਦਰ ਸਿੰਘ ਭੁੱਟੋ, ਰਜਿੰਦਰ ਸਿੰਘ ਰਿਆੜ, ਜਸਵੀਰ ਸਿੰਘ ਸ਼ੀਰਾ, ਚਮਕੌਰ ਸਿੰਘ ਨਾਭਾ, ਕੁਲਦੀਪ ਵਾਲੀਆ, ਜਸਵਿੰਦਰ ਸੋਜਾ, ਰਜੇਸ਼ ਕੁਮਾਰ ਅਮਲੋਹ, ਰਵੀ ਦੱਤ ਸ਼ਰਮਾ, ਸੁਖਦੇਵ ਚੰਗਾਲੀਵਾਲਾ, ਫੁਮਣ ਸਿੰਘ ਕਾਠਗੜ੍ਹ ਆਦਿ ਆਗੂ ਵੀ ਹਾਜ਼ਰ ਸਨ।

# ਮਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਕਰਨ ਦੀ ਨਿੰਦਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਿਛਲੇ ਅੱਠ ਦਿਨਾਂ ਤੋਂ ਆਪਣੀਆਂ ਮੰਗਾਂ ਮਨਵਾਉਣ ਲਈ ਹੜਤਾਲ ਤੇ ਬੈਠੇ ਸਫਾਈ ਕਰਮਚਾਰੀਆਂ ਦੀ ਰੈਲੀ ਵਿੱਚ ਖੰਨਾ ਵਿੱਚ ਮਨਰੇਗਾ ਕਰਮਚਾਰੀਆਂ ਉੱਤੇ ਲਾਠੀਚਾਰ ਕਰਨ ਦੀ ਖਬਰ ਪੁੱਜਣ ਤੇ ਇੱਕ ਫੌਰੀ ਇਕ ਮਤਾ ਪਾਸ ਕਰਕੇ ਸਰਕਾਰ ਅਤੇ ਖੰਨਾ ਪੁਲਿਸ ਦੀ ਸਖਤ ਨਿਖੇਧੀ ਕੀਤੀ ਗਈ।ਸਫਾਈ ਸੇਵਕ ਯੂਨੀਅਨ ਪੰਜਾਬ ਦੇ ਆਗੂਆਂ ਸੁਭਾਸ਼ ਵਾਲਮੀਕ, ਪੱਪੂ ਪ੍ਰਧਾਨ ,ਸਲੀਮ ਮਹਿਤਪੁਰੀ, ਰਾਮਚਰਨ,ਓਮ ਪ੍ਰਕਾਸ਼, ਕੇਵਲ ਕਿਸ਼ੋਰ, ਓਮ ਪ੍ਰਕਾਸ਼, ਨਸੀਬ, ਪ੍ਰੇਮ ਸਾਰਸਰ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਕਿਹਾ ਕਿ ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਤੇ 8 ਮਹੀਨਿਆਂ ਤੋ ਰੁਕੀਆਂ ਤਨਖਾਹਾਂ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਮਨਰੇਗਾ ਮੁਲਾਜ਼ਮਾਂ ਤੇ ਖੰਨਾ ਪੁਲਿਸ ਵੱਲੋਂ ਲਾਠੀ ਚਾਰਜ ਕਰਨ ਨਿੰਦਣਯੋਗ ਹੈ। ਭਰਾਤਰੀ ਜਥੇਬੰਦੀਆਂ ਇਸ ਦੀ ਸਖਤ ਸ਼ਬਦਾ ਵਿੱਚ ਨਿਖੇਧੀ ਕਰਦੀਆਂ ਹਨ । ਰੈਲੀ ਵਿੱਚ ਪੱਖੋਵਾਲ ਦੇ ਮਨਰੇਗਾ ਵਰਕਰਾਂ ਦੇ ਹੋਏ ਐਕਸੀਡੈਂਟ ਵਿੱਚ ਜ਼ਖਮੀ ਹੋਏ ਮਨਰੇਗਾ ਵਰਕਰਾਂ ਨਾਲ ਹਮਦਰਦੀ ਜਤਾਉਂਦਿਆਂ ਉਹਨਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਫੱਟੜਾਂ ਦਾ ਇਲਾਜ ਸਰਕਾਰੀ ਤੌਰ ਤੇ ਕਰਵਾ ਕੇ ਉਹਨਾਂ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ।

# ਫਾਲਕਨ ਫਾਊਂਡੇਸ਼ਨ ਸਕੂਲ 'ਚ ਮਾਨਸੂਨ ਗਤੀਵਿਧੀਆਂ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਫਾਊਂਡੇਸ਼ਨ ਸਕੂਲ ਵਿੱਚ ਪ੍ਰੀ-ਨਰਸਰੀ ਤੋਂ ਪਹਿਲੀ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਮਾਨਸੂਨ ਐਕਟਿਵਿਟੀ ਡੇ ਮਨਾਇਆ ਗਿਆ। ਇਸ ਦੌਰਾਨ ਬੱਚਿਆਂ ਨੇ ਖੇਡ-ਖੇਡ 'ਚ ਸਿੱਖਣ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰਾਨ ਪ੍ਰੀ-ਨਰਸਰੀ ਅਤੇ ਨਰਸਰੀ ਦੇ ਬੱਚਿਆਂ ਨੇ ਛਤਰੀ 'ਤੇ ਪੇਪਰ ਟੀਅਰਿੰਗ ਅਤੇ ਪੇਸਟਿੰਗ ਗਤੀਵਿਧੀ ਕੀਤੀ। ਸਾਨਵੀ ਦੇ



ਮਾਪਿਆਂ ਵੱਲੋਂ ਛਤਰੀ 'ਤੇ ਰੂਈ ਲਗਾ ਕੇ ਕੀਤੀ ਗਈ ਖ਼ਾਸ ਸਜਾਵਟ ਸਭ ਦੀ ਪ੍ਰਸ਼ੰਸਾ ਦਾ ਕੇਂਦਰ ਰਹੀ। ਇਹ ਗਤੀਵਿਧੀ ਚੰਚਲ ਅਤੇ ਮਨਜੀਤ ਮੈਡਮ ਦੀ ਦੇਖ-ਰੇਖ ਹੇਠ ਕਰਵਾਈ ਗਈ।ਐਲ.ਕੇ.ਜੀ. ਦੇ ਵਿਦਿਆਰਥੀਆਂ ਨੇ ਕਾਟਨ ਪੇਸਟਿੰਗ ਅਤੇ ਰੇਨਡਰਾਪ ਪ੍ਰਿੰਟਿੰਗ ਗਤੀਵਿਧੀ ਰਾਹੀਂ ਮਾਨਸੂਨ ਦੀ ਸੁੰਦਰਤਾ ਨੂੰ ਕਲਾ ਦੇ ਰੂਪ ਵਿੱਚ ਪੇਸ਼ ਕੀਤਾ। ਇਹ ਗਤੀਵਿਧੀ ਪਰਮਜੀਤ ਮੈਡਮ ਵੱਲੋਂ ਕਰਵਾਈ ਗਈ। ਯੂ.ਕੇ.ਜੀ. ਦੇ ਵਿਦਿਆਰਥੀਆਂ ਨੇ ਤਰਬੂਜ਼ ਦੀ ਡਰਾਇੰਗ 'ਤੇ ਪੇਪਰ ਟੀਅਰਿੰਗ ਅਤੇ ਪੇਸਟਿੰਗ ਕਰਕੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਇਹ ਗਤੀਵਿਧੀ ਮਿਸ ਪ੍ਰਿਆ ਵੱਲੋਂ ਕਰਵਾਈ ਗਈ।ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ ਮਾਨਸੂਨ ਵੋਕੈਬਿਊਲਰੀ ਐਕਟਿਵਿਟੀ ਵਿੱਚ ਭਾਗ ਲੈਂਦੇ ਹੋਏ ਬਰਸਾਤ ਦੇ ਮੌਸਮ ਨਾਲ ਸੰਬੰਧਤ ਨਵੇਂ ਅੰਗਰੇਜ਼ੀ ਸ਼ਬਦ ਸਿੱਖੇ ਅਤੇ ਬੋਲੇ। ਇਹ ਗਤੀਵਿਧੀ ਹਰਸ਼ ਮੈਡਮ ਵੱਲੋਂ ਕਰਵਾਈ ਗਈ। ਇਹ ਸਾਰਾ ਪ੍ਰੋਗਰਾਮ ਮਮਤਾ ਮੈਡਮ ਦੀ ਅਗਵਾਈ ਹੇਠ ਸਫਲਤਾਪੂਰਵਕ ਕਰਵਾਇਆ ਗਿਆ।

# ਹੈੱਲਥ ਅਤੇ ਐਜੂਕੇਸ਼ਨ ਚੈਰਿਟੀ ਯੂ ਕੇ ਵੱਲੋਂ ਵਿਦਿਆਰਥਣਾਂ ਸਨਮਾਨਤ

**ਅਲਾਵਲਪੁਰ, ਕਿਸ਼ਨਗੜ੍ਹ ( ਮਦਨ ਬੰਗੜ, ਸੁਖਜੀਤ ਕੁਮਾਰ)**- ਹੈਲਥ ਅਤੇ ਐਜੂਕੇਸ਼ਨ ਚੈਰਿਟੀ ਯੂਕੇ ਅਤੇ ਗਿਆਨ ਸਿੰਘ ਢਿੱਲੋਂ ਕਿਸ਼ਨਗੜ੍ਹ ਹਾਲ ਵਾਸੀ ਯੂਕੇ ਦੇ ਉਪਰਾਲੇ ਸਦਕਾ



ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਅਲਾਵਲਪੁਰ ਦੀਆਂ ਦੋ ਵਿਦਿਆਰਥਣਾਂ ਜੈਸਮੀਨ ਜਿਸ ਨੇ ਪਿਛਲੇ ਸਾਲ ਦਸਵੀਂ ਦੀ ਸਲਾਨਾ ਪ੍ਰੀਖਿਆ ਵਿੱਚ ਮੈਰਿਟ 'ਚ ਸਥਾਨ ਪ੍ਰਾਪਤ ਕੀਤਾ ਸੀ, ਨੂੰ ਸੰਸਥਾ ਵੱਲੋਂ 5100 ਰੁਪਏ ਦੀ ਮਾਲੀ ਸਹਾਇਤਾ ਦਿੱਤੀ ਗਈ। ਇਸੇ ਤਰ੍ਹਾਂ ਵਿਦਿਆਰਥਣ ਸੋਨੀਆ ਜਿਸ ਨੇ ਬਾਰ੍ਹਵੀਂ ਦੀ ਸਲਾਨਾ ਪ੍ਰੀਖਿਆ ਵਿੱਚ ਜ਼ਿਲ੍ਹੇ ਵਿੱਚ ਆਪਣਾ ਸਥਾਨ ਬਣਾਇਆ ਸੀ, ਨੂੰ ਸੰਸਥਾ ਵੱਲੋਂ 3100 ਰੁਪਏ ਦੀ ਮਾਲੀ ਸਹਾਇਤਾ ਦਿੱਤੀ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਜਗਜੀਤ ਸਿੰਘ, ਵਾਈਸ ਪ੍ਰਿੰਸੀਪਲ ਨਰਿੰਦਰ ਕੌਰ, ਅਮਨਦੀਪ ਹਨੀ, ਨਰਿੰਦਰ ਸਿੰਘ, ਮਲਕੀਤ ਚੰਦ (ਸਾਰੇ ਪੰਚ ਕਿਸ਼ਨਗੜ੍ਹ), ਸੁਰਿੰਦਰ ਕੁਮਾਰ, ਪਰਮਜੀਤ ਸਿੰਘ ਕੰਬੋਜ, ਮਨਦੀਪ ਸਿੰਘ, ਨਰਿੰਦਰ ਸ਼ਰਮਾ, ਅਸ਼ਵਨੀ ਕੁਮਾਰ, ਪੰਕਜ ਸ਼ਰਮਾ ਅਤੇ ਸਕੂਲ ਸਟਾਫ ਦੇ ਮੈਂਬਰ ਗੁਰਮੇਲ ਸਿੰਘ, ਸੰਦੀਪ, ਦਿਵਿਆ ਕਪੂਰ, ਹਿਨਾ, ਪਰਮਜੀਤ ਕੌਰ, ਰੁਪਾਲੀ ਡਾਬਰ ਅਤੇ ਕਵਿਤਾ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ 'ਚ ਨਵੇਂ ਵਿਦਿਅਕ ਸੈਸ਼ਨ 2026-27 ਦਾ ਸ਼ੁੱਭ ਆਰੰਭ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਵਿਖੇ ਨਵੇਂ ਵਿਦਿਅਕ ਸੈਸ਼ਨ 2026-27 ਦੇ ਸ਼ੁੱਭ ਆਰੰਭ ਸਮੇਂ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਵਲੋਂ ਕਾਲਜ ਦੇ ਗੁਰਦੁਆਰਾ ਸਾਹਿਬ ਵਿਚ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ। ਇਸ ਉਪਰੰਤ ਭਾਈ ਭੁਪਿੰਦਰ ਸਿੰਘ ਖਾਲਸਾ (ਰਾਮਾਮੰਡੀ)



ਨੇ ਆਪਣੀ ਰਸਭਿੰਨੀ, ਮਧੁਰ ਆਵਾਜ਼ ਨਾਲ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਪ੍ਰਕਾਰ ਗੁਰੂ ਸਾਹਿਬ ਦੀ ਓਟ ਆਸਰੇ ਵਿੱਚ ਕਾਲਜ ਦੀ ਚੜ੍ਹਦੀ ਕਲਾ ਦੀ ਅਰਦਾਸ ਕਰਨ ਉਪਰੰਤ ਸੈਸ਼ਨ ਦਾ ਆਰੰਭ ਹੋਇਆ। ਇਸ ਸਮੇਂ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਸੰਬੋਧਨ ਵਿਚ ਕਿਹਾ ਕਿ ਲਾਇਲਪੁਰ ਖ਼ਾਲਸਾ ਕਾਲਜ ਦੀ ਇਹ ਪਰੰਪਰਾ ਰਹੀ ਹੈ ਕਿ ਇਥੇ ਹਰ ਕੰਮ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਕੀਤਾ ਜਾਂਦਾ ਹੈ। ਉਨ੍ਹਾਂ ਆਖਿਆ ਕਿ ਪਿਛਲੇ ਸਾਲਾਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਵਿਦਿਅਕ, ਖੇਡਾਂ, ਖੋਜ ਅਤੇ ਸੱਭਿਆਚਾਰਕ ਗਤੀਵਿਧੀਆਂ ਦੇ ਖੇਤਰ ਵਿੱਚ ਉੱਚ ਪ੍ਰਾਪਤੀਆਂ ਕੀਤੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਦੇ ਹੋਏ ਕਿਹਾ ਕਿ ਉਹ ਪੜ੍ਹਾਈ, ਖੇਡਾਂ, ਖੋਜ ਅਤੇ ਕਲਚਰਲ ਖੇਤਰ ਵਿੱਚ ਮਿਹਨਤ ਕਰਕੇ ਆਪਣਾ, ਆਪਣੇ ਮਾਪਿਆਂ ਦਾ ਅਤੇ ਕਾਲਜ ਦੇ ਨਾਂਅ ਨੂੰ ਰੋਸ਼ਨ ਕਰਨ। ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਮਿਹਨਤ ਅਤੇ ਲਗਨ ਸਦਕਾ ਹੀ ਇਹ ਕਾਲਜ ਉੱਤਰੀ ਭਾਰਤ ਦੀ ਸਿਰਮੌਰ ਵਿੱਦਿਅਕ ਸੰਸਥਾ ਵਜੋਂ ਜਾਣੀ ਜਾਂਦੀ ਹੈ। ਗਵਰਨਿੰਗ ਕੌਂਸਲ ਦੇ ਪ੍ਰਧਾਨ ਬਲਬੀਰ ਕੌਰ ਨੇ ਸਮੂਹ ਸਟਾਫ ਮੈਂਬਰਾਨ ਅਤੇ ਵਿਦਿਆਰਥੀਆਂ ਨੂੰ ਨਵੇਂ ਵਿਦਿਅਕ ਵਰ੍ਹੇ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਦੇ ਚੰਗੇਰੇ ਭਵਿੱਖ ਦੀ ਅਰਦਾਸ ਕੀਤੀ। ਇਸ ਮੌਕੇ ਛਬੀਲ, ਚਾਹ ਅਤੇ ਬਦਾਨਾ ਸੇਵੀਆਂ ਦਾ ਲੰਗਰ ਵਰਤਾਇਆ ਗਿਆ। ਮੰਚ ਸੰਚਾਲਨ ਦੀ ਭੂਮਿਕਾ ਡਾ. ਹਰਜਿੰਦਰ ਸਿੰਘ ਸੇਖੋਂ ਨੇ ਨਿਭਾਈ । ਇਸ ਮੌਕੇ ਗਵਰਨਿੰਗ ਕੌਂਸਲ, ਪ੍ਰਿੰਸੀਪਲ, ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿਚ ਵਿਦਿਆਰਥੀ ਹਾਜ਼ਰ ਹੋਏ।

# ਵਿਧਾਇਕ ਵੱਲੋਂ ਹਰ ਯੋਗ ਵੋਟਰ ਨੂੰ ਆਪਣਾ ਨਾਂਅ ਵੋਟਰ ਸੂਚੀ 'ਚ ਤਸਦੀਕ ਕਰਵਾਉਣ ਦੀ ਅਪੀਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸਮੂਹ ਹਲਕਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਮੁਹਿੰਮ ਤਹਿਤ ਹਰ ਯੋਗ ਵੋਟਰ ਆਪਣਾ ਨਾਮ ਵੋਟਰ ਸੂਚੀ ਵਿੱਚ ਲਾਜ਼ਮੀ ਤੌਰ 'ਤੇ ਤਸਦੀਕ ਕਰਵਾਏ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਮ ਦੀ ਸੋਧ, ਨਵਾਂ ਨਾਂਅ ਸ਼ਾਮਲ ਕਰਵਾਉਣ, ਨਾਂਅ ਕੱਟਵਾਉਣ ਜਾਂ ਹੋਰ ਤਬਦੀਲੀ ਦੀ ਲੋੜ ਹੋਵੇ ਤਾਂ ਨਿਰਧਾਰਤ ਸਮੇਂ ਅੰਦਰ ਸਬੰਧਤ ਫਾਰਮ ਜ਼ਰੂਰ ਜਮ੍ਹਾਂ ਕਰਵਾਏ ਜਾਣ। ਵਿਧਾਇਕ ਰੰਧਾਵਾ ਨੇ ਕਿਹਾ ਕਿ ਸਹੀ ਅਤੇ ਅੱਪਡੇਟ ਵੋਟਰ ਸੂਚੀ ਲੋਕਤੰਤਰ ਦੀ ਮਜ਼ਬੂਤੀ ਦਾ ਆਧਾਰ ਹੈ। ਇਸ ਲਈ ਹਰ ਨਾਗਰਿਕ ਆਪਣੀ ਵੋਟਰ ਜਾਣਕਾਰੀ ਦੀ ਜਾਂਚ ਕਰੇ ਤੇ ਜੇਕਰ ਕਿਸੇ ਪਰਵਾਰਕ ਮੈਂਬਰ ਦਾ ਨਾਂਅ ਵੋਟਰ ਸੂਚੀ ਵਿੱਚ ਦਰਜ ਨਹੀਂ ਹੈ ਜਾਂ ਕਿਸੇ ਤਰ੍ਹਾਂ ਦੀ ਗਲਤੀ ਹੈ ਤਾਂ ਤੁਰੰਤ ਆਪਣੇ



ਬੂਥ ਲੈਵਲ ਅਫ਼ਸਰ (ਬੀ ਐੱਲ ਓ) ਜਾਂ ਸਬੰਧਤ ਚੋਣ ਅਧਿਕਾਰੀਆਂ ਨਾਲ ਸੰਪਰਕ ਕਰੇ। ਉਨ੍ਹਾਂ ਹਲਕੇ ਦੇ ਸਮੂਹ ਪ੍ਰਧਾਨਾਂ, ਪਾਰਟੀ ਵਰਕਰਾਂ, ਕੌਂਸਲਰਾਂ, ਪੰਚਾਂ, ਸਰਪੰਚਾਂ ਅਤੇ ਵਲੰਟੀਅਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਲੋਕਾਂ ਨੂੰ ਐਸ.ਆਈ.ਆਰ. ਮੁਹਿੰਮ ਪ੍ਰਤੀ ਜਾਗਰੂਕ ਕਰਨ ਅਤੇ ਹਰ ਯੋਗ ਵੋਟਰ ਦੀ ਵੋਟਰ ਸੂਚੀ ਵਿੱਚ ਸ਼ਮੂਲੀਅਤ ਯਕੀਨੀ ਬਣਾਉਣ ਲਈ ਸਰਗਰਮ ਭੂਮਿਕਾ ਨਿਭਾਉਣ। ਵਿਧਾਇਕ ਰੰਧਾਵਾ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਐਸ.ਆਈ.ਆਰ. ਮੁਹਿੰਮ ਦੀ ਸਮਾਂ-ਸਾਰਣੀ ਵਿੱਚ ਸੋਧ ਕਰਕੇ ਘਰ-ਘਰ ਤਸਦੀਕ ਦੀ ਮਿਆਦ 3 ਅਗਸਤ 2026 ਤੱਕ ਵਧਾ ਦਿੱਤੀ ਗਈ ਹੈ, ਜਿਸ ਨਾਲ ਵੋਟਰਾਂ ਨੂੰ ਆਪਣੀ ਜਾਣਕਾਰੀ ਦੀ ਤਸਦੀਕ ਕਰਵਾਉਣ ਲਈ ਹੋਰ ਸਮਾਂ ਮਿਲੇਗਾ।

# ਅੱਜ 'ਨੋ ਫਲਾਇੰਗ ਜ਼ੋਨ' ਘੋਸ਼ਿਤ

**ਜਲੰਧਰ (ਇਕਬਾਲ ਸਿੰਘ ਉਭੀ)**- ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪ੍ਰਧਾਨ ਮੰਤਰੀ ਦੇ ਦੌਰੇ ਦੌਰਾਨ ਸੁਰੱਖਿਆ ਦੇ ਮੱਦੇਨਜ਼ਰ 17 ਜੁਲਾਈ ਨੂੰ ਜ਼ਿਲ੍ਹਾ ਜਲੰਧਰ ਵਿਖੇ 'ਨੋ ਫਲਾਇੰਗ ਜ਼ੋਨ' ਘੋਸ਼ਿਤ ਕੀਤਾ ਗਿਆ ਹੈ।

ਹੁਕਮਾਂ ਅਨੁਸਾਰ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਕਿਸੇ ਵੀ ਕਿਸਮ ਦਾ ਸਿਵਲ ਰਿਮੋਟ/ਪਾਇਲਟ ਏਅਰ ਕਰਾਫ਼ਟ ਸਿਸਟਮ/ਡਰੋਨ/ਹੈਲੀਕਾਪਟਰ (ਸਿਵਾਏ ਪ੍ਰਧਾਨ ਮੰਤਰੀ ਦੇ ਵੀ.ਵੀ.ਆਈ.ਪੀ.ਹੈਲੀਕਾਪਟਰ/ਜਹਾਜ਼) ਆਦਿ ਉਡਾਉਣ 'ਤੇ ਪਾਬੰਦੀ ਰਹੇਗੀ। ਇਹ ਹੁਕਮ 17 ਜੁਲਾਈ ਨੂੰ ਦੁਪਹਿਰ 12 ਵਜੇ ਤੋਂ ਸ਼ਾਮ 8 ਵਜੇ ਤੱਕ ਲਾਗੂ ਰਹਿਣਗੇ।

# ਸੈਣੀ ਨੇ ਲਿਆ ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਦੀਆਂ ਤਿਆਰੀਆਂ ਦਾ ਜਾਇਜ਼ਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜੀਂਦ ਪਹੁੰਚ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁੱਕਰਵਾਰ ਨੂੰ ਜੀਂਦ ਤੋਂ ਭਾਰਤ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਨੂੰ ਹਰੀ ਝੰਡੀ ਦਿਖਾਉਣ



ਦੇ ਪ੍ਰਸਤਾਵਿਤ ਪ੍ਰੋਗਰਾਮ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਜੀਂਦ ਵਿੱਚ ਆਯੋਜਿਤ ਹੋਣ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਾਰੇ ਪ੍ਰੋਗਰਾਮ ਪੂਰੀ ਤਰ੍ਹਾਂ ਨਾਲ ਈਕੋ-ਫ੍ਰੈਂਡਲੀ ਹੋਣਗੇ। ਇਸ ਮੌਕੇ 'ਤੇ ਲੋਕ ਨਿਰਮਾਣ ਮੰਤਰੀ ਰਣਬੀਰ ਸਿੰਘ ਗੰਗਵਾ, ਵਿਧਾਨ ਸਭਾ ਉਪ ਪ੍ਰਧਾਨ ਡਾ. ਕ੍ਰਿਸ਼ਨ ਲਾਲ ਮਿੱਢਾ, ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ, ਮੁੱਖ ਸਕੱਤਰ ਅਨੁਰਾਗ ਰਸਤੋਗੀ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਕੁਮਾਰ ਗੁਪਤਾ, ਪੁਲਸ ਡਾਇਰੈਕਟਰ ਜਨਰਲ ਅਜੈ ਸਿੰਘਲ, ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਕਮਿਸ਼ਨਰ ਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ, ਡਾਇਰੈਕਟਰ ਜਨਰਲ ਕੇਐਮ ਪਾਂਡੂਰੰਗ ਅਤੇ ਡਿਪਟੀ ਕਮਿਸ਼ਨਰ ਡਾ. ਵੈਸ਼ਾਲੀ ਸ਼ਰਮਾ ਸਮੇਤ ਕਈ ਉੱਚ ਅਧਿਕਾਰੀ ਵੀ ਹਾਜ਼ਰ ਸਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਜੀਂਦ ਸਥਿਤ ਚੌ. ਰਣਬੀਰ ਸਿੰਘ ਯੂਨੀਵਰਸਿਟੀ ਪਹੁੰਚੇ। ਇੱਥੇ ਉਨ੍ਹਾਂ ਨੇ ਪ੍ਰਧਾਨ ਮੰਤਰੀ ਦੇ ਜੀਂਦ ਵਿੱਚ ਆਯੋਜਿਤ ਹੋਣ ਵਾਲੇ ਸਾਰੇ ਪ੍ਰੋਗਰਾਮਾਂ ਦੇ ਪ੍ਰਬੰਧਾਂ ਦੇ ਸਬੰਧ ਵਿੱਚ ਅਧਿਕਾਰੀਆਂ ਤੋਂ ਜਾਣਕਾਰੀ ਲਈ। ਇਸ ਤੋਂ ਬਾਅਦ ਮੁੱਖ ਮੰਤਰੀ ਜੀਂਦ ਰੇਲਵੇ ਸਟੇਸ਼ਨ ਪਹੁੰਚ ਕੇ ਹਾਈਡ੍ਰੋਜਨ ਟ੍ਰੇਨ ਦੇ ਸ਼ੁਭਾਰੰਭ ਨਾਲ ਸਬੰਧਤ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਪ੍ਰਬੰਧਾਂ ਦੇ ਸਬੰਧ ਵਿੱਚ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।

# ਨਾਜਾਇਜ਼ ਠੇਕੇ ਉਡਾ ਰਹੇ ਕਾਨੂੰਨ ਦੀਆਂ ਧੱਜੀਆਂ, ਪ੍ਰਸ਼ਾਸਨ ਤੇ ਆਬਕਾਰੀ ਵਿਭਾਗ ਸੁੱਤਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਨਾਮਵਾਰ ਆਰ ਟੀ ਆਈ ਕਰਤਾ ਅਜੇ ਸੈਨੀ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਦਸਿਆ ਕਿ ਟਾਂਡਾ ਉੜਮੁੜ ਇਲਾਕੇ ਵਿਚ ਵੱਖ ਵੱਖ ਜਗ੍ਹਾ ਕਰੀਬ 7 ਨਜਾਇਜ਼ ਸ਼ਰਾਬ ਦੇ ਠੇਕੇ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਟਾਂਡਾ ਇਲਾਕੇ ਵਿੱਚ ਜਲੰਧਰ ਪਠਾਨਕੋਟ ਨੈਸ਼ਨਲ ਹਾਈਵੇ ਤੇ ਪੈਂਦੇ ਚੌਲਾਂਗ ਟੋਲ ਪਲਾਜ਼ਾ ਨੇੜੇ, ਪਿੰਡ ਢਡਿਆਲਾ ਧਰਮ ਕੰਡਾਂ ਦੇ ਬਿਲਕੁਲ ਸਾਹਮਣੇ, ਦਾਰਾਪੁਰ ਬਾਈਪਾਸ ਨੇੜੇ ਪੈਟਰੋਲ ਪੰਪ, ਕਸਬਾ ਖੁੱਡਾ ਵਿਖੇ ਤੇ ਇਸ ਤੋਂ ਇਲਾਵਾ ਗਾਂਧੀ ਸਰਵਿਸ ਸਟੇਸ਼ਨ ਦਾਰਾਪੁਰ ਨੇੜੇ ਨਜਾਇਜ਼ ਤੌਰ ਤੇ ਵਾਈਨ ਸ਼ਾਪ ਤੇ ਅਹਾਤਾ ਚਲਾਇਆ ਜਾ ਰਿਹਾ ਹੈ । ਇਸ ਤੋਂ ਇਲਾਵਾ ਖੱਖਾਂ ਫਾਟਕ ਨੇੜੇ ਅਤੇ ਟਾਂਡਾ ਅੰਮ੍ਰਿਤਸਰ ਮੁੱਖ ਸੜਕ ਤੇ ਕਾਰ ਬਾਜ਼ਾਰ ਟਾਂਡਾ ਨੇੜੇ ਨਜਾਇਜ਼ ਤੌਰ 'ਤੇ ਸ਼ਰਾਬ ਦਾ ਠੇਕਾ ਚਲਾਇਆ ਜਾ ਰਿਹਾ ਹੈ। ਅਜੇ ਸੈਨੀ ਨੇ ਦੱਸਿਆ ਕਿ ਆਬਕਾਰੀ ਵਿਭਾਗ ਹੁਸ਼ਿਆਰਪੁਰ ਤੇ ਆਰ ਟੀ ਆਈ ਦੇ ਜ਼ਰੀਏ ਲਈ ਜਾਣਕਾਰੀ ਅਨੁਸਾਰ ਪਤਾ ਲਗਿਆ ਕਿ ਟਾਡਾ ਇਲਾਕੇ ਵਿਚ ਨੈਸ਼ਨਲ ਹਾਈਵ ਜਲੰਧਰ ਪਠਾਨਕੋਟ ਤੇ ਕੋਈ ਵੀ ਠੇਕੇ ਨੂੰ ਸਰਕਾਰੀ ਤੌਰ ਤੇ ਖੋਲਣ ਦੀ ਇਜਾਜ਼ਤ ਨਹੀ ਦਿੱਤੀ ਗਈ। ਅਜੇ ਸੈਨੀ ਨੇ ਦੱਸਿਆ ਕਿ ਉਨ੍ਹਾਂ ਵਲੋਂ ਇੰਨ੍ਹਾਂ ਨਜਾਇਜ਼ ਚਲਦੇ ਸ਼ਰਾਬ ਦੇ ਠੇਕਿਆ ਤੇ ਕਾਰਵਾਈ ਕਰਨ ਸਬੰਧੀ ਐੱਸ ਡੀ ਐੱਮ ਟਾਡਾ ਨੂੰ ਦਰਖਾਸਤ ਦਿੱਤੀ ਸੀ । ਐੱਸ ਡੀ ਐੱਮ ਦਫ਼ਤਰ ਟਾਂਡਾ ਵੱਲੋ ਸ਼ਿਕਾਇਤ ਮਿਲਣ ਤੇ




ਆਬਕਾਰੀ ਵਿਭਾਗ ਨੂੰ ਇੰਨ੍ਹਾਂ ਨਜਾਇਜ਼ ਤੌਰ ਤੇ ਚੱਲ ਰਹੇ ਸ਼ਰਾਬ ਦੇ ਠੇਕਿਆਂ ਤੇ ਕਾਰਵਾਈ ਕਰਨ ਲਈ ਤਿੰਨ ਵਾਰ ਵੱਖ ਵੱਖ ਤਰੀਕਾ ਕਾਰਵਾਈ ਨੋਟਿਸ ਭੇਜਿਆ ਪਰ ਆਬਕਾਰੀ ਵਿਭਾਗ ਵਲੋਂ ਇੰਨ੍ਹਾਂ ਸ਼ਰਾਬ ਦੇ ਠੇਕਿਆਂ ਤੇ ਕੋਈ ਕਾਰਵਾਈ ਨਹੀਂ ਕੀਤੀ। ਇਥੇ ਇਹ ਵੀ ਜ਼ਿਕਰਯੋਗ ਹੈ ਕਿ ਉਕਤ ਨਜਾਇਜ਼ ਤੌਰ ਤੇ ਚੱਲ ਰਹੇ ਸ਼ਰਾਬ ਦੇ ਠੇਕਿਆ ਤੇ ਕਿਸੇ ਕੰਪਨੀ ਦਾ ਨਾਂਅ ਜਾਂ ਲਾਇਸੈਂਸ ਨੰਬਰ ਨਹੀ ਲਿਖਿਆ ਹੋਇਆ ਜਦਕਿ ਮਨਜ਼ੂਰਸ਼ੁਦਾ ਹਰ ਠੇਕੇ ਤੇ ਸਬੰਧਤ ਕੰਪਨੀ ਦਾ ਨਾਂਅ ਤੇ ਲਾਇਸੈਸ ਨੰਬਰ ਲਿਖਿਆ ਹੋਇਆ ਹੁੰਦਾ ਹੈ। ਇਸ ਸੰਬੰਧੀ ਜਦੋਂ ਐੱਸ ਡੀ ਐੱਮ ਟਾਂਡਾ ਲਵਪ੍ਰੀਤ ਸਿੰਘ ਔਲਖ ਨਾਲ ਗੱਲਬਾਤ ਕਰਦਿਆਂ ਪੁੱਛਿਆ ਕਿ ਟਾਂਡਾ ਇਲਾਕੇ ਵਿੱਚ ਚਲ ਰਹੇ ਨਜਾਇਜ਼ ਸ਼ਰਾਬ ਦੇ ਠੇਕਿਆਂ ਖਿਲਾਫ ਕਾਰਵਾਈ ਕਿਉਂ ਨਹੀਂ ਕੀਤੀ ਜਾ ਰਹੀ ਤਾਂ ਉਨ੍ਹਾਂ ਕਿਹਾ ਕਿ ਸਾਡੇ ਧਿਆਨ ਵਿੱਚ ਇਹ ਮਾਮਲਾ ਆਇਆ ਹੈ ਤੇ ਉਨ੍ਹਾਂ ਵਲੋਂ ਇਹ ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਤੋਂ ਬਾਅਦ ਜੋਂ ਬਨਦੀ ਕਨੂੰਨੀ ਕਾਰਵਾਈ ਹੋਵੇਗੀ ਉਹ ਕੀਤੀ ਜਾਵੇਗੀ। ਨਜਾਇਜ਼ ਚੱਲ ਰਹੇ ਸ਼ਰਾਬ ਦੇ ਠੇਕਿਆ ਸਬੰਧੀ ਜਦੋਂ ਆਬਕਾਰੀ ਵਿਭਾਗ ਦੇ ਅਸਿਸਟੈਂਟ ਕਮਿਸ਼ਨਰ ਹੁਸ਼ਿਆਰਪੁਰ ਹਨੂੰਮਤ ਨਾਲ ਫੋਨ ਤੇ ਗੱਲਬਾਤ ਕਰਦਿਆਂ ਉਨ੍ਹਾਂ ਦਾ ਪੱਖ ਜਾਣਿਆ ਤਾਂ ਉਨ੍ਹਾ ਕਿਹਾ ਕਿ ਟਾਂਡਾ ਸ਼ਹਿਰ ਵਿੱਚ ਕੋਈ ਨਜਾਇਜ਼ ਸ਼ਰਾਬ ਦਾ ਠੇਕਾ ਨਹੀਂ ਚੱਲਦਾ । ਹਰ ਸਾਲ 31 ਮਾਰਚ ਤੋਂ ਬਾਅਦ ਠੇਕੇ ਬਦਲਦੇ ਹਨ।ਐੱਸ ਡੀ ਐੱਮ ਦਫ਼ਤਰ ਟਾਂਡਾ ਵਲੋਂ ਮੰਗੇ ਨਜਾਇਜ਼ ਸ਼ਰਾਬ ਦੇ ਠੇਕਿਆਂ ਦੇ ਸਪਸ਼ਟੀਕਰਨ ਸਬੰਧੀ ਉਨ੍ਹਾਂ ਕਿਹਾ ਕਿ ਕੋਈ ਪੁਰਾਣੀ ਗੱਲਬਾਤ ਹੋਵੇਗੀ ਉਨ੍ਹਾਂ ਦੇ ਧਿਆਨ ਵਿੱਚ ਅਜਿਹੇ ਕੋਈ ਸਪਸ਼ਟੀਕਰਨ ਬਾਰੇ ਨਹੀਂ ਹੈ ।

# ਮਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਗਿਲਜੀਆਂ ਵੱਲੋਂ ਸਖ਼ਤ ਨਿੰਦਾ

**ਅੱਡਾ ਸਰਾਂ (ਜਸਵੀਰ ਕਾਜਲ)**- ਬੀਤੇ ਦਿਨ ਖੰਨਾ ਵਿਖੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਧਰਨਾ ਦੇ ਰਹੇ ਮਨਰੇਗਾ ਕਰਮਚਾਰੀਆਂ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਸੀਨੀਅਰ ਕਾਂਗਰਸੀ ਆਗੂ ਸੰਗਤ ਸਿੰਘ ਗਿਲਜੀਆਂ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿਚ ਹਰ ਵਰਗ ਨੂੰ ਆਪਣੀਆਂ ਮੰਗਾਂ ਨੂੰ ਸ਼ਾਂਤੀਪੂਰਵਕ ਢੰਗ ਨਾਲ ਉਠਾਉਣ ਦਾ ਅਧਿਕਾਰ ਹੈ, ਪਰ ਮੌਜੂਦਾ ਸਰਕਾਰ ਹਰ ਆਵਾਜ਼ ਨੂੰ ਪੁਲਸ ਦੇ ਜ਼ੋਰ ਨਾਲ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪਿੰਡ ਜਹੂਰਾ ਵਿਖੇ ਕਾਂਗਰਸੀ ਵਰਕਰਾਂ ਅਤੇ ਪਿੰਡ ਵਾਸੀਆਂ ਦੀ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਗਿਲਜੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲਾਂ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਅਣਡਿੱਠਾ ਕੀਤਾ ਅਤੇ ਹੁਣ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਅਤੇ ਬੇਰੁਜ਼ਗਾਰ ਨੌਜਵਾਨਾਂ ਦੀਆਂ ਜਾਇਜ਼ ਮੰਗਾਂ ਨੂੰ ਵੀ ਅਣਸੁਣਿਆ ਕਰਕੇ ਉਨ੍ਹਾਂ 'ਤੇ ਪੁਲਸ ਰਾਹੀਂ ਜਬਰ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਿਜਲੀ



ਮਹਿਕਮੇ ਦੇ ਕੱਚੇ ਕਰਮਚਾਰੀਆਂ, ਅਧਿਆਪਕਾਂ, ਠੇਕਾ ਮੁਲਾਜ਼ਮਾਂ ਅਤੇ ਹੋਰ ਸੰਘਰਸ਼ ਕਰ ਰਹੇ ਵਰਗਾਂ 'ਤੇ ਧੱਕੇਸ਼ਾਹੀ ਤੋਂ ਬਾਅਦ ਹੁਣ ਮਨਰੇਗਾ ਕਰਮਚਾਰੀਆਂ 'ਤੇ ਕੀਤਾ ਗਿਆ ਲਾਠੀਚਾਰਜ ਇਹ ਸਾਬਤ ਕਰਦਾ ਹੈ ਕਿ ਸਰਕਾਰ ਕਰਮਚਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਉਨ੍ਹਾਂ ਨੂੰ ਡਰਾਉਣ ਅਤੇ ਦਬਾਉਣ ਦੀ ਨੀਤੀ 'ਤੇ ਚੱਲ ਰਹੀ ਹੈ।ਗਿਲਜੀਆਂ ਨੇ ਕਿਹਾ ਕਿ ਮਨਰੇਗਾ ਕਰਮਚਾਰੀ ਲੰਬੇ ਸਮੇਂ ਤੋਂ ਆਪਣੀਆਂ ਤਨਖਾਹਾਂ, ਨੌਕਰੀ ਦੀ ਸੁਰੱਖਿਆ ਅਤੇ ਹੋਰ ਹੱਕੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਦੀਆਂ ਮੰਗਾਂ ਸੁਣਨ ਅਤੇ ਗੱਲਬਾਤ ਰਾਹੀਂ ਹੱਲ ਕੱਢਣ ਦੀ ਥਾਂ ਉਨ੍ਹਾਂ 'ਤੇ ਲਾਠੀਚਾਰਜ ਕਰਨਾ ਬਹੁਤ ਹੀ ਨਿੰਦਣਯੋਗ ਅਤੇ ਲੋਕਤੰਤਰ ਦੀ ਭਾਵਨਾ ਦੇ ਉਲਟ ਹੈ।

ਉਨ੍ਹਾਂ ਕਿਹਾ ਕਿ ਮਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਜਲਦੀ ਤੋਂ ਜਲਦੀ ਮੰਨੀਆਂ ਜਾਣ ਅਤੇ ਉਨ੍ਹਾਂ ਦੀਆਂ ਪਿਛਲੇ ਅੱਠ ਮਹੀਨਿਆਂ ਤੋਂ ਰੋਕੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ। ਮੀਟਿੰਗ ਦੌਰਾਨ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਅਤੇ ਪਿੰਡ ਵਾਸੀਆਂ ਨੇ ਹਾਜ਼ਰੀ ਭਰੀ। ਇਸ ਮੌਕੇ ਕਾਬਲ ਸਿੰਘ, ਪੁਸ਼ਪਿੰਦਰ ਸਿੰਘ, ਹਰਭਜਨ ਸਿੰਘ, ਲੱਬਾ ਜਹੂਰਾ, ਅਸ਼ਵਨੀ ਕੁਮਾਰ, ਬਿੱਟੂ ਜਹੂਰਾ, ਬਲਦੇਵ ਸਿੰਘ, ਭੁੱਟੋ, ਬਲਵਿੰਦਰ ਸਿੰਘ, ਜਗਮੋਹਨ ਸਿੰਘ, ਡਾ. ਪੰਮਾ, ਸੱਜਣ ਸਿੰਘ, ਫੁੱਮਣ ਸਿੰਘ, ਮਨਜੀਤ ਸਿੰਘ, ਕੁਲਵੰਤ ਸਿੰਘ, ਬੱਬਰ, ਜਰਨੈਲ ਸਿੰਘ, ਰਸ਼ਪਾਲ ਸਿੰਘ, ਸੁਰਜੀਤ ਸਿੰਘ, ਅਨਿਲ ਪਿੰਕਾ ਆਦਿ ਮੌਜੂਦ ਸਨ ।

# ਮਗਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਨਿੰਦਾ

**ਸ਼ਾਹਕੋਟ (ਗਿਆਨ ਸੈਦਪੁਰੀ)**- ਪੰਜਾਬ ਦੀਆਂ ਸੰਘਰਸ਼ਸ਼ੀਲ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੀ ਤਾਲਮੇਲ ਕਮੇਟੀ ਨੇ ਸੰਗਰੂਰ ਵਿਖੇ ਪੁਲਸ ਵਲੋਂ ਸਫ਼ਾਈ ਸੇਵਕਾਂ ਨੂੰ ਗ੍ਰਿਫ਼ਤਾਰ ਕਰਨ ਅਤੇ ਖੰਨਾ ਵਿਖੇ ਮਗਨਰੇਗਾ ਮੁਲਾਜ਼ਮਾਂ ਅਤੇ ਕਾਮਿਆਂ ਉੱਤੇ ਲਾਠੀਚਾਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਇੰਡੀਅਨ ਫੈਡਰੇਸ਼ਨ ਆਫ਼ ਟ੍ਰੇਡ ਯੂਨੀਅਨਜ਼ (ਇਫਟੂ) ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਕੇਂਦਰੀ ਕਮੇਟੀ ਮੈਂਬਰ ਜੁਗਿੰਦਰਪਾਲ ਗੁਰਦਾਸਪੁਰ, ਸੂਬਾ ਪ੍ਰੈੱਸ ਸਕੱਤਰ ਜਸਬੀਰ ਦੀਪ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ, ਬਿੱਕਰ ਸਿੰਘ ਹਥੋਆ ਅਤੇ ਡੈਮੋਕ੍ਰੈਟਿਕ ਇੰਪਲਾਈਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਅਤੇ ਹਰਦੀਪ ਸਿੰਘ ਟੋਡਰਪੁਰ ਨੇ ਇਕ ਸਾਂਝੇ ਪ੍ਰੈਸ ਬਿਆਨ ਰਾਹੀਂ ਸਫ਼ਾਈ ਸੇਵਕਾਂ ਤੇ ਮਗਨਰੇਗਾ ਮੁਲਾਜ਼ਮਾਂ ਦੇ ਸੰਘਰਸ਼ ਦੀ ਡੱਟਵੀਂ ਹਮਾਇਤ ਕਰਨ ਦਾ ਐਲਾਨ ਕੀਤਾ ਹੈ। ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੀ ਤਾਲਮੇਲ ਕਮੇਟੀ ਵਲੋਂ ਗ੍ਰਿਫ਼ਤਾਰ ਸਫ਼ਾਈ ਸੇਵਕਾਂ ਨੂੰ ਤੁਰੰਤ ਰਿਹਾਅ ਕਰਨ ਅਤੇ ਲਾਠੀਚਾਰਜ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

# ਚੰਡੀਗੜ੍ਹ ਯੂ ਟੀ ਪਾਵਰਮੈਨ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ 22 ਨੂੰ

**ਚੰਡੀਗੜ੍ਹ (ਸੁਰਜੀਤ ਸੁਮਨ)**- ਯੂ ਟੀ ਪਾਵਰਮੈਨ ਯੂਨੀਅਨ, ਚੰਡੀਗੜ੍ਹ ਨੇ ਚੰਡੀਗੜ੍ਹ ਪ੍ਰਸ਼ਾਸਨ ਅਤੇ ਬਿਜਲੀ ਕੰਪਨੀ ਸੀ ਪੀ ਡੀ ਐਲ ਦੀ ਵਾਅਦਾ ਖਿਲਾਫੀ ਵਿਰੁੱਧ ਮੋਰਚਾ ਖੋਲ੍ਹ ਦਿੱਤਾ ਹੈ। ਯੂਨੀਅਨ ਵੱਲੋਂ 22 ਜੁਲਾਈ ਨੂੰ ਸੈਕਟਰ 17 ਵਿਖੇ ਇੱਕ ਵੱਡਾ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਪ੍ਰਦਰਸ਼ਨ ਦੀਆਂ ਤਿਆਰੀਆਂ ਸਬੰਧੀ ਰੋਜ਼ਾਨਾ ਬਿਜਲੀ ਦਫ਼ਤਰਾਂ ਵਿੱਚ ਗੇਟ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਸੈਕਟਰ 20 ਸਥਿਤ ਬਿਜਲੀ ਦਫ਼ਤਰ ਵਿਖੇ ਇੱਕ ਗੇਟ ਮੀਟਿੰਗ ਕੀਤੀ ਗਈ। ਇਸ ਗੇਟ ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਅਮਰੀਕ ਸਿੰਘ, ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਸਿੱਧੂ, ਗੁਰਮੀਤ ਸਿੰਘ, ਜਨਰਲ ਸਕੱਤਰ ਗੋਪਾਲ ਦੱਤ ਜੋਸ਼ੀ, ਸੰਯੁਕਤ ਸਕੱਤਰ ਵਰਿੰਦਰ ਸਿੰਘ, ਸਕੱਤਰ ਸੁਰਜੀਤ ਸਿੰਘ ਨੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਅਪਣਾਏ ਜਾ ਰਹੇ ਨਕਾਰਾਤਮਕ ਰਵੱਈਏ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਤੇ ਸੀ ਪੀ ਡੀ ਐਲ ਪ੍ਰਬੰਧਨ ਦੇ ਨਕਾਰਾਤਮਕ ਰਵੱਈਏ ਕਾਰਨ, ਪ੍ਰਸ਼ਾਸਨ ਤੋਂ ਸੀ ਪੀ ਡੀ ਐਲ ਵਿੱਚ ਤਬਦੀਲ ਕੀਤੇ ਗਏ ਕਰਮਚਾਰੀਆਂ ਨਾਲ ਵਿਤਕਰੇਬਾਜ਼ੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਜਾਰੀ ਵਿੱਤੀ ਸਰਕੂਲਰਾਂ ਨੂੰ ਲਾਗੂ ਕਰਨ, ਤਰੱਕੀ ਸਕੇਲ ਜਾਰੀ ਕਰਨ, ਜਨਵਰੀ ਤੋਂ ਦਰਜਨਾਂ ਕਰਮਚਾਰੀਆਂ ਦੀਆਂ ਤਰੱਕੀਆਂ ਨਾ ਕਰਨ, ਆਊਟਸੋਰਸ ਕੀਤੇ ਕਰਮਚਾਰੀਆਂ ਨੂੰ ਕੰਪਨੀ ਵਿੱਚ ਨਿਯਮਤ ਕਰਨ ਆਦਿ ਮੰਗਾਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹਨ। ਇਸੇ ਤਰ੍ਹਾਂ ਸੇਵਾਮੁਕਤ ਕਰਮਚਾਰੀਆਂ ਨੂੰ ਪੈਨਸ਼ਨ ਅਤੇ ਹੋਰ ਟਰਮੀਨਲ ਲਾਭ ਪ੍ਰਦਾਨ ਕਰਨ, ਮ੍ਰਿਤਕ ਕਰਮਚਾਰੀਆਂ ਦੇ ਆਸ਼ਰਿਤਾਂ ਨੂੰ ਰੁਜ਼ਗਾਰ ਪ੍ਰਦਾਨ ਕਰਨ, ਪਾਰਟ-ਟਾਈਮ ਕਰਮਚਾਰੀਆਂ ਲਈ 8 ਘੰਟੇ ਦੀ ਡਿਊਟੀ ਯਕੀਨੀ ਬਣਾਉਣ ਡੀ ਸੀ ਦਰਾਂ ਵਿੱਚ 2% ਵਾਧਾ ਲਾਗੂ ਕਰਨ ਅਤੇ ਕਰਮਚਾਰੀਆਂ ਦੇ ਹੋਰ ਬਕਾਏ ਭੱਤਿਆਂ ਨੂੰ ਲਾਗੂ ਕਰਨ ਲਈ ਕੰਪਨੀ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਹੈ। ਯੂਨੀਅਨ ਦੇ ਜਨਰਲ ਸਕੱਤਰ ਗੋਪਾਲ ਦੱਤ ਜੋਸ਼ ਤੇ ਬੁਲਾਰਿਆਂ ਨੇ ਸਾਰੇ ਕਰਮਚਾਰੀਆਂ ਨੂੰ 22 ਜੁਲਾਈ ਨੂੰ ਹੋਣ ਵਾਲੇ ਵਿਸ਼ਾਲ ਵਿਰੋਧ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ਹੈ।



# ਫੀਸ 'ਤੇ 5 ਫ਼ੀਸਦੀ ਤੋਂ ਵੱਧ ਵਾਧੇ 'ਤੇ ਰੋਕ ਨਾਲ ਲੱਖਾਂ ਮਾਪਿਆਂ ਨੂੰ ਵੱਡੀ ਰਾਹਤ ਮਿਲੇਗੀ : ਰੌੜੀ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੰਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਨੂੰ ਵਪਾਰ ਨਹੀਂ, ਸਗੋਂ ਹਰ ਬੱਚੇ ਦਾ ਅਧਿਕਾਰ ਮੰਨਦੀ ਹੈ। ਇਸੇ ਸੋਚ ਨੂੰ ਅਮਲ ਵਿੱਚ ਲਿਆਉਂਦਿਆਂ ਪੰਜਾਬ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਵੱਲੋਂ ਕੀਤੇ ਜਾਂਦੇ ਮਨਮਰਜ਼ੀ ਦੇ ਫੀਸ ਵਾਧੇ 'ਤੇ ਸਖ਼ਤ ਲਗਾਮ ਲਗਾ ਦਿੱਤੀ ਹੈ। ਹੁਣ ਸੂਬੇ ਦਾ ਕੋਈ ਵੀ ਪ੍ਰਾਈਵੇਟ ਸਕੂਲ ਬਿਨਾਂ ਨਿਯਮਾਂ ਦੇ 5 ਫ਼ੀਸਦੀ ਤੋਂ ਵੱਧ ਫੀਸ ਵਿੱਚ ਵਾਧਾ ਨਹੀਂ ਕਰ ਸਕੇਗਾ। ਡਿਪਟੀ ਸਪੀਕਰ ਰੌੜੀ ਨੇ ਦੱਸਿਆ ਕਿ 'ਪੰਜਾਬ ਗੈਰ-ਸਹਾਇਤਾ ਪ੍ਰਾਪਤ ਸਿੱਖਿਆ ਸੰਸਥਾਵਾਂ ਦੀ ਫੀਸ ਨਿਯਮ (ਸੋਧ) ਆਰਡੀਨੈਂਸ, 2026' ਨੂੰ ਰਾਜਪਾਲ ਵੱਲੋਂ ਮਨਜ਼ੂਰੀ ਮਿਲ ਚੁੱਕੀ ਹੈ। ਇਸ ਆਰਡੀਨੈਂਸ ਦੇ ਲਾਗੂ ਹੋਣ ਨਾਲ ਸੂਬੇ ਦੇ ਲੱਖਾਂ ਮਾਪਿਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਪ੍ਰਾਈਵੇਟ ਸਕੂਲਾਂ ਵੱਲੋਂ ਮਨਮਾਨੇ ਢੰਗ ਨਾਲ ਫੀਸਾਂ ਵਿੱਚ ਕੀਤੇ ਜਾਂਦੇ ਵਾਧੇ 'ਤੇ ਪ੍ਰਭਾਵਸ਼ਾਲੀ ਰੋਕ ਲੱਗੇਗੀ।ਉਨ੍ਹਾਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਮਾਪੇ ਪ੍ਰਾਈਵੇਟ ਸਕੂਲਾਂ ਦੀਆਂ ਵਧਦੀਆਂ ਫੀਸਾਂ ਕਾਰਨ ਆਰਥਿਕ ਦਬਾਅ ਹੇਠ ਸਨ। ਹਰ ਸਾਲ ਮਨਮਰਜ਼ੀ ਨਾਲ ਫੀਸਾਂ ਵਧਾਉਣ ਕਾਰਨ ਆਮ ਅਤੇ ਮੱਧ ਵਰਗ ਦੇ ਪਰਿਵਾਰਾਂ ਲਈ ਆਪਣੇ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਚੁੱਕਣਾ ਮੁਸ਼ਕਲ ਹੋ ਰਿਹਾ ਸੀ। ਹੁਣ ਸਕੂਲ ਆਪਣੀ ਮਰਜ਼ੀ ਨਾਲ ਫੀਸਾਂ ਵਿੱਚ ਵਾਧਾ ਨਹੀਂ ਕਰ ਸਕਣਗੇ ਅਤੇ ਹਰ ਫੈਸਲਾ ਨਿਰਧਾਰਤ ਨਿਯਮਾਂ ਦੇ ਦਾਇਰੇ ਵਿੱਚ ਰਹਿ ਕੇ ਹੀ ਲੈਣਾ ਹੋਵੇਗਾ। ਇਸ ਨਾਲ ਮਾਪਿਆਂ ਦੇ ਹੱਕਾਂ ਦੀ ਰੱਖਿਆ ਹੋਵੇਗੀ ਅਤੇ ਬੱਚਿਆਂ ਦੀ ਸਿੱਖਿਆ 'ਤੇ ਬੇਲੋੜਾ ਆਰਥਿਕ ਬੋਝ ਨਹੀਂ ਪਵੇਗਾ।

# ਵਿਧਾਇਕ ਨੇ ਕੀਤਾ ਸੀਵਰੇਜ ਤੇ ਵਾਟਰ ਸਪਲਾਈ ਕੰਮ ਦਾ ਉਦਘਾਟਨ



**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਨਗਰ ਕੌਂਸਲ ਟਾਂਡਾ ਵਿਖੇ ਆਮ ਆਦਮੀ ਪਾਰਟੀ ਦੀ ਕਮੇਟੀ ਬਣਨ ਤੋਂ ਬਾਅਦ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਸ਼ਹਿਰ ਵਿੱਚ ਲੱਖਾਂ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸੀਵਰੇਜ ਅਤੇ ਵਾਟਰ ਸਪਲਾਈ ਕੰਮਾਂ ਦਾ ਉਦਘਾਟਨ ਕੀਤਾ। ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਦੱਸਿਆ ਕਿ ਟਾਂਡਾ ਸ਼ਹਿਰ ਦੇ ਕਲੋਟੀ ਨਗਰ ਵਿਖੇ 8 ਲੱਖ 29 ਹਜਾਰ ਰੁਪਏ ਦੀ ਲਾਗਤ ਨਾਲ ਸੀਵਰੇਜ ਤੇ ਵਾਟਰ ਸਪਲਾਈ ਕਾਰਜ਼ ਸ਼ੁਰੂ ਕਰਵਾਏ ਹਨ। ਉਨ੍ਹਾਂ ਕਿਹਾ ਕਿ ਇਹ ਕੰਮ ਕਰੀਬ ਦੋ ਮਹੀਨਿਆਂ ਵਿਚ ਮੁਕੰਮਲ ਕਰ ਦਿੱਤਾ ਜਾਵੇਗਾ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਟਾਂਡਾ ਸ਼ਹਿਰ ਵਾਸੀਆਂ ਨੇ ਅਥਾਹ ਪਿਆਰ ਦਿੱਤਾ ਹੈ ਜਿਸ ਕਾਰਨ 20 ਸਾਲ ਬਾਅਦ ਕਾਂਗਰਸ ਪਾਰਟੀ ਨੂੰ ਨਕਾਰ ਕੇ ਆਮ ਆਦਮੀ ਪਾਰਟੀ ਦੀ ਕਮੇਟੀ ਬਣਾਈ ਹੈ। ਉਨ੍ਹਾਂ ਕਿਹਾ ਕਿ ਟਾਂਡਾ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਪੇਸ਼ੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਹਰਪ੍ਰੀਤ ਕੁਕੂ ਸੈਣੀ, ਕੌਂਸਲਰ ਮਨਜੀਤ ਕੌਰ, ਕੌਂਸਲਰ ਪ੍ਰਵੀਨ ਖੰਨਾ, ਕੌਂਸਲਰ ਸੇਠ ਰਾਮ ਸੇਠੀ, ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ,ਕੌਂਸਲਰ ਹਰਮੀਤ ਵੜੈਚ, ਕੌਂਸਲਰ ਪਰਮਿੰਦਰ ਕੌਰ ਘੁੰਮਣ, ਕੌਂਸਲਰ ਗੁਰਬਖਸ਼ ਕੌਰ, ਸਾਬਕਾ ਕੌਂਸਲਰ ਸੁਮਨ ਖੋਸਲਾ, ਸਾਬਕਾ ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ , ਬਬਲਾ ਸੈਣੀ, ਅਨਿਲ ਗੋਰਾ, ਲੰਬੜਦਾਰ ਹਰਵਿੰਦਰ ਸਿੰਘ ਆਦਿ ਹਾਜ਼ਰ ਸਨ।

# ਮਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਜਮਹੂਰੀ ਹੱਕਾਂ ਦਾ ਘਾਣ ਕਰਾਰ

**ਜਲੰਧਰ (ਗਿਆਨ ਸੈਦਪੁਰੀ)**- ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਜ਼ੋਰਾ ਸਿੰਘ ਨਸਰਾਲੀ, ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਤੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਜਾਰੀ ਕੀਤੇ ਬਿਆਨ ਰਾਹੀਂ ਖੰਨਾ ਵਿਖੇ ਪੰਚਾਇਤੀ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੇ ਘਰ ਅੱਗੇ ਹੱਕੀ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕਰਦੇ ਮਨਰੇਗਾ ਕਰਮਚਾਰੀਆਂ ਅਤੇ ਵਰਕਰਾਂ ਉੱਤੇ ਪੁਲਸ ਵੱਲੋਂ ਵਹਿਸ਼ੀ ਲਾਠੀਚਾਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਜਮਹੂਰੀਅਤ ਦਾ ਘਾਣ ਕਰਾਰ ਦਿੱਤਾ। ਖੇਤ ਮਜ਼ਦੂਰ ਆਗੂਆਂ ਨੇ ਮੰਗ ਕੀਤੀ ਕਿ ਮਨਰੇਗਾ ਕਰਮਚਾਰੀਆਂ ਨੂੰ ਫੌਰੀ ਵਿਭਾਗ ਵਿੱਚ ਲਿਆ ਕੇ ਪੱਕੇ ਕੀਤਾ ਜਾਵੇ, ਉਹਨਾਂ ਦੀਆਂ ਰੁਕੀਆਂ ਹੋਈਆਂ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ, ਲਾਠੀਚਾਰਜ ਦੇ ਦੋਸ਼ੀ ਅਧਿਕਾਰੀਆਂ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਲਾਠੀਚਾਰਜ ਦੌਰਾਨ ਜ਼ਖਮੀ ਹੋਏ ਮੁਲਾਜ਼ਮਾਂ ਦੇ ਇਲਾਜ ਤੇ ਮੁਆਵਜੇ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ।

# ਭਾਰਤ-ਅਮਰੀਕਾ ਟਰੇਡ ਡੀਲ ਖਿਲਾਫ ਕਿਸਾਨਾਂ ਮੋਦੀ ਦੇ ਨਾਂਅ ਐਸ ਡੀ ਐਮ ਨੂੰ ਸੌਂਪਿਆ ਮੰਗ ਪੱਤਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- 'ਦੇਸ਼ ਬਚਾਓ ਮੋਰਚੇ' ਦੇ ਸੱਦੇ 'ਤੇ ਸ਼ੇਰੇ ਪੰਜਾਬ ਕਿਸਾਨ ਯੂਨੀਅਨ ਗੜ੍ਹਸ਼ੰਕਰ ਦੇ ਪ੍ਰਧਾਨ ਜਸਵੰਤ ਸਿੰਘ ਭੱਠਲ ਦੀ ਅਗਵਾਈ ਹੇਠ ਸ਼ੇਰੇ ਪੰਜਾਬ ਕਿਸਾਨ ਯੂਨੀਅਨ ਦੇ ਵਫਦ ਨੇ ਭਾਰਤ ਅਤੇ ਅਮਰੀਕਾ ਵਿਚਕਾਰ ਹੋ ਰਹੀ ਟਰੇਡ ਡੀਲ ਦਾ ਵਿਰੋਧ ਕੀਤਾ। ਯੂਨੀਅਨ ਦੇ ਆਗੂਆਂ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂਅ ਐਸ ਡੀ ਐਮ ਗੜ੍ਹਸ਼ੰਕਰ ਨੂੰ ਮੰਗ ਪੱਤਰ ਸੌਂਪਿਆ।



ਮੰਗ ਪੱਤਰ ਵਿੱਚ ਕਿਹਾ ਗਿਆ ਕਿ ਜੇਕਰ ਇਹ ਟਰੇਡ ਡੀਲ ਹੋਈ ਤਾਂ ਭਾਰਤ ਦੇ ਕਿਸਾਨ, ਮਜ਼ਦੂਰ, ਡੇਅਰੀ ਉਤਪਾਦਕ ਅਤੇ ਕਿਰਤੀ ਵਰਗ ਦੀ ਰੋਟੀ ਖੋਹ ਲਈ ਜਾਵੇਗੀ। ਇਸ ਸਮਝੌਤੇ ਤਹਿਤ ਅਮਰੀਕਾ ਨੂੰ ਭਾਰਤ ਵਿੱਚ ਬਿਨਾਂ ਕਿਸੇ ਟੈਕਸ ਤੋਂ ਹਰ ਤਰ੍ਹਾਂ ਦਾ ਸਮਾਨ ਵੇਚਣ ਦੀ ਖੁੱਲ੍ਹੀ ਛੂਟ ਮਿਲ ਜਾਵੇਗੀ। ਯੂਨੀਅਨ ਆਗੂਆਂ ਨੇ ਕਿਹਾ ਕਿ ਇਹ ਟਰੇਡ ਡੀਲ ਕਿਸਾਨਾਂ ਦੀ ਮੌਤ ਦਾ ਵਾਰੰਟ ਹੋਵੇਗੀ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਇਸ ਟਰੇਡ ਡੀਲ ਨੂੰ ਤੁਰੰਤ ਰੱਦ ਕਰੇ। ਨਹੀਂ ਤਾਂ ਕਿਸਾਨ, ਮਜ਼ਦੂਰ ਅਤੇ ਕਾਰੋਬਾਰੀ ਹਰ ਵਰਗ ਸੰਘਰਸ਼ ਕਰਨ ਲਈ ਮਜਬੂਰ ਹੋਵੇਗਾ ਅਤੇ ਸੜਕਾਂ 'ਤੇ ਉਤਰਨਾ ਪਵੇਗਾ।

ਇਸ ਮੌਕੇ ਸ਼ੇਰੇ ਏ ਪੰਜਾਬ ਕਿਸਾਨ ਯੂਨੀਅਨ ਦੇ ਪ੍ਰਧਾਨ ਜਸਵੰਤ ਸਿੰਘ ਭੱਠਲ, ਜਨਰਲ ਸਕੱਤਰ ਪਰਮਜੀਤ ਸਿੰਘ ਬੱਬਰ, ਸੱਜਣ ਸਿੰਘ ਧਮਾਈ, ਪਰਮਿੰਦਰ ਸਿੰਘ ਸਿੰਬਲੀ, ਹਰਨੇਕ ਸਿੰਘ, ਜੁਝਾਰ ਸਿੰਘ ਗੋਗੋ, ਪਰਮਜੀਤ ਸਿੰਘ ਗੋਗੋ, ਕਰਨੈਲ ਸਿੰਘ ਬਕਾਪੁਰ ਅਤੇ ਹੋਰ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਬਾਡੀ ਪਾਰਟ ਲਰਨਿੰਗ ਐਕਟੀਵਿਟੀ



**ਕਪੂਰਥਲਾ ( ਹਨੀ )**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਡਾਇਰੈਕਟਰ ਹਰਨਿਆਮਤ ਕੌਰ ਦੀ ਅਗਵਾਈ 'ਚ ਕੇ ਜੀ ਵਿੰਗ ਦੇ ਵਿਦਿਆਰਥੀਆਂ ਲਈ ਬਾਡੀ ਪਾਰਟ ਲਰਨਿੰਗ ਐਕਟੀਵਿਟੀ ਕਰਵਾਈ ਗਈ। ਅਧਿਆਪਕਾਂ ਨੇ ਟੀਚਿੰਗ ਏਡ ਰਾਹੀਂ ਵਿਦਿਆਰਥੀਆਂ ਨੂੰ ਬਾਡੀ ਪਾਰਟ ਦੀ ਪੜਚੋਲ ਅਤੇ ਕੰਮ ਕਰਨ ਦੇ ਢੰਗ ਬਾਰੇ ਸਮਝਾਇਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਸਟਾਫ ਮੈਂਬਰਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਬੱਚਿਆਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਇਹੋ ਜਿਹੀਆਂ ਗਤੀਵਿਧੀਆਂ ਕਰਵਾਉਂਦੇ ਰਹਿਣਾ ਚਾਹੀਦਾ ਹੈ।

# ਰੈਸਟੋਰੈਂਟ ਤੇ ਹਲਵਾਈ ਦੀ ਦੁਕਾਨ ਦੀ ਅਚਨਚੇਤ ਜਾਂਚ, ਤਿੰਨ ਖਾਧ ਪਦਾਰਥਾਂ ਦੇ ਸੈਂਪਲ ਭਰੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਕੰਵਲਪ੍ਰੀਤ ਕੌਰ ਬਰਾੜ ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜਿਲਾ ਸਿਹਤ ਅਫਸਰ ਡਾ. ਜਤਿੰਦਰ ਭਾਟੀਆ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਲੋਕਾਂ ਨੂੰ ਸੁਰੱਖਿਅਤ, ਸਾਫ਼-ਸੁਥਰੇ ਅਤੇ ਮਿਆਰੀ ਖਾਧ ਪਦਾਰਥ ਉਪਲਬਧ ਕਰਵਾਉਣ ਲਈ ਖਾਧ ਸੁਰੱਖਿਆ ਵਿਭਾਗ ਵੱਲੋਂ ਲਗਾਤਾਰ ਨਿਗਰਾਨੀ ਅਤੇ ਜਾਂਚ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਖਾਧ ਪਦਾਰਥਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਖਪਤਕਾਰਾਂ ਦੀ ਸਿਹਤ ਦੀ ਸੁਰੱਖਿਆ ਕਰਨਾ ਹੈ। ਇਸੇ ਲੜੀ ਤਹਿਤ ਪ੍ਰਾਪਤ ਇੱਕ ਸ਼ਿਕਾਇਤ ਦੇ ਆਧਾਰ 'ਤੇ ਫੂਡ ਸੇਫਟੀ ਅਫ਼ਸਰ ਵਿਵੇਕ ਕੁਮਾਰ ਅਤੇ ਫੂਡ ਸੇਫਟੀ ਟੀਮ ਮੈਂਬਰ ਰਾਮ ਲੁਭਾਇਆ ਤੇ ਲੈਬਾਰਟਰੀ ਟੈਕਨੀਸ਼ੀਅਨ (ਐੱਲ ਟੀ) ਰਾਜਵੀਰ ਕੌਰ ਵੱਲੋਂ ਸ਼ਹਿਰ ਦੇ ਦੋ ਖਾਣ-ਪੀਣ ਵਾਲੇ ਅਦਾਰਿਆਂ, ਜਿਨ੍ਹਾਂ ਵਿੱਚ ਇੱਕ ਰੈਸਟੋਰੈਂਟ ਅਤੇ ਇੱਕ ਹਲਵਾਈ ਦੀ ਦੁਕਾਨ ਸ਼ਾਮਲ ਸੀ, ਦੀ ਅਚਨਚੇਤ ਜਾਂਚ ਕੀਤੀ ਗਈ। ਜਾਂਚ ਦੌਰਾਨ ਖਾਧ ਪਦਾਰਥਾਂ ਦੀ ਤਿਆਰੀ, ਸਟੋਰੇਜ, ਸਾਫ਼-ਸਫ਼ਾਈ ਅਤੇ ਵਰਤੇ ਜਾ ਰਹੇ ਕੱਚੇ ਮਾਲ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਗਈ। ਜਾਂਚ ਦੌਰਾਨ ਗੁਣਵੱਤਾ ਦੀ ਪੁਸ਼ਟੀ ਲਈ ਹਲਵਾਈ ਦੀ ਦੁਕਾਨ ਤੋਂ ਦਹੀਂ ਦਾ ਇੱਕ ਸੈਂਪਲ ਅਤੇ ਰੈਸਟੋਰੈਂਟ ਤੋਂ ਵਰਤੋਂ ਵਿੱਚ ਲਿਆਂਦੇ ਜਾ ਰਹੇ ਕੁਕਿੰਗ ਆਇਲ ਅਤੇ ਵੈਜ ਗ੍ਰੇਵੀ ਦੇ ਇੱਕ-ਇੱਕ ਸੈਂਪਲ ਭਰੇ ਗਏ। ਕੁੱਲ ਤਿੰਨ ਸੈਂਪਲ ਨਿਰਧਾਰਿਤ ਪ੍ਰਕਿਰਿਆ ਅਨੁਸਾਰ ਸੀਲ ਕਰਕੇ ਵਿਸ਼ਲੇਸ਼ਣ ਲਈ ਸਟੇਟ ਫੂਡ ਲੈਬਾਰਟਰੀ ਭੇਜੇ ਗਏ ਹਨ। ਲੈਬਾਰਟਰੀ ਤੋਂ ਪ੍ਰਾਪਤ ਹੋਣ ਵਾਲੀ ਰਿਪੋਰਟ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਡਿਜ਼ਾਈਨੇਟਿਡ ਅਫ਼ਸਰ-ਕਮ-ਜ਼ਿਲ੍ਹਾ ਸਿਹਤ ਅਫ਼ਸਰ ਡਾ. ਜਤਿੰਦਰ ਭਾਟੀਆ ਨੇ ਕਿਹਾ ਕਿ ਖਾਧ ਪਦਾਰਥਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਖਪਤਕਾਰਾਂ ਦੀ ਸਿਹਤ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਾਪਤ ਹੋਣ ਵਾਲੀ ਹਰ ਸ਼ਿਕਾਇਤ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਂਦੀ ਹੈ ਅਤੇ ਜੇਕਰ ਲੈਬਾਰਟਰੀ ਰਿਪੋਰਟ ਵਿੱਚ ਕੋਈ ਸੈਂਪਲ ਖਾਧ ਸੁਰੱਖਿਆ ਅਤੇ ਮਿਆਰ ਐਕਟ, 2006 ਦੇ ਨਿਯਮਾਂ ਅਨੁਸਾਰ ਮਿਆਰੀ ਨਾ ਪਾਇਆ ਗਿਆ ਤਾਂ ਸਬੰਧਤ ਖਾਧ ਕਾਰੋਬਾਰੀ ਖ਼ਿਲਾਫ਼ ਕਾਨੂੰਨ ਅਨੁਸਾਰ ਬਣਦੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਨਰੇਗਾ ਕਰਮਚਾਰੀਆਂ 'ਤੇ ਕੀਤੇ ਤਸ਼ੱਸਦ ਦੀ ਨਿੰਦਾ

**ਨੰਗਲ (ਸੁਰਜੀਤ ਸਿੰਘ ਢੇਰ)**- ਖੰਨਾ ਵਿਖੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਦੀ ਰਿਹਾਇਸ਼ ਦਾ ਘਿਰਾਓ ਕਰਨ ਗਏ ਨਰੇਗਾ ਕਰਮਚਾਰੀਆਂ ਤੇ ਕੀਤੇ ਪੁਲਿਸ ਤਸ਼ੱਦਦ ਦੀ ਵੱਖ ਵੱਖ ਜਥੇਬੰਦੀਆਂ ਨੇ ਘੋਰ ਨਿੰਦਾ ਕੀਤੀ। ਇਥੇ ਪ੍ਰੈਸ ਨੂੰ ਜਾਰੀ ਬਿਆਨ 'ਚ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਬਾਲੀ ਕਲਸੇੜਾ, ਸੀ ਆਈ ਟੀ ਯੂ ਦੇ ਆਗੂ ਸਤਨਾਮ ਸਿੰਘ ਅਤੇ ਤਾਰਾ ਚੰਦ ਨੇ ਕਿਹਾ ਕਿ ਨਰੇਗਾ ਕਰਮਚਾਰੀ ਪਿਛਲੇ 18-20 ਸਾਲਾਂ ਤੋਂ ਵਿਭਾਗ ਵਿੱਚ ਕੰਮ ਕਰ ਰਹੇ ਹਨ ਤੇ ਉਹਨਾਂ ਨੂੰ ਪਿਛਲੇ ਅੱਠਾਂ ਮਹੀਨਿਆਂ ਤੋਂ ਤਨਖਾਹ ਵੀ ਜਾਰੀ ਨਹੀਂ ਕੀਤੀ ਗਏ। ਜਿਸ ਕਾਰਨ ਉਹ ਮੁਸ਼ਕਿਲ ਵਿੱਚ ਦਿਨ ਕੱਟੀ ਕਰ ਰਹੇ ਹਨ।ਹੁਣ ਉਹਨਾਂ ਨੇ ਪਿਛਲੇ ਪੌਣੇ ਦੋ ਮਹੀਨਿਆਂ ਤੋਂ ਲਗਾਤਾਰ ਕਲਮ ਛੋੜ ਹੜਤਾਲ ਤੋਂ ਬਾਅਦ ਸਰਕਾਰ ਨੂੰ ਜਗਾਉਣ ਲਈ ਜਦੋਂ ਪੰਚਾਇਤ ਮੰਤਰੀ ਤਰੁਣਪਰੀਤ ਸੌਂਦ ਦੇ ਘਿਰਾਓ ਕਰਨ ਜਾ ਰਹੇ ਕਰਮਚਾਰੀਆਂ ਅਤੇ ਨਰੇਗਾ ਵਰਕਰਾਂ ਤੇ ਬੇਹਤਾਸ਼ਾ ਲਾਠੀਚਾਰਜ, ਅੱਥਰੂ ਗੈਸ ਦੇ ਗੋਲੇ, ਪਾਣੀ ਦੀਆਂ ਬੁਛਾੜਾਂ ਕੀਤੀਆਂ ਜਿਸ ਨਾਲ ਕੁੜੀਆਂ ਮੁੰਡੇ ਸਖਤ ਜ਼ਖ਼ਮੀ ਹੋ ਗਏ। ਜਥੇਬੰਦੀਆਂ ਦੇ ਆਗੂਆਂ ਨੇ ਮੰਗ ਕੀਤੀ ਕਰਮਚਾਰੀਆਂ ਨੂੰ ਪੰਚਾਇਤੀ ਵਿਭਾਗ ਵਿੱਚ ਮਰਜ਼ ਕੀਤਾ ਜਾਵੇ, ਉਨ੍ਹਾਂ ਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ।



# ਚਿੱਤਰਕਾਰ ਗੁਰਪ੍ਰੀਤ ਸਿੰਘ ਨਾਮਧਾਰੀ ਨੇ ਐਨਿਊਮਰੇਸ਼ਨ ਫਾਰਮ ਭਰਿਆ

**ਮੁਹਾਲੀ (ਗੁਰਜੀਤ ਬਿੱਲਾ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐੱਸ ਆਈ ਆਰ-2026) ਮੁਹਿੰਮ ਤਹਿਤ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਅਗਵਾਈ ਹੇਠ ਸਵੀਪ ਟੀਮ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਉੱਘੇ ਚਿੱਤਰਕਾਰ, ਰਾਸ਼ਟਰਪਤੀ ਐਵਾਰਡੀ ਅਤੇ ਜ਼ਿਲ੍ਹਾ ਆਈਕਨ ਗੁਰਪ੍ਰੀਤ ਸਿੰਘ ਨਾਮਧਾਰੀ ਨੇ ਆਪਣੀ ਕਰਮਭੂਮੀ ਸਰਕਾਰੀ ਹਾਈ ਸਕੂਲ, ਲਾਂਡਰਾ ਵਿਖੇ ਆਪਣਾ ਐਨਿਊਮਰੇਸ਼ਨ ਫਾਰਮ ਭਰਿਆ ਅਤੇ ਲੋਕਾਂ ਨੂੰ ਵੀ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।ਇਸ ਮੌਕੇ ਉਨ੍ਹਾਂ ਕਿਹਾ, 'ਜਿਵੇਂ ਮੈਂ ਰੰਗਾਂ ਨਾਲ ਸੁੰਦਰ ਤਸਵੀਰਾਂ ਚਿੱਤਰਦਾ ਹਾਂ, ਉਸੇ ਤਰ੍ਹਾਂ ਹਰ ਨਾਗਰਿਕ ਐਨਿਊਮਰੇਸ਼ਨ ਫਾਰਮ ਭਰ ਕੇ ਲੋਕਤੰਤਰ ਦੀ ਸਹੀ ਅਤੇ ਸੁੰਦਰ ਤਸਵੀਰ ਚਿੱਤਰ ਸਕਦਾ ਹੈ। ਵੋਟਰ ਸੂਚੀਆਂ ਦੀ ਸ਼ੁੱਧਤਾ ਅਤੇ ਪਾਰਦਰਸ਼ਤਾ ਲਈ ਹਰ ਯੋਗ ਨਾਗਰਿਕ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੈ।' ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਨਪ੍ਰੀਤ ਕੌਰ ਮਾਂਗਟ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਅਪੀਲ ਕੀਤੀ ਕਿ ਉਹ ਆਪਣੇ ਯੋਗ ਪਰਿਵਾਰਕ ਮੈਂਬਰਾਂ ਨੂੰ ਐਨਿਊਮਰੇਸ਼ਨ ਫਾਰਮ ਭਰਨ ਲਈ ਪ੍ਰੇਰਿਤ ਕਰਨ।



# ਸ਼ਾਹਕੋਟ 'ਚ ਕਾਂਗਰਸ ਨੂੰ ਹੁਲਾਰਾ, ਕਈ ਪਰਵਾਰਾਂ ਨੇ ਪਾਰਟੀ ਦਾ ਹੱਥ ਫੜਿਆ

**ਸ਼ਾਹਕੋਟ (ਅਮਨਦੀਪ ਸੈਦਪੁਰੀ)**- ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਕਾਂਗਰਸ ਪਾਰਟੀ ਨੂੰ ਵੀਰਵਾਰ ਉਸ ਵੇਲੇ ਵੱਡਾ ਹੁਲਾਰਾ ਮਿਲਿਆ, ਜਦੋਂ ਪਿੰਡ ਸਾਦਿਕਪੁਰ ਦੇ ਬਹੁਤ ਸਾਰੇ ਪਰਵਾਰਾਂ ਨੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਪਿੰਡ ਦੇ ਸਾਬਕਾ ਸਰਪੰਚ ਮੁਖਤਿਆਰ ਸਿੰਘ ਦੀ ਪ੍ਰੇਰਨਾ ਨਾਲ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਹਾਜ਼ਰੀ ਵਿੱਚ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਮਿਹਨਤ ਕਰਨਗੇ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸੁਰਿੰਦਰ ਕੌਰ, ਰਜਨੀ ਰੱਜੀ, ਕੁਲਵੰਤ (ਬੰਤ), ਮਨਜੀਤ ਕੌਰ, ਮੋਨਿਕਾ, ਬੀਰਾ ਬੱਗੜ, ਕਾਲੂ, ਬਲਜੀਤ, ਜਗੀਰੋ, ਹਰਪ੍ਰੀਤ ਹੈਪੀ, ਨਿਰਮਲ, ਦੇਬਾ, ਨਿਰਮਲ ਨਿੰਮਾ, ਅਮਰਜੀਤ ਕੌਰ, ਸੋਨੀਆ, ਨਛੱਤਰ, ਸਰਬਣ ਸਿੰਘ ਤੇ ਬਲਵਿੰਦਰ ਕੌਰ ਹਾਜ਼ਰ ਸਨ। ਇਸ ਮੌਕੇ ਸਾਬਕਾ ਸਰਪੰਚ ਮੁਖਤਿਆਰ ਸਿੰਘ, ਜਸਵਿੰਦਰ ਸਿੰਘ ਨੰਬਰਦਾਰ, ਜਸਪਾਲ ਸਿੰਘ ਸਾਬਕਾ ਪੰਚ, ਗੁਰਮੀਤ ਸਿੰਘ ਛਿੰਦਾ, ਗੁਰਦੇਵ ਸਿੰਘ ਰਿਪੋਰਟਰ ਅਤੇ ਹਰਜਿੰਦਰ ਸਿੰਘ ਰਾਜਾ ਵੀ ਮੌਜੂਦ ਸਨ। ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਸਿਰੋਪਾਓ ਪਾ ਕੇ ਪਾਰਟੀ ਦਾ ਮਾਣ ਵਧਾਉਣ ਵਾਲਿਆਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਕਾਂਗਰਸ ਪਾਰਟੀ ਦੇ ਪਰਵਾਰ ਵਿੱਚ ਹੋਰ ਵਾਧਾ ਹੋਵੇਗਾ।

ਇਸ ਮੌਕੇ ਕਾਂਗਰਸ ਬਲਾਕ ਪ੍ਰਧਾਨ ਤੇ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ ਸੁਰਿੰਦਰਜੀਤ ਸਿੰਘ ਚੱਠਾ ਨੇ ਕਿਹਾ ਕਿ ਹਲਕਾ ਵਿਧਾਇਕ ਸ਼ੇਰੋਵਾਲੀਆ ਵੱਲੋਂ ਹਲਕੇ ਦੇ ਵਿਕਾਸ ਲਈ ਬਿਨਾਂ ਵਿਤਕਰੇ ਤੋਂ ਕੀਤੇ ਕਾਰਜ ਅਤੇ ਲੋਕਾਂ ਨਾਲ ਨੇੜਿਓਂ ਰਾਬਤਾ ਰੱਖਣ ਦੇ ਵਰਤਾਰੇ ਕਾਰਨ ਲੋਕ ਕਾਂਗਰਸ ਪਾਰਟੀ ਦਾ ਸਾਥ ਦੇ ਰਹੇ ਹਨ। ਇਸ ਮੌਕੇ ਜਗਤਾਰ ਸਿੰਘ ਖਾਲਸਾ ਕੋਟਲਾ ਸੂਰਜ ਮੱਲ ਅਤੇ ਸੁਖਦੀਪ ਸਿੰਘ ਕੰਗ ਪੀ ਏ ਵੀ ਹਾਜ਼ਰ ਸਨ।

# ਗ਼ਦਰ ਤੇ ਬੱਬਰ ਅਕਾਲੀ ਲਹਿਰ ਦਾ ਉਦੇਸ਼ ਸੀ ਸਾਂਝੀਵਾਲਤਾ ਤੇ ਜਮਹੂਰੀਅਤ : ਅਮੋਲਕ ਸਿੰਘ

**ਜਲੰਧਰ (ਨ ਜ਼ ਸ)**- 'ਇਨਕਲਾਬੀ ਗ਼ਦਰੀ ਸੂਰਬੀਰਾਂ ਅਤੇ ਬੱਬਰ ਅਕਾਲੀਆਂ ਦਾ ਦੇਸ਼ ਨੂੰ ਆਜ਼ਾਦ ਕਰਾਉਣ ਦਾ ਮਕਸਦ ਹੀ ਕੁਝ ਹੋਰ ਸੀ। ਉਹਨਾਂ ਨੇ ਸਮਾਜ ਸਿਰਜਕ ਲੋਕਾਈ ਦੇ ਕਲਿਆਣ ਹਿਤ ਪੰਜਾਬ ਹੀ ਨਹੀਂ ਸਗੋਂ ਮੁਲਕ ਦੇ ਹੋਰਨਾ ਸੂਬਿਆਂ ਦੇ ਇਨਕਲਾਬੀਆਂ ਦਾ ਵੀ ਸਹਿਯੋਗ ਲਿਆ। ਦੇਸ਼ ਨੂੰ ਵਿਦੇਸ਼ੀ ਅਤੇ ਦੇਸ਼ੀ ਹਰ ਵੰਨਗੀ ਦੀ ਗ਼ੁਲਾਮੀ ਤੋਂ ਮੁਕਤ ਕਰ ਕੇ ਸਾਂਝੀਵਾਲਤਾ, ਜਮਹੂਰੀਅਤ ਦਾ ਰਾਜ ਅਤੇ ਸਮਾਜ ਸਿਰਜਣ ਦੇ ਮਹਾਨ ਉਦੇਸ਼ ਨੂੰ ਪ੍ਰਨਾਏ ਹੋਏ ਸਨ ਗ਼ਦਰੀ ਅਤੇ ਬਬਰ ਅਕਾਲੀ ਦੇਸ਼ ਭਗਤ।' ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਸਭਿਆਚਾਰਕ ਵਿੰਗ ਦੇ ਕਨਵੀਨਰ, ਪੰਜਾਬ ਲੋਕ ਸਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ ਵੱਲੋਂ ਨੇੜਲੇ ਪਿੰਡ ਰੱਕੜਾਂ ਬੇਟ ਬਬਰ ਅਕਾਲੀ ਰਤਨ ਸਿੰਘ ਰੱਕੜ ਦੇ 94 ਵੇਂ ਸ਼ਹੀਦੀ ਸਮਾਗਮ ਸਮੇਂ ਗੁਰਦੁਆਰਾ ਟਾਹਲੀ ਸਾਹਿਬ ਸੁੱਧਾ ਮਾਜਰਾ ਵਿਖੇ ਕੀਤਾ ਗਿਆ। ਪੱਤਰਕਾਰ ਭਾਈਚਾਰੇ ਅਤੇ ਰਤਨ ਸਿੰਘ ਰੱਕੜ ਨੂੰ ਸਿਜਦਾ ਕਰਨ ਲਈ ਦੂਰੋਂ ਨੇੜਿਓਂ ਜੁੜੀਆਂ ਸ਼ਖ਼ਸੀਅਤਾਂ ਨਾਲ਼ ਵਿਚਾਰਾਂ ਕਰਦਿਆਂ ਉਹਨਾਂ ਕਿਹਾ ਕਿ, 'ਬਬਰ ਰਤਨ ਸਿੰਘ ਰੱਕੜ ਗ਼ਦਰ ਲਹਿਰ ਦੇ ਕਰਤਾਰ ਸਿੰਘ ਸਰਾਭਾ ਦੀ ਤਰ੍ਹਾਂ ਪੁਲਸ ਅਤੇ ਫੌਜ ਦੀਆਂ ਅੱਖਾਂ ਵਿਚ ਘੱਟਾ ਪਾਕੇ ਫ਼ਰਾਰ ਹੋ ਜਾਣ ਦਾ ਮਾਹਿਰ ਹੀ ਨਹੀਂ ਸੀ ਸਗੋਂ ਜਿਉਂਦੇ ਜੀਅ ਪੁਲਸ ਫ਼ੌਜ ਦੇ ਹੱਥ ਆਉਣ ਦੀ ਥਾਂ ਸ਼ਹੀਦੀ ਨੂੰ ਪਹਿਲ ਦੇਣ ਵਾਲਾ ਸੀ।' ਇਹ ਵਿਚਾਰ ਅਮੋਲਕ ਸਿੰਘ ਨੇ ਪਿੰਡ ਸੁਧਾ ਮਾਜਰਾ ਵਿਖੇ ਆਪਣੀ ਪੁਸਤਕ 'ਗ਼ਦਰ ਲਹਿਰ ਦਾ ਕੌਮਾਂਤਰੀ ਰਾਜਦੂਤ: ਭਾਈ ਰਤਨ ਸਿੰਘ ਰਾਏਪੁਰ ਡੱਬਾ' ਸਮਾਗਮ ਦੇ ਪ੍ਰਬੰਧਕਾਂ ਭਾਈ ਜਰਨੈਲ ਸਿੰਘ ਖਾਲਸਾ ਪਿੰਡ ਚੱਕ ਸਿੰਘਾ ਤੇ ਪੰਜਾਬੀ ਸਾਹਿਤ ਸਭਾ ਬਲਾਚੌਰ ਰਜਿ. ਦੇ ਪ੍ਰਧਾਨ ਦੀਦਾਰ ਸਿੰਘ ਸ਼ੇਤਰਾ ਕੌਲਗੜ੍ਹ (ਨਵਾਂ ਸ਼ਹਿਰ) ਨੂੰ ਭੇਟ ਕਰਨ ਸਮੇਂ ਸਾਂਝੇ ਕੀਤੇ। ਉਹਨਾਂ ਨੇ ਬਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਦੀ ਸ਼ਤਾਬਦੀ ਮੌਕੇ ਪਿੰਡਾਂ ਵਿੱਚ ਇਤਿਹਾਸਕ ਅਤੇ ਅਜੋਕੇ ਸਮੇਂ ਦੇ ਲੋਕ ਸਰੋਕਾਰਾਂ ਬਾਰੇ ਸ਼ਤਾਬਦੀ ਮੁਹਿੰਮ ਅਤੇ ਬਬਰ ਅਕਾਲੀ ਲਹਿਰ ਨੂੰ ਸਮਰਪਿਤ ਕੀਤੇ ਜਾ ਰਹੇ ਮੇਲਾ ਗ਼ਦਰੀ ਬਾਬਿਆਂ ਦਾ ਮੌਕੇ ਪਹਿਲੀ ਨਵੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਜੱਥੇ ਲੈ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।ਉਹਨਾਂ ਨੇ 28,29,30 ਅਗਸਤ ਦੇਸ਼ ਭਗਤ ਯਾਦਗਾਰ ਹਾਲ ਲੱਗ ਰਹੇ ਸਿਖਿਆਰਥੀ ਚੇਤਨਾ ਕੈਂਪ ਵਿੱਚ ਵੀ ਨੌਜਵਾਨ ਮੁੰਡੇ ਕੁੜੀਆਂ ਨੂੰ ਸ਼ਾਮਲ ਕਰਨ ਵਿਚ ਵੀ ਸਹਿਯੋਗੀ ਮੋਢਾ ਲਾਉਣ ਦਾ ਸੱਦਾ ਦਿੱਤਾ। ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਬੰਗਾ ਦੇ ਪ੍ਰਤੀਨਿਧ ਖੁਸ਼ੀ ਰਾਮ ਅਤੇ ਦੇਵ ਰਾਜ ਗੁਣਾਚੌਰ ਅਤੇ ਬਬਰ ਅਕਾਲੀ ਕਰਮ ਸਿੰਘ ਝਿੰਗੜ ਦੇ ਪਿੰਡ ਤੋਂ ਆਏ ਮਲਕੀਤ ਸਿੰਘ ਝਿੰਗੜ ਨੇ ਦੱਸਿਆ ਕਿ ਲੋਕਾਂ ਵੱਲੋਂ ਭਰਵੇਂ ਹੁੰਗਾਰੇ ਸਦਕਾ ਸਥਾਨਕ ਸਮਾਗਮ ਅਤੇ ਮੇਲਾ ਗ਼ਦਰੀ ਬਾਬਿਆਂ ਦਾ ਕਾਮਯਾਬ ਕੀਤਾ ਜਾਏਗਾ। ਸਮਾਗਮ ਵਿੱਚ ਗਿਆਨੀ ਹਰਦੀਪ ਸਿੰਘ ਸਾਧੜਾ ਦੇ ਢਾਡੀ ਜਥੇ ਨੇ ਢਾਡੀ ਵਾਰਾਂ ਨਾਲ ਬਬਰ ਰਤਨ ਸਿੰਘ ਦੇ ਕੁਰਬਾਨੀ ਭਰੇ ਜੀਵਨ ਦੇ ਪ੍ਰਸੰਗ ਸਾਂਝੇ ਕੀਤੇ।ਇਸ ਮੌਕੇ ਅਮੋਲਕ ਸਿੰਘ, ਤਲਵਿੰਦਰ ਹੀਰ, ਜਰਨੈਲ ਸਿੰਘ ਚੱਕ ਸਿੰਘਾ, ਪ੍ਰਗਤੀਸ਼ੀਲ ਲੇਖਕ ਸੰਘ ਦੇ ਦੀਦਾਰ ਸ਼ੇਤਰਾ, ਖੁਸ਼ੀ ਰਾਮ ਗੁਣਾਂਚੌਰ, ਦੇਵ ਰਾਜ ਗੁਣਾਂਚੌਰ, ਮਲਕੀਤ ਝਿੰਗੜ, ਸੁਰਜੀਤ ਸਿੰਘ, ਮੁਲਾਜ਼ਮ ਆਗੂ ਬਗ਼ੀਚਾ ਸਿੰਘ ਰੱਕੜ, ਮਾਸਟਰ ਹਰਭਜਨ ਸਿੰਘ ਆਦਿ ਵੀ ਮੌਜੂਦ ਸਨ।



# ਗਲੀ 'ਚ ਬਿਜਲੀ ਦੀਆਂ ਤਾਰਾਂ ਦਾ ਜਾਲ, ਹਾਦਸੇ ਦਾ ਖ਼ਤਰਾ ਵਧਿਆ

**ਜ਼ੀਰਕਪੁਰ, (ਜਤਿੰਦਰ ਕੁਮਾਰ)**- ਜ਼ੀਰਕਪੁਰ ਦੇ ਢਕੌਲੀ ਫਾਟਕ ਨੇੜੇ ਸਥਿਤ ਸਬਜ਼ੀ ਮੰਡੀ ਵਾਲੀ ਗਲੀ ਵਿੱਚ ਬਿਜਲੀ ਪ੍ਰਬੰਧਾਂ ਦੀ ਮਾੜੀ ਹਾਲਤ ਸਥਾਨਕ ਲੋਕਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਇਲਾਕੇ ਵਿੱਚ ਬਿਜਲੀ ਦੀਆਂ ਤਾਰਾਂ ਦਾ ਜਾਲ ਵਿਛਿਆ ਹੋਇਆ ਹੈ ਤੇ ਕਈ ਥਾਵਾਂ 'ਤੇ ਹਾਈ ਵੋਲਟੇਜ ਤਾਰਾਂ ਘਰਾਂ ਦੀਆਂ ਕੰਧਾਂ ਅਤੇ ਛੱਤਾਂ ਦੇ ਸਹਾਰੇ ਲਟਕ ਰਹੀਆਂ ਹਨ, ਜਿਸ ਨਾਲ ਕਿਸੇ ਵੀ ਵੇਲੇ ਵੱਡਾ ਹਾਦਸਾ ਵਾਪਰ ਸਕਦਾ ਹੈ। ਇਸ ਤੋਂ ਇਲਾਵਾ, ਬਿਜਲੀ ਦੇ ਖੰਭਿਆਂ 'ਤੇ ਲੱਗੇ ਖੁੱਲ੍ਹੇ ਬਿਜਲੀ ਬਾਕਸ ਵੀ ਲੋਕਾਂ ਦੀ ਸੁਰੱਖਿਆ ਲਈ ਖ਼ਤਰਾ ਬਣੇ ਹੋਏ ਹਨ। ਬਾਕਸਾਂ ਦੇ ਢੱਕਣ ਟੁੱਟੇ ਹੋਏ ਜਾਂ ਖੁੱਲ੍ਹੇ ਹੋਣ ਕਾਰਨ ਕਰੰਟ ਲੱਗਣ ਦੀ ਸੰਭਾਵਨਾ ਬਣੀ ਰਹਿੰਦੀ ਹੈ, ਖ਼ਾਸ ਕਰਕੇ ਬਰਸਾਤ ਦੇ ਮੌਸਮ ਦੌਰਾਨ ਇਹ ਖ਼ਤਰਾ ਹੋਰ ਵੀ ਵੱਧ ਜਾਂਦਾ ਹੈ। ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਇਸ ਸਮੱਸਿਆ ਬਾਰੇ ਕਈ ਵਾਰ ਸਬੰਧਤ ਵਿਭਾਗ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰ ਅਜੇ ਤੱਕ ਕੋਈ ਪੱਕਾ ਹੱਲ ਨਹੀਂ ਕੀਤਾ ਗਿਆ। ਲੋਕਾਂ ਨੇ ਬਿਜਲੀ ਵਿਭਾਗ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਲਟਕ ਰਹੀਆਂ ਹਾਈ ਵੋਲਟੇਜ ਤਾਰਾਂ ਨੂੰ ਤੁਰੰਤ ਸੁਰੱਖਿਅਤ ਢੰਗ ਨਾਲ ਠੀਕ ਕੀਤਾ ਜਾਵੇ। ਇਸ ਸੰਬੰਧ ਵਿੱਚ ਜਦੋਂ ਐੱਸ ਡੀ ਓ ਪ੍ਰਦੀਪ ਕੁਮਾਰ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਹਨਾਂ ਨੇ ਫ਼ੋਨ ਨਹੀਂ ਚੁੱਕਿਆ।



# ਕਾਲੀ ਵੇਈਂ ਦੀ ਕਾਰ ਸੇਵਾ ਦੇ 26 ਸਾਲ ਪੂਰੇ ਹੋਣ 'ਤੇ ਸਮਾਗਮ ਕਰਵਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸੁਲਤਾਨਪੁਰ ਲੋਧੀ ਵਿਖੇ ਪਵਿੱਤਰ ਕਾਲੀ ਵੇਈ ਨਦੀ ਦੀ ਕਾਰ ਸੇਵਾ ਦੇ 26 ਸਾਲ ਪੂਰੇ ਹੋਣ ਮੌਕੇ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਰੰਗਾਂ ਨਾਲ ਭਰਪੂਰ ਸਮਾਗਮ ਕਰਵਾਇਆ ਗਿਆ। ਰਾਜ ਸਭਾ ਮੈਂਬਰ, ਵਿਸ਼ਵ ਪ੍ਰਸਿੱਧ ਵਾਤਾਵਰਣ ਪ੍ਰੇਮੀ ਅਤੇ ਪਦਮ ਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਸਮਾਗਮ ਦੀ ਸ਼ੁਰੂਆਤ ਦੋ ਦਿਨ ਪਹਿਲਾਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਨਾਲ ਹੋਈ। ਇਸ ਤੋਂ ਪਹਿਲਾਂ ਵਿਸ਼ਾਲ ਕੀਰਤਨ ਦਰਬਾਰ ਅਤੇ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪ੍ਰਸਿੱਧ ਰਾਗੀ ਜਥਿਆਂ ਅਤੇ ਕਵੀਆਂ ਨੇ ਗੁਰਬਾਣੀ ਕੀਰਤਨ ਅਤੇ ਕਾਵਿ ਰਚਨਾਵਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਪਵਿੱਤਰ ਕਾਲੀ ਵੇਈ ਦੀ ਕਾਰ ਸੇਵਾ ਕੇਵਲ ਇੱਕ ਨਦੀ ਦੀ ਸਫਾਈ ਦਾ ਅਭਿਆਨ ਨਹੀਂ, ਸਗੋਂ ਇਹ ਮਨੁੱਖਤਾ, ਵਾਤਾਵਰਣ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਮਲ ਕਰਨ ਦਾ ਮਹਾਨ ਅੰਦੋਲਨ ਹੈ। ਉਨ੍ਹਾਂ ਕਿਹਾ ਕਿ 26 ਸਾਲ ਪਹਿਲਾਂ ਜਦੋਂ ਇਹ ਕਾਰ ਸੇਵਾ ਸ਼ੁਰੂ ਕੀਤੀ ਗਈ ਸੀ ਤਾਂ ਬਹੁਤ ਘੱਟ ਲੋਕਾਂ ਨੇ ਇਸ ਦੀ ਸਫਲਤਾ ਦੀ ਉਮੀਦ ਕੀਤੀ ਸੀ, ਪਰ ਸੰਗਤਾਂ ਦੇ ਨਿਰੰਤਰ ਸਹਿਯੋਗ, ਨੌਜਵਾਨਾਂ ਦੇ ਜੋਸ਼ ਅਤੇ ਸੇਵਾਦਾਰਾਂ ਦੀ ਨਿਸ਼ਕਾਮ ਸੇਵਾ ਸਦਕਾ ਅੱਜ ਇਹ ਮੁਹਿੰਮ ਪੂਰੀ ਦੁਨੀਆ ਲਈ ਪ੍ਰੇਰਨਾ ਦਾ ਸਰੋਤ ਬਣ ਚੁੱਕੀ ਹੈ। ਸਮਾਗਮ ਦੌਰਾਨ ਸੰਤ ਸੀਚੇਵਾਲ ਨੇ ਸੰਗਤਾਂ ਨੂੰ ਵਾਤਾਵਰਣ ਦੀ ਸੰਭਾਲ, ਪਾਣੀ ਦੀ ਬਚਤ ਅਤੇ ਨਦੀਆਂ ਨੂੰ ਪ੍ਰਦੂਸ਼ਣ ਤੋਂ ਮੁਕਤ ਰੱਖਣ ਲਈ ਸਾਂਝਾ ਸੰਕਲਪ ਲੈਣ ਦੀ ਅਪੀਲ ਵੀ ਕੀਤੀ। ਇਸ ਮੌਕੇ ਧਾਰਮਿਕ, ਸਮਾਜਿਕ ਅਤੇ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ ਅਤੇ ਪਵਿੱਤਰ ਕਾਲੀ ਵੇਈ ਦੀ ਕਾਰ ਸੇਵਾ ਨੂੰ ਮਨੁੱਖਤਾ ਅਤੇ ਵਾਤਾਵਰਣ ਦੀ ਸੇਵਾ ਦਾ ਵਿਲੱਖਣ ਮਾਡਲ ਕਰਾਰ ਦਿੱਤਾ।



# ਪੇਟ 'ਚ ਗੰਭੀਰ ਸੋਜ ਤੇ ਦਰਦ ਤੋਂ ਪੀੜਤ ਮਰੀਜ਼ ਨੂੰ ਕੀ-ਹੋਲ ਸਰਜਰੀ ਰਾਹੀਂ ਮਿਲਿਆ ਨਵਾਂ ਜੀਵਨ

**ਮੋਹਾਲੀ (ਗੁਰਜੀਤ ਬਿੱਲਾ)**- ਪੇਟ ਵਿੱਚ ਗੰਭੀਰ ਸੋਜ ਅਤੇ ਦਰਦ ਤੋਂ ਪੀੜਤ ਇੱਕ 36 ਸਾਲਾ ਮਰੀਜ਼ ਨੂੰ ਮੈਕਸ ਹਸਪਤਾਲ, ਮੋਹਾਲੀ ਵਿੱਚ ਕੀਤੀ ਗਈ ਮਿਨੀਮਲੀ ਇਨਵੇਸਿਵ ਲੈਪਰੋਸਕੋਪਿਕ ਪ੍ਰਕਿਰਿਆ ਰਾਹੀਂ ਨਵਾਂ ਜੀਵਨ ਮਿਲਿਆ ਹੈ। ਮੈਕਸ ਹਸਪਤਾਲ ਵਿੱਚ ਪ੍ਰਿੰਸੀਪਲ ਕੰਸਲਟੈਂਟ-ਜਨਰਲ, ਗੈਸਟਰੋ-ਇੰਟੈਸਟਾਈਨਲ ਤੇ ਰੋਬੋਟਿਕ ਸਰਜਰੀ, ਡਾ. ਅਨੁਪਮ ਗੋਇਲ ਨੇ ਦੱਸਿਆ ਕਿ ਇਸ ਕੀ-ਹੋਲ ਸਰਜਰੀ ਦੀ ਮਦਦ ਨਾਲ ਮਰੀਜ਼ ਨੂੰ ਸਰਜਰੀ ਤੋਂ ਬਾਅਦ ਬਹੁਤ ਘੱਟ ਦਰਦ ਹੋਇਆ, ਜ਼ਖ਼ਮ ਨਾਲ ਜੁੜੀ ਕੋਈ ਪੇਚੀਦਗੀ ਸਾਹਮਣੇ ਨਹੀਂ ਆਈ ਅਤੇ ਉਹ ਤੇਜ਼ੀ ਨਾਲ ਠੀਕ ਹੋ ਗਿਆ। ਮਰੀਜ਼ ਨੂੰ ਪੇਟ ਵਿੱਚ ਗੰਭੀਰ ਸੋਜ ਅਤੇ ਦਰਦ, ਵਾਰ-ਵਾਰ ਉਲਟੀਆਂ ਆਉਣ ਅਤੇ ਤੇਜ਼ ਬੁਖ਼ਾਰ ਦੀ ਸ਼ਿਕਾਇਤ ਕਾਰਨ ਮੈਕਸ ਹਸਪਤਾਲ ਦੀ ਐਮਰਜੈਂਸੀ ਵਿੱਚ ਲਿਆਂਦਾ ਗਿਆ ਸੀ। ਜਾਂਚ ਦੌਰਾਨ ਪਤਾ ਲੱਗਿਆ ਕਿ ਉਸ ਦੀ ਛੋਟੀ ਆਂਦਰ ਦੇ ਉਪਰਲੇ ਹਿੱਸੇ ਵਿੱਚ ਸੁਰਾਖ ਸੀ। ਜੇਕਰ ਸਮੇਂ ਸਿਰ ਇਸ ਦਾ ਇਲਾਜ ਨਾ ਕੀਤਾ ਜਾਂਦਾ, ਤਾਂ ਇਹ ਤੇਜ਼ੀ ਨਾਲ ਗੰਭੀਰ ਇਨਫੈਕਸ਼ਨ ਤੇ ਸੈਪਸਿਸ ਦਾ ਰੂਪ ਲੈ ਸਕਦਾ ਸੀ।ਡਾ. ਗੋਇਲ ਦੀ ਅਗਵਾਈ ਹੇਠ, ਮੈਡੀਕਲ ਟੀਮ ਨੇ ਮੋਡੀਫਾਈਡ ਗ੍ਰਾਹਮਸ ਪੈਚ ਤਕਨੀਕ ਦੀ ਵਰਤੋਂ ਕਰਕੇ ਇੱਕ ਸਫਲ ਲੈਪਰੋਸਕੋਪਿਕ ਰਿਪੇਅਰ ਨੂੰ ਅੰਜਾਮ ਦਿੱਤਾ। ਇਸ ਸਰਜਰੀ ਵਿੱਚ, ਵੱਡਾ ਚੀਰਾ ਲਗਾਉਣ ਦੀ ਬਜਾਏ ਕੁਝ ਛੋਟੇ ਕੀ-ਹੋਲ ਸੁਰਾਖ ਕੀਤੇ ਜਾਂਦੇ ਹਨ ਅਤੇ ਮਰੀਜ਼ ਦੇ ਸਰੀਰ ਦੇ ਹੀ ਇੱਕ ਛੋਟੇ ਜਿਹੇ ਹਿੱਸੇ ਦੀ ਵਰਤੋਂ ਕਰਕੇ ਆਂਦਰ ਦੇ ਸੁਰਾਖ ਨੂੰ ਬੰਦ ਕੀਤਾ ਜਾਂਦਾ ਹੈ ਤਾਂ ਜੋ ਅੱਗੇ ਕੋਈ ਲੀਕੇਜ ਨਾ ਹੋਵੇ। ਇਸ ਤਕਨੀਕ ਸਦਕਾ ਵੱਡਾ ਸਰਜੀਕਲ ਕੱਟ ਲਗਾਉਣ ਤੋਂ ਬਚਾਅ ਹੋ ਗਿਆ, ਜਿਸ ਨਾਲ ਮਰੀਜ਼ ਬਹੁਤ ਜਲਦੀ ਠੀਕ ਹੋ ਗਿਆ। ਡਾ. ਗੋਇਲ ਨੇ ਕਿਹਾ 'ਇਹ ਸਥਿਤੀ ਇੱਕ ਸਰਜੀਕਲ ਐਮਰਜੈਂਸੀ ਸੀ ਅਤੇ ਇਸ ਲਈ ਤੁਰੰਤ ਇਲਾਜ ਦੀ ਲੋੜ ਸੀ। ਸਰਜਰੀ ਤੋਂ ਬਾਅਦ ਮਰੀਜ਼ ਠੀਕ ਹੋ ਗਿਆ ਅਤੇ 7 ਦਿਨਾਂ ਦੀ ਨਿਗਰਾਨੀ ਤੋਂ ਬਾਅਦ ਉਸ ਨੂੰ ਸਥਿਰ ਹਾਲਤ ਵਿੱਚ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ।



# ਪ੍ਰਧਾਨ ਮੰਤਰੀ ਦਾ ਪੰਜਾਬ ਦੌਰਾ ਇਤਿਹਾਸਕ ਹੋਵੇਗਾ : ਸੰਨੀ ਸਾਹੀ

**ਦਸੂਹਾ (ਕਰਨੈਲ ਮਾਂਗਟ)**- ਪੰਜਾਬ ਨੂੰ ਕਰੋੜਾਂ ਦੇ ਫੰਡ ਅਲੱਗ-ਅਲੱਗ ਪ੍ਰੋਜੈਕਟਾਂ ਸੰਬੰਧੀ ਵੱਡੇ ਪੱਧਰ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤੇ ਜਾਣਗੇ ਅਤੇ 17 ਜੁਲਾਈ ਨੂੰ ਉਨਾਂ ਦੀ ਪੰਜਾਬ ਫੇਰੀ ਇਤਿਹਾਸਕ ਸਿੱਧ ਹੋਵੇਗੀ। ਇਸ ਸਬੰਧੀ ਗੱਲਬਾਤ ਕਰਦਿਆਂ ਨਗਰ ਕੌਂਸਲ ਦਸੂਹਾ ਦੇ ਸਾਬਕਾ ਪ੍ਰਧਾਨ ਅਤੇ ਭਾਜਪਾ ਦੇ ਸੀਨੀਅਰ ਆਗੂ ਡਾ. ਹਰਸਿਮਰਤ ਸਾਹੀ (ਸੰਨੀ ਸਾਹੀ) ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਹੇਠ ਭਾਜਪਾ ਆਪਣੀ ਵਧੀਆ ਕਾਰਜਗੁਜਾਰੀ ਕਰ ਰਹੀ ਹੈ।



ਉਨ੍ਹਾਂ ਕਿਹਾ ਪ੍ਰਧਾਨ ਮੰਤਰੀ ਦੀ ਪੰਜਾਬ ਫੇਰੀ ਸੰਬੰਧੀ ਭਾਜਪਾ ਵਰਕਰਾਂ ਅਤੇ ਅਹੁਦੇਦਾਰਾਂ ਅੰਦਰ ਭਾਰੀ ਖੁਸ਼ੀ ਪਾਈ ਜਾ ਰਹੀ ਹੈ।

# ਲੋੜਵੰਦ ਪਰਵਾਰ ਨੂੰ 20 ਹਜ਼ਾਰ ਦੀ ਵਿੱਤੀ ਸਹਾਇਤਾ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਰਬੱਤ ਦਾ ਭਲਾ ਸੇਵਾ ਸੁਸਾਇਟੀ ਮੂਨਕਾਂ ਵੱਲੋਂ ਇਨਸਾਨੀਅਤ ਦੀ ਸੇਵਾ ਵਿੱਚ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਲੜੀ ਤਹਿਤ ਪਿੰਡ ਮੂਨਕ ਕਲਾ ਨਾਲ ਸੰਬੰਧਿਤ ਇੱਕ ਪਰਵਾਰ ਨੂੰ ਮਕਾਨ ਬਣਾਉਣ ਵਿੱਚ ਸਹਿਯੋਗ ਕਰਦੇ ਹੋਏ 20 ਹਜ਼ਾਰ ਰੁਪਏ ਵਿੱਤੀ ਸਹਾਇਤਾ ਭੇਟ ਕੀਤੀ ਹੈ। ਪ੍ਰਵਾਸੀ ਭਾਰਤੀ ਪਰਮਿੰਦਰ ਸਿੰਘ ਯੂ ਐੱਸ ਏ ਵੱਲੋਂ ਭੇਜੀ ਗਈ ਇਹ ਵਿੱਤੀ ਸਹਾਇਤਾ ਸੋਸਾਇਟੀ ਦੇ ਸਰਪ੍ਰਸਤ ਸੇਵਾਦਾਰ ਜਥੇਦਾਰ ਦਵਿੰਦਰ ਸਿੰਘ ਮੂਨਕ ਨੇ ਲੋੜਵੰਦ ਪਰਵਾਰ ਨੂੰ ਭੇਟ ਕੀਤੀ।ਇਸ ਮੌਕੇ ਜਥੇਦਾਰ ਦਵਿੰਦਰ ਸਿੰਘ ਨੇ ਦੱਸਿਆ ਕਿ ਮੂਨਕ ਕਲਾ ਨਾਲ ਸੰਬੰਧਿਤ ਲੋੜਵੰਦ ਪਰਵਾਰ ਪ੍ਰੇਮ ਸਿੰਘ ਵੱਲੋਂ ਸੋਸਾਇਟੀ ਤੱਕ ਪਹੁੰਚ ਕਰਦੇ ਆ ਦੱਸਿਆ ਗਿਆ ਸੀ ਕਿ ਉਹਨਾਂ ਦੇ ਘਰ ਪਈਆਂ ਹੋਈਆਂ ਟੀਨਾ ਬੇਹਦ ਖਸਤਾ ਹਾਲਤ ਵਿੱਚ ਹਨ ਜੋ ਕਿ ਗਰਮੀਆਂ ਵਿੱਚ ਤਪਦੀਆਂ ਹਨ ਅਤੇ ਬਰਸਾਤ ਦੇ ਮਹੀਨੇ ਵਿੱਚ ਚੋਦੀਆਂ ਹਨ ਜਿਸ ਤੇ ਸੋਸਾਇਟੀ ਨੇ ਤੁਰੰਤ ਹੀ ਕਾਰਵਾਈ ਕਰਦੇ ਇਹ ਵਿੱਤੀ ਸਹਾਇਤਾ ਲੋੜਵੰਦ ਪਰਵਾਰ ਨੂੰ ਭੇਂਟ ਕੀਤੀ ਇਸ ਮੌਕੇ ਲੋੜਵੰਦ ਪਰਵਾਰ ਤੇ ਨਗਰ ਦੀਆਂ ਹੋਰਨਾ ਸ਼ਖਸ਼ੀਅਤਾਂ ਨੇ ਸਰਬੱਤ ਦਾ ਭਲਾ ਸੇਵਾ ਸੁਸਾਇਟੀ ਅਤੇ ਪ੍ਰਵਾਸੀ ਭਾਰਤੀ ਪਰਮਿੰਦਰ ਸਿੰਘ ਯੂ ਐੱਸ ਏ ਦਾ ਧੰਨਵਾਦ ਕੀਤਾ। ਇਸ ਮੌਕੇ ਪੰਚ ਗੁਰਪ੍ਰੀਤ ਸਿੰਘ ਰਿੰਕੂ, ਪੰਚ ਰੁਪਿੰਦਰ ਸਿੰਘ ਬੰਟੂ, ਨਿਰਮਲ ਸਿੰਘ ਰੋਡੀ, ਪ੍ਰਦੀਪ ਸਿੰਘ, ਜਸਵਿੰਦਰ ਸਿੰਘ ਵੀ ਹਾਜ਼ਰ ਸਨ।



# ਵਣ ਮਹਾਂਉਤਸਵ ਨੂੰ ਸਮਰਪਤ ਪੌਦੇ ਲਗਾ ਕੇ ਵਾਤਾਵਰਣ ਸੰਭਾਲ ਦਾ ਦਿੱਤਾ ਸੰਦੇਸ਼

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ਦੇ ਪ੍ਰਬੰਧ ਹੇਠਾਂ ਚੱਲ ਰਹੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਰੋਟਰੀ ਡਿਸਟ੍ਰਿਕਟ 3070 ਦੇ ਗਵਰਨਰ ਅਨਿਲ ਸਿੰਘਲ ਅਤੇ ਉਹਨਾਂ ਧਰਮ ਪਤਨੀ ਸੋਨੀਆ ਸਿੰਘਲ ਦੇ ਢਾਹਾਂ ਕਲੇਰਾਂ ਵਿਖੇ ਪੁੱਜਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ। ਇਸ ਮੌਕੇ ਵਣ ਮਹਾਂਉਤਸਵ ਨੂੰ ਸਮਰਪਿਤ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਅਤੇ ਹਰਿਆਲੀ ਵਧਾਉਣ ਦਾ ਸੰਦੇਸ਼ ਦਿੱਤਾ ਗਿਆ। ਡਿਸਟ੍ਰਿਕਟ ਗਵਰਨਰ ਨੇ ਟਰੱਸਟ ਵੱਲੋਂ ਕੁਲਵਿੰਦਰ ਸਿੰਘ ਢਾਹਾਂ ਦੀ ਅਗਵਾਈ ਵਿਚ ਢਾਹਾਂ ਕਲੇਰਾਂ ਵਿਖੇ ਚੱਲ ਰਹੀਆਂ ਮੈਡੀਕਲ ਅਤੇ ਵਿਦਿਅਕ ਸੰਸਥਾਵਾਂ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿਹਤ, ਸਿੱਖਿਆ ਅਤੇ ਵਾਤਾਵਰਨ ਦੀ ਸੰਭਾਲ ਲਈ ਕੀਤੇ ਜਾ ਰਹੇ ਇਹ ਯਤਨ ਸਮਾਜ ਨੂੰ ਉੱਚਾ ਚੁੱਕਣ ਲਈ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਨੇ ਸੰਸਥਾ ਦੇ ਸਮੂਹ ਪ੍ਰਬੰਧਕਾਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕ ਸੇਵਾ ਲਈ ਕੰਮ ਕਰਦੇ ਰਹਿਣ ਦੀ ਕਾਮਨਾ ਕੀਤੀ। ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਟਰੱਸਟ ਦੀਆਂ ਗਤੀਵਿਧੀਆਂ ਉੱਤੇ ਆਧਾਰਿਤ ਇੱਕ ਡਾਕੂਮੈਂਟਰੀ ਫਿਲਮ ਵੀ ਵਿਖਾਈ ਗਈ, ਜਿਸ ਦੀ ਹਾਜ਼ਰ ਮਹਿਮਾਨਾਂ ਨੇ ਭਰਪੂਰ ਸਰਾਹਨਾ ਕੀਤੀ। ਰੋਟਰੀ ਕਲੱਬ ਬੰਗਾ ਦੇ ਨਵ ਨਿਯੁਕਤ ਪ੍ਰਧਾਨ ਸ਼ਰਨਜੀਤ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰੂ ਨਾਨਕ ਮਿਸ਼ਨ ਟਰੱਸਟ ਵੱਲੋਂ ਸਿਹਤ, ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲੇ ਬੇਹੱਦ ਸ਼ਲਾਘਾਯੋਗ ਹਨ। ਇਸ ਮੌਕੇ ਨਰੇਸ਼ ਅਨੰਦ ਜ਼ਿਲ੍ਹਾ ਸੈਕਟਰੀ ਜੀ ਉ ਵੀ, ਰਾਜ ਬਾਜੜ ਸਾਬਕਾ ਪ੍ਰਧਾਨ, ਸੁਰਿੰਦਰਪਾਲ ਖੇਪੜ ਸਾਬਕਾ ਪ੍ਰਧਾਨ, ਪ੍ਰਵੀਨ ਕੁਮਾਰ ਸਾਬਕਾ ਪ੍ਰਧਾਨ, ਇਕਬਾਲ ਸਿੰਘ ਬਾਜਵਾ, ਐਡਵੋਕੇਟ ਅਨਿਲ ਕਟਾਰੀਆ, ਐੱਮ ਸੀ ਜਸਵਿੰਦਰ ਸਿੰਘ ਮਾਨ, ਇੰਦਰਜੀਤ ਸਿੰਘ, ਕਮਲਜੀਤ ਸਿੰਘ ਕੁਲਥਮ, ਭੁਪਿੰਦਰ ਸਿੰਘ, ਰਣਜੀਤ ਸਿੰਘ ਮਾਨ, ਡਾ. ਗੁਰਤੇਜ ਸਿੰਘ, ਜੋਤੀ ਭਾਟੀਆ, ਜੋਗਾ ਰਾਮ, ਅਕਾਸ਼ ਕੁਮਾਰ, ਮਾਲੀ ਓਮ ਪ੍ਰਕਾਸ਼ , ਪ੍ਰੇਮ ਕੁਮਾਰ ਵੀ ਹਾਜ਼ਰ ਸਨ।



# ਦੁਆਬੇ ਦੇ ਸਾਰੇ ਜ਼ਿਲਿਆਂ 'ਚ ਪੱਤਰਕਾਰਤਾ ਦੇ ਮਿਸ਼ਨ ਨੂੰ ਪਹੁੰਚਾਉਣਾ ਪੀਊਮਾ ਦਾ ਮੁੱਖ ਟੀਚਾ : ਜਗਜੀਤ ਚਾਨਾ

**ਫਗਵਾੜਾ (ਡਾ. ਰਮਨ)**- ਪੰਜਾਬ ਦੀ ਇਲੈਕਟ੍ਰਾਨਿਕ ਅਤੇ ਆਨਲਾਈਨ ਮੀਡੀਆ ਐਸੋਸੀਏਸ਼ਨ ਪਿਊਮਾਂ ਦੀ ਇੱਕ ਵਿਸ਼ੇਸ਼ ਮੀਟਿੰਗ ਬੱਬਰ ਅਕਾਲੀ ਮਾਰਕੀਟ ਸੈਂਟਰਲ ਟਾਊਨ ਫਗਵਾੜਾ ਵਿਖੇ ਹੋਈ ਜਿਸ ਵਿੱਚ ਜੱਥੇਬੰਦੀ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਚਾਨਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਤੋਂ ਇਲਾਵਾ ਡਿਸਟ੍ਰਿਕਟ ਕਪੂਰਥਲਾ, ਜਲੰਧਰ ਅਤੇ ਨਵਾਂ ਸ਼ਹਿਰ ਨਾਲ ਸੰਬੰਧਿਤ ਆਨਲਾਈਨ ਅਤੇ ਇਲੈਕਟਰੋਨਿਕ ਮੀਡੀਆ ਦੇ ਪੱਤਰਕਾਰਾਂ ਨੇ ਵੀ ਹਿੱਸਾ ਲਿਆ।

ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਜਗਜੀਤ ਸਿੰਘ ਚਾਨਾ, ਪੈਟਰਨ ਵੀ.ਪੀ. ਸਿੰਘ ਅਰੋੜਾ, ਸੂਬਾ ਸਲਾਹਕਾਰ ਕਮਲ ਅਰੋੜਾ ਅਤੇ ਸੂਬਾ ਸਕੱਤਰ ਵਿਨੋਦ ਕਲੂਚਾ ਨੇ ਪਿਊਮਾਂ ਵੱਲੋਂ ਕਰਵਾਈਆਂ ਗਈਆਂ ਵੱਖ-ਵੱਖ ਗਤੀਵਿਧੀਆਂ ਬਾਰੇ ਸਮੂਹ ਹਾਜਰ ਮੈਂਬਰਾਂ ਦੇ ਨਾਲ ਚਰਚਾ ਕੀਤੀ। ਮੀਟਿੰਗ ਦੌਰਾਨ ਤਿੰਨ ਨਵੇਂ ਮੈਂਬਰਾਂ ਨੂੰ ਵੀ ਪਿਊਮਾਂ ਐਸੋਸੀਏਸ਼ਨ ਵਿੱਚ ਸ਼ਾਮਿਲ ਕੀਤਾ ਗਿਆ। ਸੂਬਾ ਪ੍ਰਧਾਨ ਜਗਜੀਤ ਸਿੰਘ ਚਾਨਾ ਨੇ ਕਿਹਾ ਕਿ 2020 ਦੇ ਵਿੱਚ ਬਣੀ ਇਹ ਸੰਸਥਾ ਹੁਣ ਆਉਣ ਵਾਲੇ ਸਮੇਂ ਦੇ ਵਿੱਚ ਦੁਆਬੇ ਦੇ ਚਾਰ ਜ਼ਿਲਿਆਂ ਦੇ ਵਿੱਚ ਆਪਣਾ ਅਹਿਮ ਰੋਲ ਅਦਾ ਕਰੇਗੀ। ਉਹਨਾਂ ਕਿਹਾ ਕਿ ਅੱਜ ਪੱਤਰਕਾਰੀ ਨੂੰ ਬਹੁਤ ਸਾਰੀਆਂ ਦਰਪੇਸ਼ ਸਮੱਸਿਆਵਾਂ ਆ ਰਹੀਆਂ ਹਨ ਜਿਹਨਾਂ ਤੋਂ ਨੌਜਵਾਨ ਪੱਤਰਕਾਰਾਂ ਨੂੰ ਵੀ ਬਹੁਤ ਕੁਝ ਸਿੱਖਣ ਦੀ ਲੋੜ ਹੈ।

ਇਸੇ ਨੂੰ ਮੁੱਖ ਰੱਖਦੇ ਹੋਏ ਪਿਊਮਾਂ ਵੱਲੋਂ ਆਉਣ ਵਾਲੇ ਸਮੇਂ ਦੇ ਵਿੱਚ ਪੱਤਰਕਾਰਾਂ ਨੂੰ ਅਪਡੇਟ ਕਰਨ ਅਤੇ ਉਹਨਾਂ ਨੂੰ ਨਵੀਂ ਟੈਕਨੋਲੋਜੀ ਨਾਲ ਜਾਣੂ ਕਰਵਾਉਣ ਦੇ ਲਈ ਵਿਸ਼ੇਸ਼ ਸੈਮੀਨਾਰ ਵੀ ਲਗਾਏ ਜਾਣਗੇ।ਇਸ ਮੌਕੇ ਸਾਹਿਲ ਪਾਹਵਾ, ਧਰੁਵ ਕਲੂਚਾ, ਸਾਹਿਬ ਸੈਣੀ ਅਤੇ ਕਰਮਵੀਰ ਅਰੋੜਾ ਆਦਿ ਹਾਜ਼ਰ ਸਨ।



# ਡਾ. ਇਕਬਾਲ ਕੌਰ ਸੌਂਦ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਸੰਵੇਦਨਸ਼ੀਲ ਕਵਿੱਤਰੀ, ਇਪਟਾ, ਪੰਜਾਬ ਦੀ ਸਲਾਹਕਾਰ, ਪੰਜਾਬੀ ਭਾਸ਼ਾ, ਸਾਹਿਤ ਤੇ ਭਗਤੀ ਸਾਹਿਤ ਦੀ ਉਘੀ ਵਿਦਵਾਨ ਡਾ.ਇਕਬਾਲ ਕੌਰ ਸੌਂਦ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਪਟਾ, ਪੰਜਾਬ ਦੇ ਪ੍ਰਧਾਨ ਨਾਟਕਰਮੀ ਸੰਜੀਵਨ ਸਿੰਘ ਨੇ ਕਿਹਾ ਕਿ ਡਾ. ਸੌਂਧ ਦੇ ਜਾਣ ਨਾਲ ਲੋਕ-ਧਾਰਾ ਖੋਜ, ਉੱਚ-ਪਾਏ ਦਾ ਸੰਪਾਦਨ, ਵਿਰਾਸਤ ਦੀ ਪਹਿਰੇਦਾਰੀ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

1947 ਦੀ ਵੰਡ ਦੌਰਾਨ ਆਪਣਿਆਂ ਹੱਥੋਂ ਕਤਲ ਹੋਏ ਦੇਸ਼ ਭਗਤ ਕਾਮਰੇਡ ਗਹਿਲ ਸਿੰਘ ਛੱਜਲਵੱਢੀ ਦੀ ਧੀ ਡਾ. ਸੌਂਧ ਆਪ ਵੀ ਅਗਾਂਹਵਧੂ ਸੋਚ ਦੇ ਧਰਾਨੀ ਸਨ।

ਅੰਮ੍ਰਿਤਸਰ ਵਿਖੇ ਗੁਰਦੁਆਰਾ ਬਾਬਾ ਦੀਪ ਸਿੰਘ ਨੇੜਲੇ ਸ਼ਮਸ਼ਾਨ ਘਾਟ ਵਿਚ ਸੈਕੜੇ ਅਦੀਬਾਂ, ਬੁੱਧੀਜੀਵੀਆਂ, ਰੰਗਕਰਮੀਆਂ ਅਤੇ ਸਮਾਜਿਕ ਕਾਰਕੁਨਾਂ ਨੇ ਨਮ ਅੱਖਾ ਨਾਲ ਡਾ. ਇਕਬਾਲ ਕੌਰ ਹੋਰਾਂ ਨੂੰ ਅੰਤਿਮ ਵਧਾਇਗੀ ਦਿੱਤੀ।ਰੰਗਮੰਚ ਅਤੇ ਫਿਲਮ ਅਦਾਕਾਰ ਇਪਟਾ ਦੀ ਜ਼ਿਲਾ ਇਕਾਈ ਅੰਮ੍ਰਿਤਸਰ ਦੇ ਜਨਰਲ ਸਕੱਤਰ ਦਲਜੀਤ ਸੋਨਾ ਤੋਂ ਇਲਾਵਾ ਰੰਗਕਰਮੀ ਮਨਿੰਦਰ ਸਿੰਘ ਨੌਸ਼ਹਿਰਾ ਅਤੇ ਪ੍ਰਭਜੋਤ ਕੌਰ ਨੇ ਡਾ. ਸੌਂਧ ਦੀ ਮ੍ਰਿਤਕ ਦੇਹ 'ਤੇ ਇਪਟਾ ਪੰਜਾਬ ਵੱਲੋਂ ਲੋਈ ਭੇਟ ਕੀਤੀ।


ਇਪਟਾ ਪੰਜਾਬ ਦੇ ਜਰਨਲ ਸਕੱਤਰ ਇੰਦਰਜੀਤ ਰੂਪੋਵਾਲੀ, ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸਕੱਤਰ ਕਮਲ ਨੈਨ ਸਿੰਘ ਸੇਖੋਂ ਤੇ ਇਪਟਾ, ਪੰਜਾਬ ਦੇ ਆਗੂ ਬਠਿੰਡਾ ਤੋਂ ਗੁਰਮੀਤ ਸਿੰਘ, ਮਾਨਸਾ ਤੋਂ ਮੇਘ ਰਾਜ ਰੱਲਾ, ਸੰਗਰੂਰ ਤੋਂ ਗੁਰਦਿਆਲ ਨਿਰਮਾਣ, ਦਲਬਾਰ ਸਿੰਘ ਚੱਠਾ ਸੇਖਵਾਂ, ਪਟਿਆਲਾ ਤੋਂ ਹਰਜੀਤ ਕੈਂਥ ਅਤੇ ਡਾ. ਕੁਲਦੀਪ ਸਿੰਘ ਦੀਪ, ਮੁਹਾਲੀ ਤੋਂਨਰਿੰਦਰਪਾਲ ਨੀਨਾ ਅਤੇ ਡਾ. ਅਮਨ ਭੋਗਲ, ਰੋਪੜ ਤੋਂ ਸੁਰਿੰਦਰ ਰਸੂਲਪੁਰ ਤੇ ਰਾਬਿੰਦਰ ਰੱਬੀ, ਲਖਵਿੰਦਰ ਸਿੰਘ ਅਤੇ ਰਿੱਤੂ ਰਾਗ ਨੇ ਨਰਿੰਦਰ ਪਾਲ ਨੀਨਾ ਨੇ ਪਰਵਾਰ ਦੇ ਦੁੱਖ ਵਿਚ ਸ਼ਾਮਿਲ ਹੁੰਦੇ ਕਿਹਾ ਕਿ ਡਾ. ਇਕਬਾਲ ਕੌਰ ਸੌਂਧ ਸਾਹਿਤ ਖੇਤਰ ਵਿਚ ਨਿਰੰਤਰ ਕਾਰਜਸ਼ੀਲ ਰਹੇ।

## ਡਾ. ਸਵਾਤੀ ਖੁਰਾਨਾ ਨੇ ਵਿਦਿਆਰਥੀਆਂ ਨੂੰ ਦਿੱਤਾ ਸਿਹਤਮੰਦ ਜੀਵਨ ਦਾ ਸੰਦੇਸ਼



ਮੁਕੇਰੀਆਂ (ਅਮਿਤ ਖੰਨਾ)-ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਸ੍ਰੀਮਤੀ ਰਾਜਪਾਲ ਕੌਰ ਦੀ ਯੋਗ ਅਗਵਾਈ ਅਤੇ ਸਮੂਹ ਸਕੂਲ ਮੈਨੇਜਮੈਂਟ ਦੇ ਵਿਸ਼ੇਸ਼ ਉਪਰਾਲੇ ਸਦਕਾ ਪ੍ਰਸਿੱਧ ਕੰਸਲਟੈਂਟ ਫਿਜ਼ੀਸ਼ਨ ਤੇ ਕਲੀਨਿਕਲ ਕਾਰਡੀਓਲੋਜਿਸਟ ਡਾ. ਸਵਾਤੀ ਖੁਰਾਨਾ ਵੱਲੋਂ ਸਿਹਤ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਸਕੂਲ ਪਰਵਾਰ ਵੱਲੋਂ ਡਾ. ਖੁਰਾਨਾ ਦਾ ਨਿੱਘਾ ਸਵਾਗਤ ਕੀਤਾ ਗਿਆ।ਡਾ. ਖੁਰਾਨਾ ਨੇ ਦੱਸਿਆ ਕਿ ਤੇਜ਼ੀ ਨਾਲ ਬਦਲਦੀ ਜੀਵਨ-ਸ਼ੈਲੀ ਕਾਰਨ ਜੰਕ ਫੂਡ, ਸ਼ੂਗਰ, ਉੱਚ ਕੋਲੈਸਟ੍ਰੋਲ ਅਤੇ ਦਿਲ ਨਾਲ ਸੰਬੰਧਿਤ ਬਿਮਾਰੀਆਂ ਤੇਜ਼ੀ ਨਾਲ ਵਧ ਰਹੀਆਂ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਤੁਲਿਤ ਖੁਰਾਕ, ਨਿਯਮਿਤ ਕਸਰਤ, ਯੋਗਾ, ਪੂਰੀ ਨੀਂਦ ਤੇ ਤਣਾਅ-ਮੁਕਤ ਜੀਵਨ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਛੋਟੀ ਉਮਰ ਤੋਂ ਹੀ ਸਿਹਤਮੰਦ ਆਦਤਾਂ ਅਪਣਾਉਣਾ ਬਹੁਤ ਜ਼ਰੂਰੀ ਹੈ। [illegible] ਉਨ੍ਹਾਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਪ੍ਰਤੀ ਵੀ ਪੂਰੀ ਤਰ੍ਹਾਂ ਵਚਨਬੱਧ ਹੈ।

## ਪੰਜਾਬ ਕਾਂਗਰਸ 'ਚ ਪ੍ਰਧਾਨਗੀ ਦੀ ਖਿੱਚੋਤਾਣ ਪਾਰਟੀ ਵਰਕਰਾਂ ਲਈ ਬਣੀ ਪ੍ਰੇਸ਼ਾਨੀ : ਡਾ. ਓਮ ਪ੍ਰਕਾਸ਼



ਜਲਾਲਾਬਾਦ (ਜੀਤ ਕੁਮਾਰ)-ਕਾਂਗਰਸ ਪਾਰਟੀ ਦੇ ਬੁੱਧੀਜੀਵੀ ਸੈੱਲ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਾਬਕਾ ਵਾਇਸ ਚੇਅਰਮੈਨ ਡਾ.ਓਮ ਪ੍ਰਕਾਸ਼ ਹਿਸਾਨ ਵਾਲਾ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਪ੍ਰਧਾਨਗੀ ਨੂੰ ਲੈ ਕੇ ਚੱਲ ਰਹੀ ਖਿੱਚੋਤਾਨ ਪੰਜਾਬ ਵਿੱਚ ਕਾਂਗਰਸ ਨੂੰ ਪਤਨ ਵੱਲ ਲੈ ਜਾ ਰਹੀ ਹੈ, ਜਿਸ ਵਿੱਚ ਪਾਰਟੀ ਦੇ ਆਮ ਵਰਕਰਾਂ ਦਾ ਕੀ ਕਸੂਰ ਹੈ, ਜਿਸਦੀ ਕੋਈ ਵੀ ਬਾਂਹ ਨਹੀਂ ਫੜ ਰਿਹਾ। ਸਾਰੇ ਹੀ ਪ੍ਰਧਾਨਗੀ ਨੂੰ ਲੈ ਕੇ ਆਪਣੀ-ਆਪਣੀ ਡਫਲੀ ਵਜਾ ਰਹੇ ਹਨ, ਜਿਸ ਵਿੱਚ ਕਾਂਗਰਸ ਕਾਂਗਰਸ ਦਾ ਵੱਡਾ ਨੁਕਸਾਨ ਹੋ ਰਿਹਾ ਹੈ। ਇਸ ਲਈ ਕਾਂਗਰਸ ਪਾਰਟੀ ਦੀ ਹਾਈਕਮਾਨ ਨੂੰ ਚਾਹੀਦਾ ਹੈ ਕਿ ਇਸ ਸਬੰਧੀ ਜਲਦ ਤੋਂ ਜਲਦ ਕੋਈ ਪੱਕਾ ਹੱਲ ਕੱਢਣਾ ਚਾਹੀਦਾ ਹੈ। ਹਾਈਕਮਾਨ ਦੁਆਰਾ ਭੇਜਿਆ ਗਿਆ ਪੰਜਾਬ ਇੰਚਾਰਜ ਵੀ ਕਿਤੇ ਨਾ ਕਿਤੇ ਪੰਜਾਬ ਕਾਂਗਰਸ ਨੂੰ ਪਤਨ ਵੱਲ ਲਿਜਾ ਰਿਹਾ ਹੈ, ਜੋ ਅੱਜ ਹਾਈਕਮਾਨ ਨੂੰ ਹਨੇਰੇ ਵਿੱਚ ਰੱਖ ਰਿਹਾ ਹੈ। ਹਾਈਕਮਾਨ ਨੂੰ ਸੁਚੇਤ ਹੋਣਾ ਚਾਹੀਦਾ ਹੈ। ਜੇਕਰ ਰਾਹੁਲ ਗਾਂਧੀ ਤੇ ਪ੍ਰਿੰਯਕਾ ਗਾਂਧੀ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣੀ ਚਾਹੁੰਦੇ ਹਨ ਤਾਂ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਅਤੇ ਸੀਐਮ ਦਾ ਚੇਹਰਾ ਐਨਾਨ ਦਾ ਫੈਸਲਾ ਕਰਨਾ ਚਾਹੀਗਾ ਹੈ। ਅਮਰਿੰਦਰ ਸਿੰਘ ਰਾਜਾ ਵੜਿੰਗ, ਬਾਜਵਾ, ਰੰਧਾਵਾ ਅਤੇ ਚਰਨਜੀਤ ਸਿੰਘ ਚੰਨੀ ਵੱਲੋਂ ਪਾਰਟੀ ਵਰਕਰਾਂ ਦੀ ਵੋਟਿੰਗ ਕਰਾ ਲੈਣਾ ਤਾਂ ਜੁ ਇਹ ਫੈਸਲਾ ਪਾਰਟੀ ਵਰਕਰ ਖੁਦ ਕਰ ਸੱਕਣ।

## ਓ ਐੱਸ ਡੀ ਸੁਖਵੀਰ ਸਿੰਘ ਨੇ ਪਰਵਾਰਾਂ ਨਾਲ ਦੁੱਖ ਸਾਂਝਾ ਕੀਤਾ




ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵੱਖ-ਵੱਖ ਪਰਵਾਰਾਂ ਦੇ ਘਰ ਪਹੁੰਚ ਕੇ ਉਨ੍ਹਾਂ ਦੇ ਮੈਂਬਰਾਂ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਦੁਖੀ ਪਰਵਾਰਾਂ ਨਾਲ ਹਮਦਰਦੀ ਸਾਂਝੀ ਕਰਦਿਆਂ ਉਨ੍ਹਾਂ ਨੂੰ ਇਸ ਅਸਹਿ ਵਿਛੋੜੇ ਨੂੰ ਸਹਿਣ ਲਈ ਹੌਸਲਾ ਦਿੱਤਾ।ਉਨ੍ਹਾਂ ਕਿਹਾ ਕਿ ਕਿਸੇ ਆਪਣੇ ਦੇ ਵਿਛੋੜੇ ਦਾ ਘਾਟਾ ਕਦੇ ਪੂਰਾ ਨਹੀਂ ਹੋ ਸਕਦਾ, ਪਰ ਅਜਿਹੇ ਔਖੇ ਸਮੇਂ ਵਿੱਚ ਸਮਾਜ ਅਤੇ ਆਪਣੇ ਸਾਥੀਆਂ ਦਾ ਸਾਥ ਦੁਖੀ ਪਰਵਾਰ ਲਈ ਵੱਡਾ ਸਹਾਰਾ ਬਣਦਾ ਹੈ।ਸੁਖਵੀਰ ਸਿੰਘ ਨੇ ਧੂਰੀ ਵਿਕਾਸ ਮੰਚ ਧੂਰੀ ਦੇ ਪ੍ਰਧਾਨ ਅਮਨ ਗਰਗ ਦੇ ਮਾਤਾ ਜੀ ਦੇ ਦੇਹਾਂਤ 'ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਤੋਂ ਬਾਅਦ ਉਹ ਅਗਰਵਾਲ ਸਭਾ ਧੂਰੀ ਦੇ ਮੀਤ ਪ੍ਰਧਾਨ ਸ਼ੀਤਲ ਪ੍ਰਕਾਸ਼ ਦੇ ਨਿਵਾਸ ਸਥਾਨ 'ਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਉਨ੍ਹਾਂ ਦੇ ਮਾਤਾ ਦੇ ਅਕਾਲ ਚਲਾਣੇ 'ਤੇ ਗਹਿਰੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਸੇਵਾਮੁਕਤ ਖੁਰਾਕ ਸਪਲਾਈ ਅਫ਼ਸਰ ਬੁੱਧ ਰਾਮ ਬਾਂਸਲ ਦੇ ਦੇਹਾਂਤ 'ਤੇ ਵੀ ਪਰਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।ਉਨ੍ਹਾਂ ਕਿਹਾ ਕਿ ਮਾਪਿਆਂ ਦਾ ਸਥਾਨ ਜੀਵਨ ਵਿੱਚ ਸਭ ਤੋਂ ਉੱਚਾ ਹੁੰਦਾ ਹੈ ਤੇ ਉਨ੍ਹਾਂ ਦਾ ਵਿਛੋੜਾ ਪਰਵਾਰ ਲਈ ਕਦੇ ਨਾ ਭਰਨ ਵਾਲਾ ਘਾਟਾ ਹੁੰਦਾ ਹੈ। ਉਨ੍ਹਾਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰਾਂ ਨੂੰ ਇਹ ਅਸਹਿ ਦੁੱਖ ਸਹਿਣ ਦੀ ਤਾਕਤ ਪ੍ਰਦਾਨ ਕਰਨ।

## ਧੋਬੀ ਭਾਈਚਾਰੇ ਦੀਆਂ ਮੰਗਾਂ ਨੂੰ ਪੂਰਾ ਕਰਾਉਣ ਸੰਬੰਧੀ ਕੈਬਨਿਟ ਮੰਤਰੀ ਅਰੋੜਾ ਨੇ ਦਿੱਤਾ ਭਰੋਸਾ : ਰਾਕੇਸ਼ ਰੌਸ਼ਨ




ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਸਰਕਾਰ ਵਿੱਚ ਧੋਬੀ ਭਾਈਚਾਰੇ ਦੀ ਨੁਮਾਇੰਦਗੀ ਤੇ ਭਾਈਚਾਰੇ ਦੀਆਂ ਜਾਇਜ਼ ਮੰਗਾਂ ਨੂੰ ਲੈ ਕੇ ਪੰਜਾਬ ਧੋਬੀ ਸਮਾਜ ਦੀ ਵਿਸ਼ੇਸ਼ ਕਾਨਫਰੰਸ ਵਿੱਚ ਧੋਬੀ ਸਮਾਜ ਸੰਸਥਾ ਦੇ ਪ੍ਰਧਾਨ ਰਾਕੇਸ਼ ਰੌਸ਼ਨ ਦੀ ਪ੍ਰਧਾਨਗੀ ਹੇਠ ਹੋਰਨਾਂ ਅਹੁਦੇਦਾਰਾਂ ਨੇ ਵਿਸ਼ੇਸ਼ ਤੌਰ 'ਤੇ ਹਿੱਸਾ ਲਿਆ। ਧੋਬੀ ਸਮਾਜ ਸੰਸਥਾ ਦੇ ਪ੍ਰਧਾਨ ਰਾਕੇਸ਼ ਰੌਸ਼ਨ ਨੇ ਦੱਸਿਆ ਕਿ ਰੈਲੀ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੰਸਥਾ ਦੇ ਅਹੁਦੇਦਾਰਾਂ ਨੂੰ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮਾਜ ਦੇ ਹਰ ਵਰਗ ਦਾ ਸਤਿਕਾਰ ਕਰਦੇ ਹਨ ਅਤੇ ਉਹ ਹਰ ਵਰਗ ਨੂੰ ਉਸ ਦੀ ਬਣਦੀ ਨੁਮਾਇੰਦਗੀ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਅਰੋੜਾ ਨੇ ਸਮਾਜ ਦੀਆਂ ਸਾਰੀਆਂ ਮੰਗਾਂ ਤੇ ਸਰਕਾਰ ਵਿੱਚ ਉਨ੍ਹਾਂ ਦੀ ਨੁਮਾਇੰਦਗੀ ਨੂੰ ਬਿਲਕੁਲ ਜਾਇਜ਼ ਠਹਿਰਾਇਆ ਹੈ ਅਤੇ ਵਿਸ਼ਵਾਸ ਦਿਵਾਇਆ ਹੈ ਕਿ ਉਹ ਧੋਬੀ ਭਾਈਚਾਰੇ ਦੀਆਂ ਮੰਗਾਂ ਅਤੇ ਉਨ੍ਹਾਂ ਦੀ ਸਰਕਾਰ ਵਿੱਚ ਨੁਮਾਇੰਦਗੀ ਨੂੰ ਲੈ ਕੇ ਜਲਦੀ ਹੀ ਮੁੱਖ ਮੰਤਰੀ ਪੰਜਾਬ ਨਾਲ ਗੱਲਬਾਤ ਕਰਨਗੇ ਅਤੇ ਮੰਗ ਨੂੰ ਪੂਰਾ ਕਰਾਉਣ ਦੀ ਹਰ ਸੰਭਵ ਕੋਸ਼ਿਸ਼ ਕਰਨਗੇ। ਰਾਕੇਸ਼ ਰੌਸ਼ਨ ਨੇ ਦੱਸਿਆ ਕਿ ਕੈਬਨਿਟ ਮੰਤਰੀ ਨੇ ਕਿਹਾ ਕਿ ਧੋਬੀ ਭਾਈਚਾਰੇ ਦੇ ਅਹੁਦੇਦਾਰਾਂ ਨੇ ਉਨ੍ਹਾਂ ਦੇ ਧਿਆਨ ਵਿੱਚ ਇਹ ਗੱਲ ਲਿਆਂਦੀ ਹੈ ਕਿ ਮੌਜੂਦਾ ਵੈੱਲਫੇਅਰ ਬੋਰਡ ਦੇ ਨਾਂਅ ਅਤੇ ਢਾਂਚੇ ਕਾਰਨ ਭਾਈਚਾਰੇ ਦੇ ਕਈ ਉਪ-ਵਰਗਾਂ ਨੂੰ ਲੋੜੀਂਦੀ ਨੁਮਾਇੰਦਗੀ ਨਹੀਂ ਮਿਲ ਰਹੀ ਹੈ ਅਤੇ ਇਸ ਸਬੰਧ ਵਿੱਚ ਸਰਕਾਰ ਕੋਲ ਦੋਵੇਂ ਵਿਕਲਪ ਵਿਚਾਰ ਅਧੀਨ ਹਨ।

## ਲੈਂਡ ਪੂਲਿੰਗ ਪਾਲਿਸੀ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤੀ ਜਾਵੇਗੀ : ਦੌਲਤਪੁਰਾ



ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ (ਰਜਿ. 283) ਦੀ ਜ਼ਿਲ੍ਹਾ ਮੋਗਾ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਨੇ ਚਲਾਈ, ਜਦਕਿ ਮੀਡੀਆ ਨੂੰ ਜਾਣਕਾਰੀ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਦਿੱਤੀ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਆਗੂ ਮੋਹਣ ਸਿੰਘ ਜੀਦੜਾ, ਸੂਰਤ ਸਿੰਘ ਕਾਦਰਵਾਲਾ, ਮੁਖਤਿਆਰ ਸਿੰਘ ਦੀਨਾ ਸਾਹਿਬ, ਸਾਹਿਬ ਸਿੰਘ ਬੋਗੇਵਾਲਾ, ਮੰਦਰਜੀਤ ਸਿੰਘ ਮਨਾਵਾਂ, ਹਰਨੇਕ ਸਿੰਘ ਫਤਿਹਗੜ੍ਹ, ਗੁਰਜੰਤ ਸਿੰਘ ਗਗੜਾ, ਅਨੁਸ਼ਾਸਨੀ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ ਤੇ ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸਿੰਘ ਚੋਟੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਕੇ ਆਪਣੇ ਵਿਚਾਰ ਸਾਂਝੇ ਕੀਤੇ।ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ, ਅਵਾਰਾ ਕੁੱਤਿਆਂ ਦੀ ਵਧ ਰਹੀ ਸਮੱਸਿਆ, ਕਿਸਾਨਾਂ ਨੂੰ ਦਰਪੇਸ਼ ਮੁਸ਼ਕਲਾਂ, ਜਥੇਬੰਦੀ ਦੇ ਵਿਸਥਾਰ ਤੇ ਆਉਣ ਵਾਲੇ ਸੰਘਰਸ਼ੀ ਪ੍ਰੋਗਰਾਮਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ 22 ਜੁਲਾਈ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਅਨੁਸਾਰ ਭਾਜਪਾ ਆਗੂਆਂ ਦੇ ਘਰਾਂ ਦਾ ਘਿਰਾਓ ਤੇ ਟੋਲ ਪਲਾਜ਼ਿਆਂ ਨੂੰ ਮੁਫ਼ਤ ਕਰਾਉਣ ਦੇ ਪ੍ਰੋਗਰਾਮ ਨੂੰ ਜ਼ਿਲ੍ਹਾ ਮੋਗਾ ਵਿੱਚ ਪੂਰੀ ਤਾਕਤ ਨਾਲ ਸਫ਼ਲ ਬਣਾਇਆ ਜਾਵੇਗਾ।ਇਸ ਦੇ ਨਾਲ ਹੀ ਜਥੇਬੰਦੀ ਦੀ ਮੈਂਬਰਸ਼ਿਪ ਮੁਹਿੰਮ ਨੂੰ ਹੋਰ ਤੇਜ਼ ਕਰਨ, ਹਰ ਪਿੰਡ ਵਿੱਚ ਨਵੇਂ ਮੈਂਬਰ ਬਣਾਉਣ, ਬਲਾਕ ਅਤੇ ਪਿੰਡ ਇਕਾਈਆਂ ਨੂੰ ਮਜ਼ਬੂਤ ਕਰਨ ਤੇ ਕਿਸਾਨਾਂ ਤੇ ਆਮ ਲੋਕਾਂ ਦੇ ਹੱਕਾਂ ਲਈ ਸੰਘਰਸ਼ ਹੋਰ ਤੇਜ਼ ਕਰਨ ਦਾ ਵੀ ਫ਼ੈਸਲਾ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਕਿਸਾਨਾਂ ਦੀ ਉਪਜਾਊ ਜ਼ਮੀਨ ਖੋਹਣ ਦੀ ਨੀਤੀ ਹੈ ਤੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਇਸ ਨੂੰ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦੇਵੇਗੀ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਇਹ ਕਿਸਾਨ ਵਿਰੋਧੀ ਨੀਤੀ ਵਾਪਸ ਨਾ ਲਈ ਤਾਂ ਜਥੇਬੰਦੀ ਹੋਰ ਕਿਸਾਨ ਜਥੇਬੰਦੀਆਂ ਨਾਲ ਮਿਲ ਕੇ ਤਿੱਖਾ ਸੰਘਰਸ਼ ਵਿੱਢੇਗੀ ਅਤੇ ਲੋੜ ਪੈਣ 'ਤੇ ਹਰ ਤਰ੍ਹਾਂ ਦੀ ਕੁਰਬਾਨੀ ਦੇਣ ਤੋਂ ਵੀ ਪਿੱਛੇ ਨਹੀਂ ਹਟੇਗੀ।

## ਮੈਗਾ ਰੋਜ਼ਗਾਰ ਮੇਲਾ 20 ਨੂੰ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਤੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ 20 ਜੁਲਾਈ ਨੂੰ ਮਹਾਰਾਜਾ ਪੈਲੇਸ, ਸੁਨਾਮ ਊਧਮ ਸਿੰਘ ਵਾਲਾ ਵਿਖੇ ਸਵੇਰੇ 09 ਵਜੇ ਤੋਂ ਸ਼ਾਮ ਦੇ 04 ਵਜੇ ਤੱਕ ਮੈਗਾ ਰੋਜ਼ਗਾਰ ਮੇਲਾ ਲਗਾਇਆ ਜਾ ਰਿਹਾ ਹੈ, ਜਿਸ ਵਿੱਚ 3000 ਦੇ ਕਰੀਬ ਵੱਖ-ਵੱਖ ਅਸਾਮੀਆਂ ਲਈ ਯੋਗ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ।ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ, ਸ੍ਰੀਮਤੀ ਸਿਮਰੀ ਸਿੰਗਲਾ ਨੇ ਦੱਸਿਆ ਕਿ ਇਸ ਮੈਗਾ ਰੋਜ਼ਗਾਰ ਮੇਲੇ ਵਿੱਚ ਪ੍ਰਾਈਵੇਟ ਸੈਕਟਰ ਦੀਆਂ ਉਦਯੋਗਿਕ ਤੇ ਸਰਵਿਸ ਸੈਕਟਰ ਨਾਲ ਸਬੰਧਿਤ ਨਿੱਜੀ ਕੰਪਨੀਆਂ ਜਿਵੇਂ ਕਿ ਟੀ ਸਾਈਕਲ, ਸੋਨਾਲਿਕਾ, ਸੋਗਾ, ਵਰਧਮਾਨ, ਆਈ.ਸੀ.ਆਈ.ਸੀ.ਆਈ. ਬੈਂਕ, ਅਵਾਨੀ, ਕੇ.ਆਰ.ਬੀ.ਐਲ., ਗੰਭਿਰ ਮੋਟਰਜ਼, ਏਪੀ ਐਗਰੋਟੈਕ, ਐਕਸਿਸ ਬੈਂਕ, ਮੈਕਸ ਆਦਿ ਵੱਲੋਂ ਪ੍ਰਾਪਤ ਲਗਭਗ 3000 ਦੇ ਕਰੀਬ ਵੱਖ-ਵੱਖ ਅਸਾਮੀਆਂ ਲਈ ਯੋਗ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ।ਇਸ ਸਬੰਧੀ ਪ੍ਰਾਰਥੀ ਦੀ ਵਿੱਦਿਅਕ ਯੋਗਤਾ ਦਸਵੀਂ, 10ਵੀਂ, 12ਵੀਂ, ਗਰੈਜੂਏਟ, ਪੋਸਟ ਗਰੈਜੂਏਟ, ਆਈ.ਟੀ.ਆਈ, ਡਿਪਲੋਮਾ ਹੋਲਡਰ ਤੇ ਉਮਰ 18 ਸਾਲ ਤੋਂ 50 ਸਾਲ ਹੋਣੀ ਚਾਹੀਦੀ ਹੈ।ਚਾਹਵਾਨ ਤੇ ਯੋਗ ਪ੍ਰਾਰਥੀ ਰਜਿਊਮ ਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ।

# ਰਾਏਸਰ 'ਚ ਛੇ ਮਜ਼ਦੂਰ ਔਰਤਾਂ ਵੱਲੋਂ ਪਾਣੀ ਵਾਲੀ ਟੈਂਕੀ ਉਪਰ ਚੜ੍ਹ ਕੇ ਰੋਸ ਪ੍ਰਦਰਸ਼ਨ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਲੋਕ ਕਵੀ ਸੰਤ ਰਾਮ ਉਦਾਸੀ ਦੇ ਪਿੰਡ ਰਾਏਸਰ ਪੰਜਾਬ (ਬਰਨਾਲਾ) ਵਿਖੇ ਛੇ ਮਜ਼ਦੂਰ ਪਰਵਾਰਾਂ ਵੱਲੋਂ ਪੰਚਾਇਤ ਤੇ ਸਰਪੰਚ ਦੀਆਂ [illegible] ਪਾਣੀ ਵਾਲੀ ਟੈਂਕੀ ਉੱਪਰ ਚੜ੍ਹ ਕੇ ਸਰਕਾਰ ਤੇ ਪਿੰਡ ਦੇ ਸਰਪੰਚ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। [illegible] ਗਈ ਸੀ।ਹੁਣ ਮੌਜੂਦਾ ਸਰਪੰਚ ਸੁਰਿੰਦਰ ਕੌਰ ਵੱਲੋਂ ਉਸ ਜਗ੍ਹਾਂ 'ਤੇ ਖੇਡ ਗਰਾਊਂਡ ਬਣਾਇਆ ਜਾ ਰਿਹਾ ਹੈ, ਜਦਕਿ ਮਜ਼ਦੂਰਾਂ ਨੂੰ ਕੂੜਾ ਸੁੱਟਣ ਲਈ ਕੋਈ ਬਦਲਵੀਂ ਥਾਂ ਮੁਹੱਈਆ ਨਹੀਂ ਕਰਵਾਈ ਗਈ, ਜਿਸ ਕਾਰਨ ਉਨ੍ਹਾਂ ਨੂੰ ਮਜਬੂਰ ਹੋ ਕੇ ਸੰਘਰਸ਼ ਦੇ ਰਾਹ ਤੁਰਨਾ ਪਿਆ।ਪ੍ਰਦਰਸ਼ਨਕਾਰੀ ਮਜ਼ਦੂਰ ਪਰਵਾਰਾਂ ਨੇ ਦੱਸਿਆ ਕਿ ਉਹ ਇਸ ਮਾਮਲੇ ਸਬੰਧੀ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਵੀ ਮਿਲ ਚੁੱਕੇ ਹਨ। [illegible] ਇਸ ਮੌਕੇ ਦਵਿੰਦਰ ਸਿੰਘ, ਹਰਬੰਸ ਸਿੰਘ, [illegible] ਸਿੰਘ, ਹਰਪ੍ਰੀਤ ਸਿੰਘ, ਗੁਰਦੇਵ ਸਿੰਘ, ਖੁਸ਼ਪ੍ਰੀਤ ਸਿੰਘ, ਨਿਰਭੈ ਸਿੰਘ, ਲਖਵੀਰ ਕੌਰ, ਜਸਵੰਤ ਕੌਰ, ਹਰਜਿੰਦਰ ਕੌਰ, ਰਣਦੀਪ ਕੌਰ, ਪਰਵਿੰਦਰ ਕੌਰ, ਬਲਜੀਤ ਕੌਰ, ਮਨਪ੍ਰੀਤ ਕੌਰ, ਜਸਵੀਰ ਕੌਰ, ਪਰਮਜੀਤ ਕੌਰ, ਮਨਜੀਤ ਕੌਰ, ਗਿਆਨ ਕੌਰ, ਬਲਜਿੰਦਰ ਕੌਰ, ਅਮਨਦੀਪ ਕੌਰ ਨੇ ਸਪੱਸ਼ਟ ਕਿਹਾ ਕਿ ਜਿੰਨਾ ਚਿਰ ਇਨਸਾਫ ਨਹੀਂ ਮਿਲਦਾ [illegible] ਹਰਜੀਤ ਸਿੰਘ ਧਿਆਲੀ ਨੇ ਮਜ਼ਦੂਰ ਪਰਵਾਰਾਂ ਨਾਲ ਹੋ ਰਹੀ ਬੇਇਨਸਾਫੀ ਦੀ ਨਿਖੇਧੀ ਕਰਦਿਆਂ ਸੰਘਰਸ਼ ਨੂੰ ਭਰਵੀਂ ਹਮਾਇਤ ਦਾ ਐਲਾਨ ਕੀਤਾ।ਆਗੂਆਂ ਨੇ ਡਿਪਟੀ ਕਮਿਸ਼ਨਰ ਬਰਨਾਲਾ ਤੋਂ ਮੰਗ ਕੀਤੀ ਮਜ਼ਦੂਰ ਪਰਵਾਰਾਂ ਨੂੰ ਇਨਸਾਫ ਦੁਆਇਆ ਜਾਵੇ।

## ਲੋਕ ਭਲਾਈ ਯੋਜਨਾਵਾਂ ਨਾਲ ਔਰਤਾਂ ਹੋਣਗੀਆਂ ਆਤਮ ਨਿਰਭਰ : 'ਆਪ' ਆਗੂ

ਨਿਹਾਲ ਸਿੰਘ ਵਾਲਾ, (ਲਵਲੀ ਕੁਮਾਰ)- ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਤੇ ਗਾਰੰਟੀਆਂ ਨੂੰ ਪੜਾਅਵਾਰ ਢੰਗ ਨਾਲ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕ ਭਲਾਈ ਲਈ ਕਈ ਅਹਿਮ ਫ਼ੈਸਲੇ ਲਏ ਗਏ ਹਨ, ਜਿਨ੍ਹਾਂ ਦਾ ਲਾਭ ਸੂਬੇ ਦੇ ਹਰ ਵਰਗ ਨੂੰ ਮਿਲ ਰਿਹਾ ਹੈ।ਆਗੂਆਂ ਨੇ ਦੱਸਿਆ ਕਿ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਅਤੇ ਆਤਮ ਨਿਰਭਰ ਬਣਾਉਣ ਦੇ ਉਦੇਸ਼ ਨਾਲ ਹੁਣ 'ਮਾਵਾਂ-ਧੀਆਂ ਦੀ ਹੱਟੀ' ਸਕੀਮ ਸ਼ੁਰੂ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।ਉਨ੍ਹਾਂ ਅਨੁਸਾਰ ਇਸ ਸਕੀਮ ਤਹਿਤ ਹਰ ਬਲਾਕ ਵਿੱਚ ਮਹਿਲਾਵਾਂ ਲਈ ਇੱਕ ਦੁਕਾਨ ਮੁਹੱਈਆ ਕਰਾਈ ਜਾਵੇਗੀ, ਜਿਸ ਦੀ ਅੰਦਾਜ਼ਨ ਕੀਮਤ ਕਰੀਬ 7 ਲੱਖ ਰੁਪਏ ਹੋਵੇਗੀ।ਇਸ ਰਾਹੀਂ ਔਰਤਾਂ ਨੂੰ ਆਪਣਾ ਰੁਜ਼ਗਾਰ ਸ਼ੁਰੂ ਕਰਨ ਦਾ ਮੌਕਾ ਮਿਲੇਗਾ ਅਤੇ ਉਹ ਆਪਣੇ ਪਰਿਵਾਰ ਦੀ ਆਰਥਿਕ ਸਥਿਤੀ ਮਜ਼ਬੂਤ ਕਰ ਸਕਣਗੀਆਂ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਸੂਬੇ ਦੀਆਂ ਮਹਿਲਾਵਾਂ ਨੂੰ ਸਵੈ-ਰੁਜ਼ਗਾਰ ਨਾਲ ਜੋੜ ਕੇ ਉਨ੍ਹਾਂ ਨੂੰ ਸਨਮਾਨ ਤੇ ਆਰਥਿਕ ਖੁਦਮੁਖਤਿਆਰੀ ਪ੍ਰਦਾਨ ਕਰਨਾ ਹੈ।

# ਸੰਨੀ ਓਬਰਾਏ ਸਵੈ-ਰੋਜ਼ਗਾਰ ਸਕੀਮ ਤਹਿਤ ਕੰਪਿਊਟਰ ਕੋਰਸ ਪੂਰਾ ਹੋਣ ਉਪਰੰਤ ਦਿੱਤੇ ਸਰਟੀਫਿਕੇਟ




ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਪਿੰਡਾਂ ਅਤੇ ਸ਼ਹਿਰਾਂ ਵਿੱਚ ਨੌਜਵਾਨ ਲੜਕੇ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੰਨੀ ਓਬਰਾਏ ਸਵੈਂ ਰੋਜ਼ਗਾਰ ਸਕੀਮ ਤਹਿਤ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਵੱਡੀ ਪੱਧਰ 'ਤੇ ਮੁਫ਼ਤ ਸਿਖਲਾਈ ਸੈਂਟਰ ( ਬਿਊਟੀ ਪਾਰਲਰ, ਕੰਪਿਊਟਰ, ਸਿਲਾਈ) ਖੋਲੇ ਜਾ ਰਹੇ ਹਨ ਤਾਂ ਜੋ ਇਹ ਲੋੜਵੰਦ ਲੜਕੇ ਲੜਕੀਆਂ ਮੁਫ਼ਤ ਤਕਨੀਕੀ ਸਿੱਖਿਆ ਲੈ ਕੇ ਆਪਣੇ ਪੈਰਾਂ 'ਤੇ ਖੜੇ ਹੋ ਸਕਣ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਨੇ ਦੱਸਿਆ ਕਿ ਸੰਨੀ ਓਬਰਾਏ ਸਵੈ ਰੋਜ਼ਗਾਰ ਸਕੀਮ ਤਹਿਤ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਵਿਚ (ਮਲੋਟ, ਮੁਕਤਸਰ, ਗਿਦੜਬਾਹਾ) ਵੀ 8 ਸਿਖਲਾਈ ਸੈਂਟਰ ਚੱਲ ਰਹੇ ਹਨ। ਇਸ 6 ਮਹੀਨਿਆਂ ਦੇ ਕੋਰਸਾਂ ਦੌਰਾਨ ਸਿਖਿਆਰਥੀਆਂ ਤੋਂ ਕੋਈ ਵੀ ਫੀਸ ਨਹੀਂ ਲਈ ਜਾਂਦੀ ਅਤੇ ਕੋਰਸਾਂ ਦੇ ਪੂਰੇ ਹੋਣ ਉਪਰੰਤ ਆਈ ਐਸ ਓ ਸਰਟੀਫਿਕੇਟ ਦਿੱਤੇ ਜਾਂਦੇ ਹਨ।ਕੰਪਿਊਟਰ ਕੋਰਸ ਪੂਰਾ ਹੋਣ ਉਪਰੰਤ 30 ਸਿਖਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ।ਇਸ ਮੌਕੇ ਮਹੰਤ ਕਸ਼ਮੀਰ ਸਿੰਘ ਨੇ ਸਿਖਿਆਰਥੀਆਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਡਾ ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸ਼ੁਰੂ ਸੰਨੀ ਓਬਰਾਏ ਸਵੈ ਰੋਜ਼ਗਾਰ ਸਕੀਮ ਨਾਲ ਬੇਰੁਜ਼ਗਾਰੀ ਨੂੰ ਵੱਡੀ ਪੱਧਰ 'ਤੇ ਠੱਲ ਪਵੇਗੀ।ਇਸ ਮੌਕੇ ਬਲਵਿੰਦਰ ਸਿੰਘ ਬਰਾੜ ਰਿਟਾ ਪ੍ਰਿੰਸੀਪਲ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ ਬੈਂਕ ਮੈਨੇਜਰ ਮੀਤ ਪ੍ਰਧਾਨ, ਬਲਜੀਤ ਸਿੰਘ ਮਾਨ ਰਿਟਾ ਪ੍ਰਿੰਸੀਪਲ, ਬਰਨੇਕ ਸਿੰਘ ਰਿਟਾ ਲੈਕਚਰਾਰ,ਸੋਮ ਨਾਥ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ, ਚਰਨਜੀਤ ਸਿੰਘ ਮੈਂਬਰ ਬਲਾਕ ਸੰਮਤੀ, ਸੁਖਬੀਰ ਸਿੰਘ ਜੈਲਦਾਰ, ਜਸਬੀਰ ਸਿੰਘ ਰਿਟਾ ਏ ਐਸ ਆਈ, ਸੁਦਰਸ਼ਨ ਸਿੰਘ ਬੇਦੀ ਰਿਟਾ ਜ਼ਿਲ੍ਹਾ ਉੱਪ ਸਿੱਖਿਆ ਅਫ਼ਸਰ,ਸੋਹਣ ਲਾਲ ਗੁੰਬਰ ਮਲੋਟ, ਸ਼੍ਰੀ ਮੁਕਤਸਰ ਸਾਹਿਬ ਦੀ ਕੰਪਿਊਟਰ ਅਧਿਆਪਕਾ ਨੀਲਮ ਰਾਣੀ ਆਦਿ ਹਾਜ਼ਰ ਸਨ।

## ਅਮਰੀਕਾ ਵੱਲੋਂ ਤੇਲ ਟੈਕਸ ਦੀ ਬਦੌਲਤ ਕੀਮਤਾਂ 'ਚ ਵਾਧਾ : ਮਾਨ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਇੰਡੀਆ ਆਪਣੇ ਤੇਲ ਦੀ ਖਪਤ ਦੀ ਮੁਲਕੀ ਮੰਗ ਨੂੰ ਪੂਰਾ ਕਰਨ ਲਈ ਰੂਸ ਤੋਂ ਤੇਲ ਮੰਗਵਾ ਰਿਹਾ ਹੈ, ਪਰ ਅਮਰੀਕਾ ਨੇ ਰੂਸ ਤੋਂ ਇੰਡੀਆ ਆਉਣ ਵਾਲੇ ਤੇਲ ਉਤੇ ਜੋ ਭਾਰੀ ਟੈਰਿਫ਼ ਲਾ ਦਿੱਤਾ ਹੈ। ਇਸ ਨਾਲ ਤੇਲ ਦੀਆਂ ਕੀਮਤਾਂ ਵਿਚ ਬਹੁਤ ਵੱਡਾ ਭਾਰੀ ਵਾਧਾ ਹੋ ਜਾਵੇਗਾ, ਜਿਸ ਨਾਲ ਜ਼ਿੰਮੀਦਾਰਾਂ ਕਿਤੇ ਨਾਲ ਸੰਬੰਧਤ ਮੁਲਕ ਨਿਵਾਸੀਆਂ ਉਤੇ ਤੇ ਆਪੋ ਆਪਣੇ ਵਹੀਕਲਜ ਦੀ ਵਰਤੋਂ ਕਰਨ ਵਾਲੇ ਨਿਵਾਸੀਆਂ ਉਤੇ ਮਾਲੀ ਬੋਝ ਪੈਣ ਤੋਂ ਇਨਕਾਰ ਨਹੀ ਕੀਤਾ ਜਾ ਸਕਦਾ।ਇਸ ਅਮਲ ਨਾਲ ਜਿੱਥੇ ਇੰਡੀਆ ਦੀ ਵਿਦੇਸ ਨੀਤੀ ਅਸਫ਼ਲ ਹੋਈ ਜਾਪਦੀ ਹੈ, ਉਥੇ ਟਰਾਂਸਪੋਰਟ ਰਾਹੀ ਆਉਣ-ਜਾਣ ਵਾਲੀਆਂ ਸਭ ਤਰ੍ਹਾਂ ਦੀਆਂ ਵਸਤਾਂ ਦੀ ਢੋਆ ਢੁਆਈ ਕਾਰਨ ਕੀਮਤਾਂ ਵਿੱਚ ਵਾਧਾ ਹੋਣ ਅਤੇ ਇਥੋਂ ਦੀ ਆਰਥਿਕਤਾ ਉਤੇ ਠਾਅ ਲੱਗੇਗੀ, ਜਿਸਦਾ ਸਮੁੱਚਾ ਬੋਝ ਮੁਲਕ ਨਿਵਾਸੀਆਂ ਉਤੇ ਪਵੇਗਾ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅਮਰੀਕਾ ਵੱਲੋਂ ਰੂਸ ਤੋਂ ਇੰਡੀਆ ਆਉਣ ਵਾਲੇ ਤੇਲ ਉਤੇ ਲਾਏ ਭਾਰੇ ਟੈਰਿਫ ਦੀ ਬਦੌਲਤ ਇੰਡੀਆ ਦੀ ਵਿਦੇਸ਼ ਨੀਤੀ ਫੇਲ੍ਹ ਹੋ ਜਾਣ ਅਤੇ ਜ਼ਿਮੀਦਾਰਾਂ ਉਤੇ ਪੈਣ ਵਾਲੇ ਮਾਲੀ ਬੋਝ ਤੋਂ ਬਚਣ ਲਈ ਹੁਣੇ ਤੋਂ ਲੋੜ ਅਨੁਸਾਰ ਤੇਲ ਦੇ ਢੋਲ ਭਰਵਾ ਕੇ ਰੱਖਣ ਦੀ ਜ਼ਿਮੀਦਾਰ ਵਰਗ ਨੂੰ ਅਪੀਲ ਕਰਦੇ ਹੋਏ ਪ੍ਰਗਟ ਕੀਤੇ।

# ਮਾਲਵਾ ਕਾਲਜ ਨੇ ਬੀ ਏ ਦੇ ਨਤੀਜਿਆਂ 'ਚ ਮਾਰੀ ਬਾਜ਼ੀ

■ ਸਨੇਹਾ ਗਰਗ ਨੇ 91.40 ਫ਼ੀਸਦੀ ਅੰਕਾਂ ਨਾਲ ਜ਼ਿਲ੍ਹੇ 'ਚੋਂ ਕੀਤਾ ਟਾਪ



ਸਰਦੂਲਗੜ੍ਹ (ਅਵਤਾਰ ਜਟਾਣਾ)- ਸਰਦੂਲਗੜ੍ਹ ਇਲਾਕੇ ਦੀ ਉੱਚ ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਚੁੱਕੀ ਪ੍ਰਸਿੱਧ ਸੰਸਥਾ ਮਾਲਵਾ ਗਰੁੱਪ ਆਫ ਕਾਲਜਿਜ਼ ਸਰਦੂਲੇਵਾਲਾ ਨੇ ਇੱਕ ਵਾਰ ਫਿਰ ਸ਼ਾਨਦਾਰ ਅਕਾਦਮਿਕ ਨਤੀਜਿਆਂ ਨਾਲ ਆਪਣੀ ਸਾਖ਼ ਨੂੰ ਹੋਰ ਮਜ਼ਬੂਤ ਕੀਤਾ ਹੈ। ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਬੀ. ਏ. ਪੰਜਵਾਂ ਸਮੈਸਟਰ (ਦਸੰਬਰ 2025) ਦੇ ਨਤੀਜਿਆਂ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨਵੇਂ ਕੀਰਤੀਮਾਨ ਸਥਾਪਤ ਕੀਤੇ ਹਨ।ਨਤੀਜਿਆਂ ਅਨੁਸਾਰ ਸਨੇਹਾ ਗਰਗ ਪੁੱਤਰੀ ਸੁਭਾਸ਼ ਗਰਗ ਨੇ 457 ਅੰਕ (91.40 ਫ਼ੀਸਦੀ) ਪ੍ਰਾਪਤ ਕਰਕੇ ਨਾ ਸਿਰਫ਼ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ, ਸਗੋਂ ਜ਼ਿਲ੍ਹੇ ਵਿੱਚੋਂ ਵੀ ਟਾਪ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ।ਇਸੇ ਤਰ੍ਹਾਂ ਦਿਲਪ੍ਰੀਤ ਕੌਰ ਪੁੱਤਰੀ ਸਰਵਿੰਦਰ ਸਿੰਘ ਤੇ ਰਮਨਦੀਪ ਕੌਰ ਪੁੱਤਰੀ ਕੁਲਦੀਪ ਸਿੰਘ ਨੇ 429 ਅੰਕ (85.80 ਫ਼ੀਸਦੀ) ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਦੂਜਾ, ਜਦਕਿ ਜਸਪ੍ਰੀਤ ਕੌਰ ਪੁੱਤਰੀ ਸੁਖਵਿੰਦਰ ਸਿੰਘ ਨੇ 428 ਅੰਕ (85.60 ਫ਼ੀਸਦੀ) ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥਣਾਂ ਦੀ ਇਸ ਵੱਡੀ ਸਫ਼ਲਤਾ ਨਾਲ ਕਾਲਜ ਪ੍ਰਬੰਧਨ, ਸਟਾਫ ਤੇ ਮਾਪਿਆਂ ਵਿੱਚ ਖੁਸ਼ੀ ਦਾ ਮਾਹੌਲ ਹੈ।ਇਸ ਮੌਕੇ ਸੰਸਥਾ ਦੇ ਚੇਅਰਮੈਨ ਜਤਿੰਦਰ ਸਿੰਘ ਸੋਢੀ ਤੇ ਮੈਨੇਜਿੰਗ ਡਾਇਰੈਕਟਰ ਰਾਜ ਸੋਢੀ ਨੇ ਸਫ਼ਲ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਤੇ ਸਮੂਹ ਸਟਾਫ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਗੁਣਵੱਤਾ-ਭਰਪੂਰ ਸਿੱਖਿਆ ਦੇ ਕੇ ਉਨ੍ਹਾਂ ਨੂੰ ਹਰ ਖੇਤਰ ਵਿੱਚ ਸਫ਼ਲ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਯਤਨ ਜਾਰੀ ਰਹਿਣਗੇ।ਇਸ ਮੌਕੇ ਕਾਲਜ ਸਟਾਫ ਵੱਲੋਂ ਵਿਦਿਆਰਥਣਾਂ ਨੂੰ ਵਧਾਈ ਦੇਣ ਲਈ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ, ਜਿਸ ਵਿੱਚ ਅਸਿਸਟੈਂਟ ਪ੍ਰੋਫੈਸਰ ਬਲਜੀਤ ਪਾਲ ਸਿੰਘ, ਅਰਵਿੰਦਰ ਸਿੰਗਲਾ, ਗੁਰਦੀਪ ਸਿੰਘ, ਜਸਪਾਲ ਕੌਰ, ਰਕਸ਼ਾ ਰਾਣੀ, ਸਿੰਬਲਪਾਲ, ਰੇਖਾ ਰਾਣੀ, ਸ਼ਵਿਤੀ ਬਾਂਸਲ, ਹਰਪ੍ਰੀਤ ਕੌਰ ਤੇ ਆਸ਼ੂ ਸਿੰਗਲਾ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਅਸ਼ੋਕ ਭੰਡਾਰੀ ਨੂੰ ਪ੍ਰੇਰਨਾਦਾਇਕ ਬੁਲਾਰੇ ਵਜੋਂ ਸੂਬਾ ਪੱਧਰੀ ਸਨਮਾਨ




ਧੂਰੀ (ਸੁਖਦੇਵ ਧੂਰੀ)-ਧੂਰੀ ਦੇ ਮਸ਼ਹੂਰ ਸਮਾਜ ਸੇਵੀ ਅਸ਼ੋਕ ਭੰਡਾਰੀ ਨੂੰ ਦੋਰਾਹਾ ਵਿਖੇ ਹੋਏ ਐਕਸੀਲੈਂਸ ਲੀਡਰਸ਼ਿਪ ਐਵਾਰਡ ਸ਼ੋਅ ਦੌਰਾਨ ਮੋਟੀਵੇਸ਼ਨਲ ਬੁਲਾਰੇ ਵਜੋਂ ਸੂਬਾ ਪੱਧਰੀ ਸਨਮਾਨ ਨਾਲ ਨਿਵਾਜਿਆ ਗਿਆ ਹੈ।ਮੀਡੀਆ ਸੈਂਟਰ ਸਹਿਯੋਗ ਵੈੱਲਫੇਅਰ ਸੋਸਾਇਟੀ ਦੋਰਾਹਾ ਵੱਲੋਂ ਸਵਾਭਿਮਾਨ ਸੀਜ਼ਨ-7 ਦੇ ਬੈਨਰ ਹੇਠ ਕਰਵਾਏ ਸ਼ਾਨਦਾਰ ਸਮਾਗਮ ਦੌਰਾਨ ਇਹ ਸਨਮਾਨ ਅਸ਼ੋਕ ਭੰਡਾਰੀ ਨੂੰ ਧੂਰੀ ਦੀ ਜੰਮਪਲ ਵਿਸ਼ਵ ਪ੍ਰਸਿੱਧ ਅਭਿਨੇਤਰੀ ਸੁਨੀਤਾ ਧੀਰ ਨੇ ਆਪਣੇ ਹੱਥੀਂ ਪ੍ਰਦਾਨ ਕੀਤਾ।ਇਸ ਮੌਕੇ ਸੰਸਥਾ ਦੀ ਸੰਸਥਾਪਕ ਭਾਵਨਾ ਚਾਵਲਾ ਤੇ ਦਿਵਿਆਂਸ਼ ਚਾਵਲਾ, ਰਾਸ਼ੀ ਹੇਮਰਾਜ ਅਗਰਵਾਲ ਤੇ ਸਿੰਮੀ ਚੋਪੜਾ ਵੀ ਮੌਜੂਦ ਸਨ।ਵਰਨਣਯੋਗ ਹੈ ਕਿ ਅਸ਼ੋਕ ਭੰਡਾਰੀ ਵਿਉਪਾਰ ਮੰਡਲ ਤੇ ਰੀਟੇਲ ਕਰਿਆਨਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਵਜੋਂ ਸ਼ਾਨਦਾਰ ਕਾਰਜ ਕਰਦੇ ਆ ਰਹੇ ਹਨ। ਅਸ਼ੋਕ ਭੰਡਾਰੀ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਇਲਾਕੇ ਭਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਤੇ ਅਨੇਕਾਂ ਸ਼ਖ਼ਸੀਅਤਾਂ, ਜਿਨ੍ਹਾਂ ਵਿੱਚ ਏ ਪੀ ਸੌਲਵੈਕਸ ਦੇ ਸੀ ਐੱਮ ਡੀ ਡਾ. ਏ ਆਰ ਸ਼ਰਮਾ, ਉੱਘੇ ਉਦਯੋਗਪਤੀ ਮੱਖਣ ਗਰਗ, ਵਿਉਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ, ਪੰਜਾਬ ਰੀਟੇਲ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਮੋਦ ਗੁਪਤਾ, ਦਰਸ਼ਨ ਕੁਮਾਰ ਦਰਸ਼ੀ, ਐਡਵੋਕੇਟ ਰਾਜ ਕੁਮਾਰ ਸਿੰਗਲਾ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਪਵਨ ਹਰਚੰਦਪੁਰੀ, ਗੁਲਜ਼ਾਰ ਸਿੰਘ ਸ਼ੌਂਕੀ, ਸੁਰਿੰਦਰ ਸ਼ਰਮਾ ਨਾਗਰਾ, ਮੂਲ ਚੰਦ ਸ਼ਰਮਾ, ਸੰਤ ਸਿੰਘ, ਲੈਕਚਰਾਰ ਅਸ਼ਵਨੀ ਕੁਮਾਰ, ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ, ਜਰਨਲਿਜ਼ਮ ਐਸੋਸੀਏਸ਼ਨ ਦੇ ਪ੍ਰਧਾਨ ਧਾਂਦਰਾ ਤੇ ਪੱਤਰਕਾਰਾਂ ਨੇ ਭੰਡਾਰੀ ਨੂੰ ਮੁਬਾਰਕਾਂ ਭੇਟ ਕੀਤੀਆਂ।ਇਸੇ ਦੌਰਾਨ ਖੱਤਰੀ ਸਭਾ ਖੰਨਾ ਦੇ ਸੀਨੀਅਰ ਆਗੂ ਮਨੋਹਰ ਲਾਲ ਵਿੱਜ ਨੇ ਅਸ਼ੋਕ ਭੰਡਾਰੀ ਦੀ ਪ੍ਰਾਪਤੀ 'ਤੇ ਉਹਨਾਂ ਨੂੰ ਅਸ਼ੀਰਵਾਦ ਦਿੰਦੇ ਹੋਏ ਹੋਰ ਕਾਮਯਾਬ ਹੋਣ ਦੀ ਪ੍ਰੇਰਨਾ ਦਿੱਤੀ।

## ਸਾਬਕਾ ਸਰਪੰਚ ਨੂੰ ਅਵਾਰਾ ਕੁੱਤਿਆਂ ਨੇ ਨੋਚ-ਨੋਚ ਖਾਧਾ



ਚੌਂਕੀਮਾਨ (ਇੰਜੀ. ਬਲਬੀਰ ਸਿੰਘ ਮਾਨ)-ਪੰਜਾਬ ਸਰਕਾਰ ਦੁਆਰਾ ਭਾਵੇਂ ਆਵਾਰਾ ਖੂੰਖਾਰ ਕੁੱਤਿਆਂ ਨੂੰ ਕਾਬੂ ਕਰਨ ਲਈ ਮੁਹਿੰਮ ਸ਼ੁਰੂ ਕੀਤੀ ਹੋਈ ਹੈ, ਪ੍ਰੰਤੂ ਆਏ ਦਿਨ ਇਨ੍ਹਾਂ ਮਾਸ ਖਾਣੇ ਕੁੱਤਿਆਂ ਦੀ ਭੇਟ ਕੋਈ ਰਾਹਗੀਰ, ਮਾਸੂਮ ਜਾਂ ਨਿਆਸਰੇ ਲੋਕ ਇਨ੍ਹਾਂ ਹੱਡਾ ਰੋੜੀ ਦੇ ਕੁੱਤਿਆਂ ਦਾ ਖਾਈਆ ਬਣ ਜਾਂਦੇ ਹਨ। ਬੀਤੇ ਦਿਨੀਂ ਇੱਕ ਪ੍ਰਵਾਸੀ ਮਜ਼ਦੂਰ ਦੀ ਮੌਤ ਦਾ ਖੌਫ ਅਜੇ ਲੋਕਾਂ ਦੇ ਮਨਾਂ ਵਿੱਚ ਵਸਿਆ ਹੋਇਆ ਸੀ ਤਾਂ ਅਚਾਨਕ ਬੀਤੀ ਰਾਤ ਪਿੰਡ ਪੱਬੀਆਂ (ਲੁਧਿਆਣਾ) ਦੇ ਸਾਬਕਾ ਸਰਪੰਚ ਜਗਦੀਸ਼ ਸਿੰਘ ਨੂੰ ਟਿਊਬਵੈੱਲ 'ਤੇ ਪਿਆਂ ਨੂੰ ਆਪਣਾ ਸ਼ਿਕਾਰ ਬਣਾ ਲਿਆ।ਮੌਕੇ ਦੀ ਜਾਣਕਾਰੀ ਅਨੁਸਾਰ ਜਗਦੀਸ਼ ਸਿੰਘ ਆਪਣੀ ਮੋਟਰ 'ਤੇ ਸੁੱਤਾ ਹੋਇਆ ਸੀ।ਕਰੀਬ ਅੱਧੀ ਰਾਤ ਨੂੰ ਜਦੋਂ ਉਹ ਬਾਥਰੂਮ ਕਰਨ ਲਈ ਉੱਠਿਆ ਤਾਂ ਅਵਾਰਾ ਕੁੱਤਿਆਂ ਦੇ ਝੁੰਡ ਨੇ ਨਿਹੱਥੇ ਸਾਬਕਾ ਸਰਪੰਚ ਜਗਦੀਸ਼ ਸਿੰਘ ਪੱਬੀਆਂ 'ਤੇ ਹਮਲਾ ਕਰਕੇ ਮੌਤ ਦੇ ਘਾਟ ਉਤਾਰ ਕੇ ਨੋਚ ਨੋਚ ਖਾ ਲਿਆ।ਇਸ ਮੰਦਭਾਗੀ ਘਟਨਾ ਦਾ ਉਸ ਵੇਲੇ ਪਤਾ ਲੱਗਿਆ ਜਦੋਂ ਗੁਆਂਢੀ ਮੋਟਰ 'ਤੇ ਰਹਿੰਦੇ ਪ੍ਰਵਾਸੀ ਨੇ ਵੇਖ ਕੇ ਪਰਵਾਰ ਵਾਲਿਆਂ ਨੂੰ ਸੂਚਿਤ ਕੀਤਾ।ਇਲਾਕੇ ਦੇ ਲੋਕਾਂ ਦੀ ਮੰਗ ਹੈ ਕਿ ਇਨ੍ਹਾਂ ਅਵਾਰਾ ਕੁੱਤਿਆਂ ਦੁਆਰਾ ਮਨੁੱਖੀ ਹਮਲਿਆਂ ਵਿੱਚ ਹੋ ਰਹੇ ਵਾਧਿਆਂ ਨੂੰ ਰੋਕ ਕੇ ਪ੍ਰਸ਼ਾਸਨ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਵੇ।

## ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਬੀ ਏ ਭਾਗ-ਤੀਜਾ ਦਾ ਨਤੀਜਾ ਸੌ ਫੀਸਦੀ ਰਿਹਾ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)- ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ (ਬਠਿੰਡਾ) ਦਾ ਬੀ. ਏ ਭਾਗ-ਤੀਜਾ (ਸਮੈਸਟਰ ਪੰਜਵਾਂ) ਦਾ ਨਤੀਜਾ ਸੌ ਫੀਸਦੀ ਰਿਹਾ। ਇਸ ਨਤੀਜੇ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਗੁਰਬੀਨ ਕੌਰ (84%) ਪੁੱਤਰੀ ਗੁਰਤੇਜ ਸਿੰਘ ਵਾਸੀ ਭੁੱਚੋ ਕਲਾਂ ਨੇ ਪਹਿਲਾ, ਕਰਨਪ੍ਰੀਤ ਕੌਰ (83.4%) ਪੁੱਤਰੀ ਸੁਖਪਾਲ ਸਿੰਘ ਵਾਸੀ ਸਿਧਾਣਾ ਨੇ ਦੂਜਾ ਅਤੇ ਜਗਦੀਪ ਕੌਰ (80.8%) ਪੁੱਤਰੀ ਅਮਰੀਕ ਖਾਨ ਵਾਸੀ ਕੋਟੜਾ ਕੋੜਾ ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਾਰੇ ਹੀ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਅਤੇ ਐਡਮਨਿਸਟ੍ਰੇਟਿਵ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਡਿਗਰੀ ਕਾਲਜ ਦੇ ਪ੍ਰਿੰਸੀਪਲ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵੱਧ ਤੋਂ ਵੱਧ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰੋ. ਮੋਨਿਕਾ ਗਰਗ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਰਵਿੰਦਰ ਕੌਰ, ਪ੍ਰੋ. ਸਿਮਰਜੀਤ ਕੌਰ, ਪ੍ਰੋ. ਸਰਬਜੀਤ ਕੌਰ, ਪ੍ਰੋ. ਰੁਚੀਕਾ, ਪ੍ਰੋ. ਅਨਮੋਲ ਕੌਰ, ਪ੍ਰੋ. ਅਰਸ਼ਦੀਪ ਕੌਰ, ਪ੍ਰੋ. ਲਖਵੀਰ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਕੁਲਦੀਪ ਸਿੰਘ ਅਤੇ ਪ੍ਰੋ. ਜਸਕਰਨ ਸਿੰਘ ਸਮੇਤ ਸਮੂਹ ਸਟਾਫ਼ ਮੈਂਬਰ ਮੌਜੂਦ ਸਨ।

# ਸਟੀਫਨ ਇੰਟਰਨੈਸ਼ਨਲ ਸਕੂਲ 'ਚ ਇਨਵੈਸਟਿਚਰ ਸਮਾਰੋਹ 2026-27 ਦਾ ਆਯੋਜਨ





ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) ਸਟੀਫਨ ਇੰਟਰਨੈਸ਼ਨਲ ਸਕੂਲ, ਸੰਗਰੂਰ ਵਿੱਚ ਅਕਾਦਮਿਕ ਸੈਸ਼ਨ 2026-27 ਲਈ ਇਨਵੈਸਟਿਚਰ ਸਮਾਰੋਹ ਬੜੀ ਸ਼ਾਨੋ-ਸ਼ੌਕਤ ਮਨਾਇਆ ਗਿਆ।ਇਸ ਮੌਕੇ ਨਵ-ਚੁਣੇ ਸਟੂਡੈਂਟ ਕੈਬਿਨੇਟ ਨੂੰ ਅਹੁਦੇ ਤੇ ਜ਼ਿੰਮੇਵਾਰੀਆਂ ਦੀ ਸਹੁੰ ਚੁਕਾਈ ਗਈ ਤੇ ਉਨ੍ਹਾਂ ਨੂੰ ਬੈਜ ਲਾ ਕੇ ਅਧਿਕਾਰਕ ਤੌਰ 'ਤੇ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਸਮਾਰੋਹ ਵਿੱਚ ਸਕੂਲ ਦੇ ਚੇਅਰਮੈਨ ਸ਼੍ਰੀ ਦੀਪਕ ਗੁਪਤਾ ਅਤੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਨੇ ਨਵ-ਚੁਣੇ ਵਿਦਿਆਰਥੀ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਇਮਾਨਦਾਰੀ, ਅਨੁਸ਼ਾਸਨ, ਸਮਰਪਣ ਤੇ ਸੇਵਾ ਦੀ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਅਤੇ ਸਕੂਲ ਦੇ ਉੱਚ ਆਦਰਸ਼ਾਂ ਨੂੰ ਅੱਗੇ ਵਧਾਉਣ।ਹੈੱਡ ਬੁਆਏ ਆਰਵ ਗੁਪਤਾ ਤੇ ਹੈੱਡ ਗਰਲ ਰਵਨੀਤ ਸਿੱਧੂ ਨੇ ਆਪਣੇ ਅਹੁਦਿਆਂ ਦੀ ਸਹੁੰ ਚੁੱਕੀ।ਇਸ ਤੋਂ ਇਲਾਵਾ ਵਾਈਸ ਹੈੱਡ ਬੌਏ, ਵਾਈਸ ਹੈੱਡ ਗਰਲ, ਸਪੋਰਟਸ ਕੈਪਟਨ, ਵਾਈਸ ਸਪੋਰਟਸ ਕੈਪਟਨ, ਸਾਰੇ ਹਾਊਸ ਕੈਪਟਨ, ਵਾਈਸ ਕੈਪਟਨ ਤੇ ਹੋਰ ਕੈਬਿਨੇਟ ਮੈਂਬਰਾਂ ਨੂੰ ਵੀ ਬੈਜ ਲਗਾ ਕੇ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਆਪਣੇ ਸੰਬੋਧਨ ਦੌਰਾਨ ਚੇਅਰਮੈਨ ਸ਼੍ਰੀ ਦੀਪਕ ਗੁਪਤਾ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ, ਨੇਤ੍ਰਿਤਵ ਦੇ ਗੁਣ ਅਪਣਾਉਣ ਅਤੇ ਆਪਣੇ ਚੰਗੇ ਕੰਮਾਂ ਰਾਹੀਂ ਹੋਰਨਾਂ ਲਈ ਪ੍ਰੇਰਣਾ ਬਣਨ ਦਾ ਸੰਦੇਸ਼ ਦਿੱਤਾ।ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਕਿਹਾ ਕਿ ਅਸਲ ਨੇਤ੍ਰਿਤਵ ਅਹੁਦੇ ਨਾਲ ਨਹੀਂ, ਸਗੋਂ ਸੇਵਾ, ਅਨੁਸ਼ਾਸਨ, ਇਮਾਨਦਾਰੀ ਅਤੇ ਸਮਰਪਣ ਨਾਲ ਸਾਬਤ ਹੁੰਦਾ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀ ਆਗੂਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਨਿਸ਼ਠਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

## ਨਰਿੰਦਰ ਮੋਦੀ ਦੀ ਆਮਦ 'ਤੇ ਸਫਾਈ ਮੁਹਿੰਮ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 17 ਜੁਲਾਈ ਦੀ ਪੰਜਾਬ ਫੇਰੀ ਨੂੰ ਸਰਹਿੰਦ ਸੂਬੇ ਦੀ ਭਾਜਪਾ ਜਥੇਬੰਦੀ ਵੱਲੋਂ 15 ਤੇ 16 ਜੁਲਾਈ ਨੂੰ ਸੂਬੇ 'ਚ ਸਫਾਈ ਮੁਹਿੰਮ ਚਲਾਈ ਜਾ ਰਹੀ ਹੈ। ਲੋਕ ਸਭਾ ਹਲਕਾ ਬਠਿੰਡਾ ਦੇ ਕੁਆਰਡੀਨੇਟਰ ਪਰਮਪਾਲ ਕੌਰ ਸਿੱਧੂ ਦੀ ਅਗਵਾਈ 'ਚ ਬਠਿੰਡਾ, ਮਾਨਸਾ, ਸਰਦੂਲਗੜ੍ਹ ਆਦਿ ਹਲਕਿਆਂ 'ਚ ਭਾਜਪਾ ਦੇ ਸੀਨੀਅਰ ਆਗੂਆਂ ਅਤੇ ਵਰਕਰਾਂ ਨੇ ਸਫਾਈ ਅਭਿਆਨ ਵਿੱਚ ਹਿੱਸਾ ਲਿਆ। [illegible]

## ਰੁੱਖ ਲਗਾਉਣਾ ਸਮੇਂ ਦੀ ਮੁੱਖ ਲੋੜ : ਮੌੜੀਗੱਡ



ਭੀਖੀ (ਧਰਮਵੀਰ ਸ਼ਰਮਾ)-ਦਿਨੋ-ਦਿਨ ਵੱਧ ਰਹੇ ਵਾਤਾਵਰਨ ਪ੍ਰਦੂਸ਼ਣ ਅਤੇ ਦਰੱਖਤਾਂ ਦੀ ਲਗਾਤਾਰ ਹੋ ਰਹੀ ਕਟਾਈ ਨੂੰ ਦੇਖਦੇ ਹੋਏ ਹਰ ਇਨਸਾਨ ਨੂੰ ਆਪਣੀ ਜ਼ਿੰਦਗੀ ਵਿੱਚ ਘੱਟੋ-ਘੱਟ ਇੱਕ ਬੂਟਾ ਲਗਾ ਕੇ ਉਸ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਇਹ ਵਿਚਾਰ ਸਮਾਜ ਸੇਵੀ ਸੁਰਿੰਦਰ ਗਰਗ ਮੌੜੀਗੱਡ ਨੇ ਇੱਕ ਮਿਲਣੀ ਦੌਰਾਨ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਰੁੱਖ ਲਗਾਉਣਾ ਸਿਰਫ਼ ਇੱਕ ਸਮਾਜਿਕ ਜ਼ਿੰਮੇਵਾਰੀ ਹੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਪ੍ਰਤੀ ਸਾਡਾ ਫ਼ਰਜ਼ ਵੀ ਹੈ। ਜੇਕਰ ਅਸੀਂ ਹੁਣ ਤੋਂ ਹੀ ਵਾਤਾਵਰਨ ਦੀ ਸੰਭਾਲ ਲਈ ਯਤਨ ਨਹੀਂ ਕਰਾਂਗੇ ਤਾਂ ਆਉਣ ਵਾਲੇ ਸਮੇਂ ਵਿੱਚ ਪ੍ਰਦੂਸ਼ਣ ਅਤੇ ਵੱਧਦੇ ਤਾਪਮਾਨ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ। ਸੁਰਿੰਦਰ ਗਰਗ ਨੇ ਕਿਹਾ ਕਿ ਹਰ ਖੁਸ਼ੀ ਦੇ ਮੌਕੇ ਚਾਹੇ ਜਨਮ ਦਿਨ ਹੋਵੇ, ਵਿਆਹ, ਵਰ੍ਹੇ ਗੰਢ ਜਾਂ ਕੋਈ ਹੋਰ ਸਮਾਗਮ, ਦੀ ਸ਼ੁਰੂਆਤ ਇੱਕ ਬੂਟਾ ਲਗਾ ਕੇ ਕਰਨੀ ਚਾਹੀਦੀ ਹੈ। ਇਸ ਮੌਕੇ ਉਨਾਂ ਨਾਲ ਰਣਵੀਰ ਸੀਰਾ, ਮਾਸਟਰ ਸੁਖਪਾਲ ਸਿੰਘ, ਜਰਨੈਲ ਸਿੰਘ, ਸੁਰਿੰਦਰ ਸਿੰਘ ਟੀਟਾ, ਮਾਸਟਰ ਜੁਗਰਾਜ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

## ਮੰਦਰ ਦੀ ਕਾਰ ਸੇਵਾ 'ਚ ਬਰੇਤੀ ਦਾ ਭਰਿਆ ਟਰਾਲਾ ਦਿੱਤਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਹਲਕਾ ਰਾਮਪੁਰਾ ਫੂਲ ਦੇ ਪਿੰਡ ਸੇਲਬਰਾਹ ਵਿਖੇ ਉਸਾਰੀ ਅਧੀਨ ਸ਼ੀਤਲਾ ਮਾਈ ਮੰਦਰ ਦੇ ਲਈ ਕਾਰ ਸੇਵਾ ਵਿੱਚ ਵੱਡਾ ਯੋਗਦਾਨ ਪਾਉਂਦਿਆਂ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਅਤੇ ਹਲਕਾ ਰਾਮਪੁਰਾ ਫੂਲ ਦੇ ਹਰਮਨ ਪਿਆਰੇ ਨੇਤਾ ਇੰਦਰਜੀਤ ਸਿੰਘ ਮਾਨ ਨੇ ਇੱਕ ਘੋੜਾ ਟਰਾਲਾ ਬਰੇਤੀ ਦਾ ਭਰਿਆ ਹੋਇਆ ਭੇਂਟ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਕਮੇਟੀ ਦੇ ਆਗੂਆਂ ਨੇ ਦੱਸਿਆ ਉਹ ਚੇਅਰਮੈਨ ਇੰਦਰਜੀਤ ਸਿੰਘ ਮਾਨ ਕੋਲ ਮੰਦਰ ਦੀ ਕਾਰ ਸੇਵਾ ਲਈ ਗਏ ਤਾਂ ਉਨ੍ਹਾਂ ਨੇ ਤੁਰੰਤ ਇੱਕ ਟਰਾਲਾ ਬਰੇਤੀ ਦਾ ਭਰਿਆ ਹੋਇਆ ਭੇਟ ਕਰ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੰਦਰ ਪ੍ਰਬੰਧਕ ਕਮੇਟੀ ਦੇ ਬਲਵਿੰਦਰ ਸਿੰਘ ਸਪੁੱਤਰ ਗੁਰਦੇਵ ਸਿੰਘ ਵਾਇਸ ਪ੍ਰਧਾਨ,ਐਡਵੋਕੇਟ ਬਲਕਰਨ ਸਿੰਘ ਸੰਧੂ ਸਪੁੱਤਰ ਜਿਉਣਾ ਸਿੰਘ,ਗੁਰਦੀਪ ਸਿੰਘ ਸਪੁੱਤਰ ਬਿੱਕਰ ਸਿੰਘ, ਖਜ਼ਾਨਚੀ ਰਸਵੀਰ ਸਿੰਘ ਸਪੁੱਤਰ ਰੂਪ ਸਿੰਘ,ਕੁਲਵਿੰਦਰ ਕੁਮਾਰ ਸਪੁੱਤਰ ਬਾਬੂ ਰਾਮ,ਮਲਕੀਤ ਸਿੰਘ ਸਪੁੱਤਰ ਨਛੱਤਰ ਸਿੰਘ,ਸੁਖਪਿਆਰ ਸਿੰਘ ਸਪੁੱਤਰ ਜਗਰਾਜ ਸਿੰਘ,ਸੁਖਪਿਆਰ ਸਿੰਘ ਸਪੁੱਤਰ ਜਗਰਾਜ ਸਿੰਘ,ਸੁਖਪਾਲ ਸਿੰਘ ਸਪੁੱਤਰ ਸ਼ਿੰਦਰ ਸਿੰਘ,ਸੁਖਮੰਦਰ ਸਿੰਘ ਸਪੁੱਤਰ ਜਲੌਰ ਸਿੰਘ,ਭਗਵਾਨ ਸਿੰਘ ਸਪੁੱਤਰ ਢੱਲਾ ਸਿੰਘ,ਕਰਮਜੀਤ ਸਪੁੱਤਰ ਫਕੀਰ ਚੰਦ, ਲਖਵੀਰ ਸਿੰਘ, ਹਰਦੀਪ ਸਿੰਘ, ਗਗਨ ਅਤੇ ਭੋਲਾ ਸਿੰਘ ਆਦਿ ਹਾਜ਼ਰ ਸਨ।

## ਵਾਤਾਵਰਨ ਦੀ ਸੰਭਾਲ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ : ਐਡਵੋਕੇਟ ਵੈਹਣੀਵਾਲ




ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)- ਕੋਰਟ ਕੰਪਲੈਕਸ ਨੂੰ ਹੋਰ ਵਧੇਰੇ ਸੁੰਦਰ, ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਐਡਵੋਕੇਟ ਨਵਜੋਤ ਸਿੰਘ ਵੈਹਣੀਵਾਲ ਵੱਲੋਂ ਇੱਕ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਕੰਪਲੈਕਸ ਵਿੱਚ ਵੱਖ-ਵੱਖ ਕਿਸਮਾਂ ਦੇ ਬਹੁਤ ਹੀ ਸੁੰਦਰ ਗਮਲਿਆਂ ਵਿੱਚ ਸਜਾਵਟੀ ਅਤੇ ਛਾਂਦਾਰ ਬੂਟੇ ਲਗਾਏ ਗਏ। ਐਡਵੋਕੇਟ ਵੈਹਣੀਵਾਲ ਦੇ ਇਸ ਉਪਰਾਲੇ ਦੀ ਬਾਰ ਦੇ ਮੈਂਬਰਾਂ ਅਤੇ ਕੋਰਟ ਕੰਪਲੈਕਸ ਵਿੱਚ ਆਉਣ ਵਾਲੇ ਆਮ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਡਵੋਕੇਟ ਨਵਜੋਤ ਸਿੰਘ ਵੈਹਣੀਵਾਲ ਨੇ ਆਖਿਆ ਕਿ ਵਾਤਾਵਰਣ ਦੀ ਸੰਭਾਲ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਅਤੇ ਨੈਤਿਕ ਜ਼ਿੰਮੇਵਾਰੀ ਹੈ।ਰੁੱਖ-ਬੂਟੇ ਨਾ ਸਿਰਫ਼ ਵਾਤਾਵਰਣ ਨੂੰ ਸ਼ੁੱਧ ਰੱਖਦੇ ਹਨ, ਸਗੋਂ ਸਾਡੇ ਆਲੇ-ਦੁਆਲੇ ਦੇ ਮਾਹੌਲ ਨੂੰ ਵੀ ਸੁੰਦਰ ਅਤੇ ਸਿਹਤਮੰਦ ਬਣਾਉਂਦੇ ਹਨ।ਇਸ ਮੌਕੇ ਫੋਟੋ ਸਟੇਟ ਮੇਕਰ ਅਸ਼ੋਕ ਕੁਮਾਰ ਸਹਿਗਲ ਨੇ ਐਡਵੋਕੇਟ ਵੈਹਣੀਵਾਲ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਇਨ੍ਹਾਂ ਬੂਟਿਆਂ ਦੀ ਨਿਯਮਿਤ ਤੌਰ 'ਤੇ ਦੇਖਭਾਲ ਅਤੇ ਸੰਭਾਲ ਕੀਤੀ ਜਾਵੇਗੀ।

## ਵਾਤਾਵਰਣ ਦੀ ਸਾਂਭ-ਸੰਭਾਲ ਲਈ ਵਿਦਿਆਰਥੀਆਂ ਨੂੰ ਵੰਡੇ ਪੌਦੇ




ਮਾਨਸਾ (ਆਤਮਾ ਸਿੰਘ ਪਮਾਰ)-ਭਾਈ ਬਹਿਲੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਮੁੰਡੇ), ਫਫੜੇ ਭਾਈ ਕੇ ਵਿਖੇ ਵਾਤਾਵਰਣ ਸੰਭਾਲ ਅਤੇ ਹਰਿਆਵਲ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਵਿਦਿਆਰਥੀਆਂ ਨੂੰ ਪੌਦੇ ਵੰਡੇ ਗਏ।ਇਸ ਮੌਕੇ ਪ੍ਰਿੰਸੀਪਲ ਕੁਲਦੀਪ ਸਿੰਘ ਚਹਿਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰੁੱਖ ਧਰਤੀ ਦੇ ਫੇਫੜੇ ਹਨ। ਜੰਨੇ ਵੱਧ ਰੁੱਖ ਹੋਣਗੇ, ਉੱਨੀ ਹੀ ਸ਼ੁੱਧ ਹਵਾ, ਸਾਫ਼ ਵਾਤਾਵਰਣ ਅਤੇ ਸਿਹਤਮੰਦ ਜੀਵਨ ਸੰਭਵ ਹੋਵੇਗਾ।ਚਹਿਲ ਨੇ ਕਿਹਾ ਕਿ ਅੱਜ ਗਲੋਬਲ ਵਾਰਮਿੰਗ, ਪ੍ਰਦੂਸ਼ਣ ਅਤੇ ਜਲਵਾਯੂ ਪਰਿਵਰਤਨ ਵਰਗੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਰੁੱਖ ਲਗਾਉਣਾ ਸਮੇਂ ਦੀ ਅਣਸਰਦੀ ਲੋੜ ਹੈ।ਹਰ ਵਿਦਿਆਰਥੀ ਨੂੰ ਕੇਵਲ ਪੌਦਾ ਲਗਾਉਣਾ ਹੀ ਨਹੀਂ ਚਾਹੀਦਾ, ਸਗੋਂ ਉਸ ਦੀ ਸਾਂਭ ਸੰਭਾਲ ਕਰਕੇ ਉਸ ਨੂੰ ਰੁੱਖ ਬਣਾਉਣ ਦੀ ਜ਼ਿੰਮੇਵਾਰੀ ਵੀ ਨਿਭਾਉਣੀ ਚਾਹੀਦੀ ਹੈ।ਇਸ ਮੌਕੇ ਵਿਦਿਆਰਥੀਆਂ ਨੇ ਵਾਤਾਵਰਣ ਦੀ ਰੱਖਿਆ ਲਈ ਵੱਧ ਤੋਂ ਵੱਧ ਪੌਦੇ ਲਗਾਉਣ, ਉਨ੍ਹਾਂ ਦੀ ਨਿਯਮਿਤ ਦੇਖ ਭਾਲ ਕਰਨ ਅਤੇ ਹੋਰਨਾਂ ਨੂੰ ਵੀ ਇਸ ਮੁਹਿੰਮ ਨਾਲ ਜੋੜਨ ਦਾ ਅਹਿਦ ਕੀਤਾ।

## ਪੱਪੂ ਪ੍ਰਧਾਨ ਤੇ ਗੁਰਮੀਤ ਸਿੰਘ ਮੀਤਾ ਨੇ ਸਕੂਲ ਨੂੰ ਵਾਟਰ ਕੂਲ਼ਰ ਦਿੱਤਾ



ਭਗਤਾ ਭਾਈ ਕਾ (ਰਾਜੀਵ ਗੋਇਲ)- ਸਥਾਨਕ ਸ਼ਹਿਰ ਨਾਲ ਸੰਬੰਧਤ ਸਵਰਗਵਾਸੀ ਸਰਪੰਚ ਬਾਲ ਮੁਕੰਦ ਕੇਸਰਵਾਲੀਆ ਦੇ ਸਪੁੱਤਰ ਵਿਜੇ ਕੁਮਾਰ ਪੱਪੂ ਪ੍ਰਧਾਨ ਅਤੇ ਸਵ.ਗੁਰਦਿਆਲ ਸਿੰਘ ਦੇ ਸਪੁੱਤਰ ਮਨਜੀਤ ਸਿੰਘ ਮੀਤਾ ਵੱਲੋਂ ਆਪਣੇ ਜਨਮ ਦਿਨ ਨੂੰ ਖਾਸ ਤੌਰ 'ਤੇ ਮਨਾਉਦਿਆਂ ਭਗਤਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੂੰ ਠੰਡੇ ਪਾਣੀ ਦੀ ਸਹੂਲਤ ਦੇਣ ਲਈ ਨਵਾਂ ਵਾਟਰ ਕੂਲਰ ਭੇਂਟ ਕੀਤਾ ਗਿਆ ਹੈ। ਵਿਜੈ ਕੁਮਾਰ ਪੱਪੂ (ਪ੍ਰਧਾਨ ਆੜਤੀਆ ਯੂਨੀਅਨ) ਅਤੇ ਮਨਜੀਤ ਸਿੰਘ ਦੋਹੇਂ ਦੋਸਤ ਹਨ ਅਤੇ ਇਤਫਾਕ ਦੋਹਾਂ ਦੇ ਜਨਮ ਦਿਨ ਦੀ ਮਿਤੀ ਵੀ 15 ਜੁਲਾਈ ਇੱਕ ਹੀ ਹੈ ਅਤੇ ਦੋਹਾਂ ਵੱਲੋਂ ਫੈਸਲਾ ਕੀਤਾ ਗਿਆ ਕਿ ਉਹ ਆਪਣੇ ਜਨਮ ਦਿਨ ਨੂੰ ਵੱਖਰੇ ਢੰਗ ਨਾਲ ਮਨਾਉਣਗੇ। ਜਿਥੇ ਸਕੂਲ ਸਟਾਫ ਵੱਲੋਂ ਦੋਹਾਂ ਹੀ ਦਾਨੀ ਸੱਜਣਾਂ ਦਾ ਵਾਟਰ ਕੂਲਰ ਦਾਨ ਕਰਨ 'ਤੇ ਧੰਨਵਾਦ ਕੀਤਾ ਗਿਆ,ਉੱਥੇ ਹੀ ਸਮੂਹ ਸਟਾਫ ਵੱਲੋਂ ਦੋਨਾਂ ਦਾ ਜਨਮ ਦਿਨ ਕੇਕ ਕੱਟ ਕੇ ਸਕੂਲ ਵਿਖੇ ਹੀ ਮਨਾਇਆ ਗਿਆ ਅਤੇ ਵਧਾਈ ਦਿੱਤੀ ਗਈ। ਇਸ ਮੌਕੇ ਉਹਨਾਂ ਨਾਲ ਪ੍ਰਸਿੱਧ ਗਾਇਕ ਹਰਭਜਨ ਮਾਨ ਦੇ ਮਾਮੇ ਦੇ ਬੇਟੇ ਜਸਵੀਰ ਸਿੰਘ ਵੀ ਵਿਸ਼ੇਸ ਤੌਰ 'ਤੇ ਪਹੁੰਚੇ ਹੋਏ ਸਨ, ਇਸ ਮੌਕੇ ਸਕੂਲ ਦੇ ਅਡੀਸ਼ਨਲ ਪ੍ਰਿੰਸੀਪਲ ਸੁਨੀਤਾ ਰਾਣੀ ਸਮੇਤ ਸਮੂਹ ਸਕੂਲ ਸਟਾਫ ਹਾਜ਼ਿਰ ਸੀ।

## ਕਲੇਰ ਨੇ ਪਾਰਟੀ ਪ੍ਰਧਾਨ ਨਾਲ ਕੀਤੀ ਮੁਲਾਕਾਤ



ਜਗਰਾਉਂ (ਨਛੱਤਰ ਸੰਧੂ)-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਤੇ ਹਲਕਾ ਜਗਰਾਉਂ ਦੇ ਇੰਚਾਰਜ ਐੱਸ. ਆਰ. ਕਲੇਰ ਨੇ ਪਿੰਡ ਬਾਦਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੌਕੇ ਹਲਕਾ ਜਗਰਾਉਂ ਦੀ ਮੌਜੂਦਾ ਸਿਆਸੀ ਸਥਿਤੀ, ਪਾਰਟੀ ਦੇ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ, ਵਰਕਰਾਂ ਨਾਲ ਤਾਲਮੇਲ ਵਧਾਉਣ ਤੇ ਆਉਣ ਵਾਲੀਆਂ ਸਿਆਸੀ ਗਤੀਵਿਧੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਪਾਰਟੀ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੇ ਹਲਕਾ ਜਗਰਾਉਂ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।ਐੱਸ. ਆਰ. ਕਲੇਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਵਿਚਾਰਧਾਰਾ ਤੇ ਲੋਕਾਂ ਦੇ ਭਰੋਸੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਲਕੇ ਦੇ ਹਰ ਪਿੰਡ ਤੇ ਹਰ ਬੂਥ ਪੱਧਰ 'ਤੇ ਵਰਕਰਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ ਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

# ਸੰਯੁਕਤ ਕਿਸਾਨ ਮੋਰਚੇ ਵੱਲੋਂ 22 ਜੁਲਾਈ ਨੂੰ ਟੋਲ ਪਲਾਜ਼ੇ ਟੋਲ ਮੁਕਤ ਕਰਨ ਦਾ ਫੈਸਲਾ

ਧਾਰੀਵਾਲ, (ਮਨਦੀਪ ਵਿੱਕੀ)- ਸੰਯੁਕਤ ਕਿਸਾਨ ਮੋਰਚੇ ਦੀ ਇੱਕ ਭਰਵੀਂ ਮੀਟਿੰਗ ਸਾਥੀ ਰਘਬੀਰ ਸਿੰਘ ਚਾਹਲ (ਜਮਹੂਰੀ ਕਿਸਾਨ ਸਭਾ) ਦੀ ਪ੍ਰਧਾਨਗੀ ਹੇਠ ਸ਼ਹੀਦ ਬਲਜੀਤ ਸਿੰਘ ਫੱਜਲਾਬਾਦ ਭਵਨ ਗੁਰਦਾਸਪੁਰ ਵਿਖੇ ਹੋਈ। ਮੀਟਿੰਗ ਨੂੰ ਮੱਖਣ ਸਿੰਘ ਕੁਹਾੜ, ਸਤਬੀਰ ਸਿੰਘ ਸੁਲਤਾਨੀ, ਲਖਵਿੰਦਰ ਸਿੰਘ ਮੰਜਿਆਂਵਾਲੀ, ਗੁਲਜਾਰ ਸਿੰਘ ਬਸੰਤ ਕੋਟ, ਗੁਰਵਿੰਦਰ ਸਿੰਘ ਜੀਵਨ ਚੱਕ, ਰਾਜ ਗੁਰਵਿੰਦਰ ਸਿੰਘ ਲਾਡੀ, ਅਸ਼ਵਨੀ ਕੁਮਾਰ ਲਖਣ ਕਲਾਂ, ਬਲਬੀਰ ਸਿੰਘ ਬੈਂਸ, ਸੁਰਿੰਦਰ ਸਿੰਘ ਕੋਠੇ, ਕੈਪਟਨ ਤਰਸੇਮ ਸਿੰਘ ,ਅਜੀਤ ਸਿੰਘ ਹੁੰਦਲ, ਬਚਨ ਸਿੰਘ ਭੰਬੋਈ ,ਮੰਗਤ ਸਿੰਘ ਜੀਵਨਚੱਕ, ਸੁਖਵਿੰਦਰ ਸਿੰਘ ਮੱਲੀ ,ਬਲਬੀਰ ਸਿੰਘ ਕਤੋਵਾਲ ਆਦਿ ਆਗੂਆਂ ਨੇ ਸੰਬੋਧਨ ਕੀਤਾ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਮੱਖਣ ਕੁਹਾੜ ਨੇ ਦੱਸਿਆ ਕਿ ਮੀਟਿੰਗ ਦੌਰਾਨ ਬੁਲਾਰਿਆਂ ਨੇ ਮੋਦੀ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਸਮਝੌਤੇ ਦਾ ਸਖ਼ਤ ਵਿਰੋਧ ਕੀਤਾ ਅਤੇ ਘੱਟੋ ਘੱਟ ਖੇਤੀ ਸੈਕਟਰ ਨੂੰ ਇਸ ਤੋਂ ਬਾਹਰ ਰੱਖਣ ਦੀ ਮੰਗ ਕੀਤੀ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਇਸ ਦੇ ਵਿਰੋਧ ਵਿੱਚ 22 ਜੁਲਾਈ ਨੂੰ ਸ਼ਾਖ ਲਾੜੀ ਅਤੇ ਕੱਥੂ ਨੰਗਲ ਦੇ ਟੋਲ ਪਲਾਜਿਆਂ ਨੂੰ ਟੋਲ ਮੁਕਤ ਕਰਨ ਲਈ ਕਿਸਾਨ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ। ਮੀਟਿੰਗ ਵਿੱਚ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਅਗਰ ਲੈਂਡ ਪੂਲਿੰਗ ਨੀਤੀ ਵਾਪਸ ਨਾ ਲਈ ਤਾਂ ਇਸ ਦੇ ਖਤਰਨਾਕ ਨਤੀਜੇ ਮਾਨ ਸਰਕਾਰ ਨੂੰ ਭੁਗਤਣੇ ਪੈਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਬੀਰ ਸਿੰਘ ਉਦੋਚਕ, ਪ੍ਰਸ਼ਨ ਸਿੰਘ ਪੰਧੇਰ, ਬਲਬੀਰ ਸਿੰਘ ਮਾੜੇ, ਰਣਜੀਤ ਸਿੰਘ ਰਾਣਾ ਘਰਾਲਾ, ਬਰਿੰਦਰ ਸਿੰਘ ਸੇਨਾ ਘਰਾਲਾ, ਪਲਵਿੰਦਰ ਸਿੰਘ ਘਰਾਲਾ, ਪਲਵਿੰਦਰ ਸਿੰਘ, ਹਰਚਰਨ ਸਿੰਘ ਔਜਲਾ, ਅਤੇ ਗੁਰਦੀਪ ਸਿੰਘ ਆਦਿ ਹਾਜ਼ਰ ਸਨ।



## ਲੋਕਾਂ ਦਾ ਵਿਸ਼ਵਾਸ ਹੀ ਮੇਰੀ ਵੱਡੀ ਤਾਕਤ -ਬਲਬੀਰ ਸਿੰਘ ਪੰਨੂਫਤਹਿਗੜ੍ਹ ਚੂੜੀਆਂ

(ਜਸਦੇਵ ਸਿੰਘ ਮਾਨ)-ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਖੋਦੇ ਬਾਂਗਰ ਵਿਖੇ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਇਲਾਕਾ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਸਬੰਧਿਤ ਮਾਮਲਿਆਂ ਦੇ ਜਲਦ ਹੱਲ ਲਈ ਪੂਰਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਲੋਕਾਂ ਦਾ ਵਿਸ਼ਵਾਸ ਹੀ ਮੇਰੀ ਸਭ ਤੋਂ ਵੱਡੀ ਤਾਕਤ ਹੈ ਅਤੇ ਹਰ ਨਾਗਰਿਕ ਦੀ ਸਮੱਸਿਆ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣਾ ਮੇਰੀ ਪਹਿਲ ਹੈ । ਇਸ ਮੌਕੇ ਸਰਪੰਚ ਸੁਖਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਅਵਤਾਰ ਸਿੰਘ ਸੂਬੇਦਾਰ,ਚਰਨ ਸਿੰਘ ਫੌਜੀ, ਕਰਮ ਸਿੰਘ, ਰਣਜੋਤ ਸਿੰਘ, ਕੇਵਲ ਸਿੰਘ, ਜਰਨੈਲ ਸਿੰਘ, ਅੰਗਰੇਜ਼ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਹਰਪ੍ਰੀਤ ਕੌਰ ਡੀਪੂ ਹੋਲਡਰ , ਗੁਰਬਾਜ ਸਿੰਘ, ਦੀਵਾਨ ਸਿੰਘ ਅਤੇ ਪਿੰਡ ਦੀਆਂ ਹੋਰ ਮੋਹਤਬਰ ਸ਼ਖ਼ਸੀਅਤਾਂ ਵੀ ਹਾਜ਼ਰ ਰਹੀਆਂ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਰੋਜ਼ਗਾਰ ਕੈਂਪ ਅੱਜ

ਗੁਰਦਾਸਪੁਰ/ਬਟਾਲਾ (ਜਨਕ ਮਹਾਜਨ/ਤਰਲੋਕ ਬੱਗਾ/ਡਾ.ਮਲਵਿੰਦਰ ਸਿੰਘ)- ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਜ), ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ 17 ਜੁਲਾਈ ਨੂੰ ਇਕ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਡੀ.ਸੀ ਦਫਤਰ ਕੰਪਲੈਕਸ ਗੁਰਦਾਸਪੁਰ ਵਿਚ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 2:30 ਵਜੇ ਤੱਕ ਲੱਗੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨਰੇਸ਼ ਕੁਮਾਰ ਜ਼ਿਲ੍ਹਾ ਰੋਜ਼ਗਾਰ ਅਫਸਰ ਨੇ ਦੱਸਿਆ ਕਿ ਇਸ ਕੈਂਪ ਵਿਚ ਮਾਰੂਤੀ ਸੁਜ਼ੂਕੀ ਪ੍ਰਾਈਵੇਟ ਲਿਮਟਿਡ ਅਤੇ ਇੰਡਸਇੰਡ ਬੈਂਕ ਦੇ ਕਰਮਚਾਰੀਆਂ ਵਲੋਂ ਕੰਪਿਊਟਰ ਆਪਰੇਟਰ, ਸੈਲਜ਼ਮੈਨ ਅਤੇ ਰਿਲੇਸ਼ਨਸ਼ਿਪ ਮੈਨੇਜਰ ਦੀਆਂ ਆਸਾਮੀਆਂ ਵਾਸਤੇ ਮੌਕੇ 'ਤੇ ਇੰਟਰਵਿਊ ਕੀਤੀ ਜਾਵੇਗੀ। ਇੰਟਰਵਿਊ ਪਾਸ ਕਰਨ ਵਾਲੇ ਪ੍ਰਾਰਥੀਆਂ ਨੂੰ ਸਿਲੈਕਸ਼ਨ ਹੋਣ ਉਪਰੰਤ ਵਧੀਆ ਤਨਖਾਹ ਦਿੱਤੀ ਜਾਵੇਗੀ। ਅਸਾਮੀਆਂ ਲਈ ਅਪਲਾਈ ਕਰਨ ਲਈ ਘੱਟੋ-ਘੱਟ ਯੋਗਤਾ ਬਾਰ੍ਹਵੀਂ ਪਾਸ ਹੈ। ਇਸ ਸੰਬੰਧੀ ਜ਼ਿਲ੍ਹਾ ਰੋਜ਼ਗਾਰ ਅਫਸਰ ਗੁਰਦਾਸਪੁਰ ਨੇ ਨੌਜਵਾਨਾਂ ਨੂੰ ਆਪਣੇ ਸਾਰੇ ਅਸਲੀ ਦਸਤਾਵੇਜ਼ (ਸਰਟੀਫਿਕੇਟ, ਆਧਾਰ ਕਾਰਡ, ਰੈਜ਼ਿਊਮ ਆਦਿ) ਨਾਲ ਲੈ ਕੇ ਸਮੇਂ-ਸਿਰ ਦਫਤਰ ਪਹੁੰਚਣ ਅਪੀਲ ਕੀਤੀ ਹੈ।

# ਖੰਡ ਮਿੱਲ ਮੋਰਚੇ ਦੇ 57 ਵੇਂ ਦਿਨ 22 ਜੁਲਾਈ ਦੇ ਐਕਸ਼ਨ ਨੂੰ ਸਫਲ ਕਰਨ ਦਾ ਅਹਿਦ



ਤਰਨ ਤਾਰਨ (ਨ ਜ਼ ਸ) - ਸੇਰੋਂ ਖੰਡ ਮਿੱਲ ਮੁੜ ਚਾਲੂ ਕਰਨ ਅਤੇ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੇ ਖਿਲਾਫ਼ ਸਯੁੰਕਤ ਕਿਸਾਨ ਮੋਰਚੇ ਵਲੋਂ ਲਗਾਏ ਪੱਕੇ ਮੋਰਚੇ ਦੇ 57 ਵੇਂ ਦਿਨ ਵੀਰਵਾਰ ਨੂੰ ਕਿਸਾਨ ਜਥੇਬੰਦੀਆਂ ਦੇ ਆਗੂਆਂ ਹਰਜਿੰਦਰ ਸਿੰਘ ਟਾਂਡਾ , ਮਨਜੀਤ ਸਿੰਘ ਬੱਗੂ , ਤਰਸੇਮ ਸਿੰਘ ਲੁਹਾਰ , ਡਾ . ਇੰਦਰਜੀਤ ਸਿੰਘ ਮਰਹਾਣਾ, ਗੁਰਪ੍ਰੀਤ ਸਿੰਘ ਗੰਡੀਵਿੰਡ , ਰੇਸ਼ਮ ਸਿੰਘ ਫੈਲੋਕੇ ਆਦਿ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਸਿਰੇ ਦੇ ਘੁਮੰਡੀ ਹਾਕਮ ਹਨ । ਜਿੰਨ੍ਹਾਂ ਦਾ ਘੁਮੰਡ ਤੋੜਣ ਲਈ ਸਯੁੰਕਤ ਕਿਸਾਨ ਮੋਰਚਾ ਤਿੱਖੇ ਸੰਘਰਸ਼ਾਂ ਦੀ ਲਾਮਬੰਦੀ ਕਰੇਗਾ । ਕਿਸਾਨ ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਅਮਰੀਕਾ ਦੇ ਦਬਾਅ ਹੇਠ ਕੀਤੇ ਮੁਕਤ ਵਪਾਰ ਸਮਝੌਤੇ ਵਿਰੁੱਧ ਜੋਰਦਾਰ ਨਾਅਰੇਬਾਜ਼ੀ ਕਰਦੇ ਹੋਏ 22 ਜੁਲਾਈ ਦੇ ਐਕਸ਼ਨ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਯੁੰਕਤ ਕਿਸਾਨ ਮੋਰਚੇ ਦੀਆਂ ਸਾਰੀਆਂ ਧਿਰਾਂ ਨੂੰ ਸਥਾਨਕ ਜਿਲ੍ਹੇ ਅਧੀਨ ਪੈਂਦੇ ਤਿੰਨੇ ਟੋਲ ਪਲਾਜ਼ੇ ਸੇਰੋਂ , ਮੰਨਣ , ਭੱਗੂਪੁਰ ਦੁਪਿਹਰ 12 ਵਜੇ ਤੋਂ 3 ਵਜੇ ਤੱਕ ਟੋਲ ਮੁਕਤ ਕਰਨ ਅਤੇ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਪ੍ਰਧਾਨ ਦੀ ਰਹਾਇਸ਼ 'ਤੇ ਰੋਸ ਧਰਨਾ ਦੇਣ ਲਈ ਵਹੀਰਾਂ ਘੱਤ ਕੇ ਪਹੁੰਚਣ ਲਈ ਜੋਰਦਾਰ ਤਿਆਰੀਆਂ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਕਿਸਾਨ ਆਗੂਆਂ ਚਰਨ ਸਿੰਘ ਬੇਗਮਪੁਰਾ ,ਪਾਲ ਸਿੰਘ ਬੇਗਮਪੁਰਾ ,ਬਖਸੀਸ ਸਿੰਘ ਬੇਗਮਪੁਰਾ , ਨਿਰੰਜਣ ਸਿੰਘ ਕੋਟ ਮੁਹੰਮਦ ਖਾਂ , ਮਹੀਪਾਲ ਸਿੰਘ ਠੱਠੀਆਂ ਮਹੰਤਾਂ ਆਦਿ ਨੇ ਸਰਕਾਰਾਂ ਨੂੰ ਲੋਕ ਮਾਰੂ ਨੀਤੀਆਂ ਤੁਰੰਤ ਬੰਦ ਕਰਨ ਲਈ ਲਲਕਾਰਿਆ ਅਤੇ 22 ਜੁਲਾਈ ਦੇ ਐਕਸ਼ਨ ਨੂੰ ਕਾਮਯਾਬ ਕਰਨ ਦਾ ਅਹਿਦ ਲਿਆ ।

# ਬਿਜਲੀ ਮਹਿਕਮੇ ਦੀ ਮਿਲੀਭੁਗਤ ਨਾਲ ਬਿਜਲੀ ਚੋਰੀ ਦਾ ਦੋਸ਼

ਬਿਆਸ (ਸੁਰਜੀਤ ਸਿੰਘ) - ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਬਾਬਾ ਬਕਾਲਾ ਸਾਹਿਬ ਦੇ ਮੁਲਾਜ਼ਮਾਂ ਦੀ ਮਿਲੀ ਭੁਗਤ ਨਾਲ ਲੰਮੇ ਸਮੇਂ ਤੋਂ ਬਿਜਲੀ ਚੋਰੀ ਹੋਣ ਦੇ ਦੋਸ਼ ਲਗਦੇ ਰਹੇ ਹਨ। ਲੋਕਾਂ ਦਾ ਦੋਸ਼ ਹੈ ਕਿ ਰਾਜਪੁਰ (ਬੁਤਾਲਾ) ਦੀ ਪੰਚਾਇਤੀ ਜ਼ਮੀਨ 'ਤੇ ਨਜਾਇਜ਼ ਤੌਰ 'ਤੇ ਬੈਠੇ ਝੁੱਗੀਆਂ ਵਾਲੇ ਸ਼ਰੇਆਮ ਦਿਨ ਦਿਹਾੜੇ ਟਰਾਂਸਫਾਰਮਰ ਤੋਂ ਸਿੱਧੀਆਂ ਕੁੰਡੀਆਂ ਲਗਾ ਕੇ ਬਿਜਲੀ ਚੋਰੀ ਕਰ ਰਹੇ ਹਨ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਸ ਚੋਰੀ ਸਬੰਧੀ ਕਈ ਵਾਰ ਬਾਬਾ ਬਕਾਲਾ ਸਾਹਿਬ ਬਿਜਲੀ ਦਫਤਰ ਜਾਣਕਾਰੀ ਦਿੱਤੀ ਹੈ ਪਰ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ। ਜਦੋਂ ਇਸ ਸਬੰਧੀ ਸਬੰਧਿਤ ਉਪ ਮੰਡਲ ਅਫ਼ਸਰ ਬਾਬਾ ਬਕਾਲਾ ਸਾਹਿਬ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਨੇ ਆਪਣਾ ਪੱਲਾ ਝਾੜਦਿਆਂ ਕਿਹਾ ਕਿ ਇਹ ਮਾਮਲਾ ਅਜੇ ਤੱਕ ਉਨ੍ਹਾਂ ਦੇ ਧਿਆਨ ਵਿੱਚ ਨਹੀਂ ਹੈ। ਉਹਨਾਂ ਭਰੋਸਾ ਦਿੱਤਾ ਕਿ ਉਹ ਤੁਰੰਤ ਬੁਤਾਲਾ ਦੇ ਜੇ.ਈ. ਨੂੰ ਮੌਕੇ 'ਤੇ ਜਾਂਚ ਕਰਨ ਦੇ ਨਿਰਦੇਸ਼ ਜਾਰੀ ਕਰ ਰਹੇ ਹਨ ਅਤੇ ਰਿਪੋਰਟ ਆਉਣ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

# 268 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਕਾਬੂ

ਧਾਰੀਵਾਲ (ਮਨਦੀਪ ਵਿੱਕੀ) - ਥਾਣਾ ਧਾਰੀਵਾਲ ਦੀ ਪੁਲਿਸ ਨੇ ਹੈਰੋਇਨ ਸਮੇਤ ਮੋਟਰਸਾਈਕਲ ਸਵਾਰ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਸਬ ਇੰਸਪੈਕਟਰ ਰਛਪਾਲ ਸਿੰਘ ਨੇ ਪੁਲਿਸ ਪਾਰਟੀ ਸਮੇਤ ਬਾਈਪਾਸ ਪੁਲ ਜਫ਼ਰਵਾਲ ਧਾਰੀਵਾਲ ਦੇ ਨਜ਼ਦੀਕ ਮੋਟਰਸਾਈਕਲ ਸਵਾਰ ਇੱਕ ਵਿਅਕਤੀ ਨੂੰ ਰੋਕ ਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 268 ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ ਨੇ ਪੁੱਛਗਿੱਛ ਦੌਰਾਨ ਦਿਲਬਾਗ ਸਿੰਘ ਉਰਫ ਲੱਕੀ ਪੁੱਤਰ ਅਜੀਤ ਸਿੰਘ ਵਾਸੀ ਪੁਰੇਵਾਲ ਜੱਟਾਂ ਵਜੋਂ ਆਪਣੀ ਪਹਿਚਾਣ ਦੱਸੀ।ਪੁਲਿਸ ਨੇ ਮੁਲਜ਼ਮ ਦਿਲਬਾਗ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਸ ਵਿਰੁੱਧ ਕੇਸ ਦਰਜ ਕਰ ਲਿਆ।

# ਜਮਹੂਰੀ ਕਿਸਾਨ ਸਭਾ ਪੰਜਾਬ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ 'ਚ ਕਿਸਾਨੀ ਮੁੱਦਿਆਂ 'ਤੇ ਚਰਚਾ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਜਮਹੂਰੀ ਕਿਸਾਨ ਸਭਾ ਪੰਜਾਬ ਦੀ ਮਹੱਤਵਪੂਰਨ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ 'ਤੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਕਿਸਾਨਾਂ ਦੇ ਮੁੱਦਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ।ਮੀਟਿੰਗ ਦੌਰਾਨ ਕਈ ਅਹਿਮ ਫੈਸਲੇ ਲਏ ਗਏ, ਜਿਨ੍ਹਾਂ ਦੀ ਜਾਣਕਾਰੀ ਜ਼ਿਲ੍ਹਾ ਸਕੱਤਰ ਦਲਜੀਤ ਸਿੰਘ ਦਿਆਲਪੁਰ ਨੇ ਪ੍ਰੈਸ ਨੂੰ ਜਾਰੀ ਕੀਤੀ।ਉਹਨਾਂ ਦੱਸਿਆ ਕਿ ਸਹਿਕਾਰੀ ਖੰਡ ਮਿੱਲ ਸੇਰੋਂ ਨੂੰ ਚਾਲੂ ਕਰਨ ਦਾ ਮਤਾ ਪਾਸ ਕੀਤਾ ਗਿਆ ਅਤੇ ਮੰਗ ਕੀਤੀ ਗਈ ਕਿ ਸਹਿਕਾਰੀ ਖੰਡ ਮਿੱਲ ਸੇਰੋਂ ਨੂੰ ਜਲਦ ਤੋਂ ਜਲਦ ਚਾਲੂ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਆਪਣੀ ਉਪਜ ਦਾ ਸਹੀ ਮੁੱਲ ਮਿਲ ਸਕੇ। ਵਪਾਰ ਮੁਕਤ ਸਮਝੌਤਿਆਂ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਅਮਰੀਕਾ ਸਮੇਤ ਸਾਰੇ ਸਾਮਰਾਜੀ ਮੁਲਕਾਂ ਨਾਲ ਕੀਤੇ ਗਏ ਵਪਾਰ ਸਮਝੌਤਿਆਂ ਨੂੰ ਤੁਰੰਤ ਰੱਦ ਕੀਤਾ ਜਾਵੇ। ਦਿਆਲਪੁਰਾ ਨੇ ਦੱਸਿਆ ਕਿ 22 ਜੁਲਾਈ ਦੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਟੋਲ ਪਲਾਜ਼ਾ ਮੁਫ਼ਤ ਕਰਨ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ । ਇਸ ਮੌਕੇ ਰੇਸ਼ਮ ਸਿੰਘ ਫੈਲੋਕੇ, ਗੁਰਿੰਦਰ ਸਿੰਘ ਬਾਠ, ਦਿਲਬਾਗ ਸਿੰਘ ਕਾਹਲਵਾ, ਜੰਗ ਬਹਾਦਰ ਸਿੰਘ ਤੁੜ, ਹਰਭਜਨ ਸਿੰਘ ਪੱਟੀ, ਹਰਦੀਪ ਸਿੰਘ ਰਸੂਲਪੁਰ, ਕੇਵਲ ਸਿੰਘ ਮਾੜੀ ਕੰਬੋਕੇ, ਕੁਲਦੀਪ ਸਿੰਘ ਮਾਣੋਚਾਹਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਯੂਨੀਅਨਾਂ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚਾ ਵੱਲੋਂ ਮੰਗਾਂ ਸੰਬੰਧੀ ਧਰਨਾ 22 ਨੂੰ

ਪਠਾਨਕੋਟ (ਦਵਿੰਦਰ ਸਿੰਘ)- ਵੀਰਵਾਰ ਨੂੰ ਸੰਯੁਕਤ ਕਿਸਾਨ ਮੋਰਚਾ ਪਠਾਨਕੋਟ ਦੀ ਮੀਟਿੰਗ ਬਾਰਠ ਸਾਹਿਬ ਵਿਖੇ ਹੋਈ ਜਿਸ ਵਿੱਚ ਜਮਹੂਰੀ ਕਿਸਾਨ ਸਭਾ ਵੱਲੋਂ ਬਲਵੰਤ ਘੋਹ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ, ਬੀ ਕੇ ਯੂ ਰਾਜੇਵਾਲ ਵੱਲੋਂ ਕੇਵਲ ਸਿੰਘ ਕੰਗ, ਕਿਰਤੀ ਕਿਸਾਨ ਯੂਨੀਅਨ ਵੱਲੋਂ ਗੁਰਮੀਤ ਸਿੰਘ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਵੱਲੋਂ ਮੱਸਾ ਸਿੰਘ, ਦੁਆਬਾ ਕਿਸਾਨ ਸੰਘਰਸ਼ ਕਮੇਟੀ ਵੱਲੋਂ ਮਿਹਰ ਸਿੰਘ, ਬੀ ਕੇ ਯੂ ਉਗਰਾਹਾਂ ਵੱਲੋਂ ਰਣਬੀਰ ਸਿੰਘ ਨੇ ਸ਼ਿਰਕਤ ਕੀਤੀ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਮੁਕਤ ਵਪਾਰ ਸਮਝੌਤਾ ਅਤੇ ਕਿਸਾਨ ਵਿਰੋਧੀ ਕਨੂੰਨਾਂ ਨੂੰ ਰੱਦ ਕਰਵਾਉਣ ਲਈ ਟੋਲ ਪਲਾਜਾ ਰਸ਼ਪਾਲਾਂ ਤੇ 22 ਜੁਲਾਈ ਨੂੰ ਸਵੇਰੇ 11:00 ਵਜੇ ਤੋਂ 3 ਵਜੇ ਤੱਕ ਧਰਨਾ ਦਿੱਤਾ ਜਾਵੇਗਾ ਅਤੇ ਟੋਲ ਪਲਾਜ਼ਾ ਮੁਫ਼ਤ ਕੀਤਾ ਜਾਵੇਗਾ। ਮੰਗਾਂ ਬਾਰੇ ਗੱਲ ਕਰਦਿਆਂ ਉਹਨਾਂ ਕਿਹਾ ਕਿ ਅਮਰੀਕਾ ਭਾਰਤ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ ਕਿਉਂਕਿ ਇਹ ਸੰਧੀ ਲੋਕ ਅਤੇ ਕਿਸਾਨਾਂ ਦੇ ਹਿੱਤਾਂ ਦੇ ਵਿਰੁੱਧ ਹੈ। ਇਸ ਮੌਕੇ ਵੱਖ ਵੱਖ ਜੱਥੇਬੰਦੀਆਂ ਦੇ ਆਗੂ ਪਰਸ਼ੋਤਮ ਕੁਮਾਰ,ਤਰਲੋਕ ਸਿੰਘ, ਇਕਬਾਲ ਸਿੰਘ, ਸੂਰਤ ਸਿੰਘ,ਕੁਲਬੀਰ ਸਿੰਘ, ਗੁਰਬਚਨ ਸਿੰਘ, ਸੋਮ ਰਾਜ, ਰਣਬੀਰ ਸਿੰਘ, ਗੁਰਦੀਪ ਸਿੰਘ ਲੋਧਵਰ, ਹਰਬੰਸ ਲਾਲ ਭੋਆ ਆਦਿ ਹਾਜ਼ਰ ਸਨ।




# ਡਿੱਪੂ ਯੂਨੀਅਨ ਨੇ ਮੁੱਖ ਮੰਤਰੀ ਦੇ ਨਾਂਅ ਭੇਜਿਆ ਮੰਗ ਪੱਤਰ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ, ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਸੁਰਜੀਤ ਸਿੰਘ ਮੰਗੀ ਅਤੇ ਮਦਨ ਲਾਲ ਪਿੰਟੂ ਧੂਰੀ ਨੇ ਗੁਰਦਾਸਪੁਰ ਨੇ ਡਿੱਪੂ ਹੋਲਡਰ ਐਸੋਸੀਏਸ਼ਨ ਗੁਰਦਾਸਪੁਰ ਦੀ ਅਗਵਾਈ ਕਰਦਿਆਂ ਡਿੱਪੂ ਹੋਲਡਰਾਂ ਦੀਆਂ ਮੰਗਾਂ ਸਬੰਧੀ ਜਿਲਾ ਕੰਟਰੋਲਰ ਖੁਰਾਕ ਸਿਵਲ ਸਪਲਾਈਜ਼ ਅਤੇ ਖਤਕਾਰ ਮਾਮਲੇ ਗੁਰਦਾਸਪੁਰ ਅਮਨਜੀਤ ਸਿੰਘ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਸੌਂਪਿਆ। ਇਸ ਮੌਕੇ ਉਨ੍ਹਾਂ ਨਾਲ ਡਿੱਪੂ ਹੋਲਡਰ ਯੂਨੀਅਨ ਗੁਰਦਾਸਪੁਰ ਦੇ ਪ੍ਰਧਾਨ ਮੋਹਨ ਲਾਲ ਭਾਗੋਕਾਵਾਂ ਤੋਂ ਇਲਾਵਾ ਹੋਰ ਯੂਨੀਅਨ ਦੇ ਆਗੂ ਹਾਜ਼ਰ ਸਨ। ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਮੰਗ ਪੱਤਰ ਦੇਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਪੰਜਾਬ ਦੇ ਡਿੱਪੂ ਹੋਲਡਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਹਰ ਜ਼ਿਲ੍ਹੇ ਵਿਚ ਜਾ ਕੇ ਅਫ਼ਸਰਾਂ ਨੂੰ ਮਿਲ ਕੇ ਮੁਸ਼ਕਲਾਂ ਦਾ ਹੱਲ ਕਰਵਾ ਰਹੇ ਹਨ। ਉਨ੍ਹਾਂ ਕਿਹਾ ਡਿੱਪੂ ਹੋਲਡਰਾਂ ਦੀ ਬਣਦੀ ਕਮਿਸ਼ਨ ਉਨ੍ਹਾਂ ਦੇ ਖ਼ਾਤਿਆਂ ਵਿਚ ਪਾਈ ਜਾਵੇ, ਨਵੇਂ ਡਿੱਪੂ ਪਿੰਡਾਂ ਵਿਚ ਨਾ ਦਿੱਤੇ ਜਾਣ, ਢੋਆ ਢੁਆਈ ਦੇ ਪੈਸੇ ਖ਼ਾਤਿਆਂ ਵਿਚ ਪਾਏ ਜਾਣ ਤੋਂ ਇਲਾਵਾ ਹੋਰ ਮੰਗਾਂ ਇਸ ਵਿਚ ਸ਼ਾਮਿਲ ਹਨ। ਸੁਖਵਿੰਦਰ ਸਿੰਘ ਕਾਂਝਲ ਨੇ ਦੱਸਿਆ ਕਿ ਉਹ ਪੰਜਾਬ ਦੇ ਡਿੱਪੂ ਹੋਲਡਰ ਦੀਆਂ ਸਮੱਸਿਆਵਾਂ ਲਈ ਚੰਡੀਗੜ੍ਹ ਮਹਿਕਮੇ ਦੇ ਡਾਇਰੈਕਟਰ ਨੂੰ ਮਿਲੇ ਸਨ ਪਰ ਅਜੇ ਤੀਕ ਉਨ੍ਹਾਂ ਦਾ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੇ ਮੁੱਖ ਮੰਤਰੀ ਨਾਲ ਮਿਲ ਕੇ ਸਮੱਸਿਆਵਾਂ ਦਾ ਹੱਲ ਕਰਵਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਗੁਰਦਾਸਪੁਰ ਨੇ ਵੀ ਉਨ੍ਹਾਂ ਨੂੰ ਯਕੀਨ ਦਿਵਾਇਆ ਹੈ ਕਿ ਯੂਨੀਅਨ ਦੇ ਅਧੂਰੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ ਜਿਸ ਨਾਲ ਡਿੱਪੂ ਹੋਲਡਰਾਂ ਨੂੰ ਕੋਈ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਉਨ੍ਹਾਂ ਨਾਲ ਗੁਰਦਾਸਪੁਰ ਸ਼ਹਿਰ ਅਤੇ ਦਿਹਾਤੀ ਖੇਤਰ ਦੇ ਡਿੱਪੂ ਹੋਲਡਰ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ) - ਪੰਜਾਬ ਦੇ ਹਰ ਲੋੜਵੰਦ ਪਰਿਵਾਰ ਤੱਕ ਸੰਤੁਲਿਤ ਅਤੇ ਪੌਸ਼ਟਿਕ ਆਹਾਰ ਪਹੁੰਚਾਉਣ ਲਈ ਮਾਨ ਸਰਕਾਰ ਲਗਾਤਾਰ ਯਤਨਸ਼ੀਲ ਹੈ। ਇਸੇ ਉਪਰਾਲੇ ਤਹਿਤ 'ਮੇਰੀ ਰਸੋਈ' ਯੋਜਨਾ ਅਧੀਨ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਕੋਟ ਮਜਲਿਸ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਬਲਦੇਵ ਸਿੰਘ, ਹਰਪਾਲ ਸਿੰਘ,ਕੁਲਵਿੰਦਰ ਸਿੰਘ,ਅਜਮੇਰ ਸਿੰਘ,ਕਵਲਜੀਤ ਸਿੰਘ,ਸੁਖਜੀਤ ਸਿੰਘ,ਹਰਦੇਵ ਸਿੰਘ,ਬਿਅੰਤ ਸਿੰਘ,ਹਰਭਜਨ ਸਿੰਘ,ਸੁਖਵਿੰਦਰ ਸਿੰਘ,ਬਲਵਿੰਦਰ ਸਿੰਘ,ਰਸ਼ਪਾਲ ਸਿੰਘ,ਸਵਿੰਦਰ ਸਿੰਘ,ਹਰਜਿੰਦਰ ਸਿੰਘ,ਨਵਜੋਤ ਸਿੰਘ,ਜਸਪ੍ਰੀਤ ਸਿੰਘ ਸਮੇਤ ਪਿੰਡ ਦੇ ਹੋਰ ਮੋਹਤਬਰ ਵਿਅਕਤੀ ਵੀ ਹਾਜ਼ਰ ਰਹੇ।

# ਪਹਿਲੀ ਨੂੰ ਫਿਰ ਹੋਵੇਗੀ ਟੁੱਣ-ਟੂੰ : ਹਰਭਜਨ ਸਿੰਘ



ਬਿਆਸ (ਪਰਮਜੀਤ ਸਿੰਘ ਰੱਖੜਾ) - ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ 1 ਅਗਸਤ ਨੂੰ ਫਿਰ ਪੰਜਾਬ ਦੀ ਹਰ ਮਾਵਾਂ-ਧੀਆਂ ਦੇ ਖਾਤਿਆਂ ਵਿੱਚ ਰਕਮ ਜਮ੍ਹਾਂ ਹੋਣ ਸਬੰਧੀ ਸੁਨੇਹੇ ਉਨ੍ਹਾਂ ਦੇ ਮੋਬਾਇਲ ਫੋਨਾਂ 'ਤੇ ਪ੍ਰਾਪਤ ਹੋਣਗੇ। ਮਾਵਾਂ-ਧੀਆਂ ਸਤਿਕਾਰ ਯੋਜਨਾ ਬਾਰੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਅਹਿਮ ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੀ 18 ਸਾਲ ਤੋਂ ਵੱਧ ਉਮਰ ਦੀ ਹਰ ਔਰਤ ਨੂੰ 1,000 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ, ਜਦ ਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੋਗ ਲਾਭਪਾਤਰੀਆਂ ਨੂੰ 1 ਜੁਲਾਈ ਤੋਂ ਇਸ ਯੋਜਨਾ ਦਾ ਲਾਭ ਮਿਲਣਾ ਸ਼ੁਰੂ ਹੋ ਚੁੱਕਾ ਹੈ ਅਤੇ ਹੁਣ ਤੱਕ 32 ਲੱਖ ਤੋਂ ਵੱਧ ਔਰਤਾਂ ਇਸ ਸਹੂਲਤ ਦਾ ਲਾਭ ਉਠਾ ਰਹੀਆਂ ਹਨ।

# ਭਰੋਸਿਆਂ ਤੋਂ ਅੱਕੇ ਕਮਿਊਨਿਟੀ ਹੈਲਥ ਅਫ਼ਸਰ ਸੜਕਾਂ 'ਤੇ ਉੱਤਰੇ



ਤਰਨ ਤਾਰਨ (ਪ੍ਰਿਤਪਾਲ ਸਿੰਘ) -ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਭਰੋਸੇ ਦਿੱਤੇ ਜਾਣ ਦੇ ਬਾਵਜੂਦ ਮੰਨੀਆਂ ਹੋਈਆਂ ਮੰਗਾਂ ਸਬੰਧੀ ਨੋਟੀਫਿਕੇਸ਼ਨ ਜਾਰੀ ਨਾ ਕੀਤੇ ਜਾਣ ਦੇ ਵਿਰੋਧ ਵਿੱਚ ਵੀਰਵਾਰ ਨੂੰ ਪੰਜਾਬ ਭਰ ਦੇ ਕਮਿਊਨਿਟੀ ਹੈਲਥ ਅਫ਼ਸਰਾਂ (ਸੀ ਐੱਚ ਓ) ਨੇ ਜ਼ਿਲ੍ਹਾ ਪੱਧਰ 'ਤੇ ਸਿਵਲ ਸਰਜਨ ਦਫ਼ਤਰਾਂ ਅੱਗੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਸਿਹਤ ਸਕੱਤਰ, ਪੰਜਾਬ ਦੇ ਨਾਮ ਮੰਗ-ਪੱਤਰ ਸੌਂਪਦਿਆਂ ਮੰਨੀਆਂ ਹੋਈਆਂ ਮੰਗਾਂ ਦੇ ਨੋਟੀਫਿਕੇਸ਼ਨ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ। ਸੀ ਐੱਚ ਓ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜੈਸਮੀਨ ਕੌਰ, ਜੁਗਰਾਜ ਕੌਰ ਕੰਗ ਨੇ ਕਿਹਾ ਕਿ ਪਿਛਲੇ ਕਈ ਮਹੀਨਿਆਂ ਤੋਂ ਸਿਹਤ ਵਿਭਾਗ ਅਤੇ ਪੰਜਾਬ ਸਰਕਾਰ ਨਾਲ ਹੋਈਆਂ ਵੱਖ-ਵੱਖ ਮੀਟਿੰਗਾਂ ਵਿੱਚ ਉਨ੍ਹਾਂ ਦੀਆਂ ਵਿੱਤੀ ਅਤੇ ਸੇਵਾ ਸਬੰਧੀ ਮੰਗਾਂ 'ਤੇ ਸਕਾਰਾਤਮਕ ਚਰਚਾ ਹੋਈ ਹੈ। ਮੀਟਿੰਗਾਂ ਵਿੱਚ ਮੰਗਾਂ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅੱਜ ਤੱਕ ਕੋਈ ਨੋਟੀਫਿਕੇਸ਼ਨ ਜਾਰੀ ਨਾ ਹੋਣ ਕਾਰਨ ਸਮੂਹ ਸੀ ਐੱਚ ਓ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਮੰਗਾਂ ਸਬੰਧੀ ਨੋਟੀਫਿਕੇਸ਼ਨ ਜਾਰੀ ਨਾ ਕੀਤੇ ਤਾਂ 20 ਜੁਲਾਈ ਨੂੰ ਪੰਜਾਬ ਭਰ ਦੇ ਵਿਧਾਇਕਾਂ, ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਹਲਕਾ ਇੰਚਾਰਜਾਂ ਨੂੰ ਵਿੱਤ ਮੰਤਰੀ ਦੇ ਨਾਮ ਮੰਗ-ਪੱਤਰ ਸੌਂਪੇ ਜਾਣਗੇ। ਇਸ ਤੋਂ ਬਾਅਦ ਵੀ ਜੇਕਰ ਮੰਗਾਂ ਦਾ ਹੱਲ ਨਾ ਹੋਇਆ ਤਾਂ 22 ਜੁਲਾਈ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਨੇੜੇ ਵਿਸ਼ਾਲ ਸੂਬਾ ਪੱਧਰੀ ਰੋਸ ਰੈਲੀ ਕਰਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪ੍ਰਭਜੀਤ ਕੌਰ ਸੁਰਸਿੰਘ, ਰਵਿੰਦਰ ਕੌਰ ਬਾਗੜੀਆਂ, ਜੀਵਨਜੋਤ ਸਿੰਘ ਨੌਰੰਗਾਬਾਦ, ਅਮਰਜੀਤ ਕੌਰ ਖੇਮਕਰਨ, ਮਨਪ੍ਰੀਤ ਕੌਰ ਕਸੇਲ, ਨਵਜੋਤ ਕੌਰ ਸਰਹਾਲੀ, ਦਵਿੰਦਰ ਕੌਰ ਕੈਰੋਂ, ਅਜਮੇਰ ਸਿੰਘ ਮੀਆਂਵਿੰਡ , ਸੁਖਪਾਲ ਕੌਰ ਮੀਆਂਵਿੰਡ, ਮਨਜਿੰਦਰ ਕੌਰ ਘਰਿਆਲਾ ਵੀ ਹਾਜ਼ਰ ਸਨ।

# 'ਆਪ' ਨੇ ਲੋਕਾਂ ਨਾਲ ਕੀਤੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰਕੇ ਇਤਿਹਾਸ ਰਚਿਆ : ਬਰਾੜ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪਨਸਪ ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਲੋਕਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਅਤੇ ਗਰੰਟੀਆਂ ਨੂੰ ਪੂਰਾ ਕਰਕੇ ਇਤਿਹਾਸ ਰਚਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ "ਮਾਵਾਂ-ਧੀਆਂ ਸਤਿਕਾਰ ਯੋਜਨਾ" ਦੀ ਸ਼ੁਰੂਆਤ ਕਰਕੇ ਆਪਣੀ ਆਖਰੀ ਗਰੰਟੀ ਨੂੰ ਵੀ ਪੂਰਾ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖਦਿਆਂ ਕਈ ਇਤਿਹਾਸਕ ਅਤੇ ਦੂਰਅੰਦੇਸ਼ੀ ਫ਼ੈਸਲੇ ਲਏ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਘਰੇਲੂ ਖਪਤਕਾਰਾਂ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ, ਜਿਸ ਨਾਲ ਲੱਖਾਂ ਪਰਿਵਾਰਾਂ ਨੂੰ ਸਿੱਧਾ ਲਾਭ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਤੋਂ 90 ਫ਼ੀਸਦੀ ਤੋਂ ਵੱਧ ਪਰਿਵਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਪ੍ਰਾਪਤ ਹੋ ਰਹੇ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ। ਸ੍ਰੀ ਬਰਾੜ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪੰਜਾਬ ਦੇ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਸਲਾਨਾ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ, ਜਦਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਮੁਫ਼ਤ ਅਤੇ ਮਿਆਰੀ ਸਿਹਤ ਸੇਵਾਵਾਂ ਉਪਲਬਧ ਹੋ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ ਵਿੱਚ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਦਿੱਤੀ ਹੈ ਅਤੇ ਅੱਜ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦੇ ਮੋਹਰੀ ਸੂਬਿਆਂ ਵਿੱਚ ਸ਼ਾਮਲ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਸਹੂਲਤਾਂ, ਉੱਚ ਪੱਧਰੀ ਸਿੱਖਿਆ ਅਤੇ ਵਿਦਿਆਰਥੀ-ਕੇਂਦਰਿਤ ਪਹਿਲਕਦਮੀਆਂ ਨੇ ਸਿੱਖਿਆ ਦੇ ਮਿਆਰ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ ਹੈ।

ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰੀ ਉਤਰੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕ ਹਿੱਤ ਵਿੱਚ ਅਜਿਹੇ ਫ਼ੈਸਲੇ ਅਤੇ ਯੋਜਨਾਵਾਂ ਲਾਗੂ ਕਰਦੀ ਰਹੇਗੀ। ਇਸ ਮੌਕੇ ਉਨ੍ਹਾਂ ਨੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਲੋਕ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਧੰਨਵਾਦ ਵੀ ਕੀਤਾ।

# ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਵੱਲੋਂ ਅੱਜ ਦੀ ਰੋਸ ਰੈਲੀ ਰੱਦ

*** 7 ਅਗਸਤ ਨੂੰ ਹੋਵੇਗੀ ਰੈਲੀ : ਸੁਰਿੰਦਰ ਪੱਪੂ**



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਤੇ ਟਰਾਂਸਕੋ ਪੈਨਸ਼ਨਰ ਐਸੋਸੀਏਸ਼ਨ ਦੇ ਸਰਕਲ ਗੁਰਦਾਸਪੁਰ ਦੇ ਸਰਕਲ ਸਕੱਤਰ ਸੁਰਿੰਦਰ ਪੱਪੂ ਨੇ ਦੱਸਿਆ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਪੰਜਾਬ ਸਰਕਾਰ ਕੋਲੋਂ ਮਨਵਾਉਣ ਲਈ 17 ਜੁਲਾਈ ਨੂੰ ਮੁਹਾਲੀ ਵਿਖੇ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਵਲੋਂ ਜੋ ਰੋਸ ਰੈਲੀ ਕੀਤੀ ਜਾਣੀ ਸੀ, ਉਹ ਪ੍ਰਧਾਨ ਮੰਤਰੀ ਦੀ 17 ਨੂੰ ਚੰਡੀਗੜ੍ਹ ਵਿਖੇ ਫੇਰੀ ਦੌਰਾਨ ਰੱਦ ਕਰ ਦਿੱਤੀ ਗਈ ਹੈ। ਹੁਣ ਇਹ ਰੋਸ ਰੈਲੀ 7 ਅਗਸਤ ਨੂੰ ਚੰਡੀਗੜ੍ਹ ਵਿਖੇ 39 ਸੈਕਟਰ ਵਿਖੇ ਹੋਵੇਗੀ। ਪੱਪੂ ਨੇ ਦੱਸਿਆ ਕਿ ਪੈਨਸ਼ਨਰ ਐਸੋਸੀਏਸ਼ਨ ਸੂਬਾ ਕਮੇਟੀ ਪੰਜਾਬ ਅਤੇ ਮੁਲਾਜ਼ਮ ਸਾਂਝਾ ਪੈਨਸ਼ਨਰ ਫਰੰਟ ਪੰਜਾਬ ਤੇ ਹੁਣ 17 ਜੁਲਾਈ ਨੂੰ ਕੇਂਦਰੀ ਪੈਟਰਨ ਸਕੇਲ ਲਾਗੂ ਕਰਨ ਸੰਬੰਧੀ ਜਾਰੀ ਨੋਟੀਫਿਕੇਸ਼ਨ ਦੀਆਂ ਜਥੇਬੰਦੀਆਂ ਦੇ ਸਹਿਯੋਗ ਨਾਲ ਕਾਪੀਆਂ ਸਾੜ ਕੇ ਕਾਲਾ ਦਿਵਸ ਮਨਾ ਕੇ ਰੋਸ ਪ੍ਰਗਟ ਕੀਤਾ ਜਾਵੇਗਾ। ਇਸ ਸਮੇਂ ਪੱਪੂ ਨੇ ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਤੇ ਟਰਾਂਸਪੋਰਟ ਸਰਕਲ ਗੁਰਦਾਸਪੁਰ ਦੀ ਵਰਕਿੰਗ ਕਮੇਟੀ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਮੈਂਬਰ ਆਪਣੇ ਨਾਲ 17 ਜੁਲਾਈ ਨੂੰ 10 ਵਜੇ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਇਕੱਤਰ ਹੋਣ ਤਾਂ ਜੋ ਭਰਾਤਰੀ ਜਥੇਬੰਦੀ ਨਾਲ ਰਲ ਕੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਅਤੇ ਆਪਣੇ ਡੀ.ਏ ਅਤੇ ਉਸ ਦਾ ਏਰੀਆ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਲਈ 2.59 ਗੁਣਾਂਕ ਲੈਣ ਲਈ ਪੰਜਾਬ ਸਰਕਾਰ ਕੋਲੋਂ ਆਪਣੀਆਂ ਮੰਗਾਂ ਮਨਵਾਈਆਂ ਜਾ ਸਕਣ।

# ਖੱਜਲ ਖਵਾਰੀ ਦਾ ਅੱਡਾ ਬਣਿਆ ਸੇਵਾ ਕੇਂਦਰ ਚਵਿੰਡਾ ਦੇਵੀ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸਰਕਾਰੀ ਦਫਤਰਾਂ ਵਿੱਚ ਆਮ ਜਨਤਾ ਦੀ ਹੁੰਦੀ ਖੱਜਲ ਖੁਵਾਰੀ ਸਬੰਧੀ ਮੀਡੀਆ ਵਿੱਚ ਅਕਸਰ ਹੀ ਚਰਚਾ ਹੁੰਦੀ ਰਹਿੰਦੀ ਹੈ। ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ ਘਰ-ਘਰ ਸਰਕਾਰੀ ਸੇਵਾਵਾਂ ਪਹੁੰਚਾਉਣ ਅਤੇ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰਾਂ ਤੋਂ ਬਚਾਉਣ ਦੇ ਦਾਅਵੇ ਕੀਤੇ ਜਾਂਦੇ ਹਨ ਪਰ ਇਸ ਦੇ ਉਲਟ ਚਵਿੰਡਾ ਦੇਵੀ ਦਾ ਸੇਵਾ ਕੇਂਦਰ ਖੱਜਲ ਖਵਾਰੀ ਦਾ ਅੱਡਾ ਬਣ ਕੇ ਰਹਿ ਗਿਆ ਹੈ ਜਿਸ ਦੀ ਤਾਜਾ ਮਿਸਾਲ ਨਿਸ਼ਾਨ ਸਿੰਘ ਪੁੱਤਰ ਹਰੀ ਸਿੰਘ ਵਾਸੀ ਪਿੰਡ ਢੱਡੇ ਤੋਂ ਮਿਲਦੀ ਹੈ। ਨਿਸ਼ਾਨ ਸਿੰਘ ਨੇ ਦੋਸ਼ ਲਗਾਇਆ ਹੈ ਕਿ ਉਸ ਦੇ ਪੁੱਤਰ ਦਾ ਜਨਮ ਸਰਟੀਫਿਕੇਟ ਬਣਾਉਣ ਲਈ ਸੇਵਾ ਕੇਂਦਰ ਦੇ ਕਰਮਚਾਰੀਆਂ ਨੇ ਨਾ ਸਿਰਫ਼ ਟਾਲਮਟੋਲ ਕੀਤੀ, ਸਗੋਂ ਕਥਿਤ ਤੌਰ 'ਤੇ ਵੱਡੀ ਰਕਮ ਦੀ ਮੰਗ ਵੀ ਕੀਤੀ।ਇਸ ਸਬੰਧੀ ਜਦੋਂ ਸੇਵਾ ਕੇਂਦਰ ਦੇ ਉੱਚ ਅਧਿਕਾਰੀ ਮੈਡਮ ਨਵਜੋਤ ਕੌਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਜੇਕਰ ਇਸ ਮਾਮਲੇ ਸਬੰਧੀ ਲਿਖਤੀ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਇਸ ਦੀ ਜਾਂਚ ਕਰਕੇ ਦੋਸ਼ੀ ਕਰਮਚਾਰੀ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਪੀੜਤ ਦਾ ਕੰਮ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ।

# ਪਠਾਨਕੋਟ 'ਚ ਈ ਡੀ ਦੀ ਰੇਡ



ਪਠਾਨਕੋਟ (ਦਵਿੰਦਰ ਸਿੰਘ) - ਪਠਾਨਕੋਟ ਵਿੱਚ ਵੀਰਵਾਰ ਨੂੰ ਸਵੇਰੇ ਵੱਖ - ਵੱਖ ਥਾਵਾਂ 'ਤੇ ਈ ਡੀ ਦੀ ਰੇਡ ਪੈਣ ਨਾਲ ਇਲਾਕੇ ਵਿੱਚ ਹੜਕੰਪ ਮਚ ਗਿਆ। ਈ ਡੀ ਨੇ ਪਿੰਡ ਤਾਰਾਗੜ੍ਹ ਵਿਖੇ ਇੱਕ ਪ੍ਰਾਪਰਟੀ ਡੀਲਰ (ਸਾਬਕਾ ਸਰਪੰਚ ਤਾਰਾਗੜ੍ਹ) ਦੇ ਘਰ ਰੇਡ ਮਾਰੀ ।ਇਸ ਤੋਂ ਇਲਾਵਾ ਕਰੈਸ਼ਰ ਇੰਡਸਟਰੀ ਨਾਲ ਜੁੜੇ ਦੋ ਕਾਰੋਬਾਰੀਆਂ ਦੇ ਚਾਰ ਟਿਕਾਣਿਆਂ 'ਤੇ ਵੀ ਰੇਡ ਹੋਈ। ਕਿਨ੍ਹਾਂ ਮਾਮਲਿਆਂ ਨੂੰ ਲੈ ਕੇ ਇਹ ਰੇਡ ਹੋਈ ਹੈ ਇਸ ਦੀ ਪੁਸ਼ਟੀ ਅਜੇ ਨਹੀਂ ਹੋ ਸਕੀ

# ਪ੍ਰਧਾਨ ਮੰਤਰੀ ਦਾ ਜਲੰਧਰ ਦੌਰਾ ਇਤਿਹਾਸਕ ਹੋਵੇਗਾ : ਅਕਸ਼ੈ ਸ਼ਰਮਾ



ਛੇਹਰਟਾ (ਮਨੋਜ ਕੁਮਾਰ) -ਅੰਮ੍ਰਿਤਸਰ ਉੱਤਰੀ ਵਿਧਾਨ ਸਭਾ ਹਲਕੇ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ 17 ਜੁਲਾਈ ਨੂੰ ਹੋਣ ਵਾਲਾ ਪੰਜਾਬ ਦੌਰਾ ਪੰਜਾਬ ਦੇ ਹਰ ਵਰਗ ਲਈ ਇਤਿਹਾਸਕ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਜਦੋਂ ਵੀ ਪ੍ਰਧਾਨ ਮੰਤਰੀ ਪੰਜਾਬ ਆਉਂਦੇ ਹਨ, ਉਹ ਸੂਬੇ ਲਈ ਵਿਕਾਸ ਦੀਆਂ ਨਵੀਆਂ ਸੌਗਾਤਾਂ ਲੈ ਕੇ ਆਉਂਦੇ ਹਨ ਅਤੇ ਇਸ ਵਾਰ ਵੀ ਕਰੋੜਾਂ ਰੁਪਏ ਦੀਆਂ ਵਿਕਾਸ ਯੋਜਨਾਵਾਂ ਦਾ ਲੋਕ ਅਰਪਣ ਤੇ ਸ਼ੁਭ ਆਰੰਭ ਕਰਨਗੇ। ਅਕਸ਼ੈ ਸ਼ਰਮਾ ਨੇ ਕਿਹਾ ਕਿ ਆਪਣੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਜਲੰਧਰ ਕੈਂਟ, ਮੋਹਾਲੀ, ਸ੍ਰੀ ਮੁਕਤਸਰ ਸਾਹਿਬ ਤੇ ਸ੍ਰੀ ਆਨੰਦਪੁਰ ਸਾਹਿਬ ਦੇ ਨਵੀਨੀਕਰਨ ਤੇ ਆਧੁਨਿਕ ਰੇਲਵੇ ਸਟੇਸ਼ਨਾਂ ਦਾ ਉਦਘਾਟਨ ਕਰਨਗੇ। ਇਨ੍ਹਾਂ ਸਟੇਸ਼ਨਾਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ, ਜਿੱਥੇ ਆਧੁਨਿਕ ਵੇਟਿੰਗ ਹਾਲ, ਮੁਫ਼ਤ ਵਾਈ-ਫਾਈ, ਉੱਨਤ ਪਲੇਟਫਾਰਮ, ਫੂਡ ਕੋਰਟ ਅਤੇ ਬਜ਼ੁਰਗਾਂ, ਦਿਵਿਆਂਗਾਂ ਤੇ ਬੱਚਿਆਂ ਦੀ ਸਹੂਲਤ ਲਈ ਐਸਕੇਲੇਟਰ ਸਮੇਤ ਕਈ ਆਧੁਨਿਕ ਸੁਵਿਧਾਵਾਂ ਉਪਲੱਬਧ ਹੋਣਗੀਆਂ।

# ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਫਿਲਮ 'ਸਤਲੁਜ' ਦੀ ਟੀਮ ਦਾ ਧੰਨਵਾਦ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਬੁੱਧਵਾਰ ਨੂੰ ਇਥੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ 'ਚ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਹੋਈ।

ਇਕੱਤਰਤਾ 'ਚ ਲਏ ਗਏ ਫੈਸਲਿਆਂ ਸਬੰਧੀ ਜਾਰੀ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਕੱਤਰਤਾ 'ਚ ਮਤਾ ਪਾਸ ਕਰਦਿਆਂ ਸੰਨ 80-90 ਦੇ ਦਹਾਕਿਆਂ ਦੌਰਾਨ ਸਿੱਖਾਂ 'ਤੇ ਹੋਏ ਪੁਲਿਸ ਅੱਤਿਆਚਾਰ ਨੂੰ ਰੂਪਮਾਨ ਕਰਦੀ ਫ਼ਿਲਮ 'ਸਤਲੁਜ' ਦੀ ਸਮੁੱਚੀ ਟੀਮ ਦਾ ਇਸ ਕਾਰਜ ਲਈ ਧੰਨਵਾਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਕਾਲਾ ਸੱਚ ਹੈ ਕਿ ਇਸ ਦੌਰ ਦੌਰਾਨ ਸਿੱਖ ਨੌਜਵਾਨੀ ਦਾ ਸਰਕਾਰੀ ਤੌਰ 'ਤੇ ਮਿੱਥ ਕੇ ਘਾਣ ਕੀਤਾ ਗਿਆ। ਸਿੱਖਾਂ ਦੀ ਰੂਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਅਨੇਕਾਂ ਗੁਰਦੁਆਰਾ ਸਾਹਿਬਾਨ ਨੂੰ ਨਿਸ਼ਾਨਾ ਬਣਾਇਆ ਗਿਆ। ਦਿੱਲੀ, ਕਾਨਪੁਰ, ਬੋਕਾਰੋ ਸਮੇਤ ਕਈ ਸ਼ਹਿਰਾਂ ਵਿਚ ਸਿੱਖ ਕਤਲੇਆਮ ਕੀਤਾ ਗਿਆ ਅਤੇ ਇਸ ਤੋਂ ਬਾਅਦ ਪੰਜਾਬ ਵਿਚ ਇੱਕ ਦਹਾਕਾ ਹਜ਼ਾਰਾਂ ਬੇਦੋਸ਼ੇ ਸਿੱਖਾਂ ਨੂੰ ਮਾਰਿਆ ਗਿਆ। ਧਾਮੀ ਨੇ ਕਿਹਾ ਕਿ ਇਨ੍ਹਾਂ ਮਾਰੇ ਗਏ, ਲਾਵਾਰਿਸ ਕਹਿ ਕੇ ਸਾੜੇ ਗਏ ਤੇ ਨਹਿਰਾਂ ਦਰਿਆਵਾਂ ਵਿਚ ਵਹਾਅ ਦਿੱਤੇ ਗਏ ਨਿਰਦੋਸ਼ ਸਿੱਖਾਂ ਦਾ ਸੱਚ ਸਾਹਮਣੇ ਲਿਆਉਣ ਲਈ ਹਿੰਮਤ ਕਰਨ, ਮਨੁੱਖੀ ਅਧਿਕਾਰਾਂ ਲਈ ਲੜਾਈ ਲੜਨ ਵਾਲੇ ਭਾਈ ਜਸਵੰਤ ਸਿੰਘ ਖਾਲੜਾ ਨੂੰ ਵੀ ਪੁਲਿਸ ਵੱਲੋਂ ਤਸ਼ੱਦਦ ਕਰਕੇ ਸ਼ਹੀਦ ਕਰ ਦਿੱਤਾ ਗਿਆ ਅਤੇ ਉਨ੍ਹਾਂ ਦਾ ਸਰੀਰ ਹਰੀਕੇ ਪੱਤਣ 'ਤੇ ਨਹਿਰ ਵਿਚ ਰੋੜ ਦਿੱਤਾ ਗਿਆ। ਧਾਮੀ ਨੇ ਦੱਸਿਆ ਕਿ ਇਸੇ ਤਰ੍ਹਾਂ ਇਕ ਹੋਰ ਮਤਾ ਪਾਸ ਕਰਦਿਆਂ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਸਿੱਖ ਨੌਜੁਆਨਾਂ ਲਈ ਇਨਸਾਫ਼ ਦੀ ਮੰਗ ਕੀਤੀ ਗਈ ਹੈ।

# ਕਾਂਗਰਸ ਵੱਲੋਂ ਧੱਕੇਸ਼ਾਹੀ ਦੇ ਦੋਸ਼ਾਂ ਦਰਮਿਆਨ ਕਾਦੀਆਂ ਨਗਰ ਕੌਂਸਲ 'ਤੇ 'ਆਪ' ਦਾ ਕਬਜ਼ਾ

*** ਪਲਵਿੰਦਰ ਕੌਰ ਪ੍ਰਧਾਨ ਅਤੇ ਗੁਰਦਿਲਬਾਗ ਸਿੰਘ ਮਾਹਲ ਵਾਈਸ ਪ੍ਰਧਾਨ ਬਣੇ**

ਕਾਦੀਆਂ/ਬਟਾਲਾ ( ਤਰਲੋਕ ਬੱਗਾ, ਯਾਦਵਿੰਦਰ ਸਿੰਘ ਮਲਹੋਤਰਾ) - ਵੀਰਵਾਰ ਨੂੰ ਨਗਰ ਕੌਂਸਲ ਕਾਦੀਆਂ ਦੇ ਪ੍ਰਧਾਨ ਅਤੇ ਵਾਈਸ ਪ੍ਰਧਾਨ ਦੀ ਚੋਣ ਸ੍ਰੀ ਸਾਰੰਗਪ੍ਰੀਤ ਸਿੰਘ ਐਸ ਡੀ ਐਮ ਬਟਾਲਾ ਅਤੇ ਅਰਜਨ ਸਿੰਘ ਤਹਿਸੀਲਦਾਰ ਬਟਾਲਾ ਦੀ ਮੌਜੂਦਗੀ ਵਿੱਚ ਹੋਈ। ਇਸ ਦੌਰਾਨ ਪੁਲੀਸ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਸਨ। ਨਗਰ ਕੌਂਸਲ ਕਾਦੀਆਂ ਦੇ ਕੁੱਲ 15 ਕੌਂਸਲਰਾਂ ਵਿੱਚੋਂ 8 ਕੌਂਸਲਰ ਕਾਦੀਆਂ ਨਗਰ ਕੌਂਸਲ ਦਫਤਰ ਵਿੱਚ ਚੋਣ ਪ੍ਰਕਿਰਿਆ ਦੌਰਾਨ ਹਾਜ਼ਰ ਹੋਣ ਕਰਕੇ ਬਹੁਮਤ ਨਾਲ ਸ੍ਰੀਮਤੀ ਪਲਵਿੰਦਰ ਕੌਰ (ਪਤਨੀ ਸਰਬਜੀਤ ਸਿੰਘ ਮਾਹਲ) ਨੂੰ ਪ੍ਰਧਾਨ ਚੁਣਿਆ ਗਿਆ ਅਤੇ ਵਾਈਸ ਪ੍ਰਧਾਨ ਗੁਰਦਿਲਬਾਗ ਸਿੰਘ ਨੀਟਾ ਮਾਹਲ ਨੂੰ ਚੁਣਿਆ ਗਿਆ। ਕਾਦੀਆਂ ਨਗਰ ਕੌਂਸਲ ਦੀ ਚੋਣ ਪ੍ਰਕਿਰਿਆ ਉਪਰੰਤ ਸ੍ਰੀਮਤੀ ਪਲਵਿੰਦਰ ਕੌਰ (ਪਤਨੀ ਸਰਬਜੀਤ ਸਿੰਘ ਮਾਹਲ) ਨੂੰ ਨਗਰ ਕੌਂਸਲ ਕਾਦੀਆਂ ਦੀ ਪ੍ਰਧਾਨ ਬਣਨ, ਵਾਈਸ ਪ੍ਰਧਾਨ ਗੁਰਦਿਲਬਾਗ ਸਿੰਘ ਨੀਟਾ ਮਾਹਲ ਅਤੇ ਹਲਕਾ ਇੰਚਾਰਜ ਕਾਦੀਆਂ ਗੁਰਇਕਬਾਲ ਸਿੰਘ ਮਾਹਲ ਨੂੰ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸ. ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਜੋਬਨ ਰੰਧਾਵਾ, ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਗੁਰਦਾਸਪੁਰ ਵਲੋਂ ਮੁਬਾਰਕਬਾਦ ਦਿੱਤੀ ਗਈ।ਉਨ੍ਹਾਂ ਕਿਹਾ ਕਿ ਕਾਦੀਆਂ ਸ਼ਹਿਰ ਅੰਦਰ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਆਵੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕਰਵਾਈਆਂ ਜਾਣਗੀਆਂ। ਇਸ ਮੌਕੇ ਕਾਦੀਆਂ ਤੋਂ ਮੌਜੂਦਾ ਵਿਧਾਇਕ ਅਤੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਆਮ ਪਾਰਟੀ ਦੇ ਹਲਕਾ ਇੰਚਾਰਜ ਉੱਤੇ ਧੱਕੇਸ਼ਾਹੀ ਕਰਨ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਨਾਲ ਮਿਲ ਕੇ ਉਹਨਾਂ ਦੇ ਤਿੰਨ ਨਗਰ ਕੌਂਸਲ ਮੈਂਬਰਾਂ ਨੂੰ ਇਲੈਕਸ਼ਨ ਦੌਰਾਨ ਚੁੱਕ ਕੇ ਇਹਨਾਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਗੁੰਡਾ ਨਾਚ ਕੀਤਾ ਜਾ ਰਿਹਾ ਹੈ। ਉਧਰ ਦੂਸਰੇ ਪਾਸੇ ਆਮ ਪਾਰਟੀ ਦੇ ਹਲਕਾ ਇੰਚਾਰਜ ਗੁਰ ਇਕਬਾਲ ਸਿੰਘ ਮਾਹਲ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਪ੍ਰਤਾਪ ਸਿੰਘ ਬਾਜਵਾ ਦੇ ਧੜੇ ਨਾਲ ਸੰਬੰਧਿਤ ਤਿੰਨ ਕੌਂਸਲਰਾਂ ਉੱਤੇ ਕਾਦੀਆਂ ਥਾਣੇ ਵਿੱਚ ਝਗੜੇ ਨੂੰ ਲੈ ਕੇ ਇੱਕ ਐਫ ਆਰ ਆਈ ਦਰਜ ਹੋਈ ਸੀ , ਪੁਲਿਸ ਇਹਨਾਂ ਦੀ ਭਾਲ ਕਰ ਰਹੀ ਸੀ ਅਤੇ ਅੱਜ ਜਦ ਚੋਣ ਸਮੇ ਇਹ ਨਗਰ ਕੌਂਸਲ ਕਮੇਟੀ ਵਿਖੇ ਆਪਣੀ ਵੋਟ ਪਾਉਣ ਲਈ ਪਹੁੰਚੇ ਤਾਂ ਪੁਲਿਸ ਵੱਲੋਂ ਇਹਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।



# ਨੌਜਵਾਨ ਦੀ ਮੌਤ ਦੇ ਮਾਮਲੇ ਵਿੱਚ 4 ਖ਼ਿਲਾਫ਼ ਕੇਸ ਦਰਜ

ਮਜੀਠਾ/ਜੈਂਤੀਪੁਰ (ਸੋਇਮ ਆਨੰਦ/ਸੁਖਬੀਰ ਸਿੰਘ ਸਿੱਧੂ)- ਅੰਮ੍ਰਿਤਸਰ ਦੇ ਹਲਕਾ ਮਜੀਠਾ ਵਿੱਚ ਬੀਤੇ ਦਿਨ ਇੱਕ ਨੌਜਵਾਨ ਦੀ ਅੱਗ ਨਾਲ ਹੋਈ ਮੌਤ ਦੇ ਮਾਮਲੇ ਨੇ ਹੁਣ ਨਵਾਂ ਮੋੜ ਲੈ ਲਿਆ ਹੈ। ਪਹਿਲਾਂ ਇਸ ਘਟਨਾ ਨੂੰ ਪ੍ਰੇਮ ਸਬੰਧਾਂ ਨਾਲ ਜੋੜ ਕੇ ਦੇਖਿਆ ਜਾ ਰਿਹਾ ਸੀ, ਪਰ ਹੁਣ ਪੁਲਿਸ ਦੀ ਮੁੱਢਲੀ ਜਾਂਚ ਤੋਂ ਬਾਅਦ ਚਾਰ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਦਾ ਦਾਅਵਾ ਹੈ ਕਿ ਨੌਜਵਾਨ ਨੂੰ ਘਰ ਬੁਲਾ ਕੇ ਉਸ ਨਾਲ ਇਹ ਘਟਨਾ ਕੀਤੀ ਗਈ। ਪੰਡੋਰੀ ਵੜੈਚ ਦਾ ਰਹਿਣ ਵਾਲਾ ਸੰਦੀਪ ਸਿੰਘ ਇੱਕ ਮਹਿਲਾ ਦੋਸਤ ਦੇ ਘਰ ਗਿਆ ਸੀ, ਜਿੱਥੇ ਅੱਗ ਲੱਗਣ ਕਾਰਨ ਉਸ ਦੀ ਮੌਤ ਹੋ ਗਈ ਸੀ। ਇਸ ਦੌਰਾਨ ਘਰ ਦੀ ਮਾਲਕਣ ਰਾਜਵਿੰਦਰ ਅਤੇ ਉਸ ਦਾ ਇੱਕ ਰਿਸ਼ਤੇਦਾਰ ਵੀ ਅੱਗ ਬੁਝਾਉਣ ਦੀ ਕੋਸ਼ਿਸ਼ ਕਰਦੇ ਹੋਏ ਝੁਲਸ ਗਏ ਸਨ। ਦੋਵਾਂ ਨੂੰ ਇਲਾਜ ਲਈ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਜਾਰੀ ਹੈ।ਮਾਮਲੇ ਸਬੰਧੀ ਮਜੀਠਾ ਥਾਣੇ ਦੇ ਐੱਸ ਐੱਚ ਓ ਕਰਮਪਾਲ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਰਾਜਵਿੰਦਰ, ਉਸ ਦੇ ਇੱਕ ਰਿਸ਼ਤੇਦਾਰ ਸਮੇਤ ਕੁੱਲ ਚਾਰ ਵਿਅਕਤੀਆਂ ਖ਼ਿਲਾਫ਼ ਐਫ ਆਈ ਆਰ ਦਰਜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਦੋਸ਼ ਹੈ ਕਿ ਸੰਦੀਪ ਸਿੰਘ ਨੂੰ ਫੋਨ ਕਰਕੇ ਘਰ ਬੁਲਾਇਆ ਗਿਆ ਅਤੇ ਉੱਥੇ ਉਸ ਨੂੰ ਅੱਗ ਲਗਾਈ ਗਈ।

# ਅੱਜ ਪਠਾਨਕੋਟ ਵਿੱਚ ਗੂੰਜੇਗੀ ਭਗਵਾਨ ਸ਼ਿਵ ਦੀ ਮਹਿਮਾ

ਪਠਾਨਕੋਟ (ਦਵਿੰਦਰ ਸਿੰਘ)- ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੀ ਪ੍ਰਧਾਨਗੀ ਹੇਠ 17 ਜੁਲਾਈ ਨੂੰ ਪਠਾਨਕੋਟ ਵਿਖੇ ਕਰਵਾਏ ਜਾ ਰਹੇ 'ਏਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਪ੍ਰੋਗਰਾਮ ਸਬੰਧੀ ਕੀਤੇ ਗਏ ਅਗੇਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਪਠਾਨਕੋਟ ਵਿਖੇ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ।ਇਸ ਮੌਕੇ ਸ੍ਰੀ ਅਰਸ਼ਦੀਪ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ), ਮਨੋਜ ਠਾਕੁਰ ਐਸ.ਪੀ. ਪਠਾਨਕੋਟ, ਪਰਮਪ੍ਰੀਤ ਸਿੰਘ ਗੋਰਾਇਆ ਤਹਿਸੀਲਦਾਰ ਪਠਾਨਕੋਟ ਅਤੇ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ।ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਡਾ. ਪੱਲਵੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਠਾਨਕੋਟ ਵਿੱਚ 'ਏਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਤਹਿਤ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮਹਾਨ ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਭਗਵਾਨ ਸ਼ਿਵ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਭਰਨਗੇ।ਉਨ੍ਹਾਂ ਦੱਸਿਆ ਕਿ ਇਹ ਪ੍ਰੋਗਰਾਮ 17 ਜੁਲਾਈ, ਦਿਨ ਸ਼ੁੱਕਰਵਾਰ ਨੂੰ ਸਥਾਨਕ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਪਠਾਨਕੋਟ ਵਿਖੇ ਕਰਵਾਇਆ ਜਾਵੇਗਾ। ਸਮਾਗਮ ਦੌਰਾਨ ਵਿਸ਼ਵ ਪ੍ਰਸਿੱਧ ਸ਼ਿਵ ਭਗਤ ਗਾਇਕ ਕੈਲਾਸ਼ ਖੇਰ ਭਗਵਾਨ ਸ਼ਿਵ ਦਾ ਗੁਣਗਾਨ ਕਰਨਗੇ ਅਤੇ ਸ਼ਿਵ ਭਗਤਾਂ ਨੂੰ ਭਗਵਾਨ ਸ਼ੰਕਰ ਦੀ ਮਹਿਮਾ ਨਾਲ ਜੋੜਨਗੇ।

# ਸਾਂਝੀ ਜ਼ਮੀਨ ਉੱਪਰ ਅਦਾਲਤੀ ਸਟੇਅ ਦੇ ਬਾਵਜੂਦ ਕਬਜ਼ਾ ਕਰਨ ਦੀ ਕੋਸ਼ਿਸ਼



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਹਲਕਾ ਮਜੀਠਾ 'ਚ ਪੈਂਦੇ ਪਿੰਡ ਦੁਧਾਲਾ ਵਿੱਚ ਕਾਮਰੇਡ ਬਲਵਿੰਦਰ ਸਿੰਘ ਦੁਧਾਲਾ ਨੇ ਦੱਸਿਆ ਕਿ ਸਾਡੇ ਪਿੰਡ ਦੀ ਤਿੰਨ ਕਨਾਲ ਅਠਾਰਾਂ ਮਰਲੇ ਜਮੀਨ 'ਤੇ ਇੱਕ ਵਿਅਕਤੀ ਨੇ ਨਜਾਇਜ਼ ਉਸਾਰੀ ਕਰਨ ਦੇ ਮਨਸੂਬੇ ਨਾਲ ਕਬਜਾ ਕਰਨ ਦੀ ਕੋਸ਼ਿਸ਼ ਕੀਤੀ ਸੀ ਜਿਸ 'ਤੇ ਪਿੰਡ ਦੇ ਹੀ ਇੱਕ ਵਿਅਕਤੀ ਨਿਸ਼ਾਨ ਸਿੰਘ ਨੇ ਅਦਾਲਤ ਵਿੱਚ ਦਾਅਵਾ ਪਾ ਦਿੱਤਾ ਕਿ ਇਹ ਸਾਡੀ ਸਾਂਝੀ ਜਮੀਨ ਹੈ ਜਿਸ 'ਤੇ ਇੱਕ ਵਿਅਕਤੀ ਨਜਾਇਜ਼ ਕਾਬਜ ਹੋਣਾ ਚਾਹੁੰਦਾ ਹੈ। ਜਿਸ ਦੀ ਸੁਣਵਾਈ ਕਰਦਿਆਂ ਮਾਣਯੋਗ ਅਦਾਲਤ ਵਲੋਂ ਇਸ ਜਗ੍ਹਾ 'ਤੇ ਅਰਜੀ ਕਰਤਾ ਦੇ ਹੱਕ ਵਿੱਚ ਸਟੇਅ ਆਰਡਰ ਕਰ ਦਿੱਤਾ ਜਿਸ ਨੂੰ ਵਿਰੋਧੀ ਧਿਰ ਮੰਨਣ ਤੋਂ ਇਨਕਾਰੀ ਹੈ ਅਤੇ ਲਗਾਤਾਰ ਉਸ ਉੱਪਰ ਨਜਾਇਜ ਕਬਜਾ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ ਜਿਸ ਸਬੰਧੀ ਨਿਸਾਨ ਸਿੰਘ ਨੇ ਥਾਣਾ ਕੱਥੂਨੰਗਲ ਪੁਲੀਸ ਜਿਲ੍ਹਾ ਅਮ੍ਰਿਤਸਰ ਦਿਹਾਤੀ ਨੂੰ ਇੱਕ ਦਰਖਾਸਤ ਵੀ ਦਿੱਤੀ ਹੈ ਕਿ ਇਹ ਵਿਅਕਤੀ ਮਾਣਯੋਗ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਕਰ ਰਿਹਾ ਹੈ ਪਰ ਐਸ.ਐਚ.ਓ. ਨੇ ਇਸ ਵਿਅਕਤੀ ਜੋਗਾ ਸਿੰਘ ਵਿਰੁੱਧ ਕੋਈ ਕਾਰਵਾਈ ਕਰਨ ਦੀ ਬਜਾਏ ਉਸ ਨੂੰ ਆਪਣਾ ਕਬਜਾ ਪੱਕਾ ਕਰਨ ਵਾਸਤੇ ਉਸਾਰੀ ਕਰਨ ਵਾਸਤੇ ਲਗਾਤਾਰ ਉਕਸਾ ਰਹੀ ਹੈ। ਪ੍ਰੈਸ ਕਾਨਫਰੰਸ ਦੌਰਾਨ ਕਾਮਰੇਡ ਬਲਵਿੰਦਰ ਸਿੰਘ ਦੁਧਾਲਾ ਤੋਂ ਇਲਾਵਾ ਨਿਸ਼ਾਨ ਸਿੰਘ ਦੁਧਾਲਾ ਹਰਜਿੰਦਰ ਸਿੰਘ ਦੁਧਾਲਾ,ਕਰਮ ਸਿੰਘ, ਕਸ਼ਮੀਰ ਸਿੰਘ ,ਸਤਨਾਮ ਸਿੰਘ ਸੁਖਦੇਵ ਸਿੰਘ ,ਦਿਲਬਾਗ ਸਿੰਘ ਦੁਧਾਲਾ, ਧਰਮ ਸਿੰਘ ਸਿੰਘ, ਕਰਮਜੀਤ ਸਿੰਘ,ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਅਸੀਂ ਤਿੰਨ ਜੁਲਾਈ ਨੂੰ ਕੱਥੂਨੰਗਲ ਥਾਣੇ ਹਾਜਰ ਮੁਨਸ਼ੀ ਨੂੰ ਦਰਖਾਸਤ ਦੇਣ ਤੋਂ ਬਾਅਦ 9 ਤੇ 13 ਜੁਲਾਈ ਨੂੰ ਦੋ ਵਾਰ ਥਾਣੇ ਗਏ ਪਰ ਕਿਸੇ ਨੇ ਕੋਈ ਪਰਵਾਹ ਨਹੀਂ ਕੀਤੀ ਇੰਝ ਮਹਿਸੂਸ ਹੁੰਦਾ ਹੈ ਕਿ ਸਾਂਝੀ ਜਮੀਨ ਦੀ ਕੋਈ ਵੀ ਸੰਭਾਲ ਨਹੀਂ ਕੀਤੀ। ਜਦੋਂ ਇਸ ਸਬੰਧੀ ਦੂਜੀ ਧਿਰ ਜੋਗਾ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਕਿਹਾ ਕਿ ਸਾਨੂੰ ਹਾਲੇ ਤੱਕ ਕੋਈ ਵੀ ਕੋਰਟ ਵੱਲੋਂ ਸਟੇ ਆਰਡਰ ਨਹੀਂ ਆਇਆ। ਮੈਂ ਕਾਨੂੰਨ ਨੂੰ ਮੰਨਣ ਵਾਲਾ ਇਨਸਾਨ ਹਾਂ ਜੇਕਰ ਮੈਨੂੰ ਕੋਈ ਆਰਡਰ ਆਇਆ ਹੁੰਦਾ ਤਾਂ ਮੈਂ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਨਾ ਕਰਦਾ। ਜਦੋਂ ਪੱਤਰਕਾਰਾਂ ਨੇ ਥਾਣਾ ਕੱਥੂਨੰਗਲ ਦੇ ਐਸ ਐਚ ਓ ਮੈਡਮ ਹਰਸਿਮਰਪ੍ਰੀਤ ਕੌਰ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਦੱਸਿਆ ਕਿ ਇਸ ਮਸਲੇ ਦੀ ਮੈਨੂੰ ਕੋਈ ਜਾਣਕਾਰੀ ਨਹੀਂ ਹੈ ਇਹ ਪਹਿਲਾਂ ਦਾ ਮੈਟਰ ਚੱਲ ਰਿਹਾ ਹੋਣਾ ਹੈ ।ਮੈਨੂੰ ਥਾਣਾ ਕੱਥੂਨੰਗਲ ਦਾ ਚਾਰਜ ਸੰਭਾਲਿਆ ਨੂੰ ਚਾਰ ਪੰਜ ਦਿਨ ਹੀ ਹੋਏ ਹਨ

# ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਨਜਾਇਜ਼ ਕਬਜ਼ੇ ਹਟਾਏ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਵੀਰਵਾਰ ਨੂੰ ਕਮਿਸ਼ਨਰ ਪੁਲਿਸ, ਅੰਮ੍ਰਿਤਸਰ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ, ਆਈ.ਪੀ.ਐਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ੍ਰੀਮਤੀ ਅਮਨਦੀਪ ਕੌਰ, ਪੀ.ਪੀ.ਐਸ., ਵਧੀਕ ਡਿਪਟੀ ਕਮਿਸ਼ਨਰ ਪੁਲਿਸ, ਟਰੈਫਿਕ, ਅੰਮ੍ਰਿਤਸਰ ਦੀ ਸੁਪਰਵੀਜ਼ਨ ਹੇਠ ਟਰੈਫਿਕ ਪੁਲਿਸ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਟਰੈਫਿਕ ਮੁਹਿੰਮ ਚਲਾਈ ਗਈ।ਇਸ ਦੌਰਾਨ ਟਰੈਫਿਕ ਜੋਨ ਇੰਚਾਰਜਾਂ ਨੇ ਆਪਣੇ-ਆਪਣੇ ਖੇਤਰਾਂ ਵਿੱਚ ਦੁਕਾਨਦਾਰਾਂ ਅਤੇ ਰੇਹੜੀ-ਫੜੀ ਵਾਲਿਆਂ ਵੱਲੋਂ ਸੜਕਾਂ ਅਤੇ ਫੁੱਟਪਾਥਾਂ 'ਤੇ ਕੀਤੇ ਗਏ ਨਾਜਾਇਜ਼ ਕਬਜ਼ੇ ਹਟਵਾਏ, ਜਿਸ ਨਾਲ ਆਵਾਜਾਈ ਨੂੰ ਸੁਚਾਰੂ ਬਣਾਇਆ ਗਿਆ ਅਤੇ ਆਮ ਲੋਕਾਂ ਨੂੰ ਆਉਣ-ਜਾਣ ਵਿੱਚ ਆ ਰਹੀਆਂ ਦਿੱਕਤਾਂ ਦਾ ਨਿਵਾਰਣ ਕੀਤਾ ਗਿਆ।ਇਸ ਤੋਂ ਇਲਾਵਾ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਗਈ। ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ, ਸੜਕਾਂ ਅਤੇ ਫੁੱਟਪਾਥਾਂ 'ਤੇ ਨਾਜਾਇਜ਼ ਕਬਜ਼ੇ ਨਾ ਕਰਨ ਅਤੇ ਪੁਲਿਸ ਨੂੰ ਸਹਿਯੋਗ ਦੇਣ, ਤਾਂ ਜੋ ਸ਼ਹਿਰ ਵਿੱਚ ਆਵਾਜਾਈ ਸੁਚਾਰੂ ਅਤੇ ਸੁਰੱਖਿਅਤ ਬਣੀ ਰਹੇ।

# ਸਰਹੱਦ ਪਾਰੋਂ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼, 2 ਗ੍ਰਿਫਤਾਰ, ਇੱਕ ਜੁਵਨਾਇਲ ਕਾਬੂ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਡੀ.ਜੀ.ਪੀ ਪੰਜਾਬ ਗੌਰਵ ਯਾਦਵ ਦੀ ਯੋਗ ਅਗਵਾਈ ਹੇਠ ਸਨੇਹਦੀਪ ਸ਼ਰਮਾ ਡੀ.ਆਈ.ਜੀ ਫਿਰੋਜ਼ਪੁਰ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਰੇਂਦਰ ਲਾਂਬਾ ਐਸ.ਐਸ.ਪੀ ਤਰਨ ਤਾਰਨ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਰਿਪੁਤਾਪਨ ਸਿੰਘ ਐਸ.ਪੀ (ਡੀ) ਤਰਨ ਤਾਰਨ ਅਤੇ ਸ਼ਿਵਦਰਸ਼ਨ ਸਿੰਘ ਡੀ.ਐਸ.ਪੀ (ਡੀ) ਤਰਨ ਤਾਰਨ ਦੀ ਨਿਗਰਾਨੀ ਹੇਠ ਇੰਸਪੈਕਟਰ ਰੁਪਿੰਦਰਪਾਲ ਸਿੰਘ ਇੰਚਾਰਜ ਸੀ.ਆਈ.ਏ ਸਟਾਫ ਤਰਨ ਤਾਰਨ ਵੱਲੋਂ ਹਥਿਆਰਾਂ ਦੀ ਤਸਕਰੀ 'ਤੇ ਕਾਬੂ ਪਾਉਣ ਲਈ ਵੱਖ-ਵੱਖ ਟੀਮਾਂ ਤਿਆਰ ਕੀਤੀਆਂ ਗਈਆਂ ਸਨ। ਜਿਸ ਤਹਿਤ ਸੀ.ਆਈ.ਏ ਸਟਾਫ ਤਰਨ ਤਾਰਨ ਦੀ ਟੀਮ ਨੂੰ ਹਿਊਮਨ ਇੰਨਟੈਲੀਜੈਂਸ ਅਤੇ ਤਕਨੀਕੀ ਇੰਨਟੈਲੀਜੈਂਸ ਰਾਹੀਂ ਇਹ ਪਤਾ ਲੱਗਾ ਕਿ ਜਸਕਰਨ ਸਿੰਘ ਉਰਫ ਕਰਨ ਪੁੱਤਰ ਸਾਹਿਬ ਸਿੰਘ ਵਾਸੀ ਚੂਸਲੇਵੜ, ਅਰਸ਼ਦੀਪ ਸਿੰਘ ਉਰਫ ਅਰਸ਼ ਪੁੱਤਰ ਦਲਬੀਰ ਸਿੰਘ ਵਾਸੀ ਚੂਸਲੇਵੜ ਅਤੇ ਇੱਕ ਜੂਵਨਾਇਲ ਦੇ ਪਾਕਿਸਤਾਨ ਦੇ ਸਮੱਗਲਰਾਂ ਨਾਲ ਸੰਬੰਧ ਹਨ ਅਤੇ ਇਹ ਵਿਅਕਤੀ ਸਰਹੱਦ ਪਾਰੋਂ ਵੱਖ-ਵੱਖ ਤਰੀਕਿਆਂ ਰਾਹੀਂ ਨਜਾਇਜ਼ ਹਥਿਆਰ ਮੰਗਵਾ ਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਪਲਾਈ ਕਰਦੇ ਹਨ। ਜਿਨ੍ਹਾਂ ਵਿੱਚੋਂ 2 ਵਿਅਕਤੀ ਜਸਕਰਨ ਸਿੰਘ ਉਰਫ ਕਰਨ ਪੁੱਤਰ ਸਾਹਿਬ ਸਿੰਘ ਵਾਸੀ ਚੂਸਲੇਵੜ ਅਤੇ ਅਰਸ਼ਦੀਪ ਸਿੰਘ ਉਰਫ ਅਰਸ਼ ਪੁੱਤਰ ਦਲਬੀਰ ਸਿੰਘ ਵਾਸੀ ਚੂਸਲੇਵੜ ਸਰਹੱਦ ਪਾਰੋਂ ਮੰਗਵਾਏ ਗਏ ਵਿਦੇਸ਼ੀ ਪਿਸਤੌਲਾਂ ਸਮੇਤ ਪਿੰਡ ਬਾਸਰਕੇ ਦੇ ਆਸ-ਪਾਸ ਇਲਾਕੇ ਵਿੱਚ ਇੱਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਨਜਾਇਜ਼ ਹਥਿਆਰਾਂ ਨੂੰ ਅੱਗੇ ਕਿਸੇ ਨੂੰ ਵੇਚਣ ਦੀ ਫਿਰਾਕ ਵਿੱਚ ਘੁੰਮ ਰਹੇ ਹਨ।ਜਿਸ 'ਤੇ ਤਰਨ ਤਾਰਨ ਪੁਲਸ ਵੱਲੋਂ ਇਨ੍ਹਾਂ ਖਿਲਾਫ ਮੁਕੱਦਮਾ ਥਾਣਾ ਖਾਲੜਾ ਦਰਜ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ।ਸੀ.ਆਈ.ਏ ਸਟਾਫ ਤਰਨ ਤਾਰਨ ਦੀ ਟੀਮ ਉਕਤ ਮੁਕੱਦਮੇ ਦੀ ਤਫਤੀਸ਼ ਦੇ ਸੰਬੰਧ ਵਿੱਚ ਪਿੰਡ ਬਾਸਰਕੇ ਨਜ਼ਦੀਕ ਸਪੈਸ਼ਲ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰਨੀ ਸ਼ੁਰੂ ਕੀਤੀ। ਜਿਸ 'ਤੇ ਸੀ.ਆਈ.ਏ ਸਟਾਫ ਤਰਨ ਤਾਰਨ ਦੀ ਟੀਮ ਵੱਲੋਂ 2 ਨੌਜਵਾਨਾ ਨੂੰ ਦੌਰਾਨੇ ਨਾਕਾਬੰਦੀ ਕਾਬੂ ਕੀਤਾ ਜਿਨ੍ਹਾਂ ਦੀ ਤਲਾਸ਼ੀ ਕਰਨ 'ਤੇ ਇਨ੍ਹਾਂ ਪਾਸ ਮੌਜੂਦ ਕਿੱਟ ਬੈਗ ਵਿੱਚੋਂ 8 ਪਿਸਤੌਲ ਸਮੇਤ ਮੈਗਜ਼ੀਨ ਬ੍ਰਾਮਦ ਹੋਏ। ਜਿਨ੍ਹਾਂ ਵਿੱਚ 4 ਗਲੌਕ ਪਿਸਟਲ, 3 ਰੇਪੀਡ ਪਿਸਟਲ 30 ਬੋਰ ਅਤੇ 1 ਸਟਾਰ ਪਿਸਟਲ 30 ਬੋਰ ਹਨ। ਕਾਬੂ ਕੀਤੇ ਗਏ ਨੌਜਵਾਨਾਂ ਦੀ ਪਛਾਣ ਜਸਕਰਨ ਸਿੰਘ ਉਰਫ ਕਰਨ ਪੁੱਤਰ ਸਾਹਿਬ ਸਿੰਘ ਵਾਸੀ ਚੂਸਲੇਵੜ ਅਤੇ ਅਰਸ਼ਦੀਪ ਸਿੰਘ ਉਰਫ ਅਰਸ਼ ਪੁੱਤਰ ਦਲਬੀਰ ਸਿੰਘ ਵਾਸੀ ਚੂਸਲੇਵੜ ਵਜੋਂ ਹੋਈ।



ਦੌਰਾਨੇ ਪੁੱਛਗਿੱਛ ਇਹ ਗੱਲ ਸਾਹਮਣੇ ਆਈ ਕਿ ਮੁਲਜ਼ਮ ਜਸਕਰਨ ਸਿੰਘ ਉਰਫ ਕਰਨ ਅਤੇ ਅਰਸ਼ਦੀਪ ਸਿੰਘ ਉਰਫ ਅਰਸ਼ ਦੇ ਪਾਕਿਸਤਾਨ ਦੇ ਸਮੱਗਲਰਾਂ ਨਾਲ ਸੰਬੰਧ ਹਨ ਅਤੇ ਇਹ ਪਾਕਿਸਤਾਨ ਦੇ ਮਲਿਕ ਨਾਂਅ ਦੇ ਸਮੱਗਲਰ ਦੇ ਟੱਚ ਵਿੱਚ ਸਨ। ਇਨ੍ਹਾਂ ਨੇ ਇਹ ਹਥਿਆਰ ਪਾਕਿਸਤਾਨ ਤੋਂ ਮੰਗਵਾਏ ਸਨ। ਇਹ ਹਥਿਆਰ ਵੱਖ-ਵੱਖ ਜਗ੍ਹਾ ਸਪਲਾਈ ਕਰਨੇ ਸਨ। ਇਨ੍ਹਾਂ ਦਾ ਇੱਕ ਹੋਰ ਜੂਵਨਾਇਲ ਸਾਥੀ ਵੀ ਇਨ੍ਹਾਂ ਨਾਲ ਮਿਲ ਕੇ ਹਥਿਆਰਾਂ ਦੀ ਤਸਕਰੀ ਕਰਦਾ ਹੈ। ਇਨ੍ਹਾਂ ਨੂੰ ਹਿਰਾਸਤ ਵਿੱਚ ਲੈ ਕੇ ਜੂਵਨਾਇਲ ਕੋਰਟ ਵਿੱਚ ਪੇਸ਼ ਕਰਕੇ ਕੋਰਟ ਦੇ ਹੁਕਮ ਮੁਤਾਬਿਕ ਅਬਜ਼ਰਵੇਸ਼ਨ ਹੋਮ ਵਿੱਚ ਭੇਜ ਦਿੱਤਾ ਗਿਆ ਅਤੇ ਬਾਕੀ ਗ੍ਰਿਫਤਾਰ ਮੁਲਜ਼ਮਾਂ ਨੂੰ ਪੇਸ਼ ਅਦਾਲਤ ਕਰਕੇ ਹੋਰ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।

# ਮੁਲਾਜ਼ਮਾਂ ਦੀਆਂ ਮੰਗਾਂ ਦੇ ਹੱਲ 'ਚ ਤੇਜ਼ੀ, ਵਿੱਤ ਮੰਤਰੀ ਵੱਲੋਂ 5 ਯੂਨੀਅਨਾਂ ਨਾਲ ਗੱਲਬਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਭਰ ਦੇ ਸਿੱਖਿਆ ਅਮਲੇ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬੁੱਧਵਾਰ ਇੱਥੇ ਸਿੱਖਿਆ ਵਿਭਾਗ ਦੀਆਂ ਪੰਜ ਯੂਨੀਅਨਾਂ ਦੇ ਵਫ਼ਦਾਂ ਨਾਲ ਮੀਟਿੰਗਾਂ ਕੀਤੀਆਂ। ਇਹ ਵਿਚਾਰ-ਵਟਾਂਦਰਾ ਜਾਇਜ਼ ਮੰਗਾਂ ਅਤੇ ਸ਼ਿਕਾਇਤਾਂ ਨੂੰ ਹਮਦਰਦੀ ਨਾਲ ਹੱਲ ਕਰਨ 'ਤੇ ਕੇਂਦਰਿਤ ਰਿਹਾ।ਯੂਨੀਅਨਾਂ ਦੇ ਮੰਗ ਪੱਤਰਾਂ 'ਤੇ ਵਿਚਾਰ ਕਰਨ ਤੋਂ ਬਾਅਦ ਵਿੱਤ ਮੰਤਰੀ ਚੀਮਾ ਨੇ ਨੁਮਾਇੰਦਿਆਂ ਨੂੰ ਕਿਹਾ, 'ਸੂਬਾ ਸਰਕਾਰ ਤੁਹਾਡੀਆਂ ਚਿੰਤਾਵਾਂ ਪ੍ਰਤੀ ਬਹੁਤ ਸੁਚੇਤ ਹੈ ਅਤੇ ਤੁਹਾਡੀਆਂ ਜਾਇਜ਼ ਮੰਗਾਂ 'ਤੇ ਪਹਿਲਾਂ ਹੀ ਕਾਰਵਾਈ ਕੀਤੀ ਜਾ ਰਹੀ ਹੈ। ਬਾਕੀ ਰਹਿੰਦੀਆਂ ਸਾਰੀਆਂ ਵਾਜਬ ਮੰਗਾਂ ਨੂੰ ਵੀ ਸਮਾਂਬੱਧ ਤਰੀਕੇ ਨਾਲ ਹੱਲ ਕੀਤਾ ਜਾਵੇਗਾ। ਮੈਂ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਸਪੱਸ਼ਟ ਤੌਰ 'ਤੇ ਇਨ੍ਹਾਂ ਫਾਈਲਾਂ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਇਨ੍ਹਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾ ਸਕੇ।' ਇਸ ਵਿਆਪਕ ਵਿਚਾਰ-ਵਟਾਂਦਰੇ ਦੌਰਾਨ ਵਫ਼ਦਾਂ ਨੇ ਆਪੋ-ਆਪਣੇ ਮੁੱਖ ਮੁੱਦਿਆਂ ਦੀ ਰੂਪ-ਰੇਖਾ ਦਰਸਾਉਂਦੇ ਵਿਸ਼ੇਸ਼ ਮੰਗ ਪੱਤਰ ਪੇਸ਼ ਕੀਤੇ। ਸਪੈਸ਼ਲ ਕਾਡਰ ਟੀਚਰਜ਼ ਫਰੰਟ ਨੇ



ਤਨਖਾਹ ਸਕੇਲ ਅਤੇ ਸੇਵਾ ਨਿਯਮਾਂ ਨੂੰ ਲਾਗੂ ਕਰਨ ਸਬੰਧੀ ਮੰਗਾਂ ਰੱਖੀਆਂ, ਡੈਮੋਕ੍ਰੇਟਿਕ ਮਿਡ-ਡੇਅ ਮੀਲ ਕੁੱਕ ਫਰੰਟ ਦੇ ਨੁਮਾਇੰਦਿਆਂ ਨੇ ਮਿਡ-ਡੇਅ ਮੀਲ ਵਰਕਰਾਂ ਨੂੰ ਘੱਟੋ-ਘੱਟ ਉਜਰਤ ਕਾਨੂੰਨਾਂ ਦੇ ਦਾਇਰੇ ਵਿੱਚ ਲਿਆਉਣ ਦੀ ਵਕਾਲਤ ਕੀਤੀ, ਆਦਰਸ਼ ਸਕੂਲ ਟੀਚਿੰਗ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਨੇ ਤਨਖਾਹਾਂ ਅਤੇ ਤਰੱਕੀਆਂ ਨਾਲ ਸੰਬੰਧਤ ਚਿੰਤਾਵਾਂ ਉਠਾਈਆਂ, ਐੱਨ.ਐੱਸ.ਕਿਊ.ਐੱਫ. ਵੋਕੇਸ਼ਨਲ ਟੀਚਰਜ਼ ਫਰੰਟ ਨੇ ਨਿੱਜੀ ਕੰਪਨੀਆਂ ਦੇ ਵਿਚੋਲਿਆਂ ਨੂੰ ਖ਼ਤਮ ਕਰਕੇ ਉਨ੍ਹਾਂ ਨੂੰ ਸਿੱਖਿਆ ਵਿਭਾਗ ਵਿੱਚ ਮਿਲਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕੰਪਿਊਟਰ ਟੀਚਰਜ਼ ਯੂਨੀਅਨ ਨੇ ਤੁਰੰਤ ਵਿੱਤੀ ਰਾਹਤ ਅਤੇ ਲੰਬੇ ਸਮੇਂ ਦੀ ਭਲਾਈ ਸੁਰੱਖਿਆ 'ਤੇ ਕੇਂਦਰਿਤ ਆਪਣਾ ਮੰਗ ਪੱਤਰ ਪੇਸ਼ ਕੀਤਾ।ਮੀਟਿੰਗਾਂ ਦੌਰਾਨ ਸਪੈਸ਼ਲ ਕਾਡਰ ਟੀਚਰਜ਼ ਫਰੰਟ ਵੱਲੋਂ ਅਨੁਭਵ ਗੁਪਤਾ, ਗੁਰਦੀਪ ਸਿੰਘ ਅਤੇ ਅਨਿਲ ਕੁਮਾਰ, ਡੈਮੋਕ੍ਰੇਟਿਕ ਮਿਡ ਡੇਅ ਮੀਲ ਕੁੱਕ ਫਰੰਟ ਵੱਲੋਂ ਸਿਮਰਜੀਤ ਕੌਰ, ਸੁਰੇਸ਼ ਰਾਣੀ, ਜੇਲ ਕੌਰ ਅਤੇ ਜੰਗਬਹਾਦਰ ਸਿੰਘ, ਆਦਰਸ਼ ਸਕੂਲ ਟੀਚਿੰਗ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਵੱਲੋਂ ਮਨਮੋਹਨ ਸਿੰਘ, ਦੀਪਕ ਕੁਮਾਰ ਅਤੇ ਸੁਖਚਰਨ, ਐੱਨ.ਐੱਸ.ਕਿਊ.ਐੱਫ. ਵੋਕੇਸ਼ਨਲ ਟੀਚਰਜ਼ ਫਰੰਟ ਵੱਲੋਂ ਭੁਪਿੰਦਰ ਸਿੰਘ, ਰਣਜੀਤ ਸਿੰਘ ਅਤੇ ਗੁਰਜੀਤ ਸਿੰਘ, ਅਤੇ ਕੰਪਿਊਟਰ ਟੀਚਰਜ਼ ਯੂਨੀਅਨ ਵੱਲੋਂ ਗੁਰਵਿੰਦਰ ਸਿੰਘ, ਹਰਜੀਤ ਸਿੰਘ ਅਤੇ ਨਰਿੰਦਰ ਸ਼ਰਮਾ ਨੇ ਆਪਣੀਆਂ ਯੂਨੀਅਨਾਂ ਦੇ ਮੁੱਦੇ ਅਤੇ ਚਿੰਤਾਵਾਂ ਪੇਸ਼ ਕੀਤੀਆਂ।

## ਚੱਬੇਵਾਲ ਨੇ ਮੁੱਖ ਸਰਵਿਸ ਲੇਨ ਦੇ ਨਿਰਮਾਣ ਕਾਰਜ ਦਾ ਕੀਤਾ ਨਿਰੀਖਣ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਫਗਵਾੜਾ ਬੱਸ ਸਟੈਂਡ ਦੇ ਸਾਹਮਣੇ ਸਥਿਤ ਮੁੱਖ ਸਰਵਿਸ ਲੇਨ ਦੇ ਚੱਲ ਰਹੇ ਨਿਰਮਾਣ ਕਾਰਜ ਦਾ ਨਿਰੀਖਣ ਕੀਤਾ। ਇਹ ਕੰਮ ਵਿਸ਼ਾਲ ਮੈਗਾ ਮਾਰਟ ਤੋਂ ਬੰਗਾ ਰੋਡ ਤੱਕ ਦੇ ਹਿੱਸੇ ਵਿੱਚ ਕੀਤਾ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਮੇਅਰ ਰਾਮਪਾਲ ਉੱਪਲ, ਵਧੀਕ ਡਿਪਟੀ ਕਮਿਸ਼ਨਰ-ਕਮ-ਨਗਰ ਨਿਗਮ ਕਮਿਸ਼ਨਰ ਰਣਦੀਪ ਸਿੰਘ ਹੀਰ ਅਤੇ ਨਗਰ ਨਿਗਮ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਡਾ. ਚੱਬੇਵਾਲ ਨੇ ਦੱਸਿਆ ਕਿ ਲਗਭਗ 30 ਕਰੋੜ ਰੁਪਏ ਦੀ ਲਾਗਤ ਨਾਲ ਚੱਲ ਰਹੇ ਇਸ ਲੰਬੇ ਸਮੇਂ ਤੋਂ ਲਟਕਦੇ ਪ੍ਰੋਜੈਕਟ ਦਾ ਕਾਰਜ ਅਗਲੇ ਕੁਝ ਦਿਨਾਂ ਵਿੱਚ ਪੂਰਾ ਕਰ ਲਿਆ ਜਾਵੇਗਾ, ਜਿਸ ਨਾਲ ਮੁਸਾਫ਼ਰਾਂ ਅਤੇ ਸਥਾਨਕ ਨਿਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਵਾਹਨਾਂ ਦੀ ਸੁਚਾਰੂ, ਸੁਰੱਖਿਅਤ ਅਤੇ ਨਿਰਵਿਘਨ ਆਵਾਜਾਈ ਯਕੀਨੀ ਬਣਾਉਣ ਲਈ 550 ਮੀਟਰ ਲੰਬੀ ਬਿਟੂਮਿਨਸ ਸਰਵਿਸ ਲੇਨ ਦਾ ਨਿਰਮਾਣ



ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਖੇਤਰ ਦੇ ਨਿਵਾਸੀਆਂ ਅਤੇ ਵਪਾਰੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨ ਲਈ ਸ਼ੁਰੂ ਕੀਤਾ ਗਿਆ ਹੈ। ਸੀਵਰੇਜ ਪ੍ਰੋਜੈਕਟ ਦੇ ਪੂਰਾ ਹੋਣ ਤੋਂ ਬਾਅਦ ਸੜਕ ਟੁੱਟ ਚੁੱਕੀ ਸੀ, ਜਿਸ ਕਾਰਨ ਲੋਕਾਂ ਨੂੰ ਲੰਬੇ ਸਮੇਂ ਤੋਂ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਕਾਰਜ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਸੰਸਦ ਨੇ ਨਿਰਮਾਣ ਏਜੰਸੀਆਂ ਨੂੰ ਗੁਣਵੱਤਾ ਦੇ ਮਿਆਰਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਉੱਚ ਗੁਣਵੱਤਾ ਵਾਲੀ ਨਿਰਮਾਣ ਸਮੱਗਰੀ ਦੀ ਵਰਤੋਂ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਸੜਕ ਲੰਬੇ ਸਮੇਂ ਤੱਕ ਟਿਕਾਊ ਬਣੀ ਰਹੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਧਾਰਤ ਸਮੇਂ ਦੇ ਅੰਦਰ, ਬਿਨਾਂ ਗੁਣਵੱਤਾ ਨਾਲ ਸਮਝੌਤਾ ਕੀਤੇ, ਕਾਰਜ ਪੂਰਾ ਕਰਨ ਦੇ ਵੀ ਨਿਰਦੇਸ਼ ਦਿੱਤੇ। ਬਾਅਦ ਵਿੱਚ ਡਾ. ਚੱਬੇਵਾਲ ਨੇ ਸਰਾਏਂ ਰੋਡ ਅਤੇ ਆਸ-ਪਾਸ ਦੇ ਬਾਜ਼ਾਰਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਦੁਕਾਨਦਾਰਾਂ ਅਤੇ ਵਪਾਰੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਨਾਲਿਆਂ ਵਿੱਚ ਜਾਮ ਦੀ ਸਮੱਸਿਆ ਦੇ ਹੱਲ ਅਤੇ ਨਾਜਾਇਜ਼ ਕਬਜ਼ੇ ਹਟਾਉਣ ਲਈ ਸਾਰਿਆਂ ਨੂੰ ਪੂਰਨ ਸਹਿਯੋਗ ਦੀ ਅਪੀਲ ਕੀਤੀ।

## ਰੋਡ ਤੋਂ 15 ਫੁੱਟ ਹੇਠਾਂ ਖੇਤ 'ਚ ਡਿੱਗੀ ਕਾਰ

**ਫਿਲੌਰ (ਨਿਰਮਲ)**- ਸਮਰਾੜੀ ਨਹਿਰ ਨੇੜੇ ਇੱਕ ਸਵਿਫਟ ਕਾਰ ਬੇਕਾਬੂ ਹੋ ਕੇ ਸੜਕ ਤੋਂ ਕਰੀਬ 15 ਫੁੱਟ ਹੇਠਾਂ ਖੇਤ ਵਿੱਚ ਜਾ ਡਿੱਗੀ। ਹਾਦਸੇ ਵਿੱਚ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ, ਜਦਕਿ ਕਾਰ ਵਿੱਚ ਸਵਾਰ ਬਜ਼ੁਰਗ ਚਾਲਕ ਨੂੰ ਮਾਮੂਲੀ ਸੱਟਾਂ ਲੱਗੀਆਂ।ਇਸ ਸੰਬੰਧੀ ਜਾਣਕਾਰੀ



ਦਿੰਦਿਆਂ ਪਿੰਡ ਧੁਲੇਤਾ ਦੇ ਪੰਚ ਪਵਿੱਤਰ ਸਿੰਘ ਨੇ ਦੱਸਿਆ ਕਿ ਚਿੱਟੇ ਰੰਗ ਦੀ ਸਵਿਫਟ ਕਾਰ ਧੁਲੇਤਾ ਪਿੰਡ ਤੋਂ ਹੁੰਦੀ ਹੋਈ ਸਮਰਾੜੀ ਰੋਡ ਰਾਹੀਂ ਔਪੜਾ ਸਾਈਡ ਵੱਲ ਜਾ ਰਹੀ ਸੀ। ਸਮਰਾੜੀ ਨਹਿਰ ਨੇੜੇ ਪਹੁੰਚਦਿਆਂ ਹੀ ਕਾਰ ਅਚਾਨਕ ਬੇਕਾਬੂ ਹੋ ਗਈ ਅਤੇ ਪਲਟੀਆਂ ਖਾਂਦੀ ਹੋਈ ਖੇਤ ਵਿੱਚ ਜਾ ਡਿੱਗੀ।ਪੰਚ ਪਵਿੱਤਰ ਸਿੰਘ ਨੇ ਦੱਸਿਆ ਕਿ ਕਾਰ ਵਿੱਚ ਸਿਰਫ਼ ਇੱਕ ਬਜ਼ੁਰਗ ਵਿਅਕਤੀ ਸਵਾਰ ਸੀ, ਜਿਸ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ, ਜਦਕਿ ਕਾਰ ਹਾਦਸੇ ਵਿੱਚ ਪੂਰੀ ਤਰ੍ਹਾਂ ਨੁਕਸਾਨੀ ਗਈ। ਕਾਰ ਚਾਲਕ ਹੁਸ਼ਿਆਰਪੁਰ ਤੋਂ ਆਪਣੇ ਰਿਸ਼ਤੇਦਾਰਾਂ ਕੋਲ ਔਪੜਾ ਪਿੰਡ ਜਾ ਰਿਹਾ ਸੀ।

## ਮੁਫ਼ਤ ਹੱਡੀਆਂ ਤੇ ਜੋੜਾਂ ਦੀ ਜਾਂਚ ਦਾ ਕੈਂਪ ਲਗਾਇਆ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਹੀਲਿੰਗ ਟੱਚ ਫਿਜ਼ੀਓਥੈਰੇਪੀ ਕਲੀਨਿਕ, ਦਿ ਮਾਲ ਰੋਡ, ਕਪੂਰਥਲਾ ਵਿਖੇ ਸਵ: ਬਲਕਾਰ ਸਿੰਘ ਬੱਲ ਦੀ ਨਿੱਘੀ ਯਾਦ ਵਿੱਚ ਇੱਕ ਮੁਫ਼ਤ ਆਰਥੋਪੈਡਿਕਸ ਜਾਂਚ ਕੈਂਪ ਸਫਲਤਾਪੂਰਵਕ ਲਗਾਇਆ ਗਿਆ। ਇਸ ਕੈਂਪ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ ਕਪੂਰਥਲਾ ਅਤੇ ਨੇੜਲੇ ਇਲਾਕਿਆਂ ਦੇ 100 ਤੋਂ ਵੱਧ ਮਰੀਜ਼ਾਂ ਨੇ ਹੱਡੀਆਂ, ਜੋੜਾਂ ਅਤੇ ਰੀੜ੍ਹ ਦੀ ਹੱਡੀ ਨਾਲ ਸਬੰਧਤ ਸਮੱਸਿਆਵਾਂ ਲਈ ਮਾਹਿਰਾਂ ਦੀ ਸਲਾਹ ਲਈ।ਇਸ ਕੈਂਪ ਦੀ ਅਗਵਾਈ ਐਮ ਬੀ ਜੀ ਪੇਨ ਵੀ ਕਲੀਨਿਕ, ਚੰਡੀਗੜ੍ਹ ਦੇ ਡਾਇਰੈਕਟਰ ਡਾ. ਗੁਰਵਿੰਦਰ ਸਿੰਘ ਬੱਲ (ਐੱਮ ਬੀ ਬੀ ਐੱਸ, ਐੱਮ ਐੱਸ ਆਰਥੋਪੈਡਿਕਸ, ਜੁਆਇੰਟ ਵਿੱਚ ਫੈਲੋਸ਼ਿਪ) ਅਤੇ ਫਿਜ਼ੀਓਥੈਰੇਪਿਸਟ ਡਾ. ਅੰਬਰ ਕਪੂਰ ਨੇ ਕੀਤੀ। ਕੈਂਪ ਦੌਰਾਨ ਮੁਫ਼ਤ ਆਰਥੋਪੈਡਿਕ ਸਲਾਹ, ਬੋਨ ਮਿਨਰਲ ਡੈਂਸਿਟੀ (ਬੀ ਐੱਮ ਡੀ ) ਸਕ੍ਰੀਨਿੰਗ, ਸਰੀਰਕ ਮੁਦਰਾ (ਪੋਸਚਰ) ਅਤੇ ਗਤੀਸ਼ੀਲਤਾ ਦਾ ਮੁਲਾਂਕਣ, ਅਤੇ ਮੁੜ-ਵਸੇਬਾ (ਰੀਹੈਬਲੀਟੇਸ਼ਨ) ਸੰਬੰਧੀ ਮਾਰਗਦਰਸ਼ਨ ਪ੍ਰਦਾਨ ਕੀਤਾ ਗਿਆ।ਗੋਡਿਆਂ ਦੇ ਗਠੀਏ, ਪਿੱਠ ਦੇ ਦਰਦ, ਗਰਦਨ ਦੇ ਦਰਦ, ਖੇਡਾਂ ਦੌਰਾਨ ਲੱਗਣ ਵਾਲੀਆਂ ਸੱਟਾਂ, ਓਸਟੀਓਪੋਰੋਸਿਸ, ਮੋਢੇ ਦੇ ਦਰਦ ਅਤੇ ਹੋਰ ਮਾਸਪੇਸ਼ੀਆਂ-ਹੱਡੀਆਂ ਦੇ ਵਿਕਾਰਾਂ ਤੋਂ ਪੀੜਤ ਮਰੀਜ਼ਾਂ ਦੀ ਵਿਆਪਕ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਨਿੱਜੀ ਇਲਾਜ ਦੀ ਸਲਾਹ ਦਿੱਤੀ ਗਈ। ਇਸ ਪਹਿਲਕਦਮੀ ਦਾ ਉਦੇਸ਼ ਬਿਮਾਰੀ ਦੇ ਸ਼ੁਰੂਆਤੀ ਪੜਾਅ 'ਤੇ ਨਿਦਾਨ, ਰੋਕਥਾਮ ਸੰਭਾਲ ਅਤੇ ਹੱਡੀਆਂ ਤੇ ਜੋੜਾਂ ਦੀ ਸਿਹਤ ਬਾਰੇ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ।ਇਸ ਮੌਕੇ ਬੋਲਦਿਆਂ ਡਾ. ਗੁਰਵਿੰਦਰ ਸਿੰਘ ਬਾਲ ਨੇ ਕਿਹਾ 'ਮੁਫ਼ਤ ਮੈਡੀਕਲ ਕੈਂਪਾਂ ਰਾਹੀਂ ਸਮਾਜ ਦੀ ਸੇਵਾ ਕਰਨਾ ਮੇਰੇ ਪੂਜਨੀਕ ਪਿਤਾ ਸਵਰਗੀ ਬਲਕਾਰ ਸਿੰਘ ਬਾਲ ਦੇ ਕਦਰਾਂ-ਕੀਮਤਾਂ ਅਤੇ ਵਿਰਾਸਤ ਨੂੰ ਸਾਡੀ ਇੱਕ ਨਿਮਾਣੀ ਜਿਹੀ ਸ਼ਰਧਾਂਜਲੀ ਹੈ। ਸਾਡਾ ਮਿਸ਼ਨ ਹਰ ਵਿਅਕਤੀ ਤੱਕ ਮਿਆਰੀ ਆਰਥੋਪੈਡਿਕ ਦੇਖਭਾਲ ਪਹੁੰਚਾਉਣਾ ਹੈ।' ਪ੍ਰਬੰਧਕਾਂ ਨੇ ਸਾਰੇ ਮਰੀਜ਼ਾਂ, ਵਾਲੰਟੀਅਰਾਂ ਅਤੇ ਹੀਲਿੰਗ ਟੱਚ ਫਿਜ਼ੀਓਥੈਰੇਪੀ ਕਲੀਨਿਕ ਦੀ ਟੀਮ ਦਾ ਕੈਂਪ ਨੂੰ ਸ਼ਾਨਦਾਰ ਤੌਰ 'ਤੇ ਸਫ਼ਲ ਬਣਾਉਣ ਲਈ ਧੰਨਵਾਦ ਪ੍ਰਗਟ ਕੀਤਾ।



## ਰੋਟਰੀ ਆਈ ਬੈਂਕ ਵੱਲੋਂ 204 ਵਿਦਿਆਰਥੀਆਂ ਦੀਆਂ ਅੱਖਾਂ ਦਾ ਚੈੱਕਅੱਪ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਸਰਕਾਰੀ ਹਾਈ ਅਤੇ ਪ੍ਰਾਇਮਰੀ ਸਕੂਲ ਡਗਾਣਾ ਕਲਾਂ ਦੇ



ਵਿਦਿਆਰਥੀਆਂ ਦੀਆਂ ਅੱਖਾਂ ਦਾ ਡਿਜੀਟਲ ਮਸ਼ੀਨ ਨਾਲ ਨਿਰੀਖਣ ਕੀਤਾ ਗਿਆ। ਇਹ ਸਮੁੱਚਾ ਨਿਰੀਖਣ ਸੰਸਥਾ ਦੇ ਚੇਅਰਮੈਨ ਸੰਜੀਵ ਅਰੋੜਾ ਅਤੇ ਪ੍ਰਧਾਨ ਜੇ. ਬੀ. ਬਹਿਲ ਦੀ ਦੇਖ ਰੇਖ ਵਿੱਚ ਕੀਤਾ ਗਿਆ। ਸਕੂਲਾਂ ਕਾਲਜਾਂ ਵਿੱਚ ਵਿਦਿਆਰਥੀਆਂ ਅੱਖਾਂ ਦਾ ਨਿਰੀਖਣ ਸੁਚੱਜੇ ਢੰਗ ਨਾਲ ਕਰਨ ਲਈ ਇਸ ਮਹਤਵਪੂਰਨ ਪ੍ਰੋਜੈਕਟ ਦੇ ਇੰਚਾਰਜ ਰਿਟਾਇਰਡ ਡਿਪਟੀ ਡਾਇਰੈਕਟਰ ਸਿੱਖਿਆ ਵਿਭਾਗ ਅਸ਼ਵਨੀ ਕੁਮਾਰ ਦੱਤਾ ਨੇ ਦੱਸਿਆ ਕਿ ਇਹ ਪ੍ਰੋਜੈਕਟ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਅਧੀਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ 204 ਵਿਦਿਆਰਥੀਆਂ ਦੀਆਂ ਅੱਖਾਂ ਚੈੱਕ ਕੀਤੀਆਂ ਗਈਆਂ।ਇਸ ਮੌਕੇ ਸੰਸਥਾ ਦੇ ਸਕੱਤਰ ਅਤੇ ਵਿੱਤ ਸਕੱਤਰ ਪ੍ਰੋ. ਦਲਜੀਤ ਸਿੰਘ ਅਤੇ ਮਦਨ ਲਾਲ ਮਹਾਜਨ ਨੇ ਸਾਂਝੇ ਤੌਰ 'ਤੇ ਕਿਹਾ ਕਿ ਮੋਬਾਈਲ ਅਤੇ ਟੀ ਵੀ ਕਾਰਨ ਵਿਦਿਆਰਥੀਆਂ ਵਿੱਚ ਅੱਖਾਂ ਦੀਆਂ ਸਮੱਸਿਆਵਾਂ ਦਾ ਬਹੁਤ ਵਾਧਾ ਹੋਇਆ ਹੈ। ਪ੍ਰੋ. ਦਲਜੀਤ ਸਿੰਘ ਨੇ ਸਮੁੱਚੇ ਸਮਾਜ ਖਾਸ ਕਰ ਮਾਤਾ ਪਿਤਾ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਨੂੰ ਮੋਬਾਇਲ, ਟੀ ਵੀ ਦੀ ਵਰਤੋਂ ਕਰਨ ਤੋਂ ਰੋਕਣ ਕਿਓਂ ਜੋ ਸਕ੍ਰੀਨ ਦੇਖਣ ਕਾਰਨ ਬੱਚਿਆਂ ਦੀਆਂ ਅੱਖਾਂ ਵਿੱਚ ਬੁਰਾ ਪ੍ਰਭਾਵ ਪੈਂਦਾ ਹੈ। ਇਸ ਮੌਕੇ ਬੈਂਕ ਕ੍ਰਿਸ਼ਨ ਕਿਸ਼ੋਰ ਅਤੇ ਪ੍ਰੋ. ਜਸੀਵ ਸ਼ਰਮਾ ਨੇ ਵੀ ਇਸ ਕੈਂਪ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ।

ਇਸ ਮੌਕੇ ਹਾਈ ਸਕੂਲ ਦੇ ਮੁਖੀ ਹਰਪ੍ਰੀਤ ਕੌਰ ਅਤੇ ਪ੍ਰਾਇਮਰੀ ਸਕੂਲ ਦੇ ਇੰਚਾਰਜ ਸੋਨੂੰ ਕੁਮਾਰ ਨੇ ਰੋਟਰੀ ਆਈ ਬੈਂਕ ਦੇ ਪ੍ਰਧਾਨ ਜੇ.ਬੀ. ਬਹਿਲ ਅਤੇ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦੇ ਅਧਿਆਪਕ ਦਲਜੀਤ ਕੌਰ, ਨੀਲਮ ਰਾਣੀ, ਅੰਜੂ, ਸੀਮਾ, ਮਨਜੀਤ ਕੌਰ ਅਤੇ ਹੋਰ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਸੰਬੰਧੀ ਕੀਰਤਨ ਦਰਬਾਰ 23 ਨੂੰ

**ਬਲਾਚੌਰ, ਬੰਗਾ (ਜਸਵਿੰਦਰ ਬੈਂਸ, ਅਵਤਾਰ ਕਲੇਰ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਕਰਵਾ ਕੇ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਅਤੇ ਮਹਾਨ ਉਪਦੇਸ਼ਾਂ ਬਾਰੇ ਜਾਣਕਾਰੀ ਦੇਣਾ ਹੈ। ਇਸ ਕੜੀ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਬੰਗਾ ਵਿਖੇ 23 ਜੁਲਾਈ ਨੂੰ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਕਰਵਾਇਆ ਜਾਵੇਗਾ।



ਇਸ ਸਬੰਧੀ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਅੱਜ ਬੰਗਾ ਵਿਖੇ ਪਹੁੰਚ ਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਸਮਾਗਮ ਵਾਲੀ ਥਾਂ ਦਾ ਦੌਰਾ ਕਰਕੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੀਰਤਨ ਦਰਬਾਰ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਲਈ ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪਾਰਕਿੰਗ, ਪੀਣ ਵਾਲੇ ਪਾਣੀ, ਬੈਠਣ, ਲਾਈਟਾਂ, ਸਾਊਂਡ ਸਿਸਟਮ, ਮੈਡੀਕਲ ਟੀਮਾਂ ਅਤੇ ਐਂਬੂਲੈਂਸ ਦੀ ਸਹੂਲਤ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਸਮਾਗਮ ਵਾਲੇ ਦਿਨ ਟ੍ਰੈਫਿਕ ਦੀ ਸੁਚਾਰੂ ਵਿਵਸਥਾ ਲਈ ਪੁਲਿਸ ਪ੍ਰਬੰਧ ਵੀ ਪੁਖਤਾ ਕੀਤੇ ਜਾਣ। ਨਾਲ ਹੀ ਸਫਾਈ ਅਤੇ ਸੈਨੀਟੇਸ਼ਨ ਦੇ ਪੁਖਤਾ ਪ੍ਰਬੰਧ ਕੀਤੇ ਜਾਣ ਤਾਂ ਜੋ ਸੰਗਤਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਸਮੂਹ ਧਾਰਮਿਕ, ਸਮਾਜਿਕ ਅਤੇ ਸਵੈ-ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਸਮਾਗਮ ਨੂੰ ਸਫਲ ਬਣਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਵਨੀਤ ਕੌਰ, ਐੱਸ ਡੀ ਐੱਮ ਬੰਗਾ ਵਿਪਨ ਭੰਡਾਰੀ, ਸਹਾਇਕ ਕਮਿਸ਼ਨਰ ਜਨਰਲ ਰਮਨਜੀਤ, ਪੁਲਿਸ ਅਧਿਕਾਰੀ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤੇ ਇਨਕਲਾਬੀ ਨੌਜਵਾਨ ਸਭਾ ਵੱਲੋਂ ਕਨਵੈਨਸ਼ਨ 26 ਨੂੰ

**ਜਲੰਧਰ (ਰਾਜੇਸ਼ ਥਾਪਾ)** ਮੋਗਾ ਵਿਖੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਅਤੇ ਇਨਕਲਾਬੀ ਨੌਜਵਾਨ ਸਭਾ ਦੀ ਸਾਂਝੀ



ਮੀਟਿੰਗ ਹੋਈ। ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ 26 ਜੁਲਾਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਤੇ 31 ਜੁਲਾਈ ਨੂੰ ਟੀਚਰਜ਼ ਹੋਮ, ਬਠਿੰਡਾ ਵਿਖੇ ਸਾਂਝੀਆਂ ਨੌਜਵਾਨ ਕਨਵੈਨਸ਼ਨਾਂ ਕਰਵਾਈਆਂ ਜਾਣਗੀਆਂ, ਜਿਨ੍ਹਾਂ ਵਿੱਚ ਪੰਜਾਬ ਭਰ ਤੋਂ ਨੌਜਵਾਨਾਂ ਦੀ ਭਰਵੀਂ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ। ਇਨ੍ਹਾਂ ਕਨਵੈਨਸ਼ਨਾਂ ਦਾ ਮੁੱਖ ਮਕਸਦ ਪੰਜਾਬ ਭਰ ਦੇ ਨੌਜਵਾਨਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਬੇਰੁਜ਼ਗਾਰੀ, ਸਾਂਝੀਵਾਲਤਾ, ਸਿੱਖਿਆ, ਰੁਜ਼ਗਾਰ ਅਤੇ ਨੌਜਵਾਨਾਂ ਨਾਲ ਜੁੜੇ ਹੋਰ ਅਹਿਮ ਮੁੱਦਿਆਂ 'ਤੇ ਸਾਂਝਾ ਸੰਘਰਸ਼ ਖੜ੍ਹਾ ਕਰਨਾ ਹੈ। ਕੇਂਦਰ ਦੀ ਭਾਜਪਾ ਸਰਕਾਰ ਨੇ ਹਰ ਸਾਲ 2 ਕਰੋੜ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ ਪਰ ਬੇਰੁਜ਼ਗਾਰੀ ਦੀ ਸਮੱਸਿਆ ਜਿਉਂ ਦੀ ਤਿਉਂ ਹੈ। ਮੀਟਿੰਗ ਵਿੱਚ ਪੰਜਾਬ ਦੀਆਂ ਸਮੂਹ ਨੌਜਵਾਨ ਜਥੇਬੰਦੀਆਂ, ਵਿਦਿਆਰਥੀ ਸੰਗਠਨਾਂ ਅਤੇ ਇਨਸਾਫ਼ਪਸੰਦ ਨੌਜਵਾਨਾਂ ਨੂੰ ਇਨ੍ਹਾਂ ਕਨਵੈਨਸ਼ਨਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ, ਤਾਂ ਜੋ ਬੇਰੁਜ਼ਗਾਰੀ ਦੇ ਮੁੱਦੇ ਨੂੰ ਪੰਜਾਬ ਦੇ ਹਰ ਪਿੰਡ ਅਤੇ ਹਰ ਸ਼ਹਿਰ ਵਿੱਚ ਲੋਕ ਸੰਘਰਸ਼ ਦਾ ਮੁੱਖ ਮੁੱਦਾ ਬਣਾਇਆ ਜਾ ਸਕੇ।ਮੀਟਿੰਗ ਵਿੱਚ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਮਜਿੰਦਰ ਸਿੰਘ ਦੇਸੀ, ਇਨਕਲਾਬੀ ਨੌਜਵਾਨ ਸਭਾ ਦੇ ਆਗੂ ਬਲਕਾਰਨ ਮੋਗਾ, ਹੈਪੀ ਮਾਨ, ਸੁਖਜੀਤ ਰਾਮਾਨੰਦੀ, ਰਵਿੰਦਰ ਲੋਹਗੜ੍ਹ ਅਤੇ ਮੱਖਣ ਸੰਘਰਾਮੀ ਹਾਜ਼ਰ ਰਹੇ।

## ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵਿਧਾਇਕ ਨੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡਾਂ ਦੇ ਲੋਕਾਂ ਨੇੜੇ ਹੋ ਕੇ ਵਿਧਾਇਕ ਇੰਦਰਜੀਤ ਕੌਰ ਮਾਨ ਨੂੰ ਲੋਕ ਆਪਣੀਆਂ ਦੁੱਖ ਤਕਲੀਫਾਂ ਸੁਣਾਉਂਦੇ ਹਨ ਬਹੁਤੀਆਂ ਮੁਸ਼ਕਲਾਂ ਨੂੰ ਬੀਬੀ ਮਾਨ ਨਾਲ ਚੱਲ ਰਹੇ ਸਰਕਾਰੀ ਅਫਸਰ ਬੀ ਡੀ ਪੀ ਓ, ਬਿਜਲੀ ਵਿਭਾਗ, ਵਾਟਰ ਸਪਲਾਈ, ਪੁਲਿਸ ਵਿਭਾਗ ਆਦਿ ਮੌਕੇ ਤੇ ਹੀ ਨਿਪਟਾਰਾ ਕਰ ਦਿੰਦੇ ਹਨ। ਵਿਧਾਇਕ ਇੰਦਰਜੀਤ ਕੌਰ ਮਾਨ ਨੇ ਆਖਿਆ ਕਿ ਵੱਖ-ਵੱਖ ਪਿੰਡਾਂ ਵਿੱਚ ਲੋਕ ਮਿਲਣੀਆਂ ਕੀਤੀਆਂ ਗਈਆਂ ਜਿਨਾਂ ਵਿੱਚ ਪਿੰਡ ਆਲੋਵਾਲ ਵਿਚ ਲੋਕ ਮਿਲਣੀ ਦੌਰਾਨ ਸਰਪੰਚ ਹਰਪ੍ਰੀਤ ਸਿੰਘ ਧਰਮਪਾਲ ਗੋਹੀਰ ਬਲਾਕ ਪ੍ਰਧਾਨ, ਮੋਨਿਕਾ ਬਲਾਕ ਪ੍ਰਧਾਨ ਇਸਤਰੀ ਵਿੰਗ, ਜਸਬੀਰ ਸਿੰਘ, ਚੌਧਰੀ ਪਰਮਜੀਤ ਸਿੰਘ, ਚੌਧਰੀ ਇੰਦਰਜੀਤ ਸਿੰਘ, ਤਰਲੋਚਨ ਸਿੰਘ, ਹਰਪ੍ਰੀਤ ਸਿੰਘ ਪੰਚ, ਕੁਲਵੰਤ ਸਿੰਘ ਪੰਚ, ਅਵਤਾਰ ਰਾਮ ਪੰਚ। ਇਸੇ ਤਰ੍ਹਾਂ ਪਿੰਡ ਬੋਪਾ ਰਾਏ ਕਲਾਂ ਵਿੱਚ ਲੋਕ ਮਿਲਣੀ ਦੌਰਾਨ ਸਾਬਕਾ ਸਰਪੰਚ ਦਵਿੰਦਰ ਸਿੰਘ, ਆਦਰ ਸਿੰਘ ਪੰਚ, ਰਮੇਸ਼ ਕੁਮਾਰ ਪੰਚ, ਕਾਂਤਾ ਰਾਣੀ ਪੰਚ, ਕੁਲਵੰਤ ਸਿੰਘ, ਸੁਖਜੀਤ ਸਿੰਘ, ਅਜੀਤ ਸਿੰਘ, ਰਾਜ ਕੁਮਾਰ, ਅਮਰਜੀਤ ਕਲੇਰ, ਕੈਪਟਨ ਸੰਤੋਖ



ਸਿੰਘ ਅਤੇ ਸ਼ਰਨਜੀਤ ਸਾਬਕਾ ਹਾਜ਼ਰ ਸਨ। ਪਿੰਡ ਮੀਰਾ ਵਿਚ ਸਰਪੰਚ ਸੋਹਨ ਲਾਲ, ਜਸਵੰਤ ਸਿੰਘ ਬਲਾਕ ਪ੍ਰਧਾਨ, ਮੀਨਾ ਕੁਮਾਰੀ ਇਸਤਰੀ ਵਿੰਗ, ਰਣਜੀਤ ਸਿੰਘ ਬਲਾਕ ਪ੍ਰਧਾਨ ਐਸ ਸੀ ਵਿੰਗ, ਰਵਿੰਦਰ ਕੁਮਾਰ ਰਿੰਕੂ ਬਲਾਕ ਪ੍ਰਧਾਨ ਯੂਥ ਵਿੰਗ, ਕੇਵਲ ਰਾਮ, ਸੁਖਵਿੰਦਰ ਕੁਮਾਰ, ਵਰਿੰਦਰ ਕੁਮਾਰ ਆਦਿ ਇਸ ਮੌਕੇ ਤੇ ਹਾਜ਼ਰ ਸਨ। ਇਸ ਦੌਰਾਨ ਲੋਕਾਂ ਨੂੰ ਰਸੋਈ ਸਕੀਮ ਤਹਿਤ ਰਾਸ਼ਨ ਦੀਆਂ ਕਿੱਟਾਂ ਵੀ ਵੰਡੀਆਂ ਗਈਆਂ।

## ਗਿਆਰ੍ਹਵੀਂ ਜਮਾਤ 'ਚ ਵੋਕੇਸ਼ਨਲ ਇਲੈਕਟ੍ਰੀਕਲ ਟ੍ਰੇਡ ਦੀਆਂ ਕਲਾਸਾਂ ਸ਼ੁਰੂ

**ਮਾਹਿਲਪੁਰ (ਸ.ਫ਼ਰੀ)**- ਇਥੋਂ ਦੇ ਖਾਲਸਾ ਕਾਲਜ ਮਾਹਿਲਪੁਰ ਦੇ ਕੈਂਪਸ ਵਿੱਚ ਚੱਲ ਰਹੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਗਿਆਰ੍ਹਵੀਂ ਜਮਾਤ ਦੇ ਨਵੇਂ ਅਕਾਦਮਿਕ ਸੈਸ਼ਨ ਲਈ ਵੋਕੇਸ਼ਨਲ ਇਲੈਕਟ੍ਰੀਕਲ ਟ੍ਰੇਡ ਦੀਆਂ ਕਲਾਸਾਂ ਸ਼ੁਰੂ ਹੋ ਗਈਆਂ ਹਨ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਸਮੁੱਚੇ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਨਰ



ਅਧਾਰਤ ਸਿੱਖਿਆ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਇਲੈਕਟ੍ਰੀਕਲ ਟ੍ਰੇਡ ਵਿਦਿਆਰਥੀਆਂ ਨੂੰ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਵਧੀਆ ਮੌਕੇ ਪ੍ਰਦਾਨ ਕਰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਟ੍ਰੇਡ ਰਾਹੀਂ ਵਿਦਿਆਰਥੀ ਇਲੈਕਟ੍ਰੀਕਲ ਵਾਇਰਿੰਗ, ਮੁਰੰਮਤ, ਸੁਰੱਖਿਆ ਅਤੇ ਆਧੁਨਿਕ ਤਕਨੀਕੀ ਹੁਨਰਾਂ ਦੀ ਸਿਖਲਾਈ ਪ੍ਰਾਪਤ ਕਰ ਸਕਦੇ ਹਨ, ਜੋ ਭਵਿੱਖ ਵਿੱਚ ਉਨ੍ਹਾਂ ਦੇ ਕਰੀਅਰ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ। ਉਨ੍ਹਾਂ ਇੱਛੁਕ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਹੁਨਰ ਕੇਂਦਰਿਤ ਕੋਰਸ ਵਿੱਚ ਆਪਣਾ ਦਾਖਲਾ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਇਸ ਟ੍ਰੇਡ ਵਿੱਚ ਕੁੱਲ 25 ਸੀਟਾਂ ਉਪਲਬਧ ਹਨ ਅਤੇ ਇਹ ਦਾਖਲੇ ਪਹਿਲਾਂ ਆਓ-ਪਹਿਲਾਂ ਪਾਓ ਦੇ ਅਧਾਰ 'ਤੇ ਕੀਤੇ ਜਾਣਗੇ। ਇਸ ਮੌਕੇ ਕਾਲਜ ਦਾ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸੀ।

## ਭਾਜਪਾ ਵੱਲੋਂ ਸਾਰੇ ਮੰਡਲਾਂ 'ਚ ਦੋ ਦਿਨਾ ਸਫਾਈ ਮੁਹਿੰਮ ਦੀ ਸ਼ੁਰੂਆਤ

**ਬੰਗਾ (ਅਵਤਾਰ ਕਲੇਰ)**- ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਆਉਣ ਤੋਂ ਪਹਿਲਾਂ ਪਾਰਟੀ ਦੀ ਹਾਈਕਮਾਂਡ ਦਾ ਆਦੇਸ਼ ਸੀ ਕਿ ਪੰਜਾਬ ਦੇ ਸਾਰੇ ਮੰਡਲਾ ਵਿੱਚ 2 ਦਿਨਾਂ 'ਸਫਾਈ ਅਭਿਆਨ' ਚਲਾਇਆ ਜਾਵੇ। ਇਸ ਦੇ ਤਹਿਤ ਸਵੇਰੇ ਰੇਲਵੇ ਰੋਡ ਤੇ ਸਥਿਤ ਸ੍ਰੀ ਲਕਸ਼ਮੀ ਨਰਾਇਣ ਮੰਦਿਰ ਪੁਰਾਣੀ ਦਾਨਾ ਮੰਡੀ ਬੰਗਾ ਤੋਂ ਇਸ ਦੀ ਸ਼ੁਰੂਆਤ ਕੀਤੀ ਗਈ। ਇਹ ਸਫਾਈ ਅਭਿਆਨ ਡਾ. ਧਰਮਪਾਲ ਰਿਟਾ ਆਈ ਏ ਐਸ ਜਿਨ੍ਹਾਂ ਨੂੰ ਇਸ ਅਭਿਆਨ ਦਾ ਇੰਚਾਰਜ ਲਗਾਇਆ ਗਿਆ, ਦੀ ਯੋਗ ਅਗਵਾਈ ਵਿੱਚ ਚਲਾਇਆ ਗਿਆ।ਇਸ ਮੌਕੇ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਨੇ ਇਕੱਠੇ ਹੋ ਕੇ ਸ੍ਰੀ ਲਕਸ਼ਮੀ ਨਰਾਇਣ ਮੰਦਰ ਦੀ ਮੂਹਰਲੀ ਸੜਕ ਦੀ ਸਫ਼ਾਈ



ਕੀਤੀ। ਇਸ ਉਪਰੰਤ ਉਨ੍ਹਾਂ ਨੇ ਮੰਦਰ ਦੇ ਆਸ ਪਾਸ ਅਤੇ ਪਿਛਲੇ ਪਾਸੇ ਦੀ ਸੜਕ ਦੀ ਸਫ਼ਾਈ ਕੀਤੀ ਅਤੇ ਕੂੜੇ ਨੂੰ ਕੂੜੇਦਾਨ ਵਿਚ ਪਾਇਆ। ਇਸ ਉਪਰੰਤ ਇਸਤਰੀ ਸਤਿਸੰਗ ਘਰ ਅਤੇ ਉਸ ਦੇ ਆਸ ਪਾਸ ਸੜਕਾਂ ਦੀ ਵੀ ਮੁਕੰਮਲ ਸਫਾਈ ਕੀਤੀ ਗਈ। ਭਾਜਪਾ ਵਰਕਰਾਂ ਵਿੱਚ ਸਫ਼ਾਈ ਅਭਿਆਨ ਪ੍ਰਤੀ ਪੂਰਾ ਉਤਸ਼ਾਹ ਦੇਖਣ ਨੂੰ ਮਿਲਿਆ। ਸਫਾਈ ਅਭਿਆਨ ਦੇ ਇੰਚਾਰਜ ਡਾ. ਧਰਮਪਾਲ ਰਿਟਾ ਆਈ ਏ ਐਸ ਨੇ ਕਿਹਾ ਕਿ ਸਾਨੂੰ ਸਭ ਨੂੰ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਸ਼ਹਿਰ ਅਤੇ ਆਸ ਪਾਸ ਦੇ ਪਿੰਡਾਂ ਵਿਚ ਸਫਾਈ ਅਭਿਆਨ ਚਲਾਉਣਾ ਚਾਹੀਦਾ ਹੈ। ਇਸ ਮੌਕੇ ਸਫਾਈ ਅਭਿਆਨ ਇੰਚਾਰਜ ਡਾ. ਧਰਮਪਾਲ, ਸੰਜੀਵ ਭਾਰਦਵਾਜ ਸਾਬਕਾ ਜ਼ਿਲ੍ਹਾ ਪ੍ਰਧਾਨ, ਡਾ ਨਰੇਸ਼ ਰਾਵਲ ਮੰਡਲ ਪ੍ਰਧਾਨ ਬੰਗਾ, ਡਿੰਪਲ ਭਾਰਦਵਾਜ ਜ਼ਿਲ੍ਹਾ ਜਨਰਲ ਸਕੱਤਰ, ਸੁਦੇਸ਼ ਸ਼ਰਮਾ, ਸਪਰਸ਼ ਹਰੀਸ਼, ਵਿਕਾਸ ਗੁਪਤਾ, ਰਵੀ ਬੰਗਾ ਆਦਿ ਵੀ ਹਾਜ਼ਰ ਸਨ।

## ਮਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਨਿੰਦਾ

**ਜਲੰਧਰ (ਲਖਵਿੰਦਰ ਸਿੰਘ ਆਧੀ, ਰਾਜੇਸ਼ ਥਾਪਾ)**- ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਅਤੇ ਪ੍ਰੈਸ ਸਕੱਤਰ ਬਲਦੇਵ ਸਿੰਘ



ਨੂਰਪੁਰੀ ਸਾਂਝੇ ਪ੍ਰੈਸ ਬਿਆਨ ਰਾਹੀਂ ਕਿਹਾ ਕਿ ਮਨਰੇਗਾ ਕਰਮਚਾਰੀ ਜਦੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਤੇ ਅੱਠ ਮਹੀਨੇ ਤੋਂ ਰੁਕੀਆਂ ਤਨਖਾਹਾਂ ਦਿੱਤੀਆਂ ਜਾਣ ਲਈ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਧ ਦੀ ਰਿਹਾਇਸ਼ ਤੇ ਉਨ੍ਹਾਂ ਨੂੰ ਮੰਗ ਪੱਤਰ ਦੇਣ ਗਏ ਤਾਂ ਪੁਲਸ ਨੇ ਕਰਮਚਾਰੀਆਂ ਨੂੰ ਰੋਕ ਕੇ ਪਹਿਲਾਂ ਪਾਣੀ ਦੀਆਂ ਬੁਛਾੜਾਂ ਛੱਡੀਆਂ ਅਤੇ ਫਿਰ ਲਾਠੀਚਾਰਜ ਕੀਤਾ। ਇਕ ਕਰਮਚਾਰੀ ਦੀ ਲੱਤ ਤੋੜ ਦਿੱਤੀ ਗਈ ਤੇ ਸ਼ਾਮਲ ਔਰਤਾਂ ਉਪਰ ਵੀ ਬੇਤਹਾਸ਼ਾ ਜ਼ੁਲਮ ਢਾਹਿਆ ਗਿਆ ਜਿਸ ਕਰਕੇ ਬਹੁਤ ਸਾਰੇ ਵਰਕਰਾਂ ਨੂੰ ਹਸਪਤਾਲ ਪਹੁੰਚਾਇਆ ਗਿਆ ਜੋ ਜੇਰੇ ਇਲਾਜ਼ ਹਨ।ਉਪਰੋਕਤ ਆਗੂਆਂ ਨੇ ਇਸ ਦੀ ਨਿੰਦਾ ਕੀਤੀ।

## ਰਾਜੇਸ਼ ਕੁਮਾਰ ਨੇ ਅੱਡਾ ਸਰਾਂ ਚੌਕੀ ਦਾ ਚਾਰਜ ਸੰਭਾਲਿਆ

**ਅੱਡਾ ਸਰਾਂ (ਜਸਵੀਰ ਕਾਜਲ)**- ਜ਼ਿਲ੍ਹਾ ਪੁਲਸ ਮੁਖੀ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਡੀ ਐਸ ਪੀ ਦਵਿੰਦਰ ਸਿੰਘ ਬਾਜਵਾ ਦੇ ਹੁਕਮਾਂ ਤਹਿਤ ਅੱਡਾ ਸਰਾਂ ਚੌਕੀ ਦਾ ਚਾਰਜ ਸੰਭਾਲਣ ਮੌਕੇ ਏ ਐੱਸ



ਆਈ ਰਾਜੇਸ਼ ਕੁਮਾਰ ਨੇ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਲਾਕੇ ਵਿੱਚ ਅਮਨ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਹਰ ਕੀਮਤ 'ਤੇ ਬਹਾਲ ਰਖਿਆ ਜਾਵੇਗਾ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਈ ਜਾਵੇਗੀ। ਉਨ੍ਹਾਂ ਕਿਹਾ ਨਸ਼ੇ ਦੇ ਸੌਦਾਗਰਾਂ ਨੂੰ ਵੀ ਕਿਸੇ ਕੀਮਤ 'ਤੇ ਵੀ ਬਖ਼ਸ਼ਿਆ ਨਹੀਂ ਜਾਵੇਗਾ। ਇਸ ਮੌਕੇ ਰਾਜੇਸ਼ ਕੁਮਾਰ ਨੇ ਕਿਹਾ ਹਰੇਕ ਵਿਅਕਤੀ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰੇ ਅਤੇ ਪੂਰੇ ਕਾਗਜ਼ਾਤ ਰੱਖੇ। ਬੁਲਟ ਮੋਟਰਸਾਈਕਲਾਂ ਦੇ ਪਟਾਕੇ ਮਾਰਨ ਵਾਲੇ ਸ਼ਰਾਰਤੀ ਅਨਸਰਾਂ ਨੰ ਵੀ ਨੱਥ ਪਾਈ ਜਾਵੇਗੀ। ਇਸ ਮੌਕੇ ਏ ਐੱਸ ਆਈ ਜਗਤਾਰ ਸਿੰਘ, ਏ ਐੱਸ ਆਈ ਬੁੱਧ ਸਿੰਘ, ਏ ਐੱਸ ਆਈ ਸੁਰਿੰਦਰਪਾਲ ਸਿੰਘ, ਹੈਡਕਾਂਸਟੇਬਲ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਲੱਖਪੁਰ ਵਿਖੇ 'ਮੇਲਾ ਤੀਆਂ ਦਾ' 19 ਨੂੰ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)**- ਸਾਉਣ ਮਹੀਨੇ 'ਚ ਔਰਤਾਂ ਵਲੋਂ ਮਨਾਇਆ ਜਾਣ ਵਾਲਾ ਰਵਾਇਤੀ ਤੀਆਂ ਦਾ ਤਿਉਹਾਰ 'ਮੇਲਾ ਤੀਆਂ ਦਾ' ਪਿੰਡ ਲੱਖਪੁਰ ਤਹਿਸੀਲ ਫਗਵਾੜਾ ਵਿਖੇ 19 ਜੁਲਾਈ ਨੂੰ ਸਵੇਰੇ 11 ਤੋਂ ਦੁਪਿਹਰ 2 ਵਜੇ ਤੱਕ ਬੜੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਮੇਲੇ ਦੀਆਂ ਤਿਆਰੀਆਂ ਸਬੰਧੀ ਪਿੰਡ ਦੀਆਂ



ਔਰਤਾਂ ਵਲੋਂ ਇਕ ਮੀਟਿੰਗ ਕੀਤੀ ਗਈ ਜਿਸ ਵਿੱਚ ਰਿਟਾ. ਪ੍ਰਿੰਸੀਪਲ ਅਤੇ ਸਮਾਜ ਸੇਵੀ ਜਸਵਿੰਦਰ ਬੰਗੜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਹਨਾਂ ਦੇ ਨਾਲ ਤਰਲੋਚਨ ਸਿੰਘ ਅਤੇ ਪ੍ਰਿੰਸ ਹਲਵਾਈ ਨੇ ਵੀ ਮੀਟਿੰਗ ਵਿੱਚ ਹਿੱਸਾ ਲਿਆ। ਮੀਟਿੰਗ ਉਪਰੰਤ ਜਾਣਕਾਰੀ ਦਿੰਦੇ ਹੋਏ ਪਿੰਡ ਦੀਆਂ ਔਰਤਾਂ ਨੇ ਦੱਸਿਆ ਕਿ ਸਮੂਹ ਗ੍ਰਾਮ ਪੰਚਾਇਤ, ਐੱਨ ਆਰ ਆਈ ਦੇ ਸਹਿਯੋਗ ਸਦਕਾ 19 ਜੁਲਾਈ ਨੂੰ 5ਵਾਂ ਸਲਾਨਾ 'ਮੇਲਾ ਤੀਆਂ ਦਾ' ਸਮਾਗਮ ਬਹੁਤ ਹੀ ਜ਼ੋਸ਼ੋ ਖਰੋਸ਼ ਅਤੇ ਰੀਝਾਂ ਨਾਲ ਕਰਵਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਔਰਤਾਂ ਵਲੋਂ ਗਿੱਧਾ, ਬੋਲੀਆਂ, ਕਿਕਲੀ, ਪੀਂਘਾ ਰਾਹੀਂ ਪੁਰਾਤਨ ਸੱਭਿਆਚਾਰ ਨੂੰ ਸੁਰਜੀਤ ਕੀਤਾ ਜਾਵੇਗਾ। ਮੁਟਿਆਰਾਂ ਰਵਾਇਤੀ ਪੰਜਾਬੀ ਪੋਸ਼ਾਕਾਂ ਧਾਰਣ ਕਰਕੇ ਅਤੇ ਪੀਂਘਾਂ ਝੂਟਕੇ ਆਪਣੀ ਖੁਸ਼ੀ ਦਾ ਹਮੇਸ਼ਾ ਦੀ ਤਰ੍ਹਾਂ ਨਵੇਕਲੇ ਅੰਦਾਜ ਵਿੱਚ ਪ੍ਰਗਟਾਵਾ ਕਰਨਗੀਆਂ। ਉਹਨਾਂ ਦੱਸਿਆ ਕਿ ਸਮਾਗਮ ਦੌਰਾਨ ਵੱਖ ਵੱਖ ਪਕਵਾਨਾਂ ਤੋਂ ਇਲਾਵਾ ਚੂੜੀਆਂ ਵੰਡਣ ਦੀ ਸੇਵਾ ਵੀ ਨਿਭਾਈ ਜਾਵੇਗੀ। ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਔਰਤਾਂ ਨੂੰ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਬੀਬੀ ਪਰਮਜੀਤ ਕੌਰ, ਕਮਲਜੀਤ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ, ਬਲਜੀਤ ਕੌਰ, ਕਸ਼ਮੀਰ ਕੌਰ, ਹਰਪ੍ਰੀਤ ਕੌਰ, ਸੁਖਵਿੰਦਰ ਕੌਰ, ਗੁਰਮੀਤ ਕੌਰ, ਕਮਲਜੀਤ ਕੌਰ ਲਖਪੁਰ, ਨਰਿੰਦਰ ਕੌਰ, ਦਲਜੀਤ ਕੌਰ, ਹਰਪ੍ਰੀਤ ਪੁੰਨੀ, ਸੀਮਾ ਪੁੰਨੀ, ਪ੍ਰਿਤਪਾਲ ਕੌਰ ਫਗਵਾੜਾ, ਕੁਲਦੀਪ ਕੌਰ, ਬਲਜੀਤ ਕੌਰ, ਊਸ਼ਾ ਰਾਣੀ ਪੁੰਨੀ, ਪਲਵਿੰਦਰ ਕੌਰ, ਜਸਵੀਰ ਕੌਰ, ਗੁਰਪਾਲ ਕੌਰ, ਰਜਨੀ ਪੁੰਨੀ, ਕਿਰਨਦੀਪ ਕੌਰ, ਸਰਬਜੀਤ ਕੌਰ, ਕਮਲਜੀਤ ਪੁੰਨੀ, ਸੁਖਵਿੰਦਰ ਸੁੱਖੀ ਆਦਿ ਹਾਜ਼ਰ ਸਨ।

## ਨਿਰਮਾਣ ਕਾਰਜਾਂ 'ਚ ਮਿਲੀਭੁਗਤ ਦੇ ਦੋਸ਼

### ਅਸੀਂ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੀ ਕਾਰਵਾਈ ਕਰਦੇ ਹਾਂ : ਈ ਓ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ੀਰਕਪੁਰ ਵਿੱਚ ਵਧ ਰਹੇ ਕਥਿਤ ਗੈਰ-ਕਾਨੂੰਨੀ ਨਿਰਮਾਣ ਅਤੇ ਇਨਕਰੋਚਮੈਂਟ ਕਾਰਨ ਸ਼ਹਿਰ ਦੀਆਂ ਖੁੱਲ੍ਹੀਆਂ ਗਲੀਆਂ ਅਤੇ ਬਾਜ਼ਾਰਾਂ ਦੀ ਸਥਿਤੀ ਦਿਨੋ-ਦਿਨ ਖਰਾਬ ਹੁੰਦੀ ਜਾ ਰਹੀ ਹੈ। ਸ਼ਹਿਰ ਦੇ ਲਗਭਗ ਹਰ ਵਾਰਡ ਅਤੇ ਬਾਜ਼ਾਰ ਵਿੱਚ ਨਿਰਮਾਣ ਕਾਰਜ ਚੱਲ ਰਹੇ ਹਨ। ਕੁਝ ਨਿਰਮਾਣ ਸਾਰੇ ਨਿਯਮਾਂ ਅਤੇ ਲੋੜੀਂਦੀਆਂ ਮਨਜ਼ੂਰੀਆਂ ਨਾਲ ਕੀਤੇ ਜਾ ਰਹੇ ਹਨ, ਜਦਕਿ ਕੁਝ ਕੰਮ ਕਥਿਤ



ਤੌਰ 'ਤੇ ਮਿਲੀਭੁਗਤ ਨਾਲ ਹੋਣ ਦੇ ਦੋਸ਼ ਵੀ ਲੱਗ ਰਹੇ ਹਨ। ਸ਼ਹਿਰ ਵਿੱਚ ਕਈ ਅਜਿਹੇ ਮਾਮਲੇ ਸਾਹਮਣੇ ਆਏ ਹਨ ਜਿੱਥੇ ਕਥਿਤ ਗੈਰ-ਕਾਨੂੰਨੀ ਨਿਰਮਾਣ ਬਿਨਾਂ ਕਿਸੇ ਰੋਕ-ਟੋਕ ਦੇ ਜਾਰੀ ਹਨ, ਇਸ ਲਈ ਜ਼ਿੰਮੇਵਾਰ ਕੌਣ ਹੈ, ਇਹ ਇੱਕ ਵੱਡਾ ਸਵਾਲ ਬਣਿਆ ਹੋਇਆ ਹੈ। ਬਾਜ਼ਾਰਾਂ ਵਿੱਚ ਦੁਕਾਨਦਾਰਾਂ ਵੱਲੋਂ ਆਪਣਾ ਸਮਾਨ ਦੁਕਾਨਾਂ ਤੋਂ ਬਾਹਰ ਰੱਖਣਾ, ਗਲਤ ਪਾਰਕਿੰਗ ਅਤੇ ਸੜਕਾਂ 'ਤੇ ਬੇਤਰਤੀਬੀ ਨਾਲ ਲੱਗੀਆਂ ਸਬਜ਼ੀ ਦੀਆਂ ਰੇਹੜੀਆਂ ਕਾਰਨ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਕਈ ਥਾਵਾਂ 'ਤੇ ਇਨਕਰੋਚਮੈਂਟ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਨਹੀਂ ਹੋ ਰਹੀ। ਇਨ੍ਹਾਂ ਮਸਲਿਆਂ ਨੂੰ ਲੈ ਕੇ ਜਦੋਂ ਮੀਡੀਆ ਟੀਮ ਨੇ ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ (ਈ ਓ) ਪਰਵਿੰਦਰ ਭੱਟੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਨਗਰ ਕੌਂਸਲ ਕਾਨੂੰਨੀ ਪ੍ਰਕਿਰਿਆ ਅਨੁਸਾਰ ਨੋਟਿਸ ਜਾਰੀ ਕਰਦੀ ਹੈ ਅਤੇ ਟੀਮਾਂ ਮੌਕੇ 'ਤੇ ਭੇਜੀਆਂ ਜਾਂਦੀਆਂ ਹਨ। ਹਾਲਾਂਕਿ, ਜਦੋਂ ਮੀਡੀਆ ਨੇ ਪੁੱਛਿਆ ਕਿ ਇਨਕਰੋਚਮੈਂਟ ਫਿਰ ਵੀ ਕਿਉਂ ਨਹੀਂ ਰੁਕ ਰਹੀ, ਤਾਂ ਉਨ੍ਹਾਂ ਨੋ ਕਮੈਂਟ ਕਹਿ ਕੇ ਗੱਲਬਾਤ ਸਮਾਪਤ ਕਰ ਦਿੱਤੀ। ਜ਼ੀਰਕਪੁਰ ਦੇ ਵਸਨੀਕ ਲੰਬੇ ਸਮੇਂ ਤੋਂ ਚੰਡੀਗੜ੍ਹ ਵਰਗੀਆਂ ਬੁਨਿਆਦੀ ਸਹੂਲਤਾਂ ਅਤੇ ਸੁਚੱਜੇ ਸ਼ਹਿਰੀ ਪ੍ਰਬੰਧ ਦੀ ਉਮੀਦ ਕਰ ਰਹੇ ਹਨ।

## ਮਨਰੇਗਾ ਮੁਲਾਜ਼ਮਾਂ 'ਤੇ ਪੁਲਸ ਕਾਰਵਾਈ ਦੀ ਨਿਖੇਧੀ

**ਬਲਾਚੌਰ (ਜਸਵਿੰਦਰ ਬੈਂਸ)**- ਖੰਨਾ ਵਿਖੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਮਨਰੇਗਾ ਮੁਲਾਜ਼ਮਾਂ 'ਤੇ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਦੀ ਬਲਾਚੌਰ ਵਿੱਚ ਤਿੱਖੀ ਪ੍ਰਤੀਕਿਰਿਆ



ਸਾਹਮਣੇ ਆਈ ਹੈ। ਸੀਟੂ ਪੰਜਾਬ ਦੇ ਸੂਬਾਈ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਅਤੇ ਪ੍ਰਸਿੱਧ ਪੈਨਸ਼ਨਰ ਆਗੂ ਪ੍ਰੇਮ ਰੱਕੜ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਇਸ ਕਾਰਵਾਈ ਨੂੰ ਗੈਰ-ਜਮਹੂਰੀ ਅਤੇ ਲੋਕਤੰਤਰਿਕ ਅਧਿਕਾਰਾਂ 'ਤੇ ਸਿੱਧਾ ਹਮਲਾ ਕਰਾਰ ਦਿੱਤਾ। ਆਗੂਆਂ ਨੇ ਕਿਹਾ ਕਿ ਮਨਰੇਗਾ ਮੁਲਾਜ਼ਮ ਆਪਣੇ ਰੁਜ਼ਗਾਰ ਅਤੇ ਹੱਕੀ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਸਨ, ਪਰ ਉਨ੍ਹਾਂ ਦੀ ਆਵਾਜ਼ ਸੁਣਨ ਦੀ ਬਜਾਏ ਪੁਲਿਸ ਵੱਲੋਂ ਲਾਠੀਚਾਰਜ, ਵਾਟਰ ਕੈਨਨ ਅਤੇ ਅੱਥਰੂ ਗੈਸ ਦੀ ਵਰਤੋਂ ਕਰਕੇ ਪ੍ਰਦਰਸ਼ਨਕਾਰੀਆਂ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਕਾਰਨ ਕਈ ਮੁਲਾਜ਼ਮ ਜ਼ਖ਼ਮੀ ਹੋਏ। ਸਾਥੀ ਮਹਾਂ ਸਿੰਘ ਰੌੜੀ ਅਤੇ ਪ੍ਰੇਮ ਰੱਕੜ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਅਤੇ ਮੁਲਾਜ਼ਮ ਨੂੰ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾਉਣ ਦਾ ਸੰਵਿਧਾਨਕ ਅਧਿਕਾਰ ਹੈ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਨਰੇਗਾ ਕਰਮਚਾਰੀਆਂ ਦੀਆਂ ਰੁਕੀਆਂ ਤਨਖ਼ਾਹਾਂ ਤੁਰੰਤ ਜਾਰੀ ਕੀਤੀਆਂ ਜਾਣ, ਉਨ੍ਹਾਂ ਨੂੰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇ, ਲੰਬੇ ਸਮੇਂ ਤੋਂ ਸੇਵਾ ਨਿਭਾ ਰਹੇ ਮੁਲਾਜ਼ਮਾਂ ਨੂੰ ਰੈਗੂਲਰ (ਪੱਕਾ) ਕੀਤਾ ਜਾਵੇ ਅਤੇ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਬਿਨਾਂ ਦੇਰੀ ਪੂਰਾ ਕੀਤਾ ਜਾਵੇ।

## ਭਾਈ ਤਾਰੂ ਸਿੰਘ ਦਾ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ

**ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸਿੱਖੀ ਸਿਦਕ ਕੇਸਾਂ ਸੁਆਸਾਂ ਸੰਗ ਨਿਭਾਉਣ ਵਾਲੇ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਦਲਬੀਰ ਸਿੰਘ ਦੇ



ਇੰਟਰਨੈਸ਼ਨਲ ਢਾਡੀ ਜਥੇ ਨੇ ਭਾਈ ਤਾਰੂ ਸਿੰਘ ਜੀ ਦੁਆਰਾ ਧਰਮ ਦੀ ਖਾਤਰ (ਗੁਰਸਿੱਖੀ ਦੀ ਮੋਹਰ) ਕੇਸਾਂ ਨੂੰ ਕਤਲ ਕਰਵਾਉਣ ਦੀ ਬਜਾਇ ਖੋਪਰੀ ਉਤਰਵਾ ਕੇ ਪ੍ਰਾਪਤ ਕੀਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਦਾ ਪੂਰਾ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਨਾਲ ਸੁਣਾਇਆ । ਭਾਈ ਹਰਪਾਲ ਸਿੰਘ ਹਜ਼ੂਰੀ ਰਾਗੀ ਸੱਚਖੰਡ ਤਖਤ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਨੇ ਆਪਣੇ ਰਸਭਿੰਨੇ ਕੀਰਤਨ ਨਾਲ ਇਲਾਹੀ ਬਾਣੀ ਗਵਾ ਕੇ ਸੰਗਤਾਂ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਗਿਆਨੀ ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀ ਸੰਗਤਾਂ ਨੂੰ ਭਾਈ ਤਾਰੂ ਸਿੰਘ ਜੀ ਦੇ ਜੀਵਨ ਬ੍ਰਿਤਾਂਤ ਬਾਰੇ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਅਨਮੋਲ ਸਿੰਘ ਪਟਿਆਲਾ ਵਾਲੇ, ਭਾਈ ਹਰਭਜਨ ਸਿੰਘ, ਭਾਈ ਗੁਰਸੇਵਕ ਸਿੰਘ, ਭਾਈ ਕਰਨਦੀਪ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਮਿੱਤਰ ਪਿਆਰੇ ਨੂੰ ਕਵੀਸ਼ਰੀ ਜਥਾ, ਭਾਈ ਅਮਨਦੀਪ ਸਿੰਘ, ਭਾਈ ਗੁਰਭੇਜ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜਥੇ ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਜਸਵਿੰਦਰ ਸਿੰਘ ਨੇ ਕੀਰਤਨ, ਕਥਾ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸੰਗਰਾਂਦ ਦੇ ਦਿਹਾੜੇ 'ਤੇ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਤੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ । ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।

## ਧਾਰਮਿਕ ਸਮਾਗਮ ਅੱਜ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- 108 ਸੰਤ ਅਮਰਦਾਸ ਮਹਾਰਾਜ ਦੀ 17ਵੀਂ ਬਰਸੀ, 108 ਸੰਤ ਬਾਬਾ ਰਾਮ ਕਿਸ਼ਨ ਮਹਾਰਾਜ ਜੀ ਦੀ 5ਵੀਂ ਬਰਸੀ ਅਤੇ 108 ਸੰਤ ਬੀਬੀ ਜੁਆਲੀ ਜੀ ਮਹਾਰਾਜ ਦੀ 24ਵੀਂ ਬਰਸੀ 17 ਜੁਲਾਈ ਨੂੰ ਡੇਰਾ ਬਾਬਾ ਕੱਲਰਾਂ ਸ਼ੇਰਪੁਰ ਢੱਕੋ ਵਿਖੇ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ 108 ਸੰਤ ਰਮੇਸ਼ ਦਾਸ ਮਹਾਰਾਜ ਨੇ ਦੱਸਿਆ ਕਿ ਇਸ ਦਿਨ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ। ਉਸ ਤੋਂ ਬਾਅਦ ਕੀਰਤਨ ਹੋਵੇਗਾ। 12 ਵਜੇ ਤੋਂ 2 ਵਜੇ ਤੱਕ ਸੰਤਾਂ ਦੇ ਪ੍ਰਵਚਨ ਹੋਣਗੇ। ਇਸ ਮੌਕੇ 108 ਸੰਤ ਨਿਰਮਲ ਦਾਸ ਜੀ (ਬਾਬੇ ਜੌੜੇ) ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਸਿੱਧ ਜੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਮੁਫਤ ਮੈਡੀਕਲ ਕੈਂਪ ਅਤੇ ਪਿੰਡ ਖੜਕਾ ਦੀਆਂ ਸੰਗਤਾਂ ਵੱਲੋਂ ਆਯੁਰਵੈਦਿਕ ਕੈਂਪ ਲਗਾਇਆ ਜਾਵੇਗਾ। ਢਿੱਲੋ ਲੈਬੋਰਟਰੀ ਵਲੋਂ ਸ਼ੂਗਰ ਟੈਸਟਿੰਗ ਕੈਂਪ ਲੱਗੇਗਾ। ਬਲੱਡ ਕੈਂਪ ਯੂਥ ਕਲੱਬ ਜਲੰਧਰ ਵੱਲੋਂ ਲਗਾਇਆ ਜਾਵੇਗਾ ਅਤੇ ਡਾਕਟਰ ਅੰਜਲੀ ਮਾਹਿਲਪੁਰ ਵੱਲੋਂ ਦੰਦਾਂ ਦਾ ਮੁਫ਼ਤ ਚੈੱਕ ਅਪ ਕੀਤਾ ਜਾਵੇਗਾ। ਗੁਰੂ ਕਾ ਲੰਗਰ ਅਤੁੱਟ ਚੱਲੇਗਾ। ਇਸ ਮੌਕੇ 108 ਸੰਤ ਚਰਨ ਦਾਸ, ਸ੍ਰੀਮਾਨ 108 ਸੰਤ ਨਿਰਮਲ ਦਾਸ, ਸ੍ਰੀਮਾਨ ਸੰਤ ਨਿਰੰਜਨ ਦਾਸ, ਸ੍ਰੀਮਾਨ ਸੰਤ ਸੋਮਨਾਥ ਅਤੇ ਗੱਦੀ ਨਸ਼ੀਨ 108 ਸੰਤ ਰਮੇਸ਼ ਦਾਸ ਮਹਾਰਾਜ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

## ਬਾਬਾ ਸੁਮੰਦ ਸਿੰਘ ਯਾਦਗਾਰੀ ਸਮਾਗਮ ਆਰੰਭ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਗੁਰਦੁਆਰਾ ਕੋਟ ਕਲਗੀਧਰ ਤਪ ਅਸਥਾਨ ਸੰਤ ਬਾਬਾ ਸਮੁੰਦ ਸਿੰਘ ਪਿੰਡ ਰੜਾ ਵਿਖੇ ਸੱਚਖੰਡ ਵਾਸੀ ਬਾਬਾ ਸਮੁੰਦ ਸਿੰਘ ਦੀ ਸਲਾਨਾ ਬਰਸੀ ਨੂੰ ਸਮਰਪਿਤ 4 ਦਿਨਾਂ


### ● ਭਲਕੇ ਹੋਣਗੇ ਪੰਜਾਬ ਪੱਧਰੀ ਕੁਸ਼ਤੀ ਮੁਕਾਬਲੇ

ਧਾਰਮਿਕ ਸਮਾਗਮ ਦੀ ਆਰੰਭਤਾ ਹੋ ਗਈ। ਇਸ ਮੌਕੇ ਸਮਾਗਮ ਸੰਬੰਧੀ ਪੋਸਟਰ ਜਾਰੀ ਕਰਨ ਸਮੇਂ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਲਕੀਤ ਸਿੰਘ, ਹੈਡ ਗ੍ਰੰਥੀ ਬਾਬਾ ਦਲਵੀਰ ਸਿੰਘ, ਭਾਈ ਜਗਜੀਤ ਸਿੰਘ ਅਤੇ ਹੋਰਨਾਂ ਸੇਵਾਦਾਰਾਂ ਨੇ ਦੱਸਿਆ ਕਿ ਪ੍ਰਬੰਧਕ ਕਮੇਟੀ ਵੱਲੋਂ ਦੇਸ਼-ਵਿਦੇਸ਼ ਇਲਾਕੇ ਤੇ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਮਾਗਮ ਦੇ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਪ੍ਰਕਾਸ਼ ਕੀਤੇ ਗਏ ਹਨ ਜਿਸ ਦੇ ਭੋਗ ਭਲਕੇ 17 ਜੁਲਾਈ ਨੂੰ ਪਾਉਣ ਉਪਰੰਤ ਕੀਰਤਨ ਦਰਬਾਰ ਕਰਵਾਇਆ ਜਾਵੇਗਾ ਜਿਸ ਵਿੱਚ ਹੈਡ ਗ੍ਰੰਥੀ ਬਾਬਾ ਦਲਵੀਰ ਸਿੰਘ, ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਸਚਖੰਡ ਸ੍ਰੀ ਦਰਬਾਰ ਸਾਹਿਬ, ਕਥਾ ਵਾਚਕ ਗਿਆਨੀ ਜੰਗ ਸਿੰਘ ਮਿਸਲ




ਸ਼ਹੀਦਾ ਤਰਨਾ ਦਲ ਬਾਬਾ ਬਕਾਲਾ, ਬਾਬਾ ਅੰਮ੍ਰਿਤਪਾਲ ਸਿੰਘ ਨਿਰਮਲ ਆਸ਼ਰਮ ਰੜਾ, ਢਾਡੀ ਜਥਾ ਭਾਈ ਸੁਰਜੀਤ ਸਿੰਘ ਵਾਰਿਸ , ਭਾਈ ਕੁਲਦੀਪ ਸਿੰਘ ਰੜਾ ਤੇ ਹੋਰ ਰਾਗੀ ਢਾਡੀ ਜਥੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕਰਨਗੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ 18 ਜੁਲਾਈ ਨੂੰ ਪੰਜਾਬ ਪੱਧਰੀ ਕੁਸ਼ਤੀ ਮੁਕਾਬਲੇ ਕਰਵਾਏ ਜਾਣਗੇ ਜਿਸ ਵਿੱਚ ਪਹਿਲੀ ਰੁਮਾਲੀ ਦੀ ਕੁਸ਼ਤੀ ਸ਼ੇਰਾ ਗੁੱਜਰ ਬਾਬਾ ਫਲਾਹੀ ਤੇ ਆਰੀਅਨ ਦਿੱਲੀ ਵਿਚਕਾਰ ਹੋਵੇਗੀ। ਇਸੇ ਤਰ੍ਹਾਂ ਹੀ ਦੂਜੀ ਰੁਮਾਲੀ ਦੀ ਕੁਸ਼ਤੀ ਅਨਮੋਲ ਸੰਧੂ ਰੜਾ ਅਤੇ ਜੱਸਾ ਫਗਵਾੜਾ ਵਿਚਕਾਰ ਹੋਵੇਗੀ ਤੇ ਜੇਤੂ ਰਹਿਣ ਵਾਲੇ ਪਹਿਲਵਾਨਾਂ ਨੂੰ ਆਕਰਸ਼ਕ ਨਗਦ ਇਨਾਮ ਦਿੱਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਜੀਤ ਸਿੰਘ ਸੰਧੂ, ਰਘਵੀਰ ਸਿੰਘ, ਦਲਜੀਤ ਸਿੰਘ, ਸੈਕਟਰੀ ਸੁਖਵਿੰਦਰ ਸਿੰਘ, ਜੋਗਿੰਦਰ ਸਿੰਘ ਸ਼ਾਹ, ਸੰਦੀਪ ਸਿੰਘ ਦਿੱਲੀ, ਹਰਦੀਪ ਸਿੰਘ, ਮਾਸਟਰ ਜਗਜੀਤ ਸਿੰਘ ਤੋਂ ਇਲਾਵਾ ਹੋਰ ਸੇਵਾਦਾਰ ਵੀ ਹਾਜ਼ਰ ਸਨ।

ਜਨਮ ਦਿਨ ਮੁਬਾਰਕ



ਪ੍ਰਿਅੰਸ਼ ਕੁਮਾਰ
ਪਿੰਡ : ਹਜਾਰਾ



ਨਵਰਾਜ ਸਿੰਘ
ਕਪੂਰਥਲਾ



ਕ੍ਰਿਤਿਕਾ
ਜਲੰਧਰ

# ਈ ਟੀ ਓ ਨੇ ਜੰਡਿਆਲਾ ਗੁਰੂ ਤੇ ਤਾਰਾਗੜ੍ਹ ਦੇ ਸਰਕਾਰੀ ਸਕੂਲਾਂ ਦਾ ਕੀਤਾ ਦੌਰਾ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਸਰਕਾਰੀ ਸਕੂਲਾਂ ਦਾ ਦੌਰਾ ਕਰਦਿਆਂ ਸਰਕਾਰੀ ਸਕੂਲਾਂ ਵਿੱਚ ਉਪਲਬਧ ਕਰਵਾਈਆਂ ਜਾ ਰਹੀਆਂ ਸਹੂਲਤਾਂ ਅਤੇ ਸਿੱਖਿਆ ਦੇ ਮਿਆਰ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਸਰਕਾਰੀ ਸਕੂਲ ਆਫ਼ ਐਮੀਨੈਂਸ, ਜੰਡਿਆਲਾ ਗੁਰੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਤਾਰਾਗੜ੍ਹ ਵਿਖੇ ਅਧਿਆਪਕਾਂ ਨਾਲ ਮੀਟਿੰਗ ਕਰਕੇ ਸਕੂਲਾਂ ਦੀਆਂ ਲੋੜਾਂ ਅਤੇ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਬੰਧੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਲੋਕ ਨਿਰਮਾਣ ਮੰਤਰੀ ਨੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਨੂੰ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਕੂਲ ਆਫ਼ ਐਮੀਨੈਂਸ ਦੀਆਂ ਵਿਦਿਆਰਥਣਾਂ ਨੂੰ ਸਕੂਲ ਲਿਜਾਣ ਵਾਲੀ ਬੱਸ ਵਿੱਚ ਸਵਾਰ ਹੋ ਕੇ ਉਨ੍ਹਾਂ ਨਾਲ ਗੱਲਬਾਤ ਵੀ ਕੀਤੀ। ਵਿਦਿਆਰਥਣਾਂ ਨੇ ਦੱਸਿਆ ਕਿ ਬੱਸ ਸਹੂਲਤ ਮਿਲਣ ਨਾਲ ਉਨ੍ਹਾਂ ਦਾ ਸਕੂਲ ਆਉਣਾ-ਜਾਣਾ ਬਹੁਤ ਆਸਾਨ ਹੋ ਗਿਆ ਹੈ।



ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜੰਡਿਆਲਾ ਗੁਰੂ ਵਿਖੇ ਸਰਕਾਰੀ ਪਾਲੀਟੈਕਨਿਕ ਕਾਲਜ ਦੀ ਸਥਾਪਨਾ ਕੀਤੀ ਜਾ ਰਹੀ ਹੈ, ਜੋ ਅਗਲੇ ਸਾਲ ਤੋਂ ਕਾਰਜਸ਼ੀਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਕਾਲਜ ਰਾਹੀਂ ਇਲਾਕੇ ਦੇ ਨੌਜਵਾਨ ਵੱਖ-ਵੱਖ ਟਰੇਡਾਂ ਵਿੱਚ ਤਕਨੀਕੀ ਸਿੱਖਿਆ ਹਾਸਲ ਕਰਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣਗੇ। ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਸੁਧਾਰਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨੇ ਸਕੂਲ ਸਿੱਖਿਆ ਦੇ ਖੇਤਰ ਵਿੱਚ ਕੇਰਲ ਨੂੰ ਪਿੱਛੇ ਛੱਡਦੇ ਹੋਏ ਦੇਸ਼ ਦੇ ਸਿੱਖਿਆ ਸੂਚਕ ਅੰਕ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਨੀਤੀ ਆਯੋਗ ਦੀ 2026 ਦੀ ਰਿਪੋਰਟ ਅਤੇ ਕੇਂਦਰ ਸਰਕਾਰ ਦੀ ਪੀ.ਜੀ.ਆਈ. 2.0 ਦਰਜਾਬੰਦੀ ਅਨੁਸਾਰ ਪੰਜਾਬ ਦੇ ਸਕੂਲਾਂ ਨੂੰ ਦੇਸ਼ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਹੋਇਆ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੀਵਨ ਵਿੱਚ ਸਫ਼ਲਤਾ ਹਾਸਲ ਕਰਨ ਲਈ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਨਾਲ ਅੱਗੇ ਵਧਣਾ ਬਹੁਤ ਜ਼ਰੂਰੀ ਹੈ। ਇਸ ਲਈ ਹਰ ਵਿਦਿਆਰਥੀ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਅਤੇ ਸਮਰਪਣ ਨਾਲ ਅੱਗੇ ਵਧਣਾ ਚਾਹੀਦਾ ਹੈ।

# ਮਾਰਕੀਟ ਕਮੇਟੀ ਮਜੀਠਾ ਨੂੰ ਮਿਲਿਆ ਨਵਾਂ ਚੇਅਰਮੈਨ

**ਮਜੀਠਾ (ਸੋਇਮ ਆਨੰਦ)**- ਮਾਰਕੀਟ ਕਮੇਟੀ ਮਜੀਠਾ ਦੀ ਲੰਬੇ ਸਮੇਂ ਤੋਂ ਖਾਲੀ ਪਈ ਚੇਅਰਮੈਨ ਦੀ ਅਸਾਮੀ ਤੇ ਸਰਦਾਰ ਬਲਬੀਰ ਸਿੰਘ ਬੋਪਾਰਾਏ ਨੂੰ ਨਿਯੁਕਤ ਕੀਤਾ ਗਿਆ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 17 ਚੇਅਰਮੈਨ ਦੀ ਸੂਚੀ ਜਾਰੀ ਕੀਤੀ ਗਈ ਹੈ ਜਿਸ ਵਿੱਚ ਬਲਬੀਰ ਸਿੰਘ ਬੋਪਾਰਾਏ ਦਾ ਵੀ ਨਾਮ ਹੈ।ਇੱਥੇ ਵੀ ਜ਼ਿਕਰਯੋਗ ਹੈ ਕਿ ਬਲਬੀਰ ਸਿੰਘ ਬੋਪਾਰਾਏ ਹਲਕੇ ਦਾ ਮਿਹਨਤੀ ਵਰਕਰ ਹੈ ਅਤੇ ਲੰਬੇ ਸਮੇਂ ਤੋਂ ਪਾਰਟੀ ਦੀ ਸੇਵਾ ਵਿੱਚ ਹੈ।ਇਸ ਮੌਕੇ ਬਲਬੀਰ ਸਿੰਘ ਬੋਪਾਰਾਏ ਨਾਲ ਫੋਨ ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਵੱਲੋਂ ਕਿਹਾ ਗਿਆ ਕਿ ਮੈਂ ਧੰਨਵਾਦ ਕਰਦਾ ਹਾਂ ਕਿ ਤਲਬੀਰ ਸਿੰਘ ਗਿੱਲ ਹਲਕਾ ਇੰਚਾਰਜ ਮਜੀਠਾ ਅਤੇ ਭਗਵੰਤ ਸਿੰਘ ਮਾਨ ਜਿਨ੍ਹਾਂ ਨੇ ਮੈਨੂੰ ਵੱਡੀ ਜ਼ਿੰਮੇਵਾਰੀ ਦੇ ਕੇ ਨਿਵਾਜਿਆ ਹੈ।ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਜਸਕਰਨ ਸਿੰਘ ਭੰਗੂ, ਸਾਬਕਾ ਪ੍ਰਧਾਨ ਕਾਬਲ ਸਿੰਘ ਗਿੱਲ, ਸਤਿੰਦਰ ਸਿੰਘ ਸ਼ਾਹ, ਸੁਖਚੈਨ ਸਿੰਘ ਭੰਗ, ਜਗਦੀਸ਼ ਸਿੰਘ ਬਾਠ, ਤਰਵਿੰਦਰ ਸਿੰਘ ਸਾਧਪੁਰ ਵੱਲੋਂ ਤਲਬੀਰ ਸਿੰਘ ਗਿੱਲ ਅਤੇ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ।

# ਨਗਰ ਨਿਗਮ ਦੀਆਂ ਡਿਜੀਟਲ ਸੇਵਾਵਾਂ ਲੋਕਾਂ ਤੱਕ ਪਹੁੰਚਾਉਣ ਲਈ ਯੂਨੀਵਰਸਿਟੀ ਦਾ ਵਿਸ਼ੇਸ਼ ਉਪਰਾਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਯੋਗ ਅਗਵਾਈ ਅਤੇ ਦੂਰਅੰਦੇਸ਼ੀ ਸੋਚ ਸਦਕਾ ਯੂਨੀਵਰਸਿਟੀ



ਸਿੱਖਿਆ, ਖੋਜ, ਨਵੀਨਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਖੇਤਰ ਵਿੱਚ ਲਗਾਤਾਰ ਨਵੇਂ ਮੀਲ ਪੱਥਰ ਸਥਾਪਤ ਕਰ ਰਹੀ ਹੈ। ਰਾਸ਼ਟਰ ਨਿਰਮਾਣ ਅਤੇ ਸਮਾਜ ਸੁਧਾਰ ਪ੍ਰਤੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਉਪ-ਕੁਲਪਤੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸ਼ੁਰੂ ਕੀਤੀਆਂ ਨਾਗਰਿਕ-ਕੇਂਦਰਿਤ ਡਿਜੀਟਲ ਸੇਵਾਵਾਂ ਅਤੇ ਸਿਟੀਜ਼ਨ ਐਪ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਨਗਰ ਨਿਗਮ ਅੰਮ੍ਰਿਤਸਰ ਵੱਲੋਂ ਯੂਨੀਵਰਸਿਟੀ ਨੂੰ ਭੇਜੇ ਪੱਤਰ ਅਨੁਸਾਰ ਵਿਸ਼ੇਸ਼ ਸਿਖਲਾਈ ਵਰਕਸ਼ਾਪ ਰਾਹੀਂ ਇਲੈਕਟ੍ਰੋਨਿਕਸ ਟੈਕਨੋਲੋਜੀ ਵਿਭਾਗ ਦੇ ਵਿਦਿਆਰਥੀਆਂ ਨੂੰ ਨਵੀਆਂ ਡਿਜੀਟਲ ਨਾਗਰਿਕ ਸੇਵਾਵਾਂ ਨਾਲ ਜਾਣੂ ਕਰਵਾਇਆ ਜਾਵੇਗਾ। ਸਿਖਲਾਈ ਉਪਰੰਤ ਇਹ ਵਿਦਿਆਰਥੀ ਆਮ ਲੋਕਾਂ ਨੂੰ ਸਿਟੀਜ਼ਨ ਐਪ ਦੀ ਵਰਤੋਂ, ਆਨਲਾਈਨ ਨਾਗਰਿਕ ਸੇਵਾਵਾਂ ਅਤੇ ਡਿਜੀਟਲ ਗਵਰਨੈਂਸ ਨਾਲ ਸਬੰਧਤ ਸਹੂਲਤਾਂ ਬਾਰੇ ਜਾਣਕਾਰੀ ਦੇਣਗੇ ਅਤੇ ਉਨ੍ਹਾਂ ਦੀ ਮਦਦ ਵੀ ਕਰਨਗੇ। ਇਸ ਕਾਰਜ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਉਪ-ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਯੂਨੀਵਰਸਿਟੀ ਦੇ ਇਲੈਕਟ੍ਰੋਨਿਕਸ ਵਿਭਾਗ ਦੇ ਪ੍ਰੋ. (ਡਾ.) ਰਵਿੰਦਰ ਕੁਮਾਰ ਨੂੰ ਨੋਡਲ ਅਫ਼ਸਰ ਨਿਯੁਕਤ ਕੀਤਾ ਹੈ ਅਤੇ ਡਾ. ਕੁਲਦੀਪ ਸਿੰਘ ਦੀ ਦੇਖਰੇਖ ਹੇਠ ਇਸ ਕਾਰਜ ਨੂੰ ਪੂਰਾ ਕੀਤਾ ਜਾਵੇਗਾ।

# ਮਨਰੇਗਾ ਮੁਲਾਜ਼ਮਾਂ ਨੂੰ ਫੌਰੀ ਤਨਖਾਹ ਦਿੱਤੀ ਜਾਵੇ : ਪ੍ਰਿਥੀਪਾਲ ਮਾੜੀਮੇਘਾ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਬੀਤੇ ਲਗਭਗ ਅੱਠ ਮਹੀਨਿਆਂ ਤੋਂ ਤਨਖਾਹ ਨਾ ਮਿਲਣ



ਕਾਰਨ ਆਰਥਿਕ ਤੰਗੀਆਂ ਝੱਲ ਰਹੇ ਮਨਰੇਗਾ ਮੁਲਾਜ਼ਮਾਂ ਨੂੰ ਤੁਰੰਤ ਤਨਖਾਹ ਦੇਣ ਲਈ ਸੂਬਾ ਸਰਕਾਰ ਨੂੰ ਅਪੀਲ ਕੀਤੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾੜੀਮੇਘਾ ਨੇ ਕਿਹਾ ਕਿ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਮਨਰੇਗਾ ਮੁਲਾਜ਼ਮਾਂ ਨੂੰ ਅੱਠ ਮਹੀਨਿਆਂ ਤੋਂ ਤਨਖਾਹ ਨਾ ਦੇਣਾ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਸੱਤਾ 'ਤੇ ਕਾਬਜ਼ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਨ੍ਹਾਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਸੀ। ਪਰ ਪੱਕੇ ਕਰਨ ਦੀ ਬਜਾਏ ਲਗਭਗ ਅੱਠ ਮਹੀਨਿਆਂ ਤੋਂ ਤਨਖਾਹਾਂ ਨਾ ਦੇ ਕੇ ਮੁਲਾਜ਼ਮਾਂ ਦਾ ਸ਼ੋਸ਼ਣ ਕਰ ਰਹੀ ਹੈ। ਮਾੜੀਮੇਘਾ ਨੇ ਕਿਹਾ ਕਿ ਪਹਿਲਾਂ ਕੇਂਦਰ ਦੀ ਹਕੂਮਤ ਨੇ ਮਨਰੇਗਾ ਦੀ ਥਾਂ ਵਿਕਸਤ ਭਾਰਤ-ਜੀ ਰਾਮ ਜੀ ਕਾਨੂੰਨ ਲਿਆ ਕੇ ਗਰੀਬਾਂ ਨਾਲ ਧੋਖਾ ਕੀਤਾ ਹੈ ਤੇ ਹੁਣ ਸੂਬਾ ਸਰਕਾਰ ਨੇ ਮੁਲਾਜ਼ਮਾਂ ਦੀਆਂ ਤਨਖਾਹਾਂ ਰੋਕ ਕੇ ਰਹਿੰਦੀ ਕਸਰ ਕੱਢ ਦਿੱਤੀ ਹੈ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਨਰੇਗਾ ਮੁਲਾਜ਼ਮਾਂ ਨੂੰ ਤੁਰੰਤ ਤਨਖਾਹ ਦੇਣ 'ਤੇ ਮਨਰੇਗਾ ਮਜ਼ਦੂਰਾਂ ਨੂੰ ਵੀ ਜਲਦ ਤੋਂ ਜਲਦ ਕੰਮ ਦੇਣ ਦੀ ਅਪੀਲ ਕੀਤੀ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਵਿਸ਼ਾਲ ਮੋਟਰਸਾਈਕਲ ਮਾਰਚ ਕੱਢਿਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਨੂੰ ਰੱਦ ਕਰਵਾਉਣ ਲਈ ਬਣੇ ਦੇਸ਼ ਬਚਾਓ ਮੋਰਚਾ ਦੇ ਦੇਸ਼ ਵਿਆਪੀ ਸੱਦੇ ਦੇ ਤਹਿਤ ਬੁੱਧਵਾਰ ਨੂੰ ਭਾਰਤੀ ਕਿਸਾਨ ਯੂਨੀਅਨ ਕਰਾਂਤੀ



ਕਾਰੀ ਪੰਜਾਬ ਬਲਾਕ ਕਾਦੀਆਂ ਸ੍ਰੀ ਹਰ ਗੋਬਿੰਦ ਪੁਰ ਵਲੋਂ ਵਿਸ਼ਾਲ ਮੋਟਰਸਾਈਕਲ ਮਾਰਚ ਕੀਤਾ ਗਿਆ ।ਬਲਾਕ ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ ,ਬਲਾਕ ਸਕੱਤਰ ਕੁਲਦੀਪ ਸਿੰਘ ਸੈਰੋਵਾਲ ਅਤੇ ਜਿਲਾ ਕਮੇਟੀ ਆਗੂ ਮਾਸਟਰ ਜਗੀਰ ਸਿੰਘ ਅਤੇਪੁਰ ਦੀ ਅਗਵਾਈ ਹੇਠ ਮਾਰਚ ਅੱਡਾ ਉਧਨਵਾਲ ਤੋਂ ਸ਼ੁਰੂ ਕਰਕੇ ਬਲਾਕ ਕਾਦੀਆਂ ਅਤੇ ਸ਼੍ਰੀ ਹਰਗੋਬਿੰਦ ਪੁਰ ਦੇ ਦਰਜਨਾਂ ਪਿੰਡਾਂ ਚੋਂ ਹੁੰਦਾ ਹੋਇਆ ਸ਼੍ਰੀ ਹਰਗੋਬਿੰਦ ਪੁਰ ਵਿਖੇ ਸਮਾਪਤ ਹੋਇਆ । ਪ੍ਰਧਾਨ ਮੰਤਰੀ ਦੇ ਨਾਂ ਇੱਕ ਮੰਗ ਪੱਤਰ ਤਹਿਸੀਲਦਾਰ ਸ਼੍ਰੀ ਹਰਗੋਬਿੰਦ ਪੁਰ ਰਾਹੀਂ ਭੇਜਿਆ ਗਿਆ। ਇਸ ਮੌਕੇ ਸਤਨਾਮ ਸਿੰਘ ਨੰਗਲ ਝੌਰ, ਜਗਤਾਰ ਸਿੰਘ ਨੰਗਲ ਝੌਰ, ਸੁਖਦੇਵ ਸਿੰਘ ਭਗਤੂਪੁਰ, ਮਨਪ੍ਰੀਤ ਸਿੰਘ ਭਗਤੂਪੁਰ, ਅਮਰਜੀਤ ਸਿੰਘ ਅਤੇਪੁਰ ,ਕੁਲਵਿੰਦਰ ਸਿੰਘ ਬਸਰਾਏ, ਗੁਰਦੀਪ ਸਿੰਘ ਬਸਰਾਏ, ਹਰਜੀਤ ਸਿੰਘ ਮਠੋਲਾ, ਜੋਗਿੰਦਰ ਸਿੰਘ ਮਠੋਲਾ, ਜਥੇਦਾਰ ਮਹਿੰਦਰ ਸਿੰਘ ਚੀਮਾ ਖੁੱਡੀ ,ਸਰਦੂਲ ਸਿੰਘ ਚੀਮਾ ਖੁੱਡੀ, ਜਰਨੈਲ ਸਿੰਘ ਭਰਥ, ਮਨਜੀਤ ਸਿੰਘ ਭਰਥ, ਰਣਜੀਤ ਸਿੰਘ ਚਾਚੋਕੇ, ਸਤਨਾਮ ਸਿੰਘ ਅਤੇਪੁਰ, ਕਸ਼ਮੀਰ ਸਿੰਘ ਨੰਗਲ ਝੌਰ , ਰਘਬੀਰ ਸਿੰਘ ਬਸਰਾਏ, ਤਰਸੇਮ ਸਿੰਘ ਭਗਤੂਪੁਰ, ਗੁਰਨਾਮ ਸਿੰਘ ਚੀਮਾ ਖੁੱਡੀ, ਬਖਸ਼ੀਸ਼ ਸਿੰਘ ਭਰਥ, ਲਖਬੀਰ ਸਿੰਘ ਸੈਰੋਵਾਲ, ਦਿਲਾਵਰ ਸਿੰਘ ਮਠੋਲਾ ਤੇ ਡਾ ਅਸ਼ੋਕ ਭਾਰਤੀ ਆਦਿ ਨੇ ਸੰਬੋਧਨ ਕੀਤਾ ।

# ਜ਼ਮੀਨੀ ਹਕੀਕਤ ਸਮਝੇ ਬਿਨਾਂ ਨਸ਼ਿਆਂ ਵਿਰੁੱਧ ਜੰਗ ਜਿੱਤੀ ਨਹੀਂ ਜਾ ਸਕਦੀ : ਔਜਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਕਾਂਗਰਸ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਚਮਿਆਰੀ (ਅਜਨਾਲਾ ਹਲਕੇ) ਵਿੱਚ ਓਪੀਓਇਡ ਅਸਿਸਟਡ ਟ੍ਰੀਟਮੈਂਟ (ਓਟ) ਸੈਂਟਰ ਦਾ ਦੌਰਾ ਕੀਤਾ, ਇਲਾਜ ਅਧੀਨ ਮਰੀਜ਼ਾਂ, ਡਾਕਟਰਾਂ ਅਤੇ ਸਿਹਤ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਕਿ ਪੰਜਾਬ ਸਰਕਾਰ "ਨਸ਼ਿਆਂ ਵਿਰੁੱਧ ਜੰਗ" ਮੁਹਿੰਮ ਚਲਾ ਰਹੀ ਹੈ, ਇਹ ਲੜਾਈ ਜ਼ਮੀਨੀ ਹਕੀਕਤ ਨੂੰ ਸਮਝੇ ਬਿਨਾਂ ਨਿਰਣਾਇਕ ਤੌਰ 'ਤੇ ਨਹੀਂ ਜਿੱਤੀ ਜਾ ਸਕਦੀ। ਇਸ ਉਦੇਸ਼ ਨਾਲ, ਉਹ ਸਰਕਾਰ ਨੂੰ ਅਸਲ ਸਥਿਤੀਆਂ ਦੀ ਰਿਪੋਰਟ ਕਰਨ ਲਈ ਵੱਖ-ਵੱਖ ਓ ਏ ਟੀ ਸੈਂਟਰਾਂ ਦਾ ਦੌਰਾ ਕਰ ਰਹੇ ਹਨ। ਔਜਲਾ ਨੇ ਦੱਸਿਆ ਕਿ ਇਕੱਲੇ ਅਜਨਾਲਾ ਓ ਏ ਟੀ ਸੈਂਟਰ ਵਿੱਚ ਲਗਭਗ 650 ਮਰੀਜ਼ ਰਜਿਸਟਰਡ ਹਨ, ਜੋ ਨਿਯਮਿਤ ਤੌਰ 'ਤੇ ਦਵਾਈ ਲੈਣ ਲਈ ਆਉਂਦੇ ਹਨ। ਉਨ੍ਹਾਂ ਮਰੀਜ਼ਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣੀਆਂ। ਜ਼ਿਆਦਾਤਰ ਮਰੀਜ਼ਾਂ ਨੇ ਚਾਰ ਤੋਂ ਪੰਜ ਸਾਲਾਂ ਤੋਂ ਨਸ਼ੇ ਦੀ ਲਤ ਨਾਲ ਜੂਝ ਰਹੇ ਹੋਣ ਦੀ ਰਿਪੋਰਟ ਦਿੱਤੀ ਸੀ ਅਤੇ ਦਵਾਈ ਲੈਣ ਦੇ ਬਾਵਜੂਦ, ਉਹ ਇਸ ਆਦਤ ਤੋਂ



ਪੂਰੀ ਤਰ੍ਹਾਂ ਛੁਟਕਾਰਾ ਪਾਉਣ ਵਿੱਚ ਅਸਮਰੱਥ ਰਹੇ ਸਨ। ਉਨ੍ਹਾਂ ਟਿੱਪਣੀ ਕੀਤੀ ਕਿ ਓਟ ਸੈਂਟਰ ਸਥਾਪਤ ਕਰਨ ਦਾ ਉਦੇਸ਼ ਮਰੀਜ਼ਾਂ ਨੂੰ ਹੌਲੀ-ਹੌਲੀ ਨਸ਼ਿਆਂ ਤੋਂ ਛੁਟਕਾਰਾ ਦਿਵਾਉਣਾ ਸੀ; ਹਾਲਾਂ ਕਿ, ਮੌਜੂਦਾ ਪ੍ਰਣਾਲੀ ਦੇ ਤਹਿਤ, ਇਹ ਕਈ ਥਾਵਾਂ 'ਤੇ ਸਿਰਫ਼ ਦਵਾਈ ਦਾ ਬਦਲ ਪ੍ਰਦਾਨ ਕਰਨ ਤੱਕ ਸੀਮਤ ਹੋ ਗਿਆ ਹੈ। ਸੰਸਦ ਮੈਂਬਰ ਨੇ ਹਸਪਤਾਲ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਨੇ ਹਸਪਤਾਲ ਦੇ ਨੇੜੇ ਇੱਕ ਖਾਲੀ ਜਗ੍ਹਾ ਵੱਲ ਇਸ਼ਾਰਾ ਕੀਤਾ ਜਿੱਥੇ ਵਿਗਾੜ ਦੀਆਂ ਸ਼ਿਕਾਇਤਾਂ ਮਿਲੀਆਂ ਸਨ; ਉਨ੍ਹਾਂ ਨੇ ਨੌਜਵਾਨਾਂ ਨੂੰ ਖੁੱਲ੍ਹੇਆਮ ਨਸ਼ਿਆਂ ਦਾ ਸੇਵਨ ਕਰਦੇ ਦੇਖਿਆ, ਜੋ ਉਨ੍ਹਾਂ ਨੂੰ ਦੇਖ ਕੇ ਭੱਜ ਗਏ। ਉਨ੍ਹਾਂ ਨੇ ਸਿਹਤ ਸੰਭਾਲ ਸੰਸਥਾਵਾਂ ਦੇ ਬੁਨਿਆਦੀ ਢਾਂਚੇ ਅਤੇ ਨਿਗਰਾਨੀ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

# ਐਸ ਆਈ ਆਰ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਮੀਖਿਆ ਮੀਟਿੰਗ



**ਪਠਾਨਕੋਟ (ਦਵਿੰਦਰ ਸਿੰਘ)**- ਮੁੱਖ ਚੋਣ ਅਧਿਕਾਰੀ ਪੰਜਾਬ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਨੋਡਲ ਅਫ਼ਸਰ (ਸਵੀਪ)-ਕਮ-ਜ਼ਿਲ੍ਹਾ ਭੂਮੀ ਰੱਖਿਆ ਅਫ਼ਸਰ ਗੁਰਪ੍ਰੀਤ ਸਿੰਘ ਦੀ ਪ੍ਰਧਾਨਗੀ ਹੇਠ ਐਸ.ਆਈ.ਆਰ. ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਲਈ ਇੱਕ ਵਿਸ਼ੇਸ਼ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਜ਼ਿਲ੍ਹਾ ਸਵੀਪ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਵਿਧਾਨ ਸਭਾ ਹਲਕਾ ਪਠਾਨਕੋਟ, ਸੁਜਾਨਪੁਰ ਅਤੇ ਭੋਆ ਦੇ ਕੋਆਰਡੀਨੇਟਰਾਂ ਨੇ ਸ਼ਮੂਲੀਅਤ ਕਰਦਿਆਂ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ ਆਪਣੇ ਸੁਝਾਅ ਵੀ ਦਿੱਤੇ।ਮੀਟਿੰਗ ਦੌਰਾਨ ਜ਼ਿਲ੍ਹਾ ਨੋਡਲ ਅਫ਼ਸਰ ਗੁਰਪ੍ਰੀਤ ਸਿੰਘ ਨੇ ਐਸ.ਆਈ.ਆਰ. ਮੁਹਿੰਮ ਤਹਿਤ ਹੁਣ ਤੱਕ ਕੀਤੀਆਂ ਗਈਆਂ ਜਾਗਰੂਕਤਾ ਗਤੀਵਿਧੀਆਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਅਤੇ ਆਉਣ ਵਾਲੇ ਦਿਨਾਂ ਵਿੱਚ ਇਨ੍ਹਾਂ ਨੂੰ ਹੋਰ ਤੇਜ਼, ਪ੍ਰਭਾਵਸ਼ਾਲੀ ਅਤੇ ਲੋਕਾਂ ਤੱਕ ਪਹੁੰਚਯੋਗ ਬਣਾਉਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਗਿਆ ਕਿ ਵੱਖ-ਵੱਖ ਅਸਿਸਟੈਂਟ ਰਿਟਰਨਿੰਗ ਅਫ਼ਸਰਾਂ ਵੱਲੋਂ ਵਿਧਾਨ ਸਭਾ ਹਲਕਾ ਵਾਈਜ਼ ਕੋਆਰਡੀਨੇਟਰ ਨਿਯੁਕਤ ਕੀਤੇ ਗਏ ਹਨ।

ਇਸ ਤਹਿਤ ਮਨਜੀਤ ਸਿੰਘ, ਲੈਕਚਰਾਰ ਮੈਥ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਧੋਪੁਰ ਨੂੰ ਹਲਕਾ ਪਠਾਨਕੋਟ, ਨਾਹਰ ਸਿੰਘ, ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਰੀਦਾਨਗਰ ਨੂੰ ਹਲਕਾ ਭੋਆ ਅਤੇ ਦੀਪਕ ਕੁਮਾਰ, ਸਰਕਾਰੀ ਹਾਈ ਸਕੂਲ (ਮਾਡਲ) ਸ਼ਾਹਪੁਰਕੰਡੀ ਟਾਊਨਸ਼ਿਪ ਨੂੰ ਹਲਕਾ ਸੁਜਾਨਪੁਰ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਸਹਾਇਕ ਨੋਡਲ ਅਫ਼ਸਰ (ਸੋਸ਼ਲ ਮੀਡੀਆ) ਰਵੀ ਕਾਂਤ, ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਵਿਵੇਕ ਡੋਗਰਾ, ਹਰਸਿਮਰਨਜੀਤ ਸਿੰਘ, ਅਮਿਤ ਡੋਗਰਾ, ਨਿਧਿ ਭਾਰਤੀ ਅਤੇ ਹੋਰ ਹਾਜ਼ਰ ਸਨ।

# ਡਾ. ਇੰਦਰ ਪਾਲ ਨੇ ਮੇਲੇ 'ਚ ਕੀਤੀ ਸ਼ਿਰਕਤ

**ਛੇਹਰਟਾ, (ਮਨੋਜ ਕੁਮਾਰ)** : ਬਾਬਾ ਲੱਖ ਦਾਤਾ ਲਾਲਾਂ ਵਾਲਾ ਪੀਰ ਦਾ ਮੇਲਾ ਸੋਹਨ ਸਿੰਘ ਦੀ ਅਗਵਾਈ ਹੇਠ ਵਾਰਡ ਨੰਬਰ 84, ਸਤਿਗੁਰੂ ਰਾਮ ਸਿੰਘ ਕਾਲੋਨੀ ਵਿਚ ਸਫ਼ਾਈ ਮਜ਼ਦੂਰ



ਯੂਨੀਅਨ ਕਾਰਪੋਰੇਸ਼ਨ ਅੰਮ੍ਰਿਤਸਰ ਵੱਲੋਂ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐਸ. ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ, ਕਿਸ਼ੋਰ ਕਿਨਾਰਾ ਤੇ ਬਲਵਿੰਦਰ ਸਿੰਘ ਸ਼ੇਰਗਿੱਲ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਦਰਬਾਰ ਵਿੱਚ ਨਤਮਸਤਕ ਹੋਏ। ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮਨੀ ਸਿੰਘ, ਸਤਨਾਮ ਸਿੰਘ, ਗੁਰਪ੍ਰੀਤ ਸਿੰਘ, ਸੰਦੀਪ ਸਿੰਘ ਰਿੰਕੂ ਵੀ ਮੌਜੂਦ ਸਨ।

# ਗੁਰੂ ਰਵਿਦਾਸ ਦੀਆਂ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾ ਰਹੀ ਹੈ ਪ੍ਰਚਾਰ ਵੈਨ

**ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ)**- ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ 650 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਬਟਾਲਾ ਦੇ ਪਿੰਡ ਦੁਨੀਆਂ ਸੰਧੂ ਅਤੇ ਗਰੰਥਗੜ ਵਿਖੇ ਪਹੁੰਚੀ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਦਿਆਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਉਪਦੇਸ਼ਾਂ ਬਾਰੇ ਜਾਣਕਾਰੀ ਹਾਸਲ ਕੀਤੀ।ਪ੍ਰਚਾਰ ਵੈਨ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਉਨ੍ਹਾਂ



ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਅਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

# ਟੈਂਕੀ 'ਤੇ ਚੜ੍ਹੇ ਮੀਟਰ ਰੀਡਰਾਂ ਦੇ ਹੱਕ 'ਚ ਨਿੱਤਰੀ ਗੁਰਦਾਸਪੁਰ ਦੀ ਯੂਨੀਅਨ

**ਗੁਰਦਾਸਪੁਰ, (ਜਨਕ ਮਹਾਜਨ)**- ਪਟਿਆਲਾ ਵਿਖੇ ਪਿਛਲੇ 19 ਦਿਨਾਂ ਤੋਂ ਚੱਲ ਰਿਹਾ ਮੀਟਰ ਰੀਡਰਾਂ ਦਾ ਧਰਨਾ ਸਰਕਾਰ ਦੀ ਬੇਰੁਖ਼ੀ ਕਾਰਨ



ਹੁਣ ਹੋਰ ਤਿੱਖਾ ਹੋ ਗਿਆ ਹੈ। ਸਰਕਾਰ ਵੱਲੋਂ ਮਸਲੇ ਹੱਲ ਨਾ ਕੀਤੇ ਜਾਣ ਤੋਂ ਅੱਕ ਕੇ 5 ਮੀਟਰ ਰੀਡਰ ਆਪਣੀਆਂ ਮੰਗਾਂ ਦੇ ਹੱਕ ਵਿੱਚ ਪਾਣੀ ਵਾਲੀ ਟੈਂਕੀ 'ਤੇ ਚੜ੍ਹ ਗਏ ਹਨ। ਟੈਂਕੀ 'ਤੇ ਚੜ੍ਹੇ ਇਨ੍ਹਾਂ ਸਾਥੀਆਂ ਦੀ ਹਮਾਇਤ ਵਿੱਚ ਹੁਣ ਗੁਰਦਾਸਪੁਰ ਦੀ ਮੀਟਰ ਰੀਡਰ ਯੂਨੀਅਨ ਵੀ ਪੂਰੀ ਤਰ੍ਹਾਂ ਨਿੱਤਰ ਆਈ ਹੈ। ਗੁਰਦਾਸਪੁਰ ਵਿਖੇ ਯੂਨੀਅਨ ਦੇ ਆਗੂਆਂ ਨੇ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਦੀਆਂ ਘਟੀਆ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੀਡੀਆ ਨੂੰ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਪ੍ਰਧਾਨ ਰਾਜੇਸ਼, ਬਲਜਿੰਦਰ, ਪਰਮਜੀਤ, ਦਿਲਬਾਗ, ਨਰਿੰਦਰ ਅਤੇ ਭੁਪਿੰਦਰ ਨੇ ਸਾਂਝੇ ਤੌਰ 'ਤੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਲਗਾਤਾਰ ਅਣਗੌਲਿਆਂ ਕਰ ਰਹੀ ਹੈ, ਜਿਸ ਕਾਰਨ ਮੀਟਰ ਰੀਡਰਾਂ ਨੂੰ ਇਹ ਸਖ਼ਤ ਕਦਮ ਚੁੱਕਣ ਲਈ ਮਜਬੂਰ ਹੋਣਾ ਪਿਆ ਹੈ। ਸਰਕਾਰ ਅਤੇ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਯੂਨੀਅਨ ਦੇ ਆਗੂਆਂ ਨੇ ਕਿ ਜੇਕਰ ਟੈਂਕੀ 'ਤੇ ਚੜ੍ਹੇ ਉਨ੍ਹਾਂ ਦੇ ਸਾਥੀਆਂ ਦਾ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ-ਮਾਲੀ ਨੁਕਸਾਨ ਹੁੰਦਾ ਹੈ, ਤਾਂ ਇਸ ਦੀ ਸਿੱਧੀ ਜ਼ਿੰਮੇਵਾਰੀ ਪੰਜਾਬ ਸਰਕਾਰ, ਸਥਾਨਕ ਪ੍ਰਸ਼ਾਸਨ ਅਤੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ। ਇਸ ਦੇ ਨਾਲ ਹੀ ਯੂਨੀਅਨ ਵਲੋਂ ਆਮ ਜਨਤਾ ਨੂੰ ਵੀ ਭਾਵੁਕ ਅਪੀਲ ਕੀਤੀ ਗਈ ਹੈ ਕਿ ਮੀਟਰ ਰੀਡਰਾਂ ਦੇ ਇਸ ਹੱਕੀ ਸੰਘਰਸ਼ ਵਿਚ ਉਨ੍ਹਾਂ ਦਾ ਸਾਥ ਦਿੱਤਾ ਜਾਵੇ, ਕਿਉਂਕਿ ਇਹ ਲੜਾਈ ਆਪਣੀਆਂ ਜਾਇਜ਼ ਮੰਗਾਂ ਅਤੇ ਹੱਕਾਂ ਦੀ ਬਹਾਲੀ ਲਈ ਹੈ। ਇਸ ਮੌਕੇ ਯੂਨੀਅਨ ਦੇ ਕਈ ਹੋਰ ਸਰਗਰਮ ਸਾਥੀ ਅਤੇ ਮੈਂਬਰ ਵੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਕਾਹਨੂੰਵਾਨ ਬਲਾਕ 'ਚ ਸਰਪੰਚਾਂ ਤੇ ਪੰਚਾਂ ਲਈ ਜਾਗਰੂਕਤਾ ਸੈਮੀਨਾਰਾਂ ਦੀ ਸ਼ੁਰੂਆਤ

**ਧਾਰੀਵਾਲ/ਕਾਹਨੂੰਵਾਨ, (ਮਨਦੀਪ ਵਿੱਕੀ)**- ਪੇਂਡੂ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਦੇ ਉਦੇਸ਼ ਨਾਲ ਸਟੇਟ ਇੰਸਟੀਚਿਊਟ ਆਫ਼ ਰੂਰਲ ਡਿਵੈਲਪਮੈਂਟ (ਐਸ.ਆਈ.ਆਰ.ਡੀ.), ਪੰਜਾਬ ਵੱਲੋਂ ਸਰਪੰਚਾਂ, ਪੰਚਾਂ,



ਆਂਗਣਵਾੜੀ ਵਰਕਰਾਂ, ਆਸ਼ਾ ਵਰਕਰਾਂ, ਮਨਰੇਗਾ ਕਰਮਚਾਰੀਆਂ ਅਤੇ ਸਵੈ-ਸਹਾਇਤਾ ਸਮੂਹਾਂ (ਐਸ.ਐਚ.ਜੀ.) ਦੇ ਮੈਂਬਰਾਂ ਲਈ ਜਾਗਰੂਕਤਾ ਅਤੇ ਸਮਰੱਥਾ ਵਿਕਾਸ ਸੈਮੀਨਾਰਾਂ ਦੀ ਲੜੀ ਸ਼ੁਰੂ ਕੀਤੀ ਗਈ ਹੈ। ਇਹ ਸਿਖਲਾਈ ਪ੍ਰੋਗਰਾਮ ਗੁਣਵੱਤਾ ਭਰਪੂਰ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਦੀ ਤਿਆਰੀ ਅਤੇ ਇਸ ਨੂੰ ਪੰਚਾਇਤ ਐਡਵਾਂਸਮੈਂਟ ਇੰਡੈਕਸ ਨਾਲ ਜੋੜਨ ਤੇ ਕੇਂਦਰਿਤ ਹੈ, ਤਾਂ ਜੋ ਪੰਚਾਇਤੀ ਰਾਜ ਸੰਸਥਾਵਾਂ ਪਿੰਡਾਂ ਦੇ ਵਿਕਾਸ ਲਈ ਹੋਰ ਯੋਜਨਾਬੱਧ, ਭਾਗੀਦਾਰ ਅਤੇ ਨਤੀਜਾ-ਕੇਂਦਰਿਤ ਦ੍ਰਿਸ਼ਟੀਕੋਣ ਅਪਣਾ ਸਕਣ। ਕਾਹਨੂੰਵਾਨ ਬਲਾਕ (ਹਲਕਾ ਕਾਦੀਆਂ) ਵਿਖੇ ਕਰਵਾਏ ਗਏ ਸੈਮੀਨਾਰ ਦੌਰਾਨ ਐਸ.ਆਈ.ਆਰ.ਡੀ. ਪੰਜਾਬ ਦੇ ਪ੍ਰਮਾਣਿਤ ਮਾਸਟਰ ਟ੍ਰੇਨਰ ਸ੍ਰੀ ਅਮਰਜੀਤ ਸਿੰਘ ਭਾਟੀਆ, ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ), ਗੁਰਦਾਸਪੁਰ ਅਤੇ ਮੈਡਮ ਕਾਂਚਨ ਨੇ ਇੱਕ ਬੈਚ ਦੇ ਭਾਗੀਦਾਰਾਂ ਨੂੰ ਭਾਗੀਦਾਰੀ ਅਧਾਰਿਤ ਯੋਜਨਾਬੰਦੀ, ਟਿਕਾਊ ਪੇਂਡੂ ਵਿਕਾਸ ਅਤੇ ਕਾਰਗੁਜ਼ਾਰੀ-ਅਧਾਰਿਤ ਪ੍ਰਸ਼ਾਸਨ ਸਬੰਧੀ ਵਿਸਥਾਰਪੂਰਵਕ ਸਿਖਲਾਈ ਦਿੱਤੀ।ਸਿਖਲਾਈ ਦੌਰਾਨ ਟ੍ਰੇਨਰਾਂ ਨੇ ਦੱਸਿਆ ਕਿ ਪੰਚਾਇਤ ਐਡਵਾਂਸਮੈਂਟ ਇੰਡੈਕਸ ਦੇ ਅਨੁਕੂਲ ਤਿਆਰ ਕੀਤੀ ਗਈ ਗੁਣਵੱਤਾ ਭਰਪੂਰ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਪੰਚਾਇਤਾਂ ਨੂੰ ਸਥਾਨਕ ਲੋੜਾਂ ਦੀ ਪਛਾਣ ਕਰਨ, ਵਿਕਾਸ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕ ਭਾਗੀਦਾਰੀ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਸਹਾਇਕ ਸਾਬਤ ਹੋਵੇਗੀ। ਹੁਣ ਤੱਕ 206 ਭਾਗੀਦਾਰਾਂ ਨੂੰ ਸਿਖਲਾਈ ਦਿੱਤੀ ਜਾ ਚੁੱਕੀ ਹੈ, ਜਦਕਿ 31 ਜੁਲਾਈ ਤੱਕ ਕਰੀਬ 700 ਹੋਰ ਭਾਗੀਦਾਰਾਂ ਨੂੰ ਇਸ ਸਮਰੱਥਾ ਵਿਕਾਸ ਪ੍ਰੋਗਰਾਮ ਤਹਿਤ ਸਿਖਲਾਈ ਦਿੱਤੀ ਜਾਵੇਗੀ, ਜਿਸ ਨਾਲ ਬਲਾਕ ਪੱਧਰ ਤੇ ਪੰਚਾਇਤਾਂ ਦੀ ਸੰਸਥਾਗਤ ਸਮਰੱਥਾ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ।

# ਮਾਪਿਆਂ ਵਾਸਤੇ ਸਕੂਲ ਸ਼ੈੱਡ ਦਾ ਪ੍ਰਬੰਧ ਕਰਨ : ਹੀਰਾ ਸਿੰਘ

**ਝਬਾਲ (ਹਰਜਿੰਦਰ ਸਿੰਘ ਸੋਨੀ)** - ਜਿਆਦਾਤਰ ਮਾਪੇ ਆਪਣੇ ਬੱਚਿਆਂ ਨੂੰ ਖੁਦ ਆਪਣੀ ਨਿਗਰਾਨੀ ਵਿੱਚ ਸਕੂਲ ਛੱਡਣ ਜਾਂ ਸਕੂਲੋਂ ਘਰ ਲਿਆਉਣ ਦਾ ਕੰਮ ਆਪਣੇ ਮੋਟਰਸਾਈਕਲ,ਸਕੂਟਰ ਜਾਂ ਸਾਈਕਲ 'ਤੇ ਕਰਦੇ ਹਨ ਪਰ ਵੇਖਣ ਵਿੱਚ ਆਇਆ ਹੈ ਕਿ ਜਦ ਬੱਚਿਆਂ ਦੇ ਮਾਤਾ ਪਿਤਾ ਜਾਂ ਕੋਈ ਹੋਰ ਘਰ ਦਾ ਮੈਂਬਰ ਆਪਣੇ ਬੱਚੇ ਨੂੰ ਸਕੂਲੋਂ ਵਾਪਿਸ ਘਰ



ਲਿਆਉਣ ਲਈ ਜਾਂਦਾ ਹੈ ਤਾਂ ਭਾਵੇਂ ਸਖਤ ਗਰਮੀ ਪੈਂਦੀ ਹੋਵੇ ਜਾਂ ਹਨੇਰੀ ਝੱਖੜ ਚਲ ਰਿਹਾ ਹੋਵੇ , ਉਨ੍ਹਾਂ ਨੂੰ ਸਕੂਲ ਦੇ ਬਾਹਰ ਸੜਕ ਕਿਨਾਰੇ ਖੜਨਾ ਪੈਂਦਾ ਹੈ ਜੋ ਕਿ ਉਨਾਂ ਲਈ ਬਹੁਤ ਮੁਸ਼ਕਲ ਕੰਮ ਹੈ।ਇਸ ਸਬੰਧ ਵਿੱਚ ਗੱਲਬਾਤ ਕਰਦਿਆਂ ਉੱਘੇ ਸਮਾਜ ਸੇਵਕ ਕਾਮਰੇਡ ਹੀਰਾ ਸਿੰਘ ਕੰਡਿਆਂ ਵਾਲੇ ਨੇ ਕਿਹਾ ਕਿ ਕਿੰਨੀ ਹਰਾਨੀ ਦੀ ਗੱਲ ਹੈ ਕਿ ਸ਼ਹਿਰਾਂ ਵਿੱਚ ਚਲਦੇ ਮਹਿਗੇ ਪ੍ਰਾਈਵੇਟ ਸਕੂਲ ਜੋ ਕਿ ਬੱਚਿਆਂ ਕੋਲੋਂ ਮਨਮਰਜੀ ਦੀਆਂ ਦਾਖਲਾ ਫੀਸਾਂ, ਵਰਦੀਆਂ ਅਤੇ ਕਾਪੀਆਂ - ਕਿਤਾਬਾਂ ਦੇ ਪੈਸੇ ਵਸੂਲ ਕਰਦੇ ਹਨ ਉਹ ਬੱਚਿਆਂ ਦੇ ਮਾਪਿਆਂ ਲਈ ਉਡੀਕ ਘਰ ਜਾਂ ਸ਼ੈੱਡ ਵੀ ਨਹੀਂ ਬਣਾ ਸਕੇ। ਉਨ੍ਹਾਂ ਸਕੂਲਾਂ ਤੋਂ ਮੰਗ ਕੀਤੀ ਹੈ ਕਿ ਤੁਰੰਤ ਇਸ ਪਾਸੇ ਧਿਆਨ ਦਿੱਤਾ ਜਾਵੇ।

# ਈਕੋ-ਫ੍ਰੈਂਡਲੀ ਸਫਾਈ ਉਤਪਾਦ ਬਣਾਉਣ ਦੀ ਦਿੱਤੀ ਸਿਖਲਾਈ

**ਮਜੀਠਾ (ਸੋਇਮ ਆਨੰਦ)**- ਪੇਂਡੂ ਖੇਤਰਾਂ ਦੇ ਨੌਜਵਾਨਾਂ ਅਤੇ ਮਹਿਲਾਵਾਂ ਨੂੰ ਸਵੈ-ਰੁਜ਼ਗਾਰ ਦੇ ਮੌਕੇ ਦੇਣ ਦੇ ਉਦੇਸ਼ ਨਾਲ ਕ੍ਰਿਸ਼ੀ ਵਿਗਿਆਨ ਕੇਂਦਰ ਨਾਗਕਲਾਂ ਵਿਖੇ 5 ਦਿਨਾਂ ਕਿੱਤਾ-ਮੁਖੀ ਸਿਖਲਾਈ ਕੈਂਪ ਦਾ ਅਯੋਜਨ ਕੀਤਾ ਗਿਆ।ਇਸ ਕੈਂਪ ਵਿੱਚ ਵਾਤਾਵਰਣ ਪੱਖੀ ਘਰੇਲੂ ਸਫਾਈ ਉਤਪਾਦਾਂ ਦੀ ਤਿਆਰੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਕੈਂਪ ਦਾ ਉਦਘਾਟਨ ਕਰਦਿਆਂ ਡਾ. ਬਿਕਰਮਜੀਤ ਸਿੰਘ, ਐਸੋਸੀਏਟ ਡਾਇਰੈਕਟਰ (ਸਿਖਲਾਈ) ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਕੈਮੀਕਲ ਰਹਿਤ ਅਤੇ ਵਾਤਾਵਰਣ ਅਨੁਕੂਲ ਸਫਾਈ ਸਮੱਗਰੀ ਦੀ ਮੰਗ ਲਗਾਤਾਰ ਵਧ ਰਹੀ ਹੈ।ਅਜਿਹੇ ਉਤਪਾਦ ਸਾਡੀ ਸਿਹਤ ਅਤੇ ਧਰਤੀ ਦੋਵਾਂ ਲਈ ਫਾਇਦੇਮੰਦ ਹਨ।ਉਨ੍ਹਾਂ ਕਿਹਾ ਕਿ ਘੱਟ ਪੂੰਜੀ ਲਾ ਕੇ ਵੀ ਮਹਿਲਾਵਾਂ ਅਤੇ ਨੌਜਵਾਨ ਇਸ ਕਾਰੋਬਾਰ ਨੂੰ ਘਰ ਬੈਠੇ ਸ਼ੁਰੂ ਕਰ ਸਕਦੇ ਹਨ। ਸਿਖਲਾਈ ਦੌਰਾਨ ਡਾ. ਮਨਪ੍ਰੀਤ ਕੌਰ, ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਭਾਗੀਦਾਰਾਂ ਨੂੰ ਬਾਇਓ ਐਨਜ਼ਾਈਮ ਕਲੀਨਰ, ਫਲੋਰ



ਕਲੀਨਰ, ਹੈਂਡਵਾਸ਼, ਬਾਥਿੰਗ ਸੋਪ, ਡਿਟਰਜੈਂਟ ਪਾਊਡਰ, ਲੀਸਾਪੋਲ ਸਮੇਤ ਕਈ ਘਰੇਲੂ ਉਤਪਾਦ ਬਣਾਉਣ ਦਾ ਵਿਹਾਰਕ ਗਿਆਨ ਦਿੱਤਾ। ਉਨ੍ਹਾਂ ਸਮੱਗਰੀ ਦੀ ਚੋਣ, ਸੁਰੱਖਿਆ ਨਿਯਮਾਂ, ਗੁਣਵੱਤਾ ਕੰਟਰੋਲ, ਪੈਕਿੰਗ ਅਤੇ ਮਾਰਕੀਟਿੰਗ ਦੇ ਗੁਰ ਵੀ ਸਾਂਝੇ ਕੀਤੇ।ਉਨ੍ਹਾਂ ਦੱਸਿਆ ਕਿ ਇਹ ਉਤਪਾਦ ਘੱਟ ਖਰਚੇ ਤੇ ਤਿਆਰ ਹੁੰਦੇ ਹਨ ਅਤੇ ਪਿੰਡਾਂ ਵਿੱਚ ਰੁਜ਼ਗਾਰ ਦੇ ਨਵੇਂ ਰਸਤੇ ਖੋਲ੍ਹ ਸਕਦੇ ਹਨ।ਸੁਖਵਿੰਦਰਬੀਰ ਕੌਰ ਨੇ ਪ੍ਰੈਕਟੀਕਲ ਸੈਸ਼ਨ ਲੈ ਕੇ ਸਿਖਿਆਰਥੀਆਂ ਨੂੰ ਹਰੇਕ ਉਤਪਾਦ ਦੀ ਬਣਤਰ ਦਾ ਲਾਈਵ ਡੈਮੋ ਕਰਵਾਇਆ ਅਤੇ ਸੁਰੱਖਿਆ ਉਪਾਵਾਂ ਬਾਰੇ ਜਾਗਰੂਕ ਕੀਤਾ। ਕੇਂਦਰ ਦੀ ਪੁਰਾਣੀ ਸਿਖਿਆਰਥੀ ਰਮਨ ਕੌਰ ਨੇ ਆਪਣਾ ਤਜਰਬਾ ਸਾਂਝਾ ਕਰਦਿਆਂ ਕਿਹਾ ਕਿ ਇਸ ਸਿਖਲਾਈ ਤੋਂ ਬਾਅਦ ਉਨ੍ਹਾਂ ਨੇ ਘਰ ਵਿੱਚ ਹੀ ਸਫਾਈ ਉਤਪਾਦ ਬਣਾਉਣੇ ਸ਼ੁਰੂ ਕਰ ਦਿੱਤੇ ਅਤੇ ਹੁਣ ਉਹ ਇਸ ਤੋਂ ਚੰਗੀ ਆਮਦਨ ਕਮਾ ਰਹੀ ਹੈ।ਸਮਾਪਤੀ ਮੌਕੇ ਡਾ. ਬਿਕਰਮਜੀਤ ਸਿੰਘ ਨੇ ਸਾਰੇ ਭਾਗੀਦਾਰਾਂ ਨੂੰ ਅਪੀਲ ਕੀਤੀ ਕਿ ਉਹ ਸਿੱਖੇ ਹੋਏ ਹੁਨਰ ਨੂੰ ਅਪਣਾ ਕੇ ਆਪਣਾ ਛੋਟਾ ਉਦਯੋਗ ਸ਼ੁਰੂ ਕਰਨ, ਹੋਰ ਲੋਕਾਂ ਨੂੰ ਵੀ ਇਸ ਨਾਲ ਜੋੜਨ ਅਤੇ ਵਾਤਾਵਰਣ ਅਨੁਕੂਲ ਜੀਵਨ ਸ਼ੈਲੀ ਅਪਣਾਉਣ।

# ਆਈ ਟੀ ਆਈ ਪਠਾਨਕੋਟ ਵਿਖੇ ਐੱਸ ਸੀ ਵਿਦਿਆਰਥੀਆਂ ਨੂੰ ਟੂਲ ਕਿੱਟਾਂ ਵੰਡੀਆਂ

**ਪਠਾਨਕੋਟ (ਦਵਿੰਦਰ ਸਿੰਘ)** ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈਟੀਆਈ) ਪਠਾਨਕੋਟ ਵਿਖੇ ਪ੍ਰਿੰਸੀਪਲ ਸੁਖਬੀਰ ਕਾਟਲ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਰੋਹ ਦੌਰਾਨ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਆਈਟੀਆਈ ਪਠਾਨਕੋਟ ਤੋਂ ਪਲੰਬਰ ਟ੍ਰੇਡ ਵਿੱਚ ਸਿਖਲਾਈ ਪ੍ਰਾਪਤ ਕਰ ਰਹੇ ਅਨੁਸੂਚਿਤ ਜਾਤੀ (ਐਸਸੀ) ਵਰਗ ਦੇ ਵਿਦਿਆਰਥੀਆਂ ਨੂੰ ਟੂਲ ਕਿੱਟਾਂ ਦੀ ਵੰਡ ਕੀਤੀ ਗਈ, ਤਾਂ ਜੋ ਉਹ ਆਪਣੇ ਹੁਨਰ ਦੇ ਆਧਾਰ ਤੇ ਸਵੈ-ਰੋਜ਼ਗਾਰ ਦੇ ਮੌਕੇ ਪੈਦਾ ਕਰ ਸਕਣ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਅਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਐਸਸੀ ਵਰਗ ਦੇ ਵਿਦਿਆਰਥੀਆਂ ਦੀ ਭਲਾਈ ਲਈ ਕਈ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਟੂਲ ਕਿੱਟਾਂ ਦੀ ਵੰਡ ਵੀ ਇਸੇ ਕੜੀ ਦਾ ਹਿੱਸਾ ਹੈ, ਜਿਸ ਨਾਲ ਨੌਜਵਾਨਾਂ ਨੂੰ ਆਪਣੇ ਪੈਰਾਂ ਤੇ ਖੜ੍ਹੇ ਹੋਣ ਵਿੱਚ ਮਦਦ ਮਿਲੇਗੀ। ਉਹਨਾਂ ਕਿਹਾ ਕਿ ਹੋਰ ਟ੍ਰੇਡਾਂ ਵਿੱਚ ਵੀ ਆਈਟੀਆਈ ਕਰ ਰਹੇ ਨੌਜਵਾਨਾਂ ਦੇ ਲਈ ਭਵਿੱਖ ਦੇ



ਅੰਦਰ ਟੂਲ ਕਿੱਟਾਂ ਦੀ ਵੰਡ ਕੀਤੀ ਜਾਵੇਗੀ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾ ਕੇ ਆਪਣੇ ਭਵਿੱਖ ਨੂੰ ਸੰਵਾਰਨ।

ਇਸ ਮੌਕੇ ਸੌਰਵ ਬਹਿਲ, ਚੇਅਰਮੈਨ ਨਗਰ ਸੁਧਾਰ ਟਰੱਸਟ ਪਠਾਨਕੋਟ, ਰੋਸ਼ਨ ਭਗਤ ਪ੍ਰਧਾਨ ਐੱਸਸੀ ਵਿੰਗ, ਮਾਸਟਰ ਬੋਧਰਾਜ, ਵੀਰ ਕਰਨ ਇੰਸਟਰਕਟਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# 1553 ਪੋਲਿੰਗ ਬੂਥਾਂ 'ਤੇ ਲੱਗੇ ਐੱਸ ਆਈ ਆਰ ਸੰਬੰਧੀ ਦੋ ਦਿਨਾ ਵਿਸ਼ੇਸ਼ ਕੈਂਪ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਦੇ ਮੁੱਖ ਚੋਣ ਅਫ਼ਸਰ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਮੁਹਿੰਮ ਤਹਿਤ ਗੁਰਦਾਸਪੁਰ ਜ਼ਿਲ੍ਹੇ ਦੇ 1553 ਪੋਲਿੰਗ ਬੂਥਾਂ 'ਤੇ ਦੋ ਦਿਨਾ ਵਿਸ਼ੇਸ਼ ਕੈਂਪਾਂ ਦੀ ਸ਼ੁਰੂਆਤ ਹੋਈ। ਇਨ੍ਹਾਂ ਕੈਂਪਾਂ ਦਾ ਮਕਸਦ ਯੋਗ ਵੋਟਰਾਂ ਦੇ ਗਣਨਾ ਫਾਰਮ ਭਰਨ ਅਤੇ ਜਮਾਂ ਕਰਵਾਉਣ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਸੁਵਿਧਾਜਨਕ ਬਣਾਉਣਾ ਹੈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਜ਼ਿਲ੍ਹੇ ਦੇ



ਸਮੂਹ ਬੀ.ਐੱਲ.ਓਜ਼ ਪੂਰੀ ਤਨਦੇਹੀ ਨਾਲ ਆਪਣੀਆਂ ਡਿਊਟੀਆਂ ਨਿਭਾ ਰਹੇ ਹਨ ਅਤੇ ਵੋਟਰਾਂ ਨੂੰ ਗਣਨਾ ਫਾਰਮ ਭਰਨ ਅਤੇ ਜਮਾਂ ਕਰਵਾਉਣ ਵਿਚ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸਵੇਰੇ ਐਤਵਾਰ ਨੂੰ ਵੀ ਜ਼ਿਲ੍ਹੇ ਵਿਸ਼ੇਸ਼ ਕੈਂਪਾਂ ਦੌਰਾਨ ਸਾਰੇ ਨਿਰਧਾਰਤ ਪੋਲਿੰਗ ਬੂਥਾਂ 'ਤੇ ਬੀ.ਐੱਲ.ਓ. ਮੌਜੂਦ ਰਹਿਣਗੇ ਤਾਂ ਜੋ ਵੋਟਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜਿਹੜੇ ਵੋਟਰ ਕਿਸੇ ਕਾਰਨ ਕਰਕੇ ਹਾਲੇ ਤੱਕ ਆਪਣੇ ਗਣਨਾ ਫਾਰਮ ਨਹੀਂ ਭਰ ਸਕੇ ਜਾਂ ਜਮਾਂ ਨਹੀਂ ਕਰਵਾ ਸਕੇ, ਉਹ 12 ਜੁਲਾਈ (ਐਤਵਾਰ) ਨੂੰ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਲੱਗਣ ਵਾਲੇ ਵਿਸ਼ੇਸ਼ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਵੋਟਰ ਆਪਣੇ ਨਜ਼ਦੀਕੀ ਪੋਲਿੰਗ ਬੂਥ 'ਤੇ ਜਾ ਕੇ ਗਣਨਾ ਫਾਰਮ ਭਰ ਅਤੇ ਜਮਾਂ ਕਰਵਾ ਸਕਦੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਵੋਟਰ ਨੇ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਹੈ ਤਾਂ ਉਹ ਆਪਣੇ ਸਬੰਧਤ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਨਾਲ ਤੁਰੰਤ ਸੰਪਰਕ ਕਰਨ ਜਾਂ ਵਿਸ਼ੇਸ਼ ਕੈਂਪ ਦੌਰਾਨ ਆਪਣੇ ਨਜ਼ਦੀਕੀ ਪੋਲਿੰਗ ਬੂਥ 'ਤੇ ਪਹੁੰਚ ਕੇ ਇਸ ਪ੍ਰਕਿਰਿਆ ਨੂੰ ਸਮੇਂ ਸਿਰ ਪੂਰਾ ਕਰਨ, ਤਾਂ ਜੋ ਐੱਸ ਆਈ ਆਰ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ।

# 2027 'ਚ ਮੁੜ ਬਣੇਗੀ 'ਆਪ' ਦੀ ਸਰਕਾਰ : ਡੇਅਰੀਵਾਲ/ਔਜਲਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਪਰਮਿੰਦਰ ਸਿੰਘ ਔਜਲਾ, ਸਾਬਕਾ ਸਰਪੰਚ ਮਨਪ੍ਰੀਤ ਸਿੰਘ ਔਜਲਾ ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੀ ਜਨਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹੈ ਅਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਨੂੰ ਸਪੱਸ਼ਟ ਬਹੁਮਤ ਦੇ ਕੇ ਸਰਕਾਰ ਬਣਾਏਗੀ।ਉਨ੍ਹਾਂ ਹਲਕਾ



ਜੰਡਿਆਲਾ ਗੁਰੂ ਦੀ ਗੱਲ ਕਰਦਿਆਂ ਆਖਿਆ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਹਲਕਾ ਜੰਡਿਆਲਾ ਵਿਕਾਸ ਦੇ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ।ਸੜਕਾਂ, ਬੁਨਿਆਦੀ ਢਾਂਚੇ ਅਤੇ ਲੋਕ-ਭਲਾਈ ਦੇ ਕੰਮਾਂ ਕਾਰਨ ਇਹ ਹਲਕਾ ਮਾਝੇ ਵਿੱਚ ਵਿਕਾਸ ਪੱਖੋਂ ਮੋਹਰੀ ਬਣ ਕੇ ਉਭਰਿਆ ਹੈ।ਮੰਤਰੀ ਈ.ਟੀ.ਓ. ਨੂੰ ਲੋਕਾਂ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ।ਉਕਤ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕ ਭਲਾਈ ਦੇ ਫੈਸਲਿਆਂ ਕਾਰਨ ਹਰ ਵਰਗ ਦਾ ਵਿਸ਼ਵਾਸ ਜਿੱਤਣ ਵਿੱਚ ਕਾਮਯਾਬ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਨੇ ਜਨਰਲ ਵਰਗ ਦੀਆਂ ਔਰਤਾਂ ਨੂੰ 3,000 ਰੁਪਏ ਅਤੇ ਅਨੁਸੂਚਿਤ ਜਾਤੀ (ਐੱਸ.ਸੀ.) ਵਰਗ ਦੀਆਂ ਔਰਤਾਂ ਨੂੰ 4,500 ਰੁਪਏ ਦੀ ਵਿੱਤੀ ਸਹਾਇਤਾ ਦੇ ਕੇ ਆਪਣੇ ਇੱਕ ਵੱਡੇ ਵਾਅਦੇ ਨੂੰ ਪੂਰਾ ਕੀਤਾ ਹੈ, ਜਿਸ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਮਿਲਿਆ ਹੈ।ਗੁਰਮੁਖ ਸਿੰਘ ਔਜਲਾ ਅਤੇ ਸਰਪੰਚ ਪਰਮਿੰਦਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿੱਖਿਆ, ਸਿਹਤ, ਰੋਜ਼ਗਾਰ, ਬਿਜਲੀ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇੱਕੋ-ਇੱਕ ਮਕਸਦ ਪੰਜਾਬ ਅਤੇ ਪੰਜਾਬੀਆਂ ਦੀ ਤਰੱਕੀ, ਖੁਸ਼ਹਾਲੀ ਅਤੇ ਵਿਕਾਸ ਨੂੰ ਯਕੀਨੀ ਬਣਾਉਣਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਵਿਕਾਸ ਅਤੇ ਲੋਕ ਹਿੱਤ ਦੀ ਰਾਜਨੀਤੀ ਦੇ ਆਧਾਰ 'ਤੇ ਆਮ ਆਦਮੀ ਪਾਰਟੀ 2027 ਵਿੱਚ ਹੋਰ ਵੀ ਵੱਡੇ ਜਨ ਸਮਰਥਨ ਨਾਲ ਮੁੜ ਸੱਤਾ ਵਿੱਚ ਆਵੇਗੀ।ਇਸ ਮੌਕੇ ਸਰਪੰਚ ਗੁਰਮੁਖ ਸਿੰਘ ਸਰਜਾ, ਸੀਨੀਅਰ ਆਗੂ ਰੋਬਿਨਦੀਪ ਸਿੰਘ ਰੌਬੀ ਤਾਹਰਪੁਰ ਅਤੇ ਹੋਰ ਵਰਕਰ ਮੌਜੂਦ ਸਨ।

# ਪੈਨਸ਼ਨਰ-ਕਰਮਚਾਰੀ ਸੰਯੁਕਤ ਫਰੰਟ ਵੱਲੋਂ ਚੰਡੀਗੜ੍ਹ 'ਚ ਰੈਲੀ 7 ਅਗਸਤ ਨੂੰ

**ਪਠਾਨਕੋਟ (ਦਵਿੰਦਰ ਸਿੰਘ)**- ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਪਠਾਨਕੋਟ ਦੀ ਕਾਰਜਕਾਰਨੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਾਜਿੰਦਰ



ਧੀਮਾਨ ਅਤੇ ਜ਼ਿਲ੍ਹਾ ਚੇਅਰਮੈਨ ਯੁੱਧਵੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੈਨਸ਼ਨਰਾਂ ਅਤੇ ਕਰਮਚਾਰੀਆਂ ਨੂੰ ਡੀ.ਏ. ਦੇਣ ਦੇ ਹੱਕ ਵਿੱਚ ਦਿੱਤੇ ਗਏ ਫ਼ੈਸਲੇ ਖ਼ਿਲਾਫ਼ ਪੰਜਾਬ ਸਰਕਾਰ ਵੱਲੋਂ ਐਲ.ਪੀ.ਏ. ਦਾਇਰ ਕਰਨ ਦੀ ਸਖ਼ਤ ਨਿੰਦਾ ਕੀਤੀ ਗਈ ਅਤੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਧੀਮਾਨ, ਚੇਅਰਮੈਨ ਯੁੱਧਵੀਰ ਸਿੰਘ, ਸਰਪ੍ਰਸਤ ਮੰਗਤ ਸਿੰਘ, ਮਨੋਹਰ ਲਾਲ, ਮੋਹਿੰਦਰ ਪਾਲ ਅਤੇ ਕਰਨ ਸਿੰਘ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਡੀ. ਏ. ਦੇਣ ਸਬੰਧੀ ਦਿੱਤੇ ਗਏ ਫ਼ੈਸਲੇ ਦਾ ਉਹ ਸਵਾਗਤ ਕਰਦੇ ਹਨ।ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਡੀ. ਏ. ਦੇਣਾ ਨਹੀਂ ਚਾਹੁੰਦੀ, ਜਿਸ ਕਾਰਨ ਉਨ੍ਹਾਂ ਵਿੱਚ ਭਾਰੀ ਰੋਸ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਟੀਮ ਨੇ ਫ਼ੈਸਲਾ ਕੀਤਾ ਹੈ ਕਿ ਜੇਕਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਹ ਅਤੇ ਉਨ੍ਹਾਂ ਦੇ ਪਰਿਵਾਰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਵੋਟ ਨਹੀਂ ਪਾਉਣਗੇ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਸਰਕਾਰ ਦੇ ਮੁਕਾਬਲੇ 18 ਫ਼ੀਸਦੀ ਮਹਿੰਗਾਈ ਭੱਤਾ ਘੱਟ ਦੇ ਰਹੀ ਹੈ। ਇਸ ਤੋਂ ਇਲਾਵਾ ਪਿੰਡ ਭੱਤਾ, ਬਾਰਡਰ ਏਰੀਆ ਭੱਤਾ ਅਤੇ ਏ.ਸੀ.ਪੀ. ਸਕੀਮ ਸਮੇਤ 37 ਭੱਤੇ ਪਿਛਲੇ ਚਾਰ ਸਾਲਾਂ ਤੋਂ ਬੰਦ ਪਏ ਹਨ।ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਨੇ ਛੇਵੇਂ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਤੇ ਇਸ ਦੇ ਬਾਕੀ ਦੂਜੇ ਹਿੱਸੇ ਨੂੰ ਵੀ ਠੰਢੇ ਬਸਤਿਆਂ ਵਿੱਚ ਪਾ ਦਿੱਤਾ ਹੈ।ਉਨ੍ਹਾਂ ਕਿਹਾ ਕਿ 7 ਅਗਸਤ ਨੂੰ ਚੰਡੀਗੜ੍ਹ ਵਿੱਚ ਹੋਣ ਵਾਲੀ ਰਾਜ ਪੱਧਰੀ ਰੈਲੀ ਵਿੱਚ ਜ਼ਿਲ੍ਹਾ ਪਠਾਨਕੋਟ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰ ਅਤੇ ਕਰਮਚਾਰੀ ਸ਼ਮੂਲੀਅਤ ਕਰਨਗੇ।

# ਰਾਜਨੀਤਕ ਤੇ ਧਾਰਮਿਕ ਆਗੂਆਂ ਵੱਲੋਂ ਡੀ ਐੱਸ ਟੇਲਰ ਝਬਾਲ ਨੂੰ ਸ਼ਰਧਾਂਜਲੀਆਂ

**ਝਬਾਲ (ਹਰਜਿੰਦਰ ਸਿੰਘ ਸੋਨੀ)** - ਡੀ ਐਸ ਟੇਲਰ ਝਬਾਲ ਪੁੱਤਰ ਸਰਦਾਰ ਪੱਗੜੀ ਹਾਊਸ ਕਰਮਜੀਤ ਸਿੰਘ ਸੋਨੀ ਤੇ ਭੁਪਿੰਦਰ ਸਿੰਘ ਭਿੰਦਾ ਟੇਲਰ ਦੇ ਭਰਾ ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ



ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਅੰਮ੍ਰਿਤਸਰ ਰੋਡ ਅੱਡਾ ਝਬਾਲ ਵਿਖੇ ਪਾਏ ਗਏ, ਉਪਰੰਤ ਅੰਤਿਮ ਅਰਦਾਸ ਤੇ ਵਿਰਾਗ ਮਈ ਕੀਰਤਨ ਗੁਰਦੁਆਰਾ ਬੀੜ ਸਾਹਿਬ ਹਜ਼ੂਰੀ ਰਾਗੀ ਭਾਈ ਕਰਮਜੀਤ ਸਿੰਘ ਸੋਨੀ ਗੁਰਦੁਆਰਾ ਅੰਗੀਠਾ ਸਾਹਿਬ ਬੀੜ ਨੇ ਕੀਤਾ। ਇਸ ਸਮੇਂ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਤੇ ਨਾਮਵਰ ਸ਼ਖ਼ਸੀਅਤਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਵਿੱਚ ਅਕਾਲੀ ਦਲ ਸੀਨੀਅਰ ਆਗੂ ਬੀਬੀ ਸੁਖਵਿੰਦਰ ਕੌਰ ਰੰਧਾਵਾ, ਕਾਂਗਰਸ ਪਾਰਟੀ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ, ਚੇਅਰਮੈਨ ਰਮਨ ਕੁਮਾਰ ਝਬਾਲ,ਬਾਬਾ ਵਰਿਆਮ ਸਿੰਘ ਬਰਤਨ ਸਟੋਰ ਝਬਾਲ, ਬਾਬਾ ਭੋਲਾ ਸਿੰਘ ਬੀੜ ਸਾਹਿਬ, ਭੁਪਿੰਦਰ ਸਿੰਘ ਭਿੰਦਾ ਕਾਰ ਮਕੈਨਿਕ ਤਰਨ ਤਾਰਨ, ਲਖਵਿੰਦਰ ਸਿੰਘ ਘੁਰਕਵਿੰਡ, ਹਰਜੋਤ ਸਿੰਘ ਛਾਪਾ, ਮੰਨੂ ਅੰਮ੍ਰਿਤਸਰ, ਬਨੀ ਅੰਮ੍ਰਿਤਸਰ,ਤਰਸੇਮ ਸਿੰਘ ਮਾਹਲਾ, ਬੀ ਐੱਸ ਟੇਲਰ, ਬਲਜਿੰਦਰ ਸਿੰਘ ਸੋਨੂੰ ਝਬਾਲ, ਪੂਰਨ ਸਿੰਘ ਝਬਾਲ,ਸਰਪੰਚ ਜੱਗਾ ਸਵਾਰਗਾਪੁਰੀ,ਰੋਹਿਤ ਸੂਦ, ਪ੍ਰਧਾਨ ਅਸ਼ੋਕ ਕੁਮਾਰ ਝਬਾਲ,ਪ੍ਰਗਟ ਸਿੰਘ ਭੋਜੀਆ, ਸਾਬਕਾ ਸਰਪੰਚ ਮੋਤਾਂ ਸਿੰਘ ਬਘਿਆੜੀ, ਜੇ ਈ ਚਰਨਜੀਤ ਸਿੰਘ ਚੰਨੀ ਝਬਾਲ,ਸੈਣ ਸਮਾਜ ਬੋਰਡ ਵੱਲੋਂ ਖੁਸ਼ਪਾਲ ਸਿੰਘ ਸਰਪ੍ਰਸਤ, ਜਸਵੰਤ ਸਿੰਘ, ਮੁਖਤਿਆਰ ਸਿੰਘ, ਸ਼ਰਨਜੀਤ ਸਿੰਘ, ਜਸਬੀਰ ਸਿੰਘ,ਏ ਐਸ ਆਈ ਗੁਰਦੇਵ ਸਿੰਘ ਝਬਾਲ,ਅੰਗਰੇਜ਼ ਸਿੰਘ ਆੜਤੀਆਂ ਝਬਾਲ,ਚੜਦੀ ਕਲਾ ਬਘਿਆੜੀ, ਨਰਿੰਦਰ ਸਿੰਘ ਘੋਨਾ, ਮਹਿੰਦਰ ਸਿੰਘ ਪਤੱਸਿਆ ਵਾਲੇ, ਚਰਨਜੀਤ ਸਿੰਘ ਚੰਨ ਭਾਂਡਿਆਂ ਵਾਲੇ, ਤੇਜਿੰਦਰ ਸਿੰਘ ਰਾਜੂ ਛੀਨਾਂ ਝਬਾਲ ਤੇ ਮੱਲਕ ਕਲਾਥ ਹਾਊਸ ਨੇ ਸ਼ਰਧਾਂਜਲੀ ਭੇਟ ਕੀਤੀ।